ਸੋਮਵਾਰ, 9 ਫਰਵਰੀ, 2026
27 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 250

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 9 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 'ਅਪ੍ਰੇਸ਼ਨ ਪ੍ਰਹਾਰ' ਅੱਜ ਤੋਂ ਫਿਰ

## ਅਫਵਾਹਬਾਜ਼ਾਂ ਨਾਲ ਸਖਤੀ ਕਰਾਂਗੇ : ਡੀ ਜੀ ਪੀ



**ਚੰਡੀਗੜ੍ਹ** : ਪੰਜਾਬ ਪੁਲਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਫੈਲ ਰਹੀਆਂ ਉਨ੍ਹਾਂ ਅਫਵਾਹਾਂ ਨੂੰ ਸਿਰੇ ਤੋਂ ਖਾਰਜ ਕੀਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਜਾ ਰਿਹਾ ਹੈ ਕਿ ਪੰਜਾਬ ਵਿੱਚ 'ਇੱਕ ਲੱਖ ਮੁੰਡਾ ਮਾਰਿਆ' ਜਾਵੇਗਾ। ਡੀ ਜੀ ਪੀ ਨੇ ਸਪੱਸ਼ਟ ਕੀਤਾ ਕਿ ਇਹ ਸਭ 'ਫੇਕ ਨਿਊਜ਼' ਹੈ ਅਤੇ ਲੋਕਾਂ ਨੂੰ ਅਜਿਹੀਆਂ ਗੁੰਮਰਾਹਕੁੰਨ ਗੱਲਾਂ ਤੋਂ ਬਚਣਾ ਚਾਹੀਦਾ ਹੈ। ਡੀ ਜੀ ਪੀ ਨੇ ਕਿਹਾ ਕਿ ਪੰਜਾਬ ਦਾ ਅਮਨ ਭੰਗ ਕਰਨ ਲਈ ਕੁਝ ਸ਼ਰਾਰਤੀ ਅਨਸਰ ਸੋਸ਼ਲ ਮੀਡੀਆ ਦੀ ਦੁਰਵਰਤੋਂ ਕਰ ਰਹੇ ਹਨ। ਉਨ੍ਹਾ ਚੇਤਾਵਨੀ ਦਿੱਤੀ ਕਿ ਅਜਿਹੀਆਂ ਫਰਜ਼ੀ ਖਬਰਾਂ ਫੈਲਾਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਡੀ ਜੀ ਪੀ ਨੇ ਦੱਸਿਆ ਕਿ ਪੰਜਾਬ ਪੁਲਸ ਸੋਮਵਾਰ ਤੋਂ ਮੁੜ 'ਅਪ੍ਰੇਸ਼ਨ ਪ੍ਰਹਾਰ' ਸ਼ੁਰੂ ਕਰਨ ਜਾ ਰਹੀ ਹੈ। ਇਹ ਮੁਹਿੰਮ ਲਗਾਤਾਰ 72 ਘੰਟਿਆਂ ਲਈ ਚਲਾਈ ਜਾਵੇਗੀ। ਇਸ ਦਾ ਮਕਸਦ ਗੈਂਗਸਟਰਾਂ ਦੇ ਨੈੱਟਵਰਕ ਨੂੰ ਤੋੜਨਾ, ਬਦਮਾਸ਼ਾਂ ਦੀ ਗ੍ਰਿਫਤਾਰੀ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨਾ ਹੈ। ਯਾਦਵ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਚਲਾਏ ਗਏ ਅਪ੍ਰੇਸ਼ਨ ਪ੍ਰਹਾਰ ਦੇ ਬਹੁਤ ਹੀ ਸਾਰਥਿਕ ਨਤੀਜੇ ਨਿਕਲੇ ਹਨ, ਜਿਸ ਤਹਿਤ ਕਈ ਵੱਡੇ ਬਦਮਾਸ਼ਾਂ ਨੂੰ ਸਲਾਖਾਂ ਪਿੱਛੇ ਭੇਜਿਆ ਗਿਆ ਹੈ। ਉਨ੍ਹਾ ਦੁਹਰਾਇਆ ਕਿ ਪੰਜਾਬ ਸਰਕਾਰ ਅਤੇ ਪੁਲਸ ਕਿਸੇ ਵੀ ਗੈਂਗਸਟਰ ਨੂੰ ਸਿਰ ਚੁੱਕਣ ਨਹੀਂ ਦੇਵੇਗੀ।

# 12 ਦੀ ਕੁੱਲ ਹਿੰਦ ਹੜਤਾਲ ਲਈ ਜ਼ੋਰਦਾਰ ਲਾਮਬੰਦੀ

**ਲੁਧਿਆਣਾ/ਜਲੰਧਰ/ਮਾਨਸਾ (ਐੱਮ ਐੱਸ ਭਾਟੀਆ/ਗਿਆਨ ਸੈਦਪੁਰੀ/ਆਤਮਾ ਸਿੰਘ ਪਮਾਰ)**







12 ਫਰਵਰੀ ਨੂੰ ਹੋਣ ਵਾਲੀ ਕੁੱਲ ਹਿੰਦ ਪੱਧਰ ਦੀ ਹੜਤਾਲ ਸੰਬੰਧੀ ਟਰੇਡ ਯੂਨੀਅਨਾਂ, ਕਿਸਾਨ ਜਥੇਬੰਦੀਆਂ ਅਤੇ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ।ਮੀਟਿੰਗ ਵਿੱਚ ਸਰਬ-ਸੰਮਤੀ ਨਾਲ ਮਤਾ ਪਾਸ ਕਰਕੇ ਸ਼ਾਂਤੀ-ਪੂਰਵਕ ਸੰਘਰਸ਼ ਕਰ ਰਹੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਕਿਸਾਨਾਂ ਉੱਪਰ ਪੁਲਸ ਜਬਰ ਕਰਨ, ਰੋਡਵੇਜ਼ ਕਾਮਿਆਂ ਤੇ ਮੁਕੇਸ਼ ਮਲੌਦ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਨਿੰਦਾ ਕੀਤੀ। ਅੱਜ ਦੀ ਮੀਟਿੰਗ 'ਚ ਸ਼ਾਮਲ ਜਥੇਬੰਦੀਆਂ ਸੀ ਆਈ ਟੀ ਯੂ, ਏਟਕ, ਸੀ ਟੀ ਯੂ ਪੰਜਾਬ, ਇੰਟਕ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਜਮਹੂਰੀ ਕਿਸਾਨ ਸਭਾ ਪੰਜਾਬ, ਕੁੱਲ ਹਿੰਦ ਕਿਸਾਨ ਸਭਾ (1936), ਕੁੱਲ ਹਿੰਦ ਕਿਸਾਨ ਸਭਾ (ਹੱਨਨ ਮੁੱਲਾ), ਟੈਕਸਟਾਇਲ ਹੌਜ਼ਰੀ ਕਾਮਗਾਰ ਯੂਨੀਅਨ ਪੰਜਾਬ, ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ: ਕਿਰਤੀ ਕਿਸਾਨ ਯੂਨੀਅਨ, ਪਾਵਰਕਾਮ ਐਂਡ ਟਰਾਸਕੋ ਠੇਕਾ ਮੁਲਾਜ਼ਮ ਯੂਨੀਅਨ, ਬੀ ਕੇ ਯੂ ਡਕੌਂਦਾ, ਪੰਜਾਬ ਪਾਵਰ ਕਾਰਪੋਰੇਸ਼ਨ ਟਰਾਸਕੋ ਠੇਕਾ ਮੁਲਾਜ਼ਮ ਯੂਨੀਅਨ, ਖੇਤੀਬਾੜੀ ਵਿਕਾਸ ਫਰੰਟ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ, ਬੀ ਕੇ ਯੂ ਪੰਜਾਬ ਦੇ ਆਗੂਆਂ ਸੁਖਮਿੰਦਰ ਸਿੰਘ ਲੋਟੇ, ਡੀ ਪੀ ਮੌੜ, ਪਰਮਜੀਤ ਸਿੰਘ ਲੁਧਿਆਣਾ, ਸੁਦਾਗਰ ਸਿੰਘ ਘੁਡਾਣੀ, ਰਘਵੀਰ ਸਿੰਘ ਬੈਨੀਪਾਲ, ਜਸਵੀਰ ਸਿੰਘ ਝੱਜ, ਬਲਦੇਵ ਸਿੰਘ ਲਤਾਲਾ, ਜਸਵਿੰਦਰ ਸਿੰਘ, ਰਮਨ ਗਿੱਲ, ਅਵਤਾਰ ਸਿੰਘ, ਜਤਿੰਦਰ ਸਿੰਘ ਮਲਕਪੁਰ, ਕੇਵਲ ਸਿੰਘ ਬਨਵੈਤ, ਹਰਜਿੰਦਰ ਸਿੰਘ, ਚਰਨ ਸਿੰਘ ਨੂਰਪੁਰਾ, ਸਰਬਜੀਤ ਸਿੰਘ ਸਰਹਾਲੀ, ਸ਼ੇਰ ਸਿੰਘ ਗੋਗਾ, ਰਵਿੰਦਰ ਕੌਰ, ਹਰਨੇਕ ਸਿੰਘ ਗੁੱਜਰਵਾਲ, ਵਿਸ਼ਵ ਨਾਥ, ਹਨੂੰ ਪ੍ਰਸ਼ਾਦ ਦੂਬੇ, ਸ਼ਮਿੰਦਰ ਸਿੰਘ ਲੌਂਗੋਵਾਲ, ਮਨਜੀਤ, ਪ੍ਰਮੋਦ, ਸਿਕੰਦਰ ਸਿੰਘ ਜੜਤੌਲੀ, ਪ੍ਰੋ. ਅਮਰਪ੍ਰੀਤ ਸਿੰਘ ਨੇ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡ ਲਾਗੂ ਕਰਨ, ਮਨਰੇਗਾ ਕਾਨੂੰਨ ਬਦਲਣ, ਬਿਜਲੀ ਸੋਧ ਬਿੱਲ, ਬੀਜ ਬਿੱਲ, ਮੁਕਤ ਵਪਾਰ ਸਮਝੌਤੇ ਸਮੇਤ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ 12 ਫਰਵਰੀ ਦੀ ਕੁੱਲ ਹਿੰਦ ਹੜਤਾਲ ਨੂੰ ਲੁਧਿਆਣਾ ਵਿੱਚ ਪੂਰਨ ਤੌਰ 'ਤੇ ਸਫ਼ਲ ਕਰਨ ਦੀ ਵਿਉਂਤਬੰਦੀ ਕੀਤੀ ਗਈ। ਉਹਨਾਂ ਦੱਸਿਆ ਕਿ ਲੁਧਿਆਣਾ ਦੇ ਮੇਨ ਬੱਸ ਸਟੈਂਡ ਤੋਂ ਇਲਾਵਾ ਜ਼ਿਲ੍ਹੇ ਅੰਦਰ ਵੱਖ-ਵੱਖ ਥਾਵਾਂ 'ਤੇ ਰੈਲੀਆਂ, ਮੁਜ਼ਾਹਰੇ ਕੀਤੇ ਜਾਣਗੇ।ਜਿਸ ਸੰਬੰਧੀ ਡਿਊਟੀਆਂ ਦੀ ਵੰਡ ਕਰ ਲਈ ਗਈ ਹੈ।ਉਹਨਾਂ ਕਿਹਾ ਕਿ ਇਸ ਹੜਤਾਲ ਵਿੱਚ ਕਿਰਤੀ, ਕਿਸਾਨ, ਮੁਲਾਜ਼ਮ, ਨੌਜਵਾਨ, ਵਿਦਿਆਰਥੀ, ਔਰਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ।ਇਸ ਮੌਕੇ 22 ਫਰਵਰੀ ਨੂੰ ਕੇਂਦਰ ਸਰਕਾਰ ਤੇ ਸੂਬਾ ਸਰਕਾਰ ਦੇ ਮੰਤਰੀਆਂ ਦੇ ਘਰਾਂ ਅਤੇ ਦਫ਼ਤਰਾਂ ਅੱਗੇ ਮੁਜ਼ਾਹਰੇ ਕਰਨ ਦੀ ਤਿਆਰੀ ਸੰਬੰਧੀ ਚਰਚਾ ਵੀ ਕੀਤੀ।ਮੀਟਿੰਗ ਵਿੱਚ ਸਮਾਰਟ ਮੀਟਰ ਲਗਾਉਣ ਤੇ ਅਮਰੀਕਾ ਤੇ ਭਾਰਤ ਦੇ ਮੁਕਤ ਵਪਾਰ ਸਮਝੌਤੇ ਦਾ ਵਿਰੋਧ ਕਰਦਿਆਂ ਟਰੰਪ ਤੇ ਮੋਦੀ ਦਾ ਪੁਤਲਾ ਵੀ ਫੂਕਿਆ ਗਿਆ।

ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ, ਨੌਜਵਾਨ ਅਤੇ ਵਿਦਿਆਰਥੀ ਜਥੇਬੰਦੀਆਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ 12 ਫਰਵਰੀ ਨੂੰ ਕੇਂਦਰੀ ਟਰੇਡ ਜਥੇਬੰਦੀਆਂ ਦੇ ਸੱਦੇ ਉੱਤੇ ਕੀਤੀ ਜਾ ਰਹੀ ਹੜਤਾਲ ਦਾ ਪੂਰਨ ਸਮਰਥਨ ਕਰਦਿਆਂ ਮੁਲਾਜ਼ਮ ਜਥੇਬੰਦੀਆਂ ਦੇ ਨਾਲ ਕਿਸਾਨਾਂ, ਮਜ਼ਦੂਰਾਂ ਵੱਲੋਂ ਸਮਰਥਨ ਕਰਦਿਆਂ ਨਕੋਦਰ ਅਤੇ ਜਲੰਧਰ 'ਚ ਮੁਜ਼ਾਹਰੇ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚਾ ਅਤੇ ਮਜ਼ਦੂਰ, ਮੁਲਾਜ਼ਮ, ਨੌਜਵਾਨ, ਵਿਦਿਆਰਥੀ ਅਤੇ ਔਰਤ ਜਥੇਬੰਦੀਆਂ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਸਰਮਾਏਦਾਰਾਂ/ ਜਗੀਰਦਾਰਾਂ ਨੀਤੀ ਕਦਮਾਂ ਖ਼ਿਲਾਫ਼, ਜਿਸ ਵਿਚ ਲੋਕ ਵਿਰੋਧੀ ਅਮਰੀਕੀ ਸਾਮਰਾਜ ਅਤੇ ਯੂਰਪੀਨ ਯੂਨੀਅਨ ਨਾਲ ਕੀਤੇ ਹਾਲੀਆ ਵਪਾਰ ਸਮਝੌਤੇ ਦੇ ਵਿਰੁੱਧ ਅਤੇ ਬਿਜਲੀ ਸੋਧ ਬਿੱਲ ਅਤੇ ਬੀਜ ਸੋਧ ਬਿੱਲ ਲਿਆਉਣ ਦੀਆਂ ਤਜਵੀਜ਼ਾਂ ਵਿਰੁੱਧ ਭਾਜਪਾ ਦੇ ਲੀਡਰਾਂ ਅਤੇ ਆਮ ਆਦਮੀ ਪਾਰਟੀ ਦੇ ਮੰਤਰੀਆਂ/ ਵਿਧਾਇਕਾਂ ਦੇ ਘਰਾਂ ਅੱਗੇ ਪ੍ਰਦਰਸ਼ਨ ਕਰਨ ਦੇ ਫੈਸਲੇ ਤਹਿਤ ਕੈਬਨਿਟ ਮੰਤਰੀ ਮਹਿੰਦਰ ਭਗਤ ਦੀ ਜਲੰਧਰ ਸਥਿਤ ਰਿਹਾਇਸ਼ ਅੱਗੇ 22 ਫਰਵਰੀ ਨੂੰ ਧਰਨਾ ਦਿੱਤਾ ਜਾਵੇਗਾ।

ਆਗੂਆਂ ਨੇ ਕਿਹਾ ਕਿ ਹਾਲੀਆ ਵਪਾਰ ਸਮਝੌਤੇ ਆਮ ਜਨਤਾ ਦੀ ਵਿਆਪਕ ਤਬਾਹੀ ਦਾ ਕਾਰਨ ਬਣੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਕੇਂਦਰੀ ਹਕੂਮਤ ਦੇ ਪਦ ਚਿੰਨ੍ਹਾਂ 'ਤੇ ਚੱਲ ਰਹੀ ਹੈ। ਉਨ੍ਹਾਂ ਕਿਹਾ ਜੇਕਰ ਸੰਸਦ ਵਿਚ ਬਿਜਲੀ ਸੋਧ ਬਿੱਲ ਪੇਸ਼ ਕੀਤਾ ਗਿਆ ਤਾਂ ਅਗਲੇ ਦਿਨ ਹੀ ਕਾਲਾ ਦਿਨ ਮਨਾਉਂਦਿਆਂ ਸਾਰੇ ਪੰਜਾਬ ਵਿੱਚ ਟੋਲ ਪਲਾਜ਼ੇ ਪਰਚੀ ਮੁਕਤ ਕਰਕੇ ਰੋਸ ਜ਼ਾਹਰ ਕੀਤਾ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੋਹਨ ਸਿੰਘ ਬੱਲ, ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸੰਧੂ, ਜਮਹੂਰੀ ਕਿਸਾਨ ਸਭਾ ਦੇ ਮਨੋਹਰ ਸਿੰਘ ਗਿੱਲ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਕਸ਼ਮੀਰ ਸਿੰਘ ਘੁਗਸ਼ੋਰ, ਹੰਸ ਰਾਜ ਪੱਬਵਾਂ, ਜੀ ਐੱਸ ਅਟਵਾਲ ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰੇਮ ਕੁਮਾਰ, ਪੀ ਐੱਸ ਯੂ ਦੇ ਰਮਨਦੀਪ ਕੌਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਵੀਰ ਕੁਮਾਰ, ਰਸ਼ਪਾਲ ਕੈਲੇ ਅਤੇ ਕੁਲਵਿੰਦਰ ਸਿੰਘ ਜੋਸਨ ਹਾਜ਼ਰ ਸਨ।

ਦੇਸ਼ ਵਿਆਪੀ ਹੜਤਾਲ ਦੀ ਸਫਲਤਾ ਲਈ ਮਾਨਸਾ ਦੇ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਟਰੇਡ ਯੂਨੀਅਨਾਂ, ਸੰਯੁਕਤ ਕਿਸਾਨ ਮੋਰਚਾ, ਮੁਲਾਜ਼ਮ ਤੇ ਮਜ਼ਦੂਰ ਜੱਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਸਤਪਾਲ ਰਿਸ਼ੀ, ਰਾਮ ਸਿੰਘ ਭੈਣੀ ਬਾਘਾ, ਭਜਨ ਸਿੰਘ ਘੁੰਮਣ ਤੇ ਬੋਘ ਸਿੰਘ ਮਾਨਸਾ ਦੇ ਪ੍ਰਧਾਨਗੀ ਮੰਡਲ ਹੇਠ ਹੋਈ। ਮੀਟਿੰਗ 'ਚ ਏਟਕ, ਏਕਟੂ, ਬੀ ਕੇ ਯੂ ਉਗਰਾਹਾਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਕੁੱਲ • ਬਾਕੀ ਸਫ਼ਾ 2 'ਤੇ

## ਝੂਲਾ ਮਾਲਕ ਸਣੇ ਦੋ ਗ੍ਰਿਫ਼ਤਾਰ

**ਫਰੀਦਾਬਾਦ** : ਪ੍ਰਸਿੱਧ ਸੂਰਜਕੁੰਡ ਅੰਤਰਰਾਸ਼ਟਰੀ ਸ਼ਿਲਪ ਮੇਲੇ ਵਿੱਚ ਝੂਲਾ ਡਿੱਗਣ ਕਾਰਨ ਹੋਈ ਪੁਲਸ ਇੰਸਪੈਕਟਰ ਦੀ ਮੌਤ ਦੇ ਮਾਮਲੇ ਵਿੱਚ ਪੁਲਸ ਨੇ ਹਿਮਾਚਲ ਫਨ ਕੇਅਰ ਦੇ ਮਾਲਕ ਮੁਹੰਮਦ ਸ਼ਾਕਿਰ (ਨਿਵਾਸੀ ਜ਼ਿਲ੍ਹਾ ਸਿਰਮੌਰ, ਹਿਮਾਚਲ ਪ੍ਰਦੇਸ਼) ਤੇ ਇੱਕ ਹੋਰ ਮੁਲਜ਼ਮ ਨਿਤੇਸ਼ (ਨਿਵਾਸੀ ਮੇਰਠ ਕੈਂਟ) ਨੂੰ ਗ੍ਰਿਫਤਾਰ ਕਰ ਲਿਆ ਹੈ। ਸ਼ਾਕਿਰ ਅਤੇ ਉਸ ਦੇ ਸਟਾਫ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀ ਧਾਰਾ 105 ਗੈਰ-ਇਰਾਦਤਨ ਕਤਲ ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਹੈ। ਡੀ ਸੀ ਪੀ (ਅਪਰਾਧ) ਮੁਕੇਸ਼ ਕੁਮਾਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਜਾਂਚ ਟੀਮ (ਸਿੱਟ) ਦਾ ਗਠਨ ਕੀਤਾ ਗਿਆ ਹੈ, ਜੋ ਸੁਰੱਖਿਆ ਨਿਯਮਾਂ ਦੀ ਉਲੰਘਣਾ ਅਤੇ ਲਾਪਰਵਾਹੀ ਦੇ ਹਰ ਪਹਿਲੂ ਦੀ ਜਾਂਚ ਕਰੇਗੀ।

ਹਾਦਸਾ ਸ਼ਨੀਵਾਰ ਸ਼ਾਮ ਨੂੰ ਉਸ ਵੇਲੇ ਵਾਪਰਿਆ, ਜਦੋਂ 'ਝੂਲਾ' ਅਚਾਨਕ ਇੱਕ ਪਾਸਿਓਂ ਟੁੱਟ ਗਿਆ। ਮੌਕੇ 'ਤੇ ਮੌਜੂਦ ਇੰਸਪੈਕਟਰ ਜਗਦੀਸ਼ ਪ੍ਰਸਾਦ ਜਦੋਂ ਹੋਰ ਲੋਕਾਂ ਨੂੰ ਬਚਾਉਣ ਲਈ ਅੱਗੇ ਵਧੇ ਤਾਂ ਝੂਲਾ ਦੂਜੇ ਪਾਸਿਓਂ ਵੀ ਟੁੱਟ ਕੇ ਉਨ੍ਹਾਂ ਉੱਪਰ ਜਾ ਡਿੱਗਿਆ। ਇੰਸਪੈਕਟਰ ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ। ਫਿਲਹਾਲ ਮੇਲੇ ਵਿੱਚ ਝੂਲਿਆਂ ਵਾਲਾ ਹਿੱਸਾ ਬੰਦ ਕਰ ਦਿੱਤਾ ਗਿਆ ਹੈ, ਜਦੋਂਕਿ ਬਾਕੀ ਮੇਲਾ ਲੋਕਾਂ ਲਈ ਖੁੱਲ੍ਹਾ ਹੈ।

## ਡਾ. ਪੁਸ਼ਪਿੰਦਰ ਗਿੱਲ ਸਪੋਰਟਸ 'ਵਰਸਿਟੀ ਦੇ ਵੀ ਸੀ ਬਣੇ



**ਪਟਿਆਲਾ** : ਰਾਜਪਾਲ ਅਤੇ ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਟੇਟ ਸਪੋਰਟਸ ਯੂਨੀਵਰਸਿਟੀ ਦੇ ਚਾਂਸਲਰ ਨੇ ਡਾ. ਪੁਸ਼ਪਿੰਦਰ ਸਿੰਘ ਗਿੱਲ ਨੂੰ ਯੂਨੀਵਰਸਿਟੀ ਦਾ ਨਵਾਂ ਵਾਈਸ-ਚਾਂਸਲਰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਤਿੰਨ ਸਾਲਾਂ ਲਈ ਕੀਤੀ ਗਈ ਹੈ। ਡਾ. ਗਿੱਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਕੂਲ ਆਫ ਮੈਨੇਜਮੈਂਟ ਸਟੱਡੀਜ਼ ਵਿੱਚ ਬਤੌਰ ਪ੍ਰੋਫੈਸਰ ਸੇਵਾਮੁਕਤ ਹੋਏ ਹਨ। ਉਨ੍ਹਾ ਉੱਥੇ 23 ਸਾਲਾਂ ਤੋਂ ਵੱਧ ਸਮਾਂ ਪ੍ਰੋਫੈਸਰ ਵਜੋਂ ਸੇਵਾ ਨਿਭਾਈ। 1999 ਤੋਂ 2001 ਦਰਮਿਆਨ ਉਨ੍ਹਾ ਅਫਰੀਕੀ ਦੇਸ਼ਾਂ (ਯੂਗਾਂਡਾ, ਕੀਨੀਆ, ਇਥੋਪੀਆ ਅਤੇ ਨਾਇਜੀਰੀਆ) ਵਿੱਚ ਕੋਕਾ-ਕੋਲਾ ਕੰਪਨੀ ਦੇ ਚੀਫ ਐਗਜ਼ੀਕਿਊਟਿਵ ਅਫਸਰ ਵਜੋਂ ਵੀ ਕੰਮ ਕੀਤਾ ਹੈ।

## ਸੀਤ ਲਹਿਰ ਜਾਰੀ ਰਹੇਗੀ

**ਚੰਡੀਗੜ੍ਹ** : ਪੰਜਾਬ ਦੇ ਕਈ ਹਿੱਸਿਆਂ ਵਿੱਚ ਐਤਵਾਰ ਕੜਾਕੇ ਦੀ ਠੰਢ ਦਾ ਦੌਰ ਜਾਰੀ ਰਿਹਾ, ਜਿਸ ਨਾਲ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ। ਮੌਸਮ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਫਰੀਦਕੋਟ ਅਤੇ ਹੁਸ਼ਿਆਰਪੁਰ ਵਿੱਚ ਘੱਟੋ-ਘੱਟ ਤਾਪਮਾਨ 5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਸੂਬੇ ਵਿੱਚ ਸਭ ਤੋਂ ਘੱਟ ਰਿਹਾ। ਇਸ ਤੋਂ ਇਲਾਵਾ ਫਿਰੋਜ਼ਪੁਰ ਵਿੱਚ 5.6, ਅੰਮ੍ਰਿਤਸਰ ਵਿੱਚ 5.7, ਬਠਿੰਡਾ ਵਿੱਚ 6.2, ਗੁਰਦਾਸਪੁਰ ਵਿੱਚ 7, ਲੁਧਿਆਣਾ ਵਿੱਚ 9.4 ਤੇ ਅਤੇ ਪਟਿਆਲਾ ਵਿੱਚ 9.3 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਘੱਟੋ-ਘੱਟ ਤਾਪਮਾਨ 8 ਡਿਗਰੀ ਰਿਹਾ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

*-ਮੈਨੇਜਰ*

# ਅਮਰੀਕਾ-ਭਾਰਤ ਵਪਾਰ ਸਮਝੌਤੇ ਨਾਲ ਸੇਬ ਉਤਪਾਦਕ ਪ੍ਰੇਸ਼ਾਨ



**ਸ਼ਿਮਲਾ** : ਭਾਰਤ-ਅਮਰੀਕਾ ਸਮਝੌਤੇ ਤੋਂ ਬਾਅਦ ਅਮਰੀਕੀ ਸੇਬ 'ਤੇ ਦਰਾਮਦ ਡਿਊਟੀ 50 ਫੀਸਦੀ ਤੋਂ ਘਟਾ ਕੇ 20 ਫੀਸਦੀ ਹੋਣ ਕਾਰਨ ਉਤਪਾਦਕਾਂ ਨੂੰ ਸਥਾਨਕ ਸੇਬ ਦੀ ਆਰਥਿਕਤਾ ਨੂੰ ਸੱਟ ਵੱਜਣ ਦਾ ਡਰ ਸਤਾਅ ਰਿਹਾ ਹੈ। ਹਾਲਾਂਕਿ ਘੱਟੋ-ਘੱਟ ਦਰਾਮਦ ਕੀਮਤ (ਐੱਮ ਆਈ ਪੀ) 50 ਰੁਪਏ ਤੋਂ ਵਧਾ ਕੇ 80 ਰੁਪਏ ਪ੍ਰਤੀ ਕਿੱਲੋ ਕਰ ਦਿੱਤੀ ਗਈ ਹੈ। ਸਮਝੌਤੇ ਅਨੁਸਾਰ ਅਮਰੀਕੀ ਸੇਬ ਭਾਰਤ ਵਿੱਚ 100 ਰੁਪਏ ਪ੍ਰਤੀ ਕਿੱਲੋ ਦੀ ਦਰ ਨਾਲ ਪਹੁੰਚੇਗਾ। ਸੰਯੁਕਤ ਕਿਸਾਨ ਮੰਚ ਦੇ ਕਨਵੀਨਰ ਹਰੀਸ਼ ਚੌਹਾਨ ਨੇ ਕਿਹਾ, 'ਇਹ ਉਹੀ ਕੀਮਤ ਹੈ, ਜੋ ਸਾਡੇ ਉੱਚ ਗੁਣਵੱਤਾ ਵਾਲੇ ਸੇਬ ਨੂੰ ਬਾਜ਼ਾਰ ਵਿੱਚ ਮਿਲਦੀ ਹੈ। ਇਸ ਕੀਮਤ 'ਤੇ ਇਹ ਸਾਡੇ ਪ੍ਰੀਮੀਅਮ ਸੇਬ ਲਈ ਬਹੁਤ ਵੱਡੀ ਚੁਣੌਤੀ ਪੈਦਾ ਕਰੇਗਾ। ਜੇ ਉੱਚ ਗੁਣਵੱਤਾ ਵਾਲੇ ਦਰਾਮਦ ਕੀਮਤ ਵਾਲੇ ਸੇਬ ਦੀ ਕੀਮਤ ਸਾਡੇ ਘਰੇਲੂ ਸੇਬ ਦੇ ਬਰਾਬਰ ਹੋਵੇਗੀ, ਤਾਂ ਖਪਤਕਾਰ ਵਿਦੇਸ਼ੀ ਸੇਬ ਵੱਲ ਜਾਣਗੇ।'

ਹਰੀਸ਼ ਚੌਹਾਨ ਨੇ ਸਵਾਲ ਕੀਤਾ, 'ਸੀ ਏ (ਕੰਟਰੋਲਡ ਐਟਮਸਫਿਅਰ) ਸਟੋਰ ਅਸਥਿਰ ਹੋ ਜਾਣਗੇ। ਕੋਈ ਸਾਡਾ ਪ੍ਰੀਮੀਅਮ ਸੇਬ 85-90 ਰੁਪਏ ਵਿੱਚ ਕਿਉਂ ਖਰੀਦੇਗਾ, ਸਟੋਰੇਜ ਦਾ ਖਰਚਾ ਕਿਉਂ ਝੱਲੇਗਾ ਅਤੇ ਫਿਰ ਇਸ ਨੂੰ ਅਮਰੀਕੀ ਸੇਬ ਨਾਲੋਂ ਮਹਿੰਗੀ ਕੀਮਤ 'ਤੇ ਬਾਜ਼ਾਰ ਵਿੱਚ ਕਿਉਂ ਲਿਆਵੇਗਾ?' ਚੌਹਾਨ ਉਨ੍ਹਾਂ ਉਤਪਾਦਕਾਂ ਵਿੱਚੋਂ ਹਨ, ਜੋ ਮਹਿਸੂਸ ਕਰਦੇ ਹਨ ਕਿ ਇਸ ਕੀਮਤ 'ਤੇ ਅਮਰੀਕੀ ਸੇਬ ਸਥਾਨਕ ਸੇਬ ਦੀ ਆਰਥਿਕਤਾ 'ਤੇ ਵਿਨਾਸ਼ਕਾਰੀ ਪ੍ਰਭਾਵ ਪਾਵੇਗਾ। ਉਨ੍ਹਾ ਇਸ ਦਾਅਵੇ ਨੂੰ ਵੀ ਰੱਦ ਕਰ ਦਿੱਤਾ ਕਿ ਇਸ ਸੌਦੇ ਤੋਂ ਪਹਿਲਾਂ ਅਮਰੀਕੀ ਸੇਬ ਭਾਰਤ ਵਿੱਚ 75 ਰੁਪਏ ਪ੍ਰਤੀ ਕਿੱਲੋ ਪਹੁੰਚ ਰਿਹਾ ਸੀ।

ਉਨ੍ਹਾ ਪੁੱਛਿਆ, 'ਜੇ ਅਮਰੀਕੀ ਸੇਬ 75 ਰੁਪਏ ਵਿੱਚ ਆ ਰਿਹਾ ਸੀ, ਤਾਂ ਇਹ ਬਾਜ਼ਾਰ ਵਿੱਚ 200 ਤੋਂ 250 ਰੁਪਏ ਵਿੱਚ ਕਿਵੇਂ ਵਿਕ ਰਿਹਾ ਸੀ?' ਪ੍ਰੋਗਰੈਸਿਵ ਗਰੋਅਰਜ਼ ਐਸੋਸੀਏਸ਼ਨ (ਪੀ ਜੀ ਏ) ਦੇ ਪ੍ਰਧਾਨ ਲੋਕਿੰਦਰ ਬਿਸ਼ਟ ਮਹਿਸੂਸ ਕਰਦੇ ਹਨ ਕਿ ਪ੍ਰੀਮੀਅਮ ਗੁਣਵੱਤਾ ਵਾਲੇ ਸੇਬ ਨੂੰ ਨੁਕਸਾਨ ਹੋਵੇਗਾ, ਪਰ ਐੱਮ ਆਈ ਪੀ ਅਤੇ 20 ਫੀਸਦੀ ਟੈਕਸ ਕੁਝ ਹੱਦ ਤੱਕ ਸਥਾਨਕ ਸੇਬ ਦੀ ਆਰਥਿਕਤਾ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਣਗੇ। ਉਨ੍ਹਾ ਕਿਹਾ, 'ਸਥਾਨਕ ਉਤਪਾਦਕਾਂ ਨੂੰ ਵਧੇਰੇ ਸੁਰੱਖਿਆ ਦੇਣ ਲਈ ਐੱਮ ਆਈ ਪੀ ਘੱਟੋ-ਘੱਟ 100 ਰੁਪਏ ਹੋਣੀ ਚਾਹੀਦੀ ਸੀ। ਪ੍ਰੋਗਰੈਸਿਵ ਗਰੋਅਰਜ਼ ਐਸੋਸੀਏਸ਼ਨ ਰਾਜ ਵਿੱਚ ਸੇਬ ਉਤਪਾਦਕਾਂ ਦੀਆਂ ਸਭ ਤੋਂ ਵੱਡੀਆਂ ਸੰਸਥਾਵਾਂ ਵਿੱਚੋਂ ਇੱਕ ਹੈ। ਉਨ੍ਹਾ ਕਿਹਾ ਕਿ ਸਥਾਨਕ ਪ੍ਰੀਮੀਅਮ ਸੇਬ ਨੂੰ ਅਮਰੀਕੀ ਸੇਬ ਨਾਲੋਂ ਵੱਧ ਕੀਮਤ ਨਹੀਂ ਮਿਲੇਗੀ।

ਬਿਸ਼ਟ ਨੇ ਕਿਹਾ, 'ਜੇ ਸਾਡੇ ਪ੍ਰੀਮੀਅਮ ਸੇਬ ਦੀ ਕੀਮਤ ਘਟਦੀ ਹੈ, ਤਾਂ ਇਸ ਦਾ ਅਸਰ ਘੱਟ ਗੁਣਵੱਤਾ ਵਾਲੇ ਸੇਬ 'ਤੇ ਵੀ ਪਵੇਗਾ।' ਉਨ੍ਹਾ ਇਹ ਵੀ ਕਿਹਾ ਕਿ ਘੱਟ ਟੈਕਸ ਨਾਲ ਮੰਗਵਾਏ ਜਾਣ ਵਾਲੇ ਸੇਬ ਦੀ ਮਾਤਰਾ 'ਤੇ ਪਾਬੰਦੀ ਹੋਣੀ ਚਾਹੀਦੀ ਹੈ, ਕਿਉਂਕਿ ਬੇਅੰਤ ਦਰਾਮਦ ਆਰਥਿਕਤਾ ਲਈ ਵੱਡਾ ਖਤਰਾ ਪੈਦਾ ਕਰ ਸਕਦੀ ਹੈ।

ਦੂਜੇ ਪਾਸੇ ਕੁਝ ਉਤਪਾਦਕ ਮਹਿਸੂਸ ਕਰਦੇ ਹਨ ਕਿ ਇਸ ਸੌਦੇ ਦਾ ਸਥਾਨਕ ਸੇਬ ਦੀ ਆਰਥਿਕਤਾ 'ਤੇ ਬਹੁਤ ਘੱਟ ਪ੍ਰਭਾਵ ਪਵੇਗਾ। ਹਿਮਾਲੀਅਨ ਸੋਸਾਇਟੀ ਫਾਰ ਹਾਰਟੀਕਲਚਰ ਐਂਡ ਐਗਰੀਕਲਚਰ ਡਿਵੈੱਲਪਮੈਂਟ ਦੇ ਪ੍ਰਧਾਨ ਡਿੰਪਲ ਪੰਜਟਾ ਦਾ ਕਹਿਣਾ ਹੈ ਕਿ ਸਥਾਨਕ ਪ੍ਰੀਮੀਅਮ ਸੇਬ ਕਿਸੇ ਵੀ ਵਿਦੇਸ਼ੀ ਦਰਾਮਦ ਨਾਲ ਮੁਕਾਬਲਾ ਕਰਨ ਲਈ ਕਾਫੀ ਚੰਗਾ ਹੈ। ਪੰਜਟਾ ਨੇ ਕਿਹਾ, 'ਅਸੀਂ ਵਿਸ਼ਵਵਿਆਪੀ ਮੁਕਾਬਲੇ ਤੋਂ ਹਮੇਸ਼ਾ ਲਈ ਨਹੀਂ ਭੱਜ ਸਕਦੇ। ਨਿਰਾਸ਼ ਹੋਣ ਦੀ ਬਜਾਏ, ਸਾਨੂੰ ਇਸ ਨੂੰ ਆਪਣੀ ਗੁਣਵੱਤਾ ਵਿੱਚ ਸੁਧਾਰ ਕਰਨ ਦੇ ਇੱਕ ਮੌਕੇ ਵਜੋਂ ਦੇਖਣਾ ਚਾਹੀਦਾ ਹੈ। ਸੁਰੱਖਿਆ ਦੀ ਮੰਗ ਕਰਨ ਦੀ ਬਜਾਏ, ਸਾਨੂੰ ਸਰਕਾਰ ਤੋਂ ਸਬਸਿਡੀਆਂ ਅਤੇ ਬਿਹਤਰ ਪੌਦੇ ਲਗਾਉਣ ਵਾਲੀ ਸਮੱਗਰੀ ਦੀ ਮੰਗ ਕਰਨੀ ਚਾਹੀਦੀ ਹੈ, ਤਾਂ ਜੋ ਸਾਡੀ ਪੈਦਾਵਾਰ ਵਧ ਸਕੇ ਅਤੇ ਗੁਣਵੱਤਾ ਵਿੱਚ ਸੁਧਾਰ ਹੋ ਸਕੇ।"

ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਸਨਿੱਚਰਵਾਰ ਕਿਹਾ ਕਿ ਭਾਰਤ ਨੇ ਅੰਤਰਮ ਵਪਾਰ ਸਮਝੌਤੇ ਤਹਿਤ ਅਮਰੀਕਾ ਨੂੰ ਸੇਬਾਂ 'ਤੇ ਕੋਟਾ-ਅਧਾਰਤ ਡਿਊਟੀ ਰਿਆਇਤ ਦਿੱਤੀ ਹੈ, ਜਦੋਂ ਕਿ ਸਥਾਨਕ ਸੇਬ ਉਤਪਾਦਕਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਕੀਤੀ ਗਈ ਹੈ। ਗੋਇਲ ਨੇ ਪੱਤਰਕਾਰਾਂ ਨੂੰ ਦੱਸਿਆ, 'ਸਾਡੇ ਸੇਬ ਉਤਪਾਦਕ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ।' ਭਾਰਤ ਹਰ ਸਾਲ ਅਮਰੀਕਾ ਤੇ ਹੋਰਨਾਂ ਦੇਸ਼ਾਂ ਤੋਂ ਲਗਭਗ ਛੇ ਲੱਖ ਟਨ ਸੇਬਾਂ ਦੀ ਦਰਾਮਦ ਕਰਦਾ ਹੈ ਅਤੇ ਦੇਸ਼ ਆਪਣੀਆਂ ਜ਼ਰੂਰਤਾਂ ਦਰਾਮਦ ਕੀਤੇ ਸੇਬਾਂ ਨਾਲ ਪੂਰੀਆਂ ਕਰਦਾ ਹੈ। ਉਨ੍ਹਾ ਦੱਸਿਆ ਕਿ ਕੁਝ ਖਾਸ ਭਾਰਤੀ ਫਲਾਂ, ਸਬਜ਼ੀਆਂ, ਚਾਹ ਅਤੇ ਕੌਫੀ 'ਤੇ ਵੀ ਅਮਰੀਕਾ ਵਿੱਚ ਜ਼ੀਰੋ ਟੈਰਿਫ ਹੋਵੇਗਾ।

# ਚਾਕੂ ਮਾਰ ਕੇ ਚਾਰ ਭਾਰਤੀ ਵਿਦਿਆਰਥੀ ਜ਼ਖਮੀ



**ਮਾਸਕੋ** : ਰੂਸ ਦੇ ਬਸ਼ਕੋਰਤੋਸਤਾਨ ਗਣਰਾਜ ਦੀ ਇੱਕ ਯੂਨੀਵਰਸਿਟੀ ਵਿੱਚ ਸਨਿੱਚਰਵਾਰ ਚਾਕੂ ਨਾਲ ਕੀਤੇ ਇੱਕ ਹਮਲੇ ਵਿੱਚ ਘੱਟੋ-ਘੱਟ ਛੇ ਲੋਕ ਜ਼ਖਮੀ ਹੋ ਗਏ, ਜਿਨ੍ਹਾਂ ਵਿੱਚ ਚਾਰ ਭਾਰਤੀ ਵਿਦਿਆਰਥੀ ਹਨ। ਭਾਰਤੀ ਮਿਸ਼ਨ ਮੁਤਾਬਕ ਮੁਢਲੀਆਂ ਰਿਪੋਰਟਾਂ ਅਨੁਸਾਰ ਚਾਕੂ ਨਾਲ ਲੈਸ ਇੱਕ ਨੌਜਵਾਨ ਉਫਾ ਵਿੱਚ ਸਥਿਤ ਸਟੇਟ ਮੈਡੀਕਲ ਯੂਨੀਵਰਸਿਟੀ ਦੇ ਹੋਸਟਲ ਵਿੱਚ ਦਾਖਲ ਹੋਇਆ ਤੇ ਵਿਦਿਆਰਥੀਆਂ 'ਤੇ ਹਮਲਾ ਕਰ ਦਿੱਤਾ। ਹਮਲਾਵਰ ਨੇ ਗ੍ਰਿਫਤਾਰੀ ਦਾ ਵਿਰੋਧ ਕੀਤਾ, ਜਿਸ ਦੌਰਾਨ ਦੋ ਪੁਲਸ ਅਧਿਕਾਰੀਆਂ ਨੂੰ ਚਾਕੂ ਮਾਰ ਦਿੱਤਾ ਅਤੇ ਬਾਅਦ ਵਿੱਚ ਖੁਦ ਨੂੰ ਵੀ ਸਰੀਰਕ ਨੁਕਸਾਨ ਪਹੁੰਚਾਇਆ। ਕਾਜ਼ਾਨ ਸਥਿਤ ਭਾਰਤੀ ਕੌਂਸਲੇਟ ਦੇ ਅਧਿਕਾਰੀ ਜ਼ਖਮੀ ਵਿਦਿਆਰਥੀਆਂ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਉਫਾ ਗਏ ਹਨ।

ਰੂਸੀ ਸੰਘੀ ਸਿਹਤ ਮੰਤਰਾਲੇ ਨੇ ਕਿਹਾ ਕਿ ਜ਼ਖਮੀ ਚਾਰ ਲੋਕਾਂ ਦਾ ਡਾਕਟਰੀ ਇਲਾਜ ਕੀਤਾ ਜਾ ਰਿਹਾ ਹੈ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਹੈ, ਜਦਕਿ ਤਿੰਨ ਹੋਰਨਾਂ ਦੀ ਹਾਲਤ ਸਥਿਰ ਹੈ।

ਬਾਜ਼ਾ ਚੈਨਲ ਨੇ ਦਾਅਵਾ ਕੀਤਾ ਕਿ 15 ਸਾਲਾ ਹਮਲਾਵਰ ਇੱਕ ਪਾਬੰਦੀਸ਼ੁਦਾ ਨਵ-ਨਾਜ਼ੀ ਸੰਗਠਨ ਨਾਲ ਸੰਬੰਧਤ ਹੈ। ਹਮਲੇ ਦੇ ਜਨੂੰਨ ਦੌਰਾਨ ਉਹ ਹੋਲੋਕਾਸਟ ਬਾਰੇ ਰਾਸ਼ਟਰਵਾਦੀ ਨਾਅਰੇਬਾਜ਼ੀ ਕਰ ਰਿਹਾ ਸੀ। ਇਸ ਦੇ ਨਾਲ ਹੀ ਪੀੜਤਾਂ ਦੇ ਖ਼ੂਨ ਨਾਲ ਕੰਧ 'ਤੇ ਬਣਾਏ ਗਏ ਸਵਾਸਤਿਕ ਦੀ ਫੋਟੋ ਵੀ ਸਾਂਝੀ ਕੀਤੀ।

# ਹਿਮੰਤਾ ਤੇ ਗੋਗੋਈ ਵਿਚਾਲੇ ਇਲਜ਼ਾਮ-ਤਰਾਸ਼ੀ



**ਗੁਹਾਟੀ** : ਅਸੈਂਬਲੀ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਅਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਨੇ ਕਾਂਗਰਸ ਸਾਂਸਦ ਗੌਰਵ ਗੋਗੋਈ ਅਤੇ ਉਨ੍ਹਾ ਦੀ ਬ੍ਰਿਟਿਸ਼ ਪਤਨੀ ਐਲਿਜ਼ਾਬੈਥ ਕੋਲਬਰਨ 'ਤੇ ਗੰਭੀਰ ਸਵਾਲ ਚੁੱਕੇ ਹਨ। ਸਰਮਾ ਨੇ ਦਾਅਵਾ ਕੀਤਾ ਕਿ ਗੋਗੋਈ ਦੀ ਪਤਨੀ ਅਤੇ ਪਾਕਿਸਤਾਨੀ ਨਾਗਰਿਕ ਅਲੀ ਤੌਕੀਰ ਸ਼ੇਖ ਵਿਚਕਾਰ 'ਡੂੰਘੇ ਸੰਬੰਧ' ਹਨ ਅਤੇ ਭਾਰਤ ਦੀਆਂ ਗੁਪਤ ਸੂਚਨਾਵਾਂ ਗੁਆਂਢੀ ਦੇਸ਼ ਨੂੰ ਮੁਹੱਈਆ ਕਰਵਾਈਆਂ ਗਈਆਂ ਹਨ।

ਮੁੱਖ ਮੰਤਰੀ ਨੇ ਇਲਜ਼ਾਮ ਲਾਇਆ ਕਿ ਕੋਲਬਰਨ ਦੀ ਤਨਖਾਹ ਪਾਕਿਸਤਾਨੀ ਸੰਸਥਾ ਵੱਲੋਂ ਐੱਫ ਸੀ ਆਰ ਏ ਨਿਯਮਾਂ ਦੀ ਉਲੰਘਣਾ ਕਰਕੇ ਦਿੱਤੀ ਗਈ ਸੀ। ਇਸ ਤੋਂ ਇਲਾਵਾ ਸਰਮਾ ਨੇ ਗੋਗੋਈ ਦੀ 2013 ਦੀ ਪਾਕਿਸਤਾਨ ਫੇਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਉਹ ਉੱਥੇ 'ਗੁਪਤ ਸਿਖਲਾਈ' ਲਈ ਗਏ ਸਨ। ਅਸਾਮ ਸਰਕਾਰ ਨੇ ਇਸ ਮਾਮਲੇ ਦੀ ਰਾਸ਼ਟਰੀ ਪੱਧਰ 'ਤੇ ਜਾਂਚ ਲਈ ਗ੍ਰਹਿ ਮੰਤਰਾਲੇ ਨੂੰ ਸਿਫਾਰਸ਼ ਕੀਤੀ ਹੈ। ਦੂਜੇ ਪਾਸੇ, ਗੌਰਵ ਗੋਗੋਈ ਨੇ ਇਨ੍ਹਾਂ ਇਲਜ਼ਾਮਾਂ ਨੂੰ ਪੂਰੀ ਤਰ੍ਹਾਂ ਨਕਾਰਦਿਆਂ ਮੁੱਖ ਮੰਤਰੀ ਦੀ ਪ੍ਰੈੱਸ ਕਾਨਫਰੰਸ ਨੂੰ 'ਸੁਪਰ ਫਲਾਪ' ਅਤੇ 'ਸੀ-ਗ੍ਰੇਡ ਸਿਨੇਮਾ' ਤੋਂ ਵੀ ਮਾੜੀ ਕਰਾਰ ਦਿੱਤਾ ਹੈ। ਗੋਗੋਈ ਨੇ ਕਿਹਾ ਕਿ ਮੁੱਖ ਮੰਤਰੀ ਆਪਣੀ ਅਤੇ ਆਪਣੇ ਪਰਵਾਰ ਦੀ 12,000 ਵਿਘਾ ਜ਼ਮੀਨ ਦੇ ਕਬਜ਼ੇ ਦੀ ਖਬਰ ਤੋਂ ਧਿਆਨ ਭਟਕਾਉਣ ਲਈ ਅਜਿਹੇ ਬੇਬੁਨਿਆਦ ਮੁੱਦੇ ਉਛਾਲ ਰਹੇ ਹਨ।

ਉਨ੍ਹਾ ਸਰਮਾ ਦੀ ਰਾਜਨੀਤੀ ਨੂੰ 'ਬੇਤੁਕੀ' ਦੱਸਿਆ। ਜ਼ਿਕਰਯੋਗ ਹੈ ਕਿ ਹਿਮੰਤਾ ਬਿਸਵਾ ਸਰਮਾ ਨੇ ਐਲਿਜ਼ਾਬੈਥ ਕੋਲਬਰਨ ਦੇ ਪਾਕਿਸਤਾਨੀ ਬੈਂਕ ਖਾਤੇ ਅਤੇ ਗੋਗੋਈ ਵੱਲੋਂ ਚੋਣ ਹਲਫਨਾਮੇ ਵਿੱਚ ਜਾਣਕਾਰੀ ਲੁਕਾਉਣ ਦੇ ਵੀ ਇਲਜ਼ਾਮ ਲਾਏ ਹਨ ਅਤੇ ਉਨ੍ਹਾਂ ਦਾ ਓ ਸੀ ਆਈ ਕਾਰਡ ਰੱਦ ਕਰਨ ਦੀ ਮੰਗ ਕੀਤੀ ਹੈ।

## ਅੱਜ-ਨਾਮਾ

ਖੇਤਰ ਧਰਮ ਦਾ, ਕਈ ਕੁ-ਕਰਮ ਹੁੰਦੇ,
ਲੱਗਦਾ ਲੋਕਾਂ ਨੂੰ ਬਹੁਤ ਆ ਦੁੱਖ ਭਾਈ।
ਝੱਲੇ ਧਰਤੀ ਦਾ ਭਾਰ ਨਾ ਬਲਦ ਧਉਲਾ,
ਭਾਰੀ ਪਾਪਾਂ ਨਾਲ ਧਰਤ ਦੀ ਕੁੱਖ ਭਾਈ।
ਛੱਡੀ ਜਾਏ ਇਨਸਾਨ ਇਨਸਾਨੀਅਤ ਨੂੰ,
ਬਾਕੀ ਤਾਂ ਕਹਿਣ ਦੇ ਲਈ ਮਨੁੱਖ ਭਾਈ।
ਕਹੀਏ ਕੁਝ ਤਾਂ ਕਰਦੇ ਕੁਝ ਹੋਰ ਆਪਾਂ,
ਕਰਤੂਤਾਂ ਗਲਤ ਤਾਂ ਭਾਲਦੇ ਸੁੱਖ ਭਾਈ।
ਚਾਹੁਣਾ ਸੁੱਖ, ਫਿਰ ਏਸ ਸੰਸਾਰ ਅੰਦਰ,
ਦਿਲਾਂ ਤੋਂ ਕੱਢੇ ਕੁਕਰਮ ਵੀ ਲੋੜੀਏ ਜੀ।
ਕਹੀਏ ਸਭ ਨੂੰ ਬੁਰਾਈ ਤੋਂ ਹਟੋ ਮਿੱਤਰ,
ਨੇਕੀਆਂ ਨਾਲ ਸੰਬੰਧ ਜਿਹਾ ਜੋੜੀਏ ਜੀ।

*-ਤੀਸ ਮਾਰ ਖਾਂ*

# ਦੋ ਘੰਟੇ ਦਾ ਸਫਰ 20 ਮਿੰਟ 'ਚ



**ਬੀਜਿੰਗ** : ਚੀਨ ਨੇ 'ਸ਼ੇਨਜ਼ੇਨ-ਜ਼ੋਂਗਸ਼ਾਨ ਲਿੰਕ' ਦਾ ਉਦਘਾਟਨ ਕੀਤਾ ਹੈ। ਇਹ 28 ਕਿੱਲੋਮੀਟਰ ਲੰਬਾ ਇੱਕ ਬਹੁਤ ਹੀ ਸ਼ਾਨਦਾਰ ਸਮੁੰਦਰੀ ਕਾਰੀਡੋਰ ਹੈ, ਜਿਸ ਵਿੱਚ ਸਮੁੰਦਰ ਦੇ ਪਾਣੀ ਦੇ ਅੰਦਰ 6.8 ਕਿੱਲੋਮੀਟਰ ਲੰਬੀ ਇੱਕ ਸੁਰੰਗ ਵੀ ਸ਼ਾਮਲ ਹੈ।

ਇੰਜੀਨੀਅਰਿੰਗ ਦੀ ਮਿਸਾਲ ਪੇਸ਼ ਕਰਦਾ ਇਹ 'ਸੀ-ਲਿੰਕ' ਦੋ ਸ਼ਹਿਰਾਂ ਵਿਚਕਾਰ ਸਫਰ ਦੇ ਸਮੇਂ ਨੂੰ ਲੱਗਭੱਗ ਦੋ ਘੰਟੇ ਤੋਂ ਘਟਾ ਕੇ ਸਿਰਫ 20 ਮਿੰਟ ਕਰ ਦਿੰਦਾ ਹੈ, ਜਿਸ ਨਾਲ 'ਗ੍ਰੇਟਰ ਬੇਅ ਏਰੀਆ' ਵਿੱਚ ਕਨੈਕਟੀਵਿਟੀ ਬਿਹਤਰ ਹੋਵੇਗੀ। ਇਸ ਕਾਰੀਡੋਰ ਵਿੱਚ ਪਹਿਲਾਂ ਤੋਂ ਤਿਆਰ ਸੁਰੰਗ ਸੈਕਸ਼ਨ ਅਤੇ ਐਡਵਾਂਸਡ ਵੈਂਟੀਲੇਸ਼ਨ ਸਿਸਟਮ ਲਗਾਇਆ ਗਿਆ ਹੈ। ਤੂਫਾਨਾਂ ਅਤੇ ਤੇਜ਼ ਲਹਿਰਾਂ ਦਾ ਸਾਹਮਣਾ ਕਰਨ ਲਈ ਤਿਆਰ ਕੀਤਾ ਗਿਆ ਇਹ ਲਿੰਕ ਇਨਫਰਾਸਟਰੱਕਚਰ ਇਨੋਵੇਸ਼ਨ ਲਈ ਨਵੇਂ ਮਿਆਰ ਕਾਇਮ ਕਰਦਾ ਹੈ। ਉੱਪਰੋਂ ਵੇਖਣ 'ਤੇ ਇਹ ਲਿੰਕ ਪਾਣੀ ਦੇ ਉੱਪਰ ਉੱਡਦੇ ਹੋਏ ਕਿਸੇ ਵਿਸ਼ਾਲ ਪੰਛੀ ਜਾਂ ਸਮੁੰਦਰ ਦੇ ਉੱਪਰ ਉੱਡਦੀ ਪਤੰਗ ਵਰਗਾ ਦਿਖਾਈ ਦਿੰਦਾ ਹੈ।

ਇਸ ਲਿੰਕ 'ਤੇ ਸੁਰੱਖਿਅਤ ਸਫਰ ਲਈ ਟਰੈਫਿਕ ਮੈਨੇਜਮੈਂਟ ਨੂੰ ਬਿਹਤਰ ਬਣਾਇਆ ਗਿਆ ਹੈ, ਜਿਸ ਲਈ ਬਿੱਗ ਡੇਟਾ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਸਮੇਤ ਕਈ ਆਧੁਨਿਕ ਤਕਨੀਕਾਂ ਦੀ ਵਰਤੋਂ ਕੀਤੀ ਗਈ ਹੈ। ਇਸ ਤੋਂ ਇਲਾਵਾ ਸਮੁੰਦਰ ਦੇ ਹੇਠਾਂ ਬਣੀ ਸੁਰੰਗ ਦੀ ਰੋਜ਼ਾਨਾ ਜਾਂਚ ਲਈ ਇੰਟੈਲੀਜੈਂਟ ਰੋਬੋਟਾਂ ਦੀ ਮਦਦ ਲਈ ਜਾਂਦੀ ਹੈ। ਇਹ ਪ੍ਰੋਜੈਕਟ ਲੱਗਭੱਗ 1,37,000 ਵਰਗ ਮੀਟਰ ਵਿੱਚ ਫੈਲਿਆ ਹੋਇਆ ਹੈ, ਜੋ ਕਿ ਲੱਗਭੱਗ 19 ਫੁੱਟਬਾਲ ਮੈਦਾਨਾਂ ਦੇ ਬਰਾਬਰ ਹੈ ਅਤੇ ਲਿੰਗਡਿੰਗਯਾਂਗ ਦੇ ਪਾਣੀਆਂ ਵਿੱਚ ਸਥਿਤ ਹੈ। ਸ਼ੇਨਜ਼ੇਨ-ਜ਼ੋਂਗਸ਼ਾਨ ਲਿੰਕ ਦਾ ਪੱਛਮੀ ਨਕਲੀ ਟਾਪੂ ਹੁਣ ਇਸ ਖੇਤਰ ਵਿੱਚ ਸਮੁੰਦਰ ਦਾ ਇੱਕ ਨਵਾਂ ਮੀਲ ਪੱਥਰ ਬਣ ਗਿਆ ਹੈ।

ਇਸ ਪ੍ਰੋਜੈਕਟ ਵਿੱਚ ਪੁਲ, ਟਾਪੂ, ਸੁਰੰਗਾਂ ਅਤੇ ਪਾਣੀ ਦੇ ਹੇਠਾਂ ਬਣੇ ਇੰਟਰਚੇਂਜ ਸ਼ਾਮਲ ਹਨ। ਇਸ ਨੂੰ ਪੂਰਾ ਕਰਨ ਵਿੱਚ 14 ਸਾਲ ਤੋਂ ਵੱਧ ਦਾ ਸਮਾਂ ਲੱਗਾ ਅਤੇ ਇਸ ਵਿੱਚ 15,000 ਤੋਂ ਵੱਧ ਮਜ਼ਦੂਰਾਂ ਨੇ ਦਿਨ-ਰਾਤ ਕੰਮ ਕੀਤਾ।

## ਦੁਕਾਨ ਨੂੰ ਲੈ ਕੇ ਸ਼ਾਹੀ ਇਮਾਮ 'ਤੇ ਹਮਲਾ



**ਲੁਧਿਆਣਾ** : ਇੱਥੇ ਜਾਮਾ ਮਸਜਿਦ ਦੇ ਬਾਹਰ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ 'ਤੇ ਹਮਲਾ ਕੀਤਾ ਗਿਆ। ਇੱਕ ਵਿਅਕਤੀ ਅਤੇ ਉਸ ਦੇ ਪੁੱਤਰਾਂ ਨੇ ਉਨ੍ਹਾ 'ਤੇ ਇੱਟਾਂ ਵਰ੍ਹਾਈਆਂ, ਜਦੋਂ ਕਿ ਇੱਕ ਨੇ ਉਨ੍ਹਾ ਨੂੰ ਥੱਪੜ ਵੀ ਮਾਰਿਆ। ਸੋਸ਼ਲ ਮੀਡੀਆ 'ਤੇ ਇਸ ਹਮਲੇ ਦੀ ਵੀਡੀਓ ਵੀ ਵਾਇਰਲ ਹੋਈ ਹੈ। ਪੁਲਸ ਡਿਵੀਜ਼ਨ-2 ਨੇ ਬ੍ਰਾਊਨ ਰੋਡ ਦੇ ਰਹਿਣ ਵਾਲੇ ਉਬੈਦ ਉਰ ਰਹਿਮਾਨ, ਉਸ ਦੇ ਪੁੱਤਰਾਂ ਅਤੀਕ ਉਰ ਰਹਿਮਾਨ ਅਤੇ ਮੁਹੰਮਦ ਅਹਿਮਦ ਵਿਰੁੱਧ ਕੇਸ ਦਰਜ ਕੀਤਾ ਹੈ।

ਦੱਸਿਆ ਜਾ ਰਿਹਾ ਹੈ ਕਿ ਇਹ ਘਟਨਾ ਮਸਜਿਦ ਦੇ ਅੰਦਰ ਇੱਕ ਦੁਕਾਨਦਾਰ ਨਾਲ ਚੱਲ ਰਹੇ ਵਿਵਾਦ ਦਾ ਨਤੀਜਾ ਸੀ। ਦੁਕਾਨਦਾਰ ਨੇ ਦਾਅਵਾ ਕੀਤਾ ਕਿ ਉਹ ਦੁਕਾਨ ਦਾ ਮਾਲਕ ਹੈ, ਪਰ ਮਸਜਿਦ ਪ੍ਰਬੰਧਕਾਂ ਦਾ ਕਹਿਣਾ ਹੈ ਕਿ ਦੁਕਾਨ ਉਨ੍ਹਾਂ ਦੀ ਹੈ ਅਤੇ ਇਸ ਸੰਬੰਧੀ ਅਦਾਲਤ ਵਿੱਚ ਕੇਸ ਵੀ ਚੱਲ ਰਿਹਾ ਸੀ। ਜਦੋਂ ਸ਼ਾਹੀ ਇਮਾਮ ਜਾਮਾ ਮਸਜਿਦ ਦੇ ਮੈਨੇਜਰ ਅਤੇ ਇੱਕ ਹੋਰ ਵਿਅਕਤੀ ਨਾਲ ਮਸਜਿਦ ਵਿੱਚ ਨਵੀਨੀਕਰਨ ਦੀ ਦੇਖ-ਰੇਖ ਕਰ ਰਹੇ ਸਨ ਤਾਂ ਕਥਿਤ ਵਿਅਕਤੀਆਂ ਨੇ ਮਸਜਿਦ ਦੇ ਬਾਹਰ ਸ਼ਾਹੀ ਇਮਾਮ ਅਤੇ ਹੋਰਾਂ 'ਤੇ ਹਮਲਾ ਕਰ ਦਿੱਤਾ। ਬਾਅਦ ਵਿੱਚ ਪੁਲਸ ਨੂੰ ਬੁਲਾਇਆ ਗਿਆ ਤੇ ਹਾਲਾਤ 'ਤੇ ਕਾਬੂ ਪਾਇਆ ਗਿਆ।

## ਲੰਡੇਕੇ 'ਚ ਨਵੇਂ ਖੇਡ ਗਰਾਊਂਡ ਦਾ ਰੱਖਿਆ ਨੀਂਹ ਪੱਥਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਨੌਜਵਾਨਾਂ ਪ੍ਰਤੀ ਸੁਚਾਰੂ ਸੋਚ ਸਦਕਾ ਲੰਢੇਕੇ ਵਿਖੇ ਕੌਂਸਲਰ ਜਸਵਿੰਦਰ ਸਿੰਘ ਕਾਕਾ ਦੇ ਵਾਰਡ ਨੰਬਰ 50 ਵਿੱਚ 1 ਕਰੋੜ 73 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਖੇਡ ਗਰਾਊਂਡ ਦੇ ਨਿਰਮਾਣ ਲਈ ਨੀਂਹ ਪੱਥਰ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਪ੍ਰਵੀਨ ਕੁਮਾਰ ਨੇ ਰੱਖਿਆ।ਇਸ ਮੌਕੇ ਮੋਗਾ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਆਮ ਆਦਮੀ ਪਾਰਟੀ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਪ੍ਰੇਮ ਚੰਦ ਚੱਕੀਵਾਲਾ, ਕੌਂਸਲਰ ਜਸਵਿੰਦਰ ਸਿੰਘ ਕਾਕਾ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ ਅਤੇ ਵਾਰਡ ਇੰਚਾਰਜ ਰਾਜੂ ਲੰਢੇਕੇ ਮੌਜੂਦ ਸਨ । ਹਲਕਾ ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਵਾਰਡ ਨੰਬਰ 50 ਵਿੱਚ 1.73 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਨਵੇਂ ਖੇਡ ਮੈਦਾਨ ਦੇ ਨਿਰਮਾਣ ਨਾਲ ਹੁਣ ਖਿਡਾਰੀਆਂ ਨੂੰ ਫੁੱਟਬਾਲ, ਕਬੱਡੀ, ਟਰੈਕ, ਵਾਲੀਬਾਲ ਅਤੇ ਕ੍ਰਿਕਟ ਲਈ ਵਿਸ਼ੇਸ਼ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਗ੍ਰਾਂਟ ਦੇਣ ਲਈ ਧੰਨਵਾਦ ਕੀਤਾ।ਵਾਰਡ ਕੌਂਸਲਰ ਜਸਵਿੰਦਰ ਸਿੰਘ ਕਾਕਾ, ਹੋਰ ਕੌਂਸਲਰਾਂ ਅਤੇ ਵਾਰਡ ਨਿਵਾਸੀਆਂ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

## ਲਾਇਨ ਕਲੱਬ ਮੇਨ ਤੇ ਆਲ ਫਰੈਂਡਜ਼ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਮੈਗਾ ਚੈੱਕਅਪ ਕੈਂਪ



**ਜਗਰਾਉਂ (ਸੰਜੀਵ ਅਰੋੜਾ)**-ਲਾਇਨ ਕਲੱਬ ਜਗਰਾਉਂ ਮੇਨ ਵੱਲੋਂ ਆਲ ਫਰੈਂਡਜ਼ ਸਪੋਰਟਸ ਐਂਡ ਵੈਲਫੇਅਰ ਕਲੱਬ (ਰਜਿ:) ਜਗਰਾਉਂ ਦੇ ਸਹਿਯੋਗ ਨਾਲ ਸਵ: ਕੁਲਦੀਪ ਸਿੰਘ ਗਰੇਵਾਲ ਦੀ ਯਾਦ ਵਿੱਚ, ਸਰਦਾਰਨੀ ਦਲਜਿੰਦਰ ਕੌਰ ਗਰੇਵਾਲ ਅਤੇ ਸਮੂਹ ਪਰਿਵਾਰ ਵੱਲੋਂ 13ਵਾਂ ਫਰੀ ਅੱਖਾਂ ਦਾ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ, ਖੂਨ ਦਾਨ ਕੈਂਪ ਅਤੇ ਹੋਰ ਬਿਮਾਰੀਆਂ ਦਾ ਮੈਗਾ ਚੈੱਕ ਅਪ ਕੈਂਪ ਸਨਮਤੀ ਮਾਤਰੀ ਸੇਵਾ ਸਦਨ ਹਾਲ ਸਾਹਮਣੇ ਕਲਿਆਣੀ ਹਸਪਤਾਲ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਬਾਬਾ ਜੀਵਾ ਸਿੰਘ ਬੇਗਮਪੁਰ ਭੋਰਾ ਸਾਹਿਬ ਵਾਲੇ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਕੈਂਪ ਵਿੱਚ 232 ਅੱਖਾਂ ਦੇ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ ਅਤੇ 68 ਮਰੀਜ਼ਾਂ ਦੇ ਆਪ੍ਰੇਸ਼ਨ ਕੀਤੇ। ਇਸ ਕੈਂਪ ਵਿੱਚ ਕਰਨ ਸਿੰਗਲਾ ਹਸਪਤਾਲ ਜਗਰਾਉਂ ਅਤੇ ਰਘੂਨਾਥ ਹਸਪਤਾਲ ਲੁਧਿਆਣਾ ਵੱਲੋਂ ਬਲੱਡ ਡੋਨੇਸ਼ਨ ਕੈਂਪ ਵੀ ਲਗਾਇਆ ਗਿਆ, ਜਿੱਥੇ 68 ਦੇ ਕਰੀਬ ਖੂਨ ਦਾਨੀਆਂ ਵੱਲੋਂ ਖੂਨ ਦਾਨ ਕੀਤਾ ਗਿਆ। ਇਸ ਕੈਂਪ ਵਿੱਚ ਉਚੇਚੇ ਤੌਰ 'ਤੇ ਲਾਇਨ ਕਲੱਬ ਇੰਟਰਨੈਸ਼ਨਲ 321 ਦੇ ਗਵਰਨਰ ਪੀ ਐਮ ਜੇਫ ਲਾਇਨ ਅੰਮ੍ਰਿਤਪਾਲ ਸਿੰਘ ਜੰਡੂ ਅਤੇ ਅਤੇ ਸੰਜੀਵ ਸੂਦ ਡਿਸਟ੍ਰਿਕਟ ਐਡਮਿਨਿਸਟ੍ਰੇਟਿਵ ਸ਼ਾਮਲ ਹੋਏ। ਗਵਰਨਰ ਜੰਡੂ ਨੇ ਗਰੇਵਾਲ ਪਰਿਵਾਰ, ਲਾਇਨ ਕਲੱਬ ਜਗਰਾਉਂ ਮੇਨ ਦੇ ਸਾਰੇ ਮੈਂਬਰਾਂ ਦਾ ਇਸ ਮੈਗਾ ਚੈਕਅਪ ਕੈਂਪ ਨੂੰ ਲਗਾਉਣ ਲਈ ਧੰਨਵਾਦ ਕੀਤਾ।

## ਸੁਪਰੀਮ ਕਾਨਵੈਂਟ ਸਕੂਲ 'ਚ ਮਨਾਇਆ ਰੈੱਡ ਡੇ




**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਕਲਾਸ ਨਰਸਰੀ ਤੋਂ ਲੈ ਕੇ ਯੂ ਕੇ ਜੀ ਕਲਾਸ ਤੱਕ ਦੇ ਵਿਦਿਆਰਥੀਆਂ ਦਾ ਰੈੱਡ ਡੇ ਮਨਾਇਆ ਗਿਆ।ਜਿਸ ਵਿੱਚ ਸਾਰੇ ਹੀ ਨੰਨੇ ਮੁੰਨੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਲਾਲ ਰੰਗ ਦੇ ਕੱਪੜਿਆਂ ਦੇ ਵਿੱਚ ਆਏ ਸਾਰੇ ਹੀ ਨੰਨੇ ਮੁੰਨੇ ਵਿਦਿਆਰਥੀ ਬਹੁਤ ਹੀ ਸੁੰਦਰ ਲੱਗ ਰਹੇ ਸਨ।ਵਿਦਿਆਰਥੀਆਂ ਨੇ ਆਪਣੇ ਨਾਲ ਲਿਆਂਦੇ ਹੋਏ ਖਿਡਾਉਣਿਆਂ, ਗਿਲਾਸ, ਪਲੇਟਾਂ ਬਾਰੇ ਬਹੁਤ ਹੀ ਸੋਹਣੇ ਤਰੀਕੇ ਨਾਲ ਬਿਆਨ ਕੀਤਾ। ਅਧਿਆਪਕਾਂ ਦੁਆਰਾ ਵੀ ਵਿਦਿਆਰਥੀਆਂ ਦੇ ਨਾਲ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ।ਜਿਸ ਵਿੱਚ ਨੰਨੇ ਮੁੰਨੇ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ।ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਮਿਸਿਜ਼ ਕੁੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਕਰਾਉਣ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਾਡੇ ਜੀਵਨ ਵਿੱਚ ਵੱਖ-ਵੱਖ ਰੰਗਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਣ ਦੇ ਨਾਲ ਨਾਲ ਉਹਨਾਂ ਦਾ ਆਤਮ ਬਲ ਵਧਾਉਣਾ ਹੈ।

## ਨਿਹਾਲ ਸਿੰਘ ਭੁੱਲਰ ਦੀ ਅਗਵਾਈ 'ਚ ਅਕਾਲੀ ਦਲ ਦੀ ਚੜ੍ਹਤ : ਚਰਨਜੀਤ ਧਾਲੀਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਧਰਮਕੋਟ ਦੇ ਪਿੰਡ ਚੂਹੜਚੱਕ ਵਿਖੇ ਸਾਬਕਾ ਸਰਪੰਚ ਸੇਵਕ ਸਿੰਘ ਕੰਗ ਦੇ ਗ੍ਰਹਿ ਵਿਖੇ ਯੂਥ ਅਕਾਲੀ ਦਲ ਦੀ ਭਰਵੀਂ ਮੀਟਿੰਗ ਹੋਈ ਜਿਸ ਵਿੱਚ ਜਿਲਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਯੂਥ ਅਕਾਲੀ ਆਗੂ ਚਰਨਜੀਤ ਸਿੰਘ ਧਾਲੀਵਾਲ ਤਲਵੰਡੀ ਭੰਗੇਰੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ ਨਿਹਾਲ ਸਿੰਘ ਭੁੱਲਰ ਦੀ ਅਗਵਾਈ ਵਿੱਚ ਜਿਲਾ ਮੋਗਾ ਅੰਦਰ ਅਕਾਲੀ ਦਲ ਦਿਨ ਬ ਦਿਨ ਚੜ੍ਹਦੀ ਕਲਾ ਵਿੱਚ ਜਾ ਰਿਹਾ ਹੈ ਅਤੇ ਹਲਕਾ ਧਰਮਕੋਟ ਅੰਦਰ ਪੁਰਾਣੇ ਆਗੂਆਂ ਦੇ ਪਾਰਟੀ ਦੇ ਪਿੱਠ ਵਿੱਚ ਛੁਰਾ ਮਾਰਨ ਕਾਰਨ ਜੋ ਪਾਰਟੀ ਦਾ ਨੁਕਸਾਨ ਹੋਇਆ ਸੀ ਨਿਹਾਲ ਸਿੰਘ ਭੁੱਲਰ ਦੀ ਮੇਹਨਤ ਸਦਕਾ ਹਲਕੇ ਧਰਮਕੋਟ ਅੰਦਰ ਅਕਾਲੀ ਦਲ ਦੀ ਫਿਰ ਤੂਤੀ ਬੋਲਣ ਲੱਗੀ ਹੈ।ਇਸ ਮੌਕੇ ਇਕਬਾਲ ਸਿੰਘ ਕੰਗ ਨੰਬਰਦਾਰ ਚੂਹੜ ਚੱਕ, ਪੰਚ ਸਚਦੀਪ ਸਿੰਘ ਖਾਲਸਾ, ਯੂਥ ਆਗੂ ਮਨਿੰਦਰ ਗਿੱਲ (ਗੋਨਾ), ਸੰਗਰਾਮ ਸਿੰਘ, ਕਿੰਦਰ ਬਰਾੜ, ਸੁਖਪ੍ਰੀਤ ਸਿੰਘ ਧਾਲੀਵਾਲ, ਸੁਖਦੇਵ ਸਿੰਘ ਪ੍ਰਧਾਨ, ਗੁਰਮੇਲ ਸਿੰਘ ਖੋਸਾ, ਕਮਲਜੀਤ ਸਿੰਘ,ਰਾਮ ਸਿੰਘ ਸੰਧੂ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਮੌਜੂਦ ਸਨ।

## ਲਾਰੈਂਸ ਇੰਟਰਨੈਸ਼ਨਲ ਸਕੂਲ 'ਚ ਮਾਪੇ-ਅਧਿਆਪਕ ਮਿਲਣੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਨਵੈਂਟ ਸਕੂਲ ਵਿੱਚ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਬੜੀ ਸੁਚੱਜੀ ਯੋਜਨਾ ਅਤੇ ਉਤਸ਼ਾਹ ਨਾਲ ਕੀਤਾ ਗਿਆ।ਇਸ ਮਿਲਣੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਪਾਠਕ੍ਰਮ, ਤਰੱਕੀ, ਆਚਰਨ, ਅਨੁਸ਼ਾਸਨ, ਸਰਬਪੱਖੀ ਵਿਕਾਸ ਦੇ ਨਾਲ-ਨਾਲ ਅੰਤਿਮ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਦੀ ਤਿਆਰੀ ਬਾਰੇ ਚਰਚਾ ਕਰਨਾ ਸੀ।ਮੀਟਿੰਗ ਦੌਰਾਨ ਅਧਿਆਪਕਾਂ ਨੇ ਮਾਤਾ- ਪਿਤਾ ਨੂੰ ਬੱਚਿਆਂ ਦੀ ਪ੍ਰਗਤੀ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਵਿਦਿਆਰਥੀਆਂ ਦੇ ਮਜ਼ਬੂਤ ਅਤੇ ਕਮਜ਼ੋਰ ਵਿਭਾਗਾਂ ਬਾਰੇ ਵਿਚਾਰ- ਵਟਾਂਦਰਾ ਕੀਤਾ ਗਿਆ ਅਤੇ ਅੰਤਿਮ ਪ੍ਰੀਖਿਆ ਲਈ ਉਹਨਾਂ ਨੂੰ ਘਰ ਵਿੱਚ ਪੜ੍ਹਾਈ ਲਈ ਸਹੀ ਮਾਹੌਲ ਬਣਾਉਣ ਅਤੇ ਮਿਹਨਤ ਕਰਨ ਦੇ ਤਰੀਕੇ ਸਮਝਾਏ ਗਏ।ਮਾਪਿਆਂ ਨੇ ਵੀ ਆਪਣੇ ਵਿਚਾਰ, ਸੁਝਾਅ ਅਤੇ ਸਮੱਸਿਆਵਾਂ ਅਧਿਆਪਕਾਂ ਨਾਲ ਸਾਂਝੀਆਂ ਕੀਤੀਆਂ ਜਿਨਾਂ ਦਾ ਅਧਿਆਪਕਾਂ ਵੱਲੋਂ ਸੰਤੋਸ਼ਜਨਕ ਉੱਤਰ ਦਿੱਤਾ ਗਿਆ।ਇਸ ਮਿਲਣੀ ਦੌਰਾਨ ਮਾਪਿਆਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ।ਉਨਾਂ ਨੇ ਸਕੂਲ ਦੇ ਸਹਿਯੋਗੀ ਵਾਤਾਵਰਨ, ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਤਰੱਕੀ ਪ੍ਰਤੀ ਕੀਤੇ ਜਾਣ ਵਾਲੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਆਖ਼ਿਰ ਵਿੱਚ ਸਕੂਲ ਪ੍ਰਿੰਸੀਪਲ ਮੈਡਮ ਜੀਨਮ ਅਤੇ ਮਨੋਜ ਕੁਮਾਰ ਵੱਲੋਂ ਇਸ ਮੀਟਿੰਗ ਨੂੰ ਸਫ਼ਲ ਬਣਾਉਣ ਲਈ ਮਾਤਾ- ਪਿਤਾ ਅਤੇ ਬੱਚਿਆਂ ਦਾ ਧੰਨਵਾਦ ਕੀਤਾ ਗਿਆ ਅਤੇ ਦੱਸਿਆ ਕਿ ਸਾਲ 2026-27 ਲਈ ਦਾਖ਼ਲੇ ਸ਼ੁਰੂ ਹੋ ਗਏ ਹਨ।ਉਹਨਾਂ ਨੇ ਇਹ ਆਸ ਪ੍ਰਗਟ ਕੀਤੀ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਮਿਲਣੀਆਂ ਦਾ ਆਯੋਜਨ ਨਿਰੰਤਰ ਕੀਤਾ ਜਾਵੇਗਾ ਤਾਂ ਜੋ ਵਿਦਿਆਰਥੀਆਂ ਦੇ ਉਜਲੇ ਭਵਿੱਖ ਲਈ ਸਾਂਝੇ ਯਤਨ ਜਾਰੀ ਰਹਿਣ।ਇਹ ਮਿਲਣੀ ਨਿਸ਼ਚਿਤ ਤੌਰ ਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਈ।

## ਕ੍ਰਿਕਟ ਅੰਡਰ 19 ਟੀਮ 'ਚ ਵਿਹਾਨ ਮਲਹੋਤਰਾ ਦਾ ਯੋਗਦਾਨ ਅਹਿਮ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਅੰਡਰ 19 ਵਰਲਡ ਕੱਪ ਜਿੱਤਣ ਵਾਲੀ ਭਾਰਤੀ ਟੀਮ ਦਾ ਅਹਿਮ ਖਿਡਾਰੀ ਵਿਹਾਨ ਮਹਲੋਤਰਾ ਪਟਿਆਲਾ ਵਾਸੀ ਹੈ।ਮਲਹੋਤਰਾ ਦੇ ਕੋਚ ਕ੍ਰਿਕਟ ਕਮਲ ਸੰਧੂ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਨਾ ਸਿਰਫ਼ ਪਟਿਆਲੇ ਲਈ ਮਾਣ ਵਾਲੀ ਗੱਲ ਹੈ, ਬਲਕਿ ਪੂਰੇ ਪੰਜਾਬ ਦਾ ਸਿਰ ਫ਼ਖ਼ਰ ਨਾਲ ਉੱਚਾ ਹੋ ਗਿਆ, ਕਿਉਂਕਿ ਇਸ ਹੋਣਹਾਰ ਖਿਡਾਰੀ ਵਿਹਾਨ ਮਲੋਤਰਾ ਨੇ, ਇਸ ਵਿਸ਼ਵ ਕੱਪ ਵਿੱਚ ਦੀ ਜਿੱਤ ਵਿੱਚ ਬਹੁਤ ਅਹਿਮ ਯੋਗਦਾਨ ਪਾਇਆ ਹੈ।ਉਨ੍ਹਾਂ ਦੱਸਿਆ ਕਿ ਵਿਹਾਨ ਨੇ ਕੁੱਲ 249 ਦੌੜਾਂ ਬਣਾਈਆਂ ਅਤੇ ਉਸ ਨੇ ਬੰਗਲਾਦੇਸ਼ ਵਿਰੁੱਧ ਅਹਿਮ ਮੈਚ ਵਿੱਚ ਚਾਰ ਵਿਕਟਾਂ ਲੈ ਕੇ ਭਾਰਤ ਦੀ ਜਿੱਤ ਦਾ ਰਾਹ ਪੱਧਰਾ ਕੀਤਾ।ਕੋਚ ਕਮਲ ਸੰਧੂ ਨੇ ਕਿਹਾ ਕਿ ਇਸ ਦਾ ਸਿਹਰਾ, ਜਿੱਥੇ ਇਸ ਹੋਣਹਾਰ ਖਿਡਾਰੀ ਦੇ ਸਿਰ ਜਾਂਦਾ ਹੈ, ਉਥੇ ਇਸਦੇ ਮਾਤਾ-ਪਿਤਾ ਮਨੋਜ ਮਲਹੋਤਰਾ ਤੇ ਪੂਨਮ ਮਲਹੋਤਰਾ ਦੇ ਸਿਦਕ ਦਾ ਸਿੱਟਾ ਹੀ ਹੈ, ਕਿ ਵਿਹਾਨ ਮਲਹੋਤਰਾ ਨੇ ਐਡੀ ਛੋਟੀ ਉਮਰ ਚ ਇਡਾ ਵੱਡਾ ਮੁਕਾਮ ਹਾਸਲ ਕੀਤਾ।

## ਆਬਕਾਰੀ ਤੇ ਕਰ ਵਿਭਾਗ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੇ ਰਵਿੰਦਰ ਗੁੱਡੂ ਚੇਅਰਮੈਨ ਬਣੇ



**ਸੰਗਰੂਰ (ਪ੍ਰਵੀਨ ਸਿੰਘ)**-ਇਟਿੰਗ ਮਾਲ ਬਰਨਾਲਾ ਚੌਕ ਵਿਖੇ ਆਬਕਾਰੀ ਅਤੇ ਕਰ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਅਧਿਕਾਰੀਆਂ ਤੇ ਕ੍ਰਮਚਾਰੀਆਂ ਦੀ ਐਸੋਸੀਏਸ਼ਨ ਪੰਜਾਬ ਗੌਰਮਿੰਟ ਪੈਨਸ਼ਨਰ ਵੈਲਫੇਅਰ ਐਸੋਸੀਸਏਸ਼ਨ (ਆਬਕਾਰੀ ਤੇ ਕਰ ਵਿਭਾਗ) ਜ਼ਿਲ੍ਹਾ ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਦੀ ਅਹਿਮ ਇਕੱਤਰਤਾ ਐਸੋਸੀਏਸ਼ਨ ਦੇ ਪ੍ਰਧਾਨ ਜਸਵੰਤ ਸਿੰਘ ਭੁੱਲਰ (ਸੋਹੀਆਂ), ਚੇਅਰਮੈਨ ਰਵਿੰਦਰ ਸਿੰਘ ਗੁੱਡੂ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਪੰਜਾਬ ਸਟੇਟ ਕਨਫੈਡਰੇਸ਼ਨ ਦੇ ਸੂਬਾਈ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇਲ ਸ੍ਰੀ ਰਾਜ ਕੁਮਾਰ ਅਰੋੜਾ ਵੱਲੋ ਸ਼ਿਰਕਤ ਕੀਤੀ ਗਈ।ਐਸੋਸੀਏਸ਼ਨ ਦੇ ਜਨਰਲ ਸਕੱਤਰ ਸ੍ਰੀ ਅਸ਼ੋਕ ਡੱਲਾ ਵੱਲੋਂ ਕੀਤੇ ਗਏ ਬਾਖੂਬੀ ਮੰਚ ਸੰਚਾਲਨ ਦੌਰਾਨ ਉਨ੍ਹਾਂ ਐਸੋਸੀਏਸ਼ਨ ਵੱਲੋ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਸੰਬੰਧੀ ਚਾਨਣਾ ਪਾਇਆ।ਚੇਅਰਮੈਨ ਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ ਵੱਲੋਂ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਮੰਗਾਂ ਸੰਬੰਧੀ ਅਪਣਾਈ ਅੜੀਅਲ ਨੀਤੀ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਪੰਜਾਬ ਅਤੇ ਜ਼ਿਲ੍ਹੇ ਦੀਆਂ ਪੈਨਸ਼ਨਰ ਜਥੇਬੰਦੀਆਂ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ ਜੋ ਵੀ ਸੰਘਰਸ਼ ਉਲੀਕੇ ਜਾਣਗੇ, ਉਸ ਵਿੱਚ ਉਨ੍ਹਾਂ ਦੀ ਐਸੋਸੀਏਸ਼ਨ ਵਧ ਚੜ੍ਹ ਕੇ ਹਿੱਸਾ ਲਵੇਗੀ। ਜ਼ਿਲ੍ਹਾ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਹੋਂਦ ਵਿੱਚ ਆਇਆਂ ਚਾਰ ਸਾਲ ਦਾ ਸਮਾਂ ਹੋ ਗਿਆ ਹੈ, ਪ੍ਰੰਤੂ ਇਸ ਸਰਕਾਰ ਵੱਲੋਂ ਪੈਨਸ਼ਨਰ ਮੰਗਾਂ ਸੰਬੰਧੀ ਕੋਈ ਧਿਆਨ ਨਹੀ ਦਿੱਤਾ ਜਾ ਰਿਹਾ।ਪੈਨਸ਼ਨਰ ਮੰਗਾਂ ਦੀ ਪੂਰਤੀ ਨਹੀਂ ਕੀਤੀ ਜਾ ਰਹੀ ਅਤੇ ਟਾਲਮਟੋਲ ਦੀ ਨਤੀ ਅਪਣਾਈ ਜਾ ਰਹੀ ਹੈ, ਜਿਸ ਕਾਰਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਵਿੱਚ ਭਾਰੀ ਰੋਸ ਅਤੇ ਗੁੱਸਾ ਪਾਇਆ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਪੈਨਸ਼ਨਰਾਂ ਨੂੰ 2. 59 ਗੁਣਾਂਕ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ।ਉਨ੍ਹਾਂ ਇਹ ਵੀ ਦੱਸਿਆ ਕਿ ਗੌਰਮਿੰਟ ਪੈਨਸ਼ਨਰ ਫਰੰਟ ਵੱਲੋ ਮੰਗਾਂ ਦੀ ਪ੍ਰਾਪਤੀ ਲਈ ਸੂਬਾ ਪੱਧਰ ਤੇ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ, ਜਿਸ ਤਹਿਤ 13 ਫਰਵਰੀ ਨੂੰ ਸਮੁੱਚੇ ਪੰਜਾਬ ਵਿੱਚ ਸੰਬੰਧਤ ਡਿਪਟੀ ਕਮਿਸ਼ਨਰਾਂ ਰਾਹੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣਗੇ ਤੇ ਮਾਰਚ ਵਿੱਚ ਵਿਧਾਨ ਸਭਾ ਬਜਟ ਸੈਸ਼ਨ ਦੌਰਾਨ ਦਸ ਦਿਨ ਪਹਿਲਾਂ ਸੰਗਰੂਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਅਤੇ ਰੋਸ ਮਾਰਚ ਕੀਤਾ ਜਾਵੇਗਾ।ਜੇਕਰ ਫੇਰ ਵੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਤੇਜ਼ ਕਰ ਦਿੱਤਾ ਜਾਵੇਗਾ।

## ਅਧਿਕਾਰਾਂ ਤੇ ਹੱਕਾਂ ਲਈ ਇੱਕਮੁੱਠ ਹੋਣਾ ਸਮੇਂ ਦੀ ਮੰਗ : ਜੱਸੀ ਪੇਧਨੀ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਧੂਰੀ ਦੀ ਵਿਸ਼ੇਸ਼ ਮੀਟਿੰਗ ਪਾਵਰਕਾਮ ਮੰਡਲ ਧੂਰੀ ਦੇ ਦਫ਼ਤਰ ਵਿਖੇ ਮੰਡਲ ਪ੍ਰਧਾਨ ਗਰਪਿੰਦਰ ਸਿੰਘ ਕਹੇਰੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸਰਪ੍ਰਸਤ ਭਾਨ ਸਿੰਘ ਜੱਸੀ ਪੇਧਨੀ ਨੇ ਪੰਜਾਬ ਸਰਕਾਰ ਤੋਂ ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨ ਅਤੇ ਸੀ ਆਰ ਏ 299/22 ਦੇ ਲਈ 6ਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਅਧਿਕਾਰਾਂ ਤੇ ਹੱਕਾਂ ਲਈ ਇੱਕਮੁੱਠ ਹੋ ਕੇ ਮੋਹਰੀ ਰੋਲ ਨਿਭਾਉਣਾ ਸਮੇਂ ਦੀ ਮੰਗ ਹੈ।ਸੂਬਾਈ ਸੀਨੀਅਰ ਮੀਤ ਪ੍ਰਧਾਨ ਚਰਨਜੀਤ ਸਿੰਘ ਬਾਵਾ ਨੇ ਜਥੇਬੰਦੀ ਦੇ ਪ੍ਰਸਾਰ ਤੇ ਪ੍ਰਚਾਰ ਤਹਿਤ ਪਾਵਰਕਾਮ ਦੇ ਸਮੁੱਚੇ ਆਈ ਟੀ ਆਈ ਹੋਲਡਰਾਂ ਦੀ ਤਰੱਕੀ ਤੇ ਮੰਗਾਂ ਬਾਰੇ ਵਿਸਥਾਰ 'ਚ ਦਸਦਿਆਂ ਭਵਿੱਖ ਵਿੱਚ ਆਪਣੀਆਂ ਮੰਗਾਂ ਪੁਰਾਣੀ ਪੈਨਸ਼ਨ ਬਹਾਲੀ ਸਕੀਮ ਲਈ ਸਾਂਝੇ ਸ਼ੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।ਸਰਕਲ ਆਗੂ ਜਰਨੈਲ ਸਿੰਘ ਮਾਨਾ, ਮਨਜੀਤ ਸਿੰਘ ਲੱਡਾ, ਪੂਰਨ ਸਿੰਘ ਖੇੜੀ ਤੇ ਜਸਵੀਰ ਸ਼ਰਮਾ ਨੇ ਵੀ ਵਿਚਾਰ ਸਾਂਝੇ ਕੀਤੇ।

## ਸਿਹਤ ਬੀਮਾ ਯੋਜਨਾ ਕੈਂਪਾਂ ਦਾ ਜਾਇਜ਼ਾ ਲਿਆ




**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹਾ ਮੋਗਾ ਦੇ ਵੱਧ ਤੋਂ ਵੱਧ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ ਵਿਸ਼ੇਸ਼ ਕੈਂਪ ਆਯੋਜਤ ਕੀਤੇ ਜਾ ਰਹੇ ਹਨ ਤਾਂ ਜੁ ਯੋਗ ਬਿਨੈਕਾਰਾਂ ਦੀ ਰਜਿਸਟ੍ਰੇਸ਼ਨ ਜਲਦ ਤੋਂ ਜਲਦ ਕੀਤੀ ਜਾ ਸਕੇ।ਸਿਹਤ ਵਿਭਾਗ ਦੇ ਵਿਸ਼ੇਸ਼ ਸਕੱਤਰ ਤੇ ਸਟੇਟ ਹੈਲਥ ਏਜੰਸੀ ਦੇ ਸੀ ਈ ਓ ਸ਼੍ਰੀ ਸੰਯਮ ਅਗਰਵਾਲ ਵੱਲੋਂ ਧਰਮਕੋਟ ਦੇ ਜਲਾਲਾਬਾਦ ਈਸਟ ਵਿੱਚ ਲਾਏ ਜਾ ਰਹੇ ਰਜਿਸਟ੍ਰੇਸ਼ਨ ਕੈਂਪ ਦਾ ਜਾਇਜ਼ਾ ਲਿਆ।ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਵੀ ਸਨ।ਰਜਿਸਟ੍ਰੇਸ਼ਨ ਕਰਾ ਰਹੇ ਵਿਅਕਤੀਆਂ ਵੱਲੋਂ ਚੱਲ ਰਹੀ ਰਜਿਸਟ੍ਰੇਸ਼ਨ ਪ੍ਰਕਿਰਿਆ ਤੋਂ ਤਸੱਲੀ ਪ੍ਰਗਵਾਈ।ਉਨ੍ਹਾਂ ਚੱਲ ਰਹੀ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਲਾਭਪਾਤਰੀਆਂ ਤੋਂ ਰੀਵਿਊ ਲਏ ਤੇ ਕਿਹਾ ਕਿ ਵੱਧ ਤੋਂ ਵੱਧ ਲਾਭਪਾਤਰੀ ਇਨ੍ਹਾਂ ਕੈਂਪਾਂ ਦਾ ਲਾਹਾ ਲੈਣਾ ਯਕੀਨੀ ਬਣਾਉਣ।ਸ਼੍ਰੀ ਸੰਯਮ ਅਗਰਵਾਲ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਸੂਬੇ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਉਨ੍ਹਾਂ ਕਿਹਾ ਕਿ ਹਸਪਤਾਲ ਦੇ ਖਰਚਿਆਂ ਦੇ ਨਾਲ-ਨਾਲ ਡਾਇਗਨੌਸਟਿਕ ਸੇਵਾਵਾਂ ਨੂੰ ਵੀ ਇਸ ਸਕੀਮ ਅਧੀਨ ਸ਼ਾਮਲ ਕੀਤਾ ਗਿਆ ਹੈ ਤੇ ਕਿਹਾ ਕਿ ਕੋਈ ਵੀ ਨਾਗਰਿਕ ਹੁਣ ਪੰਜਾਬ ਜਾਂ ਚੰਡੀਗੜ੍ਹ ਦੇ ਕਿਸੇ ਵੀ ਸਰਕਾਰੀ ਜਾਂ ਐਮਪੈਨਲਡ ਨਿੱਜੀ ਹਸਪਤਾਲ ਵਿੱਚ ਮੁਫ਼ਤ ਇਲਾਜ ਕਰਾ ਸਕਦਾ ਹੈ।

## ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ, ਹਫ਼ਤੇ 'ਚ 23 ਕੇਸ ਦਰਜ, 30 ਮੁਲਜ਼ਮ ਕਾਬੂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੰਗਰੂਰ ਪੁਲਸ ਵੱਲੋਂ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਪੁਲਸ ਨੇ ਮਹਿਜ਼ ਛੇ ਦਿਨਾਂ (01 ਫਰਵਰੀ ਤੋਂ 06 ਫਰਵਰੀ) ਦੇ ਅਰਸੇ ਅੰਦਰ ਵੱਖ-ਵੱਖ ਮਾਮਲਿਆਂ ਵਿੱਚ 23 ਮੁਕੱਦਮੇ ਦਰਜ ਕਰਕੇ 30 ਮੁਲਜ਼ਮਾਂ ਨੂੰ ਸਲਾਖਾਂ ਪਿੱਛੇ ਪਹੁੰਚਾ ਦਿੱਤਾ। ਐਸ.ਐਸ.ਪੀ. ਸੰਗਰੂਰ ਸ਼੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਪੂਰੀ ਤਰ੍ਹਾਂ ਮੁਸਤੈਦ ਹੈ।ਨਸ਼ਾ ਤਸਕਰੀ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰਦਿਆਂ ਥਾਣਾ ਭਵਾਨੀਗੜ੍ਹ ਵੱਲੋਂ ਇੱਕ ਵੱਡੀ ਕਾਰਵਾਈ ਤਹਿਤ ਇੱਕ ਕਥਿਤ ਨਸ਼ਾ ਤਸਕਰ ਦੀ 2,20,000 ਰੁਪਏ ਦੀ ਜਾਇਦਾਦ ਫ਼ਰੀਜ਼ ਕਰਾਈ ਗਈ ਹੈ।ਇਸ ਦੌਰਾਨ ਐਨ.ਡੀ.ਪੀ.ਐਸ. ਐਕਟ ਤਹਿਤ 17 ਕੇਸ ਦਰਜ ਕਰਕੇ 24 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਪੁਲਸ ਨੇ ਇਨ੍ਹਾਂ ਪਾਸੋਂ 250 ਗ੍ਰਾਮ ਹੈਰੋਇਨ, ਢਾਈ ਕਿੱਲੋ ਭੁੱਕੀ ਚੂਰਾ ਪੋਸਤ, 100 ਗ੍ਰਾਮ ਗਾਂਜਾ, 11 ਨਸ਼ੀਲੇ ਟੀਕੇ ਅਤੇ 310 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਨਸ਼ੇ ਦੀ ਸਪਲਾਈ ਚੇਨ ਨੂੰ ਤੋੜਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਉਨ੍ਹਾ ਦੱਸਿਆ ਕਿ ਸ਼ਰਾਬ ਦੇ ਨਾਜਾਇਜ਼ ਕਾਰੋਬਾਰ ਨੂੰ ਨੱਥ ਪਾਉਣ ਲਈ ਪੁਲਿਸ ਨੇ 06 ਮਾਮਲੇ ਦਰਜ ਕਰਕੇ 06 ਦੋਸ਼ੀਆਂ ਨੂੰ ਕਾਬੂ ਕੀਤਾ ਤੇ ਉਨ੍ਹਾਂ ਕੋਲੋਂ ਭਾਰੀ ਮਾਤਰਾ ਵਿੱਚ ਦੇਸੀ, ਅੰਗਰੇਜ਼ੀ ਅਤੇ ਨਾਜਾਇਜ਼ ਸ਼ਰਾਬ ਸਮੇਤ 75 ਲੀਟਰ ਲਾਹਣ ਬਰਾਮਦ ਕੀਤੀ।ਇਸੇ ਤਰ੍ਹਾਂ ਚੋਰੀਆਂ ਅਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ 04 ਮੁਲਜ਼ਮਾਂ ਨੂੰ ਸੰਗਰੂਰ ਤੇ ਮੂਨਕ ਇਲਾਕੇ ਵਿੱਚੋਂ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 1 ਲੱਖ 75 ਹਜ਼ਾਰ ਰੁਪਏ ਦੀ ਨਕਦੀ ਤੇ ਇੱਕ ਮੋਬਾਈਲ ਫ਼ੋਨ ਬਰਾਮਦ ਕੀਤਾ ਗਿਆ ਹੈ।ਜ਼ਿਲ੍ਹੇ ਦੇ ਗਜ਼ਟਿਡ ਅਫ਼ਸਰਾਂ ਵੱਲੋਂ 32 ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਐਸ.ਐਸ.ਪੀ. ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਸਮੱਗਲਰਾਂ ਬਾਰੇ ਜਾਣਕਾਰੀ ਦੇ ਕੇ ਪੁਲਸ ਦਾ ਸਹਿਯੋਗ ਕਰਨ ਤਾਂ ਜੁ ਨੌਜਵਾਨੀ ਨੂੰ ਇਸ ਭੈੜੀ ਅਲਾਮਤ ਤੋਂ ਬਚਾਇਆ ਜਾ ਸਕੇ।

## ਕਿਸਾਨਾਂ 'ਤੇ ਲਾਠੀਚਾਰਜ ਵਿਰੁੱਧ ਪੁਤਲੇ ਫੂਕੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸਾਥੀਆਂ 'ਤੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਦਿਆਂ ਉੱਪਰ ਪੰਜਾਬ ਸਰਕਾਰ ਦੀ ਸ਼ਹਿ 'ਤੇ ਬਠਿੰਡਾ ਪੁਲਸ ਵੱਲੋਂ ਅੰਨ੍ਹੇਵਾਹ ਲਾਠੀਚਾਰਜ ਤੇ ਅੱਥਰੂ ਗੈਸ ਦੇ ਗੋਲੇ ਦਾਗੇ ਗਏ। ਇਸ ਜ਼ਬਰ ਖਿਲਾਫ਼ ਐਤਵਾਰ ਨੂੰ ਕਿਰਤੀ ਕਿਸਾਨ ਯੂਨੀਅਨ ਵੱਲੋਂ ਸੂਬਾ ਪੱਧਰੀ ਸੱਦੇ ਤਹਿਤ ਪੂਰੇ ਪੰਜਾਬ ਵਿੱਚ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੋਗਾ ਦੇ ਪਿੰਡ ਵੈਰੋਕੇ, ਮੱਲੇਆਣਾ, ਡਾਲਾ, ਲੰਡੇ, ਖੁਖਰਾਣਾ ਵਿਖੇ ਪੰਜਾਬ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਦੌਰਾਨ ਮੁੱਖ ਮੰਤਰੀ ਦੇ ਪੁਤਲੇ ਫੂਕੇ ਤੇ ਸਾਥੀਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਗਈ।ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਸ਼ਗਨਪ੍ਰੀਤ ਸਿੰਘ ਤੇ ਬਲਦੇਵ ਸਿੰਘ ਨੂੰ ਜਿਉਂਦ ਵਿਖੇ ਕਿਸਾਨਾਂ ਦੀ ਜ਼ਮੀਨ 'ਤੇ ਕਾਰਪੋਰੇਟ ਵੱਲੋਂ ਕੀਤੇ ਕਬਜ਼ੇ ਖਿਲਾਫ਼ ਸੰਘਰਸ਼ ਦੌਰਾਨ ਗ੍ਰਿਫਤਾਰੀ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਸੀ ।ਇਸ ਮੌਕੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ, ਛਿੰਦਰ ਸਿੰਘ ਮੱਲੇਆਣਾ, ਸ਼ਿਦਰ ਸਿੰਘ ਮੱਲੇਆਣਾ,ਬਲਕਰਨ ਸਿੰਘ, ਅਮਨਪ੍ਰੀਤ ਸਿੰਘ,ਅੰਗਰੇਜ ਸ਼ਿੰਦਰ ਸਿੰਘ ਵੈਰੋਕੇ ਬਲਜੀਤ ਸਿੰਘ, ਸਾਧੂ ਸਿੰਘ, ਗੁਰਮੇਲ ਸਿੰਘ,ਦਰਸ਼ਨ ਸਿੰਘ ਪਿੰਡ ਲੰਡੇ, ਮੋਹਣ ਸਿੰਘ, ਗੁਰਚਰਨ ਸਿੰਘ,ਬਲਵੀਰ ਸਿੰਘ ਡਾਲਾ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਕੁਲਦੀਪ ਸਿੰਘ,ਬਿੱਕਰ ਸਿੰਘ,ਅਵਤਾਰ ਸਿੰਘ ਖੁਖਰਾਣਾ ਸ਼ਾਮਿਲ ਹੋਏ।

## ਮਾਲਵਾ ਕਾਲਜ ਵਿਖੇ ਹੋਇਆ ਵਿਦਾਇਗੀ ਸਮਾਰੋਹ




**ਸਰਦੂਲਗੜ੍ਹ (ਪੱਤਰ ਪ੍ਰੇਰਕ)**-ਪੰਜਾਬ ਦੇ ਮਾਲਵਾ ਖੇਤਰ ਦੇ ਮਾਨਸਾ ਜ਼ਿਲ੍ਹੇ ਦੀ ਉੱਚ ਕੋਟੀ ਦੀ ਵਿੱਦਿਅਕ ਸੰਸਥਾ ਮਾਲਵਾ ਗਰੁੱਪ ਆਫ਼ ਕਾਲਜਿਜ਼ ਸਰਦੂਲੇਵਾਲਾ ਵਿਖੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੇ ਸਨਮਾਨ ਵਾਸਤੇ ਗਿਆਰਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਵਿਦਾਇਗੀ ਪਾਰਟੀ ਦਾ ਪ੍ਰਬੰਧ ਕੀਤਾ ਗਿਆ। ਇਸ ਪ੍ਰਭਾਵਸ਼ਾਲੀ ਅਤੇ ਰੰਗਾਰੰਗ ਸਮਾਗਮ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ ਨੇ ਭਾਗ ਲਿਆ।ਇਸ ਮੌਕੇ ਦੋਹਾਂ ਜਮਾਤਾਂ ਦੀਆਂ ਲੜਕੀਆਂ ਨੇ ਬੜੇ ਸਲੀਕੇ ਅਤੇ ਉਤਸ਼ਾਹ ਨਾਲ ਆਪੋ ਆਪਣੀਆਂ ਆਈਟਮਾਂ ਦਾ ਪ੍ਰਦਰਸ਼ਨ ਕੀਤਾ।ਸਭ ਤੋਂ ਪਹਿਲਾਂ ਕਮਲ, ਜਸ਼ਨ ਅਤੇ ਮਨਜੋਤ ਨੇ ਵੱਖ ਵੱਖ ਗੀਤਾਂ ਦੇ ਮਿਕਸ ਨਾਲ ਆਪਣਾ ਡਾਂਸ ਪੇਸ਼ ਕੀਤਾ। ਉਸ ਤੋਂ ਬਾਅਦ ਪ੍ਰਭਜੋਤ, ਸੁਮਨਪ੍ਰੀਤ ਅਤੇ ਨਵਦੀਪ ਨੇ ਆਪਣੀ ਪੇਸ਼ਕਾਰੀ ਇੱਕ ਘਰ ਪੇਸ਼ ਕੀਤੀ। ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਜੈਸਮੀਨ ਅਤੇ ਪ੍ਰਵੀਨ ਦੀ ਆਈਟਮ ਵੀ ਬਹੁਤ ਪ੍ਰਭਾਵਸ਼ਾਲੀ ਹੋ ਨਿਬੜੀ। ਗਿਆਰਵੀਂ ਜਮਾਤ ਨੇ ਬਾਰ੍ਹਵੀਂ ਜਮਾਤ ਉੱਤੇ ਅਤੇ ਬਾਰ੍ਹਵੀਂ ਜਮਾਤ ਨੇ ਆਪਣੇ ਅਧਿਆਪਕਾਂ ਪ੍ਰਤੀ ਸਾਫ ਸੁਥਰੇ ਕੁਮੈਂਟ ਦਿੱਤੇ ਜਿਨ੍ਹਾਂ ਨੇ ਸਮਾਗਮ ਵਿੱਚ ਰੰਗ ਭਰ ਦਿੱਤਾ।ਆਖਰ ਵਿੱਚ ਬਾਰ੍ਹਵੀਂ ਜਮਾਤ ਅਤੇ ਅਧਿਆਪਕਾਂ ਦੀ ਮਿਊਜ਼ੀਕਲ ਚੇਅਰ ਖੇਡ ਕਰਵਾਈ ਗਈ।ਸਟੇਜ ਸੰਚਾਲਨ ਦੀ ਭੂਮਿਕਾ ਗਗਨਦੀਪ ਅਤੇ ਸ਼ਗਨਪ੍ਰੀਤ ਨੇ ਬਹੁਤ ਸੁਚੱਜੇ ਤਰੀਕੇ ਨਾਲ ਨਿਭਾਈ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਆਪਣੇ ਭਾਸ਼ਣ ਵਿੱਚ ਸ਼ੁਭਕਾਮਨਾਵਾਂ ਦਿੰਦਿਆਂ ਹੋਇਆਂ ਕਿਹਾ ਕਿ ਬਾਰ੍ਹਵੀਂ ਜਮਾਤ ਨੂੰ ਪ੍ਰੀਖਿਆ ਲਈ ਤਿਆਰੀ ਵਾਸਤੇ ਵਿਸ਼ੇਸ਼ ਯਤਨ ਕੀਤੇ ਜਾਂਦੇ ਹਨ ਤਾਂ ਜੋ ਉਹ ਆਪਣੀ ਜ਼ਿੰਦਗੀ ਵਿੱਚ ਆਉਣ ਵਾਲੇ ਦਿਨਾਂ ਵਿੱਚ ਹੋਰ ਸਫਲਤਾਵਾਂ ਪ੍ਰਾਪਤ ਕਰਨ ਦੇ ਯੋਗ ਹੋ ਸਕਣ। ਸਮਾਗਮ ਵਿੱਚ ਸਮਾਪਤੀ ਸਮੇਂ ਬੋਲਦਿਆਂ ਹੋਇਆਂ ਲੈਕਚਰਾਰ ਬਲਜੀਤ ਪਾਲ ਸਿੰਘ ਨੇ ਵਿਦਿਆਰਥਣਾਂ ਨੂੰ ਅਸ਼ੀਰਵਾਦ ਦਿੰਦਿਆਂ ਹੋਇਆਂ ਦੱਸਿਆ ਕਿ ਇਹ ਸਮਾਗਮ ਲੜਕੀਆਂ ਦੇ ਮਾਣ ਸਨਮਾਨ ਲਈ ਆਯੋਜਿਤ ਕੀਤਾ ਗਿਆ ਹੈ।

## ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਾਂਝੇ ਉਪਰਾਲਿਆਂ ਦੀ ਲੋੜ : ਵਿਧਾਇਕ ਪੰਡੋਰੀ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**

ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਸੂਬੇ ਦੇ ਸਿੱਖਿਆ ਪ੍ਰਬੰਧਾਂ ਵਿੱਚ ਮਿਸਾਲੀ ਤਬਦੀਲੀ ਲਿਆਉਣ ਦੇ ਮਕਸਦ ਨਾਲ ਚਲਾਈ ਜਾ ਰਹੀ 'ਪੰਜਾਬ ਸਿੱਖਿਆ ਕ੍ਰਾਂਤੀ' ਦੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੇ ਸਰਵਪੱਖੀ ਵਿਕਾਸ ਲਈ ਇੱਕ ਅਹਿਮ ਕਦਮ ਚੁੱਕਿਆ ਗਿਆ।ਇਸ ਲੜੀ ਤਹਿਤ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਆਯੋਜਿਤ ਕੀਤੀ ਗਈ ਵਿਸ਼ੇਸ਼ 'ਪੇਰੈਂਟਸ ਵਰਕਸ਼ਾਪ' ਦੌਰਾਨ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਮਹਿਲ ਕਲਾਂ ਅਤੇ ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸ਼ਮੂਲੀਅਤ ਕੀਤੀ।

ਇਸ ਮੌਕੇ ਦੋਵਾਂ ਵਿੱਦਿਅਕ ਸੰਸਥਾਵਾਂ ਵਿਖੇ ਸੰਬੋਧਨ ਕਰਦਿਆਂ ਵਿਧਾਇਕ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਨਿੱਜੀ ਸਕੂਲਾਂ ਦੇ ਮੁਕਾਬਲੇ ਬਿਹਤਰ ਬਣਾਉਣ ਦਾ ਜੋ ਸੰਕਲਪ ਲਿਆ ਹੈ, ਉਸ ਦੇ ਸਾਰਥਿਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਰਕਾਰ ਵੱਲੋਂ ਬੁਨਿਆਦੀ ਢਾਂਚੇ ਦੇ ਸੁਧਾਰ, ਹਾਈ-ਟੈਕ ਕਲਾਸ ਰੂਮਾਂ ਦੀ ਸਥਾਪਨਾ ਤੇ ਅਧਿਆਪਕਾਂ ਨੂੰ ਵਿਦੇਸ਼ੀ ਸਿਖਲਾਈ ਦਿਵਾਉਣ ਵਰਗੇ ਕ੍ਰਾਂਤੀਕਾਰੀ ਤੇ ਇਤਿਹਾਸਕ ਫ਼ੈਸਲੇ ਲਏ ਗਏ ਹਨ।ਵਿਧਾਇਕ ਪੰਡੋਰੀ ਨੇ ਜ਼ੋਰ ਦਿੱਤਾ ਕਿ ਅਜੋਕੇ ਮੁਕਾਬਲੇਬਾਜ਼ੀ ਵਾਲੇ ਯੁੱਗ ਵਿੱਚ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣਾ ਕੇਵਲ ਸਰਕਾਰ ਦੇ ਯਤਨਾਂ ਨਾਲ ਹੀ ਸੰਭਵ ਨਹੀਂ ਹੈ, ਸਗੋਂ ਇਸ ਲਈ ਸਰਕਾਰ, ਅਧਿਆਪਕ ਅਤੇ ਮਾਪਿਆਂ ਦਾ ਇਕਜੁਟ ਹੋ ਕੇ 'ਤ੍ਰਿਕੋਣੀ ਸਾਂਝ' ਪਾਉਣਾ ਲਾਜ਼ਮੀ ਹੈ।ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਾਉਣ ਵਿੱਚ ਮਾਣ ਮਹਿਸੂਸ ਕਰਨ ਕਿਉਂਕਿ ਇੱਥੇ ਪੜ੍ਹੇ-ਲਿਖੇ ਤੇ ਯੋਗ ਅਧਿਆਪਕਾਂ ਦੀ ਫ਼ੌਜ ਮੌਜੂਦ ਹੈ।ਉਨ੍ਹਾਂ ਮਾਪਿਆਂ ਨੂੰ ਕਿਹਾ ਕਿ ਉਹ ਨਿਰੰਤਰ ਪੇਰੈਂਟਸ-ਟੀਚਰ ਮੀਟਿੰਗਾਂ ਵਿੱਚ ਸ਼ਾਮਲ ਹੋਣ ਤਾਂ ਜੁ ਉਨ੍ਹਾਂ ਨੂੰ ਆਪਣੇ ਬੱਚੇ ਦੀ ਅਕਾਦਮਿਕ ਤੇ ਮਾਨਸਿਕ ਕਾਰਗੁਜ਼ਾਰੀ ਬਾਰੇ ਸਹੀ ਜਾਣਕਾਰੀ ਮਿਲ ਸਕੇ ਅਤੇ ਉਹ ਘਰਾਂ ਵਿੱਚ ਵੀ ਬੱਚਿਆਂ ਦੀ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇ ਸਕਣ।ਸਕੂਲ ਦੀਆਂ ਲੋੜਾਂ ਸਬੰਧੀ ਗੱਲ ਕਰਦਿਆਂ ਵਿਧਾਇਕ ਨੇ ਭਰੋਸਾ ਦਿੱਤਾ ਕਿ ਸੀਨੀਅਰ ਸੈਕੰਡਰੀ ਸਕੂਲ ਵਿੱਚ ਅਧਿਆਪਕਾਂ ਦੀ ਜੋ ਵੀ ਕਮੀ ਹੈ, ਉਸ ਨੂੰ ਨਵੇਂ ਵਿੱਦਿਅਕ ਸ਼ੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ-ਪਹਿਲਾਂ ਪਹਿਲ ਦੇ ਆਧਾਰ 'ਤੇ ਪੂਰਾ ਕਰ ਲਿਆ ਜਾਵੇਗਾ।ਇਸ ਦੇ ਨਾਲ ਹੀ ਉਨ੍ਹਾਂ ਨੇ ਸਕੂਲ ਦੇ ਵਿਕਾਸ ਕਾਰਜਾਂ, ਆਂਗਣਵਾੜੀ ਸੈਂਟਰਾਂ ਦੀ ਨਵੀਂ ਇਮਾਰਤ ਦੀ ਉਸਾਰੀ ਤੇ ਹੋਰ ਲੋੜੀਂਦੇ ਫੰਡਾਂ ਲਈ ਹਰ ਸੰਭਵ ਸਹਿਯੋਗ ਦੇਣ ਦਾ ਵੱਡਾ ਐਲਾਨ ਕੀਤਾ।ਪ੍ਰੋਗਰਾਮ ਦੌਰਾਨ ਪ੍ਰਿੰਸੀਪਲ ਰਾਜਿੰਦਰਪਾਲ ਸਿੰਘ ਤੇ ਮੁੱਖ ਅਧਿਆਪਕਾ ਸ਼ਿੰਦਰਪਾਲ ਕੌਰ ਨੇ ਵਿਧਾਇਕ ਪੰਡੋਰੀ ਤੇ ਉਨ੍ਹਾਂ ਨਾਲ ਆਈ ਟੀਮ ਦਾ ਨਿੱਘਾ ਸਵਾਗਤ ਕਰਦਿਆਂ ਸਕੂਲ ਦੀ ਪਿਛਲੇ ਸਾਲ ਦੀ ਸ਼ਾਨਦਾਰ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਤੇ ਸਰਕਾਰ ਵੱਲੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ।

## ਡਾ. ਰਵਿੰਦਰਾ ਕਾਨਵੈਂਟ ਸਕੂਲ 'ਚ ਦਾਖਲਾ ਪ੍ਰਕਿਰਿਆ ਸ਼ੁਰੂ



**ਬਠਿੰਡਾ (ਰਾਜੀਵ ਗੋਇਲ)**-ਦਿੱਲੀ ਪਬਲਿਕ ਸਕੂਲ ਨਾਲ ਅਕਾਦਮਿਕ ਗਠਜੋੜ ਵਿੱਚ ਚਲਦੇ ਹੋਏ ਬਾਜਾਖਾਨਾ ਦੇ ਡਾ.ਰਵਿੰਦਰਾ ਕਾਨਵੈਂਟ ਸਕੂਲ ਵੱਲੋਂ 2026-27 ਸ਼ੈਸਨ ਲਈ ਦਾਖਲੇ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।ਨਰਸਰੀ ਤੋਂ ਲੈ ਕੇ ਬਰਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਦੇ ਦਾਖਲੇ ਸਕੂਲ ਵੱਲੋਂ ਕੀਤੇ ਜਾਣਗੇ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਮੈਡਮ ਅਮਰਜੀਤ ਔਰੜਾ ਨੇ ਦੱਸਿਆ ਕਿ ਆਪਣੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਮਾਪੇ ਇਸ ਸਕੂਲ ਨਾਲ ਸੰਪਰਕ ਕਰਨ,ਜਿੱਥੇ ਬੱਚਿਆਂ ਨੂੰ ਬਹੁਤ ਹੀ ਵਧੀਆ ਸੁਖਾਵੇਂ ਮਾਹੌਲ ਵਿੱਚ ਵਿੱਦਿਆ ਮੁਹੱਈਆ ਕਰਵਾਈ ਜਾਵੇਗੀ।ਇਸ ਮੌਕੇ ਮੈਡਮ ਅਮੀਤਾ ਸ਼ਰਮਾ,ਆਸਥਾ ਅਤੇ ਰਣਚਿਤ ਹਾਜ਼ਿਰ ਸਨ।

## ਨੌਜਵਾਨ ਨੇ ਫਾਹਾ ਲਾ ਕੇ ਕੀਤੀ ਖੁਦਕੁਸ਼ੀ



**ਬਰੇਟਾ (ਗੀਤਵਾਲ)**-ਪਿੰਡ ਕਾਹਨਗੜ੍ਹ 'ਚ ਨਹਿਰ ਕਿਨਾਰੇ ਕਿੱਕਰ ਦੇ ਦਰੱਖ਼ਤ ਨਾਲ ਲਟਕ ਕੇ 32 ਸਾਲਾ ਨੌਜਵਾਨ ਵੱਲੋਂ ਫਾਹਾ ਲਗਾ ਕੇ ਆਤਮਹੱਤਿਆ ਕਰਨ ਦਾ ਦੁੱਖਦਾਈ ਸਮਾਚਾਰ ਹੈ।ਥਾਣਾ ਬਰੇਟਾ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਕਾਹਨਗੜ੍ਹ 'ਚ ਨਹਿਰ ਕਿਨਾਰੇ ਦਰੱਖ਼ਤ ਨਾਲ ਲਟਕਦੀ ਲਾਸ਼ ਦੀ ਸਾਨੂੰ ਸੂਚਨਾ ਮਿਲੀ।ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਗੁਰਪ੍ਰੀਤ ਸਿੰਘ ਉਰਫ ਨਿੱਕਾ ਸਿੰਘ ਵਾਸੀ ਜੁਗਲਾਣ ਨੇ ਆਰਥਿਕ ਤੰਗੀ ਦੇ ਕਾਰਨ ਫਾਹਾ ਲਾ ਕੇ ਖੁਦਕੁਸ਼ੀ ਕਰ ਲਈ।ਉਨ੍ਹਾਂ ਦੱਸਿਆ ਕਿ ਗੁਰਪ੍ਰੀਤ ਸਿੰਘ ਦੀ 6-7 ਮਹੀਨੇ ਪਹਿਲਾਂ ਹੀ ਸ਼ਾਦੀ ਹੋਈ ਸੀ ਤੇ ਆਰਥਿਕ ਸਥਿਤੀ ਨਾ ਠੀਕ ਹੋਣ ਕਾਰਨ ਉਸ ਨੇ ਮੌਤ ਵਾਲਾ ਕਦਮ ਚੁੱਕ ਲਿਆ ਹੈ।ਮ੍ਰਿਤਕ ਨੌਜਵਾਨ ਲੱਕੜ ਦਾ ਮਿਸਤਰੀ ਸੀ।

## ਐਗਰੀਡ ਫਾਊਂਡੇਸ਼ਨ ਵੱਲੋਂ ਸਰਹੱਦੀ ਪਿੰਡ ਬਾਰੇ ਕੇ 'ਚ ਮੁਫ਼ਤ ਮੈਡੀਕਲ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਗਰੀਡ ਫਾਊਂਡੇਸ਼ਨ ਵੱਲੋਂ ਸਰਹੱਦੀ ਖੇਤਰ ਦੇ ਲੋੜਵੰਦ ਲੋਕਾਂ ਅਤੇ ਵਿਸ਼ੇਸ਼ ਤੌਰ 'ਤੇ ਸਕੂਲੀ ਵਿਦਿਆਰਥੀਆਂ ਦੀ ਸਿਹਤ ਸੰਭਾਲ ਲਈ ਸ਼ੁਰੂ ਕੀਤੀ ਗਈ ਮੈਡੀਕਲ ਸੇਵਾ ਮੁਹਿੰਮ ਅਧੀਨ 6 ਵਾਂ ਮੈਡੀਕਲ ਕੈਂਪ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਸਹਿਯੋਗ ਨਾਲ ਫਾਊਂਡੇਸ਼ਨ ਦੇ ਪ੍ਰਧਾਨ ਡਾ. ਸਤਿੰਦਰ ਸਿੰਘ ਦੀ ਅਗਵਾਈ ਵਿਚ ਸਰਹੱਦੀ ਪਿੰਡ ਬਾਰੇ ਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਯੋਜਿਤ ਕੀਤਾ ਗਿਆ। ਰਨਬੀਰ ਸਿੰਘ ਭੁੱਲਰ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਨੇ ਕੈਂਪ ਦਾ ਉਦਘਾਟਨ ਕਰਦਿਆਂ ਆਪਣੇ ਸੰਬੋਧਨ ਵਿੱਚ ਐਗਰੀਡ ਫਾਊਂਡੇਸ਼ਨ ਦੇ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਸਮਾਜ ਸੇਵੀ ਸੰਸਥਾਵਾਂ ਨੂੰ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਤਨਦੇਹੀ ਨਾਲ ਸਹਿਯੋਗ ਕਰਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ 4 ਸਾਲਾਂ ਵਿੱਚ ਇਹਨਾਂ ਦੋਨਾਂ ਖੇਤਰਾਂ ਵਿਚ ਲਾਮਿਸਾਲ ਕੰਮ ਕੀਤੇ ਹਨ। ਉਨਾਂ ਨੇ ਸਰਕਾਰ ਵੱਲੋਂ ਸਿਹਤ ਦੇ ਖੇਤਰ ਵਿਚ ਮੁਹੱਲਾ ਕਲੀਨਿਕ ਅਤੇ ਮੁੱਖ ਮੰਤਰੀ ਬੀਮਾ ਯੋਜਨਾ ਆਦਿ ਕੀਤੇ ਕੰਮਾਂ ਦਾ ਵਿਸਥਾਰ ਸਹਿਤ ਵਰਣਨ ਕੀਤਾ। ਐਗਰੀਡ ਫਾਊਂਡੇਸ਼ਨ ਦੇ ਪ੍ਰਧਾਨ ਡਾ. ਸਤਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਬੀਤੇ ਸਮੇਂ ਵਿਚ ਸਰਹੱਦੀ ਖੇਤਰ ਵਿਚ ਆਏ ਹੜਾਂ ਦੌਰਾਨ ਪ੍ਰਭਾਵਿਤ ਸਕੂਲੀ ਵਿਦਿਆਰਥੀਆਂ ਦੀ ਮੱਦਦ ਲਈ ਫਾਊਂਡੇਸ਼ਨ ਵੱਲੋਂ ਮੈਡੀਕਲ ਕੈਂਪ ਲਵਾਉਣ ਦੀ ਸ਼ੁਰੂਆਤ ਕੀਤੀ ਗਈ ਸੀ ਵੱਖ ਵੱਖ ਪਿੰਡਾਂ ਵਿਚ 5 ਮੈਡੀਕਲ ਕੈਂਪ ਲਗਾ ਕੇ 2000 ਤੋਂ ਵੱਧ ਪ੍ਰਭਾਵਿਤ ਲੋਕਾਂ ਨੂੰ ਰਾਹਤ ਪਹੁੰਚਾਈ ਤੇ ਅੱਜ ਜ਼ਰੂਰਤ ਅਨੁਸਾਰ 6ਵੇਂ ਕੈਂਪ ਵਿਚ ਹਾਰਮੋਨੀ ਮੈਡੀਕਲ ਕਾਲਜ ਦੇ ਮਾਹਿਰ ਡਾ. ਲਖਵਿੰਦਰ ਸਿੰਘ ਅਤੇ ਡਾ ਅਨੂਜਾ ਵੱਲੋਂ 125 ਤੋਂ ਵੱਧ ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ ਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ। ਹਾਰਮੋਨੀ ਕਾਲਜ ਦੇ ਡਾਇਰੈਕਟਰ ਯੋਗੇਸ਼ ਬਾਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਲਤਾ ਵੱਲੋਂ ਵਿਸ਼ੇਸ਼ ਸਹਿਯੋਗ ਪ੍ਰਾਪਤ ਹੋਇਆ, ਜਿਸ ਕਰਕੇ ਕੈਂਪ ਦੀ ਸੇਵਾਵਾਂ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪਿੰਡ ਵਾਸੀਆਂ ਤੱਕ ਪਹੁੰਚ ਸਕੀਆਂ। ਕੈਂਪ ਦੀ ਸਫਲਤਾ ਵਿਚ ਸਕੂਲ ਇੰਚਾਰਜ਼ ਅਸ਼ਵਿੰਦਰ ਸਿੰਘ, ਐੱਨ ਐੱਸ ਐੱਸ ਯੂਨਿਟ ਦੇ ਇੰਚਾਰਜ਼ ਰਜਨੀ ਜੱਗਾ, ਕਮਲੇਸ਼, ਅਨੁਰਾਗ, ਤਨਵੀਰ ਸਿੰਘ, ਬਲਵਿੰਦਰ ਸਿੰਘ ਅਤੇ ਸਮੂਹ ਸਟਾਫ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

## ਸਲਾਈਟ ਲੌਂਗੋਵਾਲ ਵਿਖੇ 28ਵੀਂ ਸਾਲਾਨਾ ਕਨਵੋਕੇਸ਼ਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੌਂਗੋਵਾਲ ਵਿਖੇ 28ਵੀਂ ਸਾਲਾਨਾ ਕਨਵੋਕੇਸ਼ਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰੋ. ਅਵਿਨਾਸ਼ ਕੁਮਾਰ ਅਗਰਵਾਲ, ਡਾਇਰੈਕਟਰ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਜੋਧਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਪ੍ਰੋ. ਰਾਜੀਵ ਆਹੂਜਾ ਡਾਇਰੈਕਟਰ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਰੋਪੜ ਕਨਵੋਕੇਸ਼ਨ ਦੇ ਚੇਅਰਮੈਨ ਸਨ। ਪ੍ਰੋ. ਸ਼ਾਲਿਨੀ ਬੱਤਰਾ ਡੀਨ (ਫੈਕਲਟੀ ਮਾਮਲੇ) ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਪਟਿਆਲਾ ਗੈਸਟ ਆਫ ਆਨਰ ਸਨ। ਇਸ ਦੌਰਾਨ ਪ੍ਰੋ. ਮਣੀਕਾਂਤ ਪਾਸਵਾਨ ਡਾਇਰੈਕਟਰ ਸਲਾਈਟ ਨੇ ਆਪਣੇ ਭਾਸ਼ਣ ਵਿੱਚ, ਪਿਛਲੇ ਸਾਲ ਦੌਰਾਨ ਸੰਸਥਾ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਪ੍ਰੋ. ਅਗਰਵਾਲ ਨੇ ਆਪਣੇ ਸੰਬੋਧਨ ਵਿੱਚ ਸਲਾਈਟ ਲੌਂਗੋਵਾਲ ਅਤੇ ਆਈ. ਆਈ. ਟੀ. ਜੋਧਪੁਰ ਵਿਚਕਾਰ ਇੱਕ ਮੈਮੋਰੰਡਮ ਆਫ਼ ਐਸੋਸੀਏਸ਼ਨ 'ਤੇ ਹਸਤਾਖਰ ਕਰਨ ਦਾ ਐਲਾਨ ਕੀਤਾ ਜੋ ਸਲਾਈਟ ਦੇ ਵਿਦਿਆਰਥੀਆਂ ਨੂੰ ਆਈ. ਆਈ. ਟੀ. ਜੋਧਪੁਰ ਵਿੱਚ ਇੰਟਰਨਸ਼ਿਪ ਕਰਨ ਦੀ ਆਗਿਆ ਦੇਵੇਗਾ ਅਤੇ ਐਸ.ਐਲ.ਆਈ.ਈ.ਟੀ. ਬੀ. ਈ. ਪ੍ਰੋਗਰਾਮਾਂ ਵਿੱਚ ਚੋਟੀ ਦੇ ਰੈਂਕ ਪ੍ਰਾਪਤ ਕਰਨ ਵਾਲਿਆਂ ਨੂੰ ਆਈ. ਆਈ. ਟੀ. ਜੋਧਪੁਰ ਵਿੱਚ ਸਿੱਧੇ ਪੀ ਐਚ.ਡੀ. ਪ੍ਰੋਗਰਾਮਾਂ ਵਿੱਚ ਦਾਖਲਾ ਲੈਣ ਦਾ ਮੌਕਾ ਦੇਵੇਗਾ। ਪ੍ਰੋ. ਰਾਜੀਵ ਆਹੂਜਾ ਨੇ ਨੌਜਵਾਨ ਗ੍ਰੈਜੂਏਟਾਂ ਨੂੰ ਜੜ੍ਹਾਂ ਨਾਲ ਜੁੜੇ ਰਹਿੰਦੇ ਹੋਏ ਸਖ਼ਤ ਮਿਹਨਤ ਕਰਨ ਅਤੇ ਉੱਚੀਆਂ ਉਚਾਈਆਂ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋ. ਸ਼ਾਲਿਨੀ ਬੱਤਰਾ ਨੇ ਆਪਣੇ ਸੰਬੋਧਨ ਵਿੱਚ ਗ੍ਰੈਜੂਏਟਾਂ ਨੂੰ ਹਮਦਰਦੀ ਅਤੇ ਨੈਤਿਕਤਾ ਨਾਲ ਤਕਨੀਕੀ ਤਰੱਕੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸਮਾਰੋਹ ਦੌਰਾਨ ਕੁੱਲ 527 ਵਿਦਿਆਰਥੀਆਂ ਨੂੰ ਇੰਜੀਨੀਅਰਿੰਗ ਵਿੱਚ ਬੈਚਲਰ ਡਿਗਰੀਆਂ, 76 ਵਿਦਿਆਰਥੀਆਂ ਨੂੰ ਮਾਸਟਰ ਆਫ਼ ਟੈਕਨਾਲੋਜੀ ਅਤੇ ਮਾਸਟਰ ਆਫ਼ ਸਾਇੰਸ ਡਿਗਰੀਆਂ ਅਤੇ 40 ਵਿਦਿਆਰਥੀਆਂ ਨੂੰ ਪੀ ਐਚ.ਡੀ. ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਬੈਚਲਰ ਪੱਧਰ 'ਤੇ 7 ਵਿਦਿਆਰਥੀਆਂ ਨੂੰ ਗੋਲਡ ਮੈਡਲ ਅਤੇ 6 ਨੂੰ ਸਿਲਵਰ ਮੈਡਲ ਪ੍ਰਦਾਨ ਕੀਤੇ ਗਏ ਜਦ ਕਿ ਮਾਸਟਰ ਪੱਧਰ 'ਤੇ 6 ਵਿਦਿਆਰਥੀਆਂ ਨੂੰ ਗੋਲਡ ਮੈਡਲ ਅਤੇ 5 ਨੂੰ ਸਿਲਵਰ ਮੈਡਲ ਪ੍ਰਦਾਨ ਕੀਤੇ ਗਏ।

## ਸਫਾ 1 ਦੇ ਬਾਕੀ...

### 12 ਦੀ ਕੁੱਲ ਹਿੰਦ ਹੜਤਾਲ...

ਹਿੰਦ ਕਿਸਾਨ ਸਭਾ, ਬੀ ਕੇ ਯੂ ਡਕੌਂਦਾਂ, ਪੰਜਾਬ ਕਿਸਾਨ ਯੂਨੀਅਨ, ਬੀ ਕੇ ਯੂ ਮਾਨਸਾ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ, ਬੀ ਕੇ ਯੂ ਲੱਖੋਵਾਲ, ਜਮਹੂਰੀ ਕਿਸਾਨ ਸਭਾ, ਪੰਜਾਬ ਖੇਤ ਮਜ਼ਦੂਰ ਸਭਾ, ਮਜ਼ਦੂਰ ਮੁਕਤੀ ਮੋਰਚਾ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਪੈਨਸ਼ਨਰ ਐਸੋਸੀਏਸ਼ਨ, ਟੈਕਨੀਕਲ ਸਰਵਿਸ ਯੂਨੀਅਨ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਜਲ ਸਪਲਾਈ ਪੀ ਡਬਲਿਊ ਡੀ, ਪੀ ਐਸ ਐਸ ਐਫ਼, ਟੈਕਨੀਕਲ ਸਰਵਿਸ ਯੂਨੀਅਨ ਮੰਗਲ, ਆਦਿ ਜਥੇਬੰਦੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ।

ਆਗੂਆਂ ਨੇ ਹੜਤਾਲ ਦੀ ਸਫਲਤਾ ਲਈ ਸਮੁੱਚੇ ਇਨਸਾਫ਼ ਪਸੰਦ ਲੋਕਾਂ ਨੂੰ ਵੱਡੀ ਗਿਣਤੀ 'ਚ ਪੁੱਜਣ ਦੀ ਜ਼ੋਰਦਾਰ ਅਪੀਲ ਕੀਤੀ। ਆਗੂਆਂ ਨੇ ਕਿਹਾ ਕਿ ਭਾਰਤ ਅਮਰੀਕਾ ਵਪਾਰਕ ਸਮਝੌਤਾ ਅਮਰੀਕਾ ਵੱਲੋਂ ਭਾਰਤ 'ਤੇ ਠੋਸੀਆਂ ਗਈਆਂ ਸ਼ਰਤਾਂ ਨਾਲ ਭਾਰਤ ਦਾ ਵਪਾਰ ਤੇ ਕਿਸਾਨਾਂ ਦਾ ਕਾਰੋਬਾਰ ਤਬਾਹੀ ਵੱਲ ਵਧੇਗਾ। ਇਸ ਨੂੰ ਸਮਝੌਤਾ ਨਹੀਂ ਸਗੋਂ ਤਾਨਾਸ਼ਾਹੀ ਕਹਿਣਾ ਵਧੇਰੇ ਪ੍ਰਸੰਗਿਕ ਹੋਵੇਗਾ।ਉਹਨਾਂ ਮੰਗ ਕੀਤੀ ਗਈ ਕਿ ਪੁਰਾਣੇ ਮਨਰੇਗਾ ਕਾਨੂੰਨ ਦੀ ਬਹਾਲੀ, ਠੇਕੇਦਾਰੀ ਪ੍ਰਬੰਧ ਖਤਮ ਕਰਨ, ਬਿਜਲੀ ਬਿੱਲ 2025, ਬੀਜ਼ ਬਿੱਲ, ਪੁਰਾਣੀ ਪੈਨਸ਼ਨ ਬਹਾਲੀ, ਮਜ਼ਦੂਰ ਵਿਰੋਧੀ ਕਿਰਤ ਕਾਨੂੰਨਾਂ ਨੂੰ ਰੱਦ ਕਰਨ, ਕਿਸਾਨ ਮਜ਼ਦੂਰ ਔਰਤਾਂ ਤੇ ਛੋਟੇ ਕਾਰੋਬਾਰੀਆਂ ਦੇ ਕਰਜ਼ ਮੁਆਫੀ, ਸਾਰੀਆਂ ਫਸਲਾਂ 'ਤੇ ਐਮ ਐੱਸ ਪੀ ਉੱਤੇ ਖ਼ਰੀਦ ਦੀ ਗਰੰਟੀ, ਰੁਜ਼ਗਾਰ ਦੇ ਪ੍ਰਬੰਧ, ਪੰਜਾਬ ਸਰਕਾਰ ਵੱਲੋਂ 12 ਘੰਟੇ ਕੰਮ ਦੀ ਡਿਊਟੀ ਦਾ ਫੈਸਲਾ ਵਾਪਸ ਲੈਣ ਤੇ ਸਨਅਤ ਸਬੰਧੀ ਨੋਟੀਫਿਕੇਸ਼ਨ ਵੀ ਰੱਦ ਕੀਤਾ ਜਾਵੇ ਇਸ ਸਮੇਂ ਰਾਮ ਸਿੰਘ ਭੈਣੀ ਬਾਘਾ, ਰਾਜਵਿੰਦਰ ਰਾਣਾ, ਕ੍ਰਿਸ਼ਨ ਚੌਹਾਨ, ਨਿਰਮਲ ਸਿੰਘ ਝੰਡੂਕੇ, ਅਮਰੀਕ ਸਿੰਘ ਫਫੜੇ,ਡਾ, ਧੰਨਾ ਮੱਲ ਗੋਇਲ, ਮਲਕੀਤ ਮੰਦਰਾਂ, ਬੋਘ ਸਿੰਘ ਮਾਨਸਾ, ਮਹਿੰਦਰ ਸਿੰਘ ਭੈਣੀ ਬਾਘਾ, ਦਰਸ਼ਨ ਸਿੰਘ ਗੁਰਨੇ, ਕਰਮਜੀਤ ਸਿੰਘ ਤਾਮਕੋਟ, ਦਰਸ਼ਨ ਸਿੰਘ, ਹਰਬੰਸ ਮੰਢਾਲੀ, ਦਰਸ਼ਨ ਅਲੀਸ਼ੇਰ, ਗੁਰਸੇਵਕ ਮਾਨਬੀਬੜੀਆਂ, ਕੁਲਵਿੰਦਰ ਬੱਪੀਆਣਾ, ਸੁਖਚਰਨ ਦਾਨੇਵਾਲੀਆ, ਭਜਨ ਸਿੰਘ ਘੁੰਮਣ, ਸੁਰਜੀਤ ਸਿੰਘ, ਸਤਵਿੰਦਰ ਸਿੰਘ ਤੇ ਬੂਟਾ ਸਿੰਘ ਬਰਨਾਲਾ ਆਦਿ ਆਗੂਆਂ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

## 8 ਗ੍ਰਾਮ ਹੈਰੋਇਨ ਸਮੇਤ 2 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਅਤੇ ਥਾਣਾ ਆਰਿਫ ਕੇ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 8 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਕੁਲਬੀਰ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਸਾਗਰ ਪੁੱਤਰ ਜੱਜ ਵਾਸੀ ਪੁਰਾਣੀ ਸਬਜ਼ੀ ਮੰਡੀ ਫਿਰੋਜ਼ਪੁਰ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਆਰਿਫ ਕੇ ਪੁਲਿਸ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਇਕ ਨੌਜਵਾਨ ਵੰਸ਼ ਅਟਵਾਲ ਪੁੱਤਰ ਅਸ਼ੋਕ ਕੁਮਾਰ ਵਾਸੀ ਝੋਕ ਹਰੀਹਰ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਪਿੰਡਾਂ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਕਰਵਾਏ ਵਿਕਾਸ ਕਾਰਜ : ਸ਼ੈਰੀ ਕਲਸੀ

**ਬਟਾਲਾ (ਤਰਲੋਕ ਬੱਗਾ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ



ਗਏ ਹਨ ਅਤੇ ਪਿੰਡ ਵਾਸੀਆਂ ਦੀ ਸਹੂਲਤ ਲਈ ਵਿਕਾਸ ਕਾਰਜ ਜਾਰੀ ਹਨ।ਦੁਨੀਆਂ ਸੰਧੂ ਤੋਂ ਡੱਲਾ ਫਿਰਨੀ ਤੱਕ ਦੀ ਲਿੰਕ ਸੜਕ ਦੀ ਸਪੈਸ਼ਲ ਰਿਪੇਅਰ ਦਾ ਕੰਮ ਕਰਵਾਉਣ ਦਾ ਨੀਂਹ ਪੱਥਰ ਰੱਖਣ ਉਪਰੰਤ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਬਣਾਉਣ ਦੇ ਕੰਮ, ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆਂ ਵਾਸਤੇ ਸੀਵਰੇਜ ਪਾਉਣ ਦੇ ਕੰਮ, ਖੇਡ ਮੈਦਾਨ ਤਿਆਰ ਕਰਨ ਸਮੇਤ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ।ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ।ਵਾਰਡਾਂ ਵਿੱਚ ਗਲੀਆਂ ਦੇ ਨਿਰਮਾਣ ਕਾਰਜ ਚੱਲ ਰਹੇ ਹਨ ਅਤੇ ਜਿਨ੍ਹਾਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਰਹਿ ਗਿਆ ਹੈ, ਉਥੇ ਵੀ ਜਲਦ ਕੰਮ ਸ਼ੁਰੂ ਕਰਵਾਇਆ ਜਾਵੇਗਾ।

# ਸਠਿਆਲਾ ਦੇ ਪੰਚਾਇਤ ਮੈਂਬਰ ਆਮ ਆਦਮੀ ਪਾਰਟੀ 'ਚ ਸ਼ਾਮਲ

**ਰਈਆ (ਡੀ. ਕੇ. ਰੈਂਡੀ)**- ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਵਿੱਚ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਲੱਗਾ ਹੈ।ਪਿੰਡ ਸਠਿਆਲਾ ਦੇ ਮੌਜੂਦਾ ਪੰਚਾਇਤ ਮੈਂਬਰ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਦੀ ਅਗਵਾਈ ਵਿੱਚ ਆਮ



ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਹਨ।ਮੈਂਬਰ ਪੰਚਾਇਤ ਬੂਟਾ ਸਿੰਘ, ਹਰਭਜਨ ਸਿੰਘ, ਕੁਲਵੰਤ ਸਿੰਘ, ਸਤਨਾਮ ਸਿੰਘ, ਠੇਕੇਦਾਰ ਬੂਟਾ ਸਿੰਘ, ਠੇਕੇਦਾਰ ਕੇਵਲ ਸਿੰਘ, ਭਗਵੰਤ ਸਿੰਘ ਅਤੇ ਡਾ. ਭੁਪਿੰਦਰ ਸਿੰਘ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਦਿਆਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਇਨ੍ਹਾਂ ਸਾਰੇ ਆਗੂਆਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਵਿਧਾਇਕ ਟੌਂਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੀ ਬਿਹਤਰੀ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਉਚਾ ਚੁੱਕਣ ਲਈ ਭਲਾਈ ਸਕੀਮਾਂ ਚਲਾ ਕੇ ਇਸ ਦਾ ਲਾਭ ਹਰ ਲੋੜਵੰਦ ਨੂੰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਾਰਚ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦਾ ਪਹਿਲਾ ਫੈਸਲਾ 600 ਯੂਨਿਟ ਮੁਫ਼ਤ ਯੂਨਿਟ ਦਾ ਸੀ ਜਿਸ ਨਾਲ ਅੱਜ ਤੱਕ ਸੂਬੇ ਦੇ 90 ਫ਼ੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਸਹੂਲਤ ਬਿਨ੍ਹਾਂ ਕਿਸੇ ਜਾਤ, ਧਰਮ, ਵਰਗ ਤੋਂ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਕਿਸਾਨਾਂ ਨੂੰ ਹੁਣ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਠੰਢੀਆਂ ਰਾਤਾਂ ਵਿੱਚ ਆਪਣੇ ਖੇਤਾਂ ਦੀ ਸਿੰਚਾਈ ਲਈ ਬਾਹਰ ਨਹੀਂ ਜਾਣਾ ਪੈਂਦਾ।ਉਨ੍ਹਾਂ ਕਿਹਾ ਕਿ ਪੰਜਾਬ ਅੱਜ ਬਿਜਲੀ ਦੀ ਬਹੁਤਾਤ ਵਾਲਾ ਸੂਬਾ ਹੈ।[illegible] ਦੀ ਸਫਲਤਾ ਅਤੇ ਪੂਰੀ ਤਰ੍ਹਾਂ ਕਾਰਜਸ਼ੀਲ ਥਰਮਲ ਪਲਾਂਟਾਂ ਦੇ ਨਾਲ, ਪੰਜਾਬ ਦੇਸ਼ ਵਿੱਚ ਮੋਹਰੀ ਸੂਬਾ ਬਣ ਕੇ ਉਭਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦਿੰਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਵਿਸ਼ੇਸ਼ ਕੈਂਪ ਲਗਾ ਕੇ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ।

# ਕਟਾਰੂ ਚੱਕ ਨੇ ਜਨਿਆਲ ਵਿਖੇ ਕਮਿਊਨਿਟੀ ਹਾਲ ਦੇ ਨਵ-ਨਿਰਮਾਣ ਦੀ ਕਰਵਾਈ ਸ਼ੁਰੂਆਤ

**ਪਠਾਨਕੋਟ, (ਦਵਿੰਦਰ ਸਿੰਘ)**- ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਜਨਿਆਲ ਵਿਖੇ ਕਮਿਊਨਿਟੀ ਸੈਂਟਰ ਦੇ ਨਵ-ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਬਲੀ ਕੁਮਾਰ ਬੱਬੀ ਪ੍ਰਧਾਨ ਨਗਰ ਪੰਚਾਇਤ ਨਰੋਟ ਜੈਮਲ ਸਿੰਘ, ਸ਼ਕਤੀ ਕੁਮਾਰ ਯੂਥ ਪ੍ਰਧਾਨ ਨਰੋਟ ਜੈਮਲ ਸਿੰਘ, ਰਾਜੇਸ਼ ਕੋਟ ਫ਼ਤੂਹੀਆਂ ਬਲਾਕ ਪ੍ਰਧਾਨ, ਲਵ ਠਾਕੁਰ ਅਤੇ ਹੋਰ ਆਮ ਆਦਮੀ ਪਾਰਟੀ ਦੇ



ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਰੀਬ ਇੱਕ ਹਫਤਾ ਪਹਿਲਾਂ ਇਸ ਖੇਤਰ ਦਾ ਦੌਰਾ ਕੀਤਾ ਗਿਆ ਸੀ ਅਤੇ ਪਿੰਡ ਜਨਿਆਲ ਵਾਸੀਆਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਇਹ ਸਮੱਸਿਆ ਲਿਆਂਦੀ ਗਈ ਕਿ ਇੱਥੇ ਕਮਿਊਨਿਟੀ ਸੈਂਟਰ ਦੀ ਹਾਲਤ ਬਹੁਤ ਹੀ ਖਸਤਾ ਹੈ ਅਤੇ ਲੋਕਾਂ ਦੇ ਵਰਤਣਯੋਗ ਵੀ ਨਹੀਂ ਹੈ।ਉਨ੍ਹਾਂ ਕਿਹਾ ਕਿ ਅਸੀਂ ਧੰਨਵਾਦੀ ਹਾਂ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਜਿਨ੍ਹਾਂ ਦੇ ਉਪਰਾਲਿਆਂ ਸਦਕਾ ਇਸ ਕਮਿਊਨਿਟੀ ਸੈਂਟਰ ਦੇ ਨਵ-ਨਿਰਮਾਣ ਦੇ ਲਈ ਵੱਡੀ ਰਾਸ਼ੀ ਕਰੀਬ 10 ਲੱਖ ਰੁਪਏ ਜਾਰੀ ਕੀਤੀ ਗਈ ਅਤੇ ਅੱਜ ਇਸ ਕਮਿਊਨਿਟੀ ਸੈਂਟਰ ਦੇ ਨਵ-ਨਿਰਮਾਣ ਲਈ ਕਾਰਜ ਸ਼ੁਰੂ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਕਮਿਊਨਿਟੀ ਸੈਂਟਰ ਦਾ ਨਵ-ਨਿਰਮਾਣ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦੁੱਲੂਆਣਾ 'ਚ ਧਾਰਮਿਕ ਸਮਾਗਮ

**ਧਾਰੀਵਾਲ, (ਮਨਦੀਪ ਵਿੱਕੀ)**- ਪਿੰਡ ਦੁੱਲੂਆਣਾ ਵਿਖੇ ਗੁਰਦੁਆਰਾ ਬੇਰੀ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਹਰਭਜਨ ਸਿੰਘ ਭਾਟੀਆ ਅਤੇ ਉਨ੍ਹਾਂ ਦੇ ਸਮੂਹ ਪਰਿਵਾਰ ਵੱਲੋਂ ਸੁਖਮਨੀ ਸੇਵਾ ਸੁਸਾਇਟੀ ਧਾਰੀਵਾਲ ਦੇ ਸਹਿਯੋਗ ਨਾਲ ਗੁਰੂ ਰਵਿਦਾਸ ਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਪ੍ਰਧਾਨ ਡਾਕਟਰ ਗੁਰਜਿੰਦਰ ਸਿੰਘ ਸੰਧੂ ਸਮੇਤ ਸੇਵਾਦਾਰਾਂ ਵੱਲੋਂ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ। ਉਪਰੰਤ ਇਤਿਹਾਸਿਕ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਹੈੱਡ ਗ੍ਰੰਥੀ ਭਾਈ ਜਸਵਿੰਦਰ ਸਿੰਘ ਕਲੇਰ ਅਤੇ ਗ੍ਰੰਥੀ ਭਾਈ ਗੁਰਦੇਵ ਸਿੰਘ ਕਲਿਆਣਪੁਰ ਨੇ ਗੁਰਬਾਣੀ ਕਥਾ ਵਿਚਾਰਾਂ ਰਾਹੀਂ ਸੰਗਤ ਨੂੰ ਭਗਤ ਰਵਿਦਾਸ ਜੀ ਅਤੇ ਸਿੱਖ ਇਤਿਹਾਸ ਬਾਰੇ ਚਾਨਣਾ ਪਾਉਂਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ। ਇਸ ਦੇ ਬਾਅਦ ਸ੍ਰੀ ਸੁਖਮਨੀ ਸੇਵਾ ਸੁਸਾਇਟੀ ਦੇ ਰਾਗੀ ਜਥਿਆਂ ਡਾਕਟਰ ਗੁਰਜਿੰਦਰ ਸਿੰਘ, ਭਾਈ ਬਲਦੇਵ ਸਿੰਘ ਨਿਮਾਣਾ ਅਤੇ ਸਾਥੀਆਂ ਨੇ ਗੁਰਬਾਣੀ



ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰਮਤਿ ਵਿਚਾਰਾਂ ਕਰਦਿਆਂ ਸੰਗਤ ਨੂੰ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗ ਕੇ ਗੁਰਸਿੱਖੀ ਜੀਵਨ ਬਤੀਤ ਕਰਨ ਅਤੇ ਗੁਰੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਧਾਰਮਿਕ ਤੇ ਸਮਾਜਸੇਵੀ ਕੰਮਾਂ ਵਿੱਚ ਪੂਰੀ ਲਗਨ ਨਾਲ ਸੇਵਾਵਾਂ ਨਿਭਾਉਣ ਵਾਲੇ ਭਾਈ ਹਰਭਜਨ ਸਿੰਘ ਭਾਟੀਆ ਅਤੇ ਵਾਸਦੇਵ ਸਿੰਘ ਭਾਟੀਆ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਭਾਈ ਹਰਵਿੰਦਰ ਸਿੰਘ ਪੰਨੂ, ਐੱਸਡੀਓ ਬੂਆ ਸਿੰਘ, ਇੰਦਰਪਾਲ ਸਿੰਘ ਅਰੋੜਾ, ਨਿਰਮਲ ਸਿੰਘ, ਸੰਮਤੀ ਮੈਂਬਰ ਸੁਖਮਿੰਦਰ ਸਿੰਘ ਬਿੱਕਾ, ਨੰਬਰਦਾਰ ਕਮਲਜੀਤ ਸਿੰਘ, ਨੰਬਰਦਾਰ ਕੁਲਵਿੰਦਰ ਸਿੰਘ, ਆਪ ਪਾਰਟੀ ਦੇ ਯੂਥ ਆਗੂ ਸਰਬਪਾਲ ਸਿੰਘ, ਅਮਰਬੀਰ ਸਿੰਘ, ਨਿਸ਼ਾਨ ਸਿੰਘ, ਸਰਨਜੀਤ ਸਿੰਘ, ਬਲਬੀਰ ਸਿੰਘ, ਸੁਖਚੈਨ ਸਿੰਘ, ਬਾਬਾ ਬਲਕਾਰ ਸਿੰਘ, ਸੁਖਰਾਜ ਸਿੰਘ, ਬਿਕਰਮਜੀਤ ਸਿੰਘ ਬਿੱਕਾ, ਮਾਸਟਰ ਮਨਜਿੰਦਰ ਸਿੰਘ, ਜਸਵੰਤ ਸਿੰਘ ਭਾਟੀਆ ਕਾਦੀਆਂ, ਸਵਰਨ ਸਿੰਘ, ਅਮਰਜੀਤ ਸਿੰਘ ਭਾਟੀਆ ਧਾਰੀਵਾਲ ਆਦਿ ਸਮੇਤ ਪਿੰਡ ਦੁੱਲੂਆਣਾ ਅਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਲਵਰੋਜ਼ ਕੌਰ ਵੱਲੋਂ ਪੱਤਰਕਾਰਤਾ 'ਚ ਯੂ ਜੀ ਸੀ ਨੈੱਟ ਪਾਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਦੀ 'ਮਾਸਟਰਜ਼ ਇਨ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਸੈਸ਼ਨ 2024-25' ਦੀ ਪਾਸਆਊਟ ਵਿਦਿਆਰਥਣ ਨੇ ਪੱਤਰਕਾਰਤਾ ਵਿਸ਼ੇ 'ਚ ਯੂ. ਜੀ. ਸੀ. ਨੈੱਟ ਪ੍ਰੀਖਿਆ 96.2 ਪ੍ਰਤੀਸ਼ਤ ਨਾਲ ਪਾਸ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਸ ਉਪਲਬਧੀ 'ਤੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਖ਼ਾਲਸਾ ਕਾਲਜ ਦੇ ਪ੍ਰਿੰ. ਡਾ. ਆਤਮ ਸਿੰਘ ਰੰਧਾਵਾ ਨੇ ਸਾਂਝੇ ਤੌਰ 'ਤੇ ਲਵਰੋਜ਼ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਕਾਲਜ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਇਹ ਸਫਲਤਾ ਸੰਸਥਾ ਵੱਲੋਂ ਦਿੱਤੀ ਜਾ ਰਹੀ ਉਚ ਪੱਧਰੀ ਸਿੱਖਿਆ ਅਤੇ ਸਾਵੇਂ ਅਕਾਦਮਿਕ ਮਾਹੌਲ ਦਾ ਪ੍ਰਤੀਕ ਹੈ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਲਵਰੋਜ਼ ਕੌਰ ਕਾਲਜ ਵਿਖੇ ਅਸਿਸਟੈਂਟ ਪ੍ਰੋਫੈਸਰ ਵਜੋਂ ਸੇਵਾਵਾਂ ਨਿਭਾ ਰਹੀ ਹੈ।ਉਨ੍ਹਾਂ ਕਿਹਾ ਕਿ ਮੀਡੀਆ ਸਿੱਖਿਆ ਪ੍ਰਤੀ ਅਕਾਦਮਿਕ ਉੱਤਮਤਾ, ਸਮਰਪਣ ਪੱਤਰਕਾਰੀ ਅਤੇ



ਜਨਸੰਚਾਰ ਦੇ ਖੇਤਰ ਪ੍ਰਤੀ ਲਵਰੋਜ਼ ਕੌਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।ਕਾਲਜ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਉਸਨੂੰ ਇਸ ਮਹੱਤਵਪੂਰਨ ਪ੍ਰਾਪਤੀ ਲਈ ਵਧਾਈ ਦਿੱਤੀ ਹੈ ਅਤੇ ਉਸਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ ਹੈ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਲਵਰੋਜ਼ ਕੌਰ ਦੀ ਸਫਲਤਾ ਕਾਲਜ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਅਕਾਦਮਿਕ ਵਾਤਾਵਰਣ ਅਤੇ ਗੁਣਵੱਤਾ ਵਾਲੀ ਸਿੱਖਿਆ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਅਧਿਆਪਕਾਂ ਦੀਆਂ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਅਤੇ ਆਪਣੇ-ਆਪਣੇ ਖੇਤਰਾਂ 'ਚ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦੀਆਂ ਹਨ।ਇਸ ਮੌਕੇ ਵਿਭਾਗ ਮੁਖੀ ਡਾ. ਸਾਨਿਆ ਮਰਵਾਹਾ ਨੇ ਕਿਹਾ ਕਿ ਲਵਰੋਜ਼ ਹਮੇਸ਼ਾ ਹੀ ਮਿਹਨਤੀ, ਲਗਨਸ਼ੀਲ ਅਤੇ ਪੱਤਰਕਾਰਤਾ ਪ੍ਰਤੀ ਗਹਿਰੀ ਰੁਚੀ ਰੱਖਣ ਵਾਲੀ ਵਿਦਿਆਰਥਣ ਰਹੀ ਹੈ।ਉਨ੍ਹਾਂ ਕਿਹਾ ਕਿ ਇੰਨ੍ਹੇ ਉੱਚ ਪ੍ਰਤੀਸ਼ਤ ਨਾਲ ਯੂ. ਜੀ. ਸੀ. ਨੈੱਟ ਪਾਸ ਕਰਨਾ ਕਾਬਿਲ-ਏ-ਤਾਰੀਫ਼ ਉਪਲਬਧੀ ਹੈ ਜੋ ਵਿਭਾਗ ਦੇ ਵਿਦਿਆਰਥੀਆਂ ਨੂੰ ਅਕਾਦਮਿਕ ਉੱਤਮਤਾ ਅਤੇ ਖੋਜ ਅਧਾਰਿਤ ਸਿੱਖਿਆ ਵੱਲ ਪ੍ਰੇਰਿਤ ਕਰੇਗੀ।

# ਹਾਰਡਵੇਅਰ ਸਟੋਰ ਨੂੰ ਅੱਗ, ਕਰੋੜਾਂ ਦਾ ਨੁਕਸਾਨ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਅੰਮ੍ਰਿਤਸਰ ਰੋਡ ਅੱਡਾ ਝਬਾਲ ਵਿਖੇ ਹਾਰਡਵੇਅਰ ਰੰਗ ਰੋਗਨ ਇਲੈਕਟਰੀਸ਼ਨ ਅਤੇ ਹੋਰ ਸਮਾਨ ਨਾਲ ਭਰੀ ਦੁਕਾਨ ਨੂੰ ਬੀਤੀ ਰਾਤ ਅਚਾਨਕ ਅੱਗ ਲੱਗ ਗਈ। ਜਿਸ ਨਾਲ ਲੱਗਭਗ ਕਰੋੜਾਂ ਰੁਪਏ ਦਾ ਸਮਾਨ ਸੜ ਕੇ ਸੁਆਹ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਸਮੇਸ਼ ਟਰੇਡਿੰਗ ਕੰਪਨੀ ਦੇ ਮਾਲਕ ਸਤਨਾਮ ਸਿੰਘ ਨੇ ਦੱਸਿਆ ਕਿ ਅੱਡਾ ਝਬਾਲ ਅੰਮ੍ਰਿਤਸਰ ਰੋਡ 'ਤੇ ਉਨ੍ਹਾਂ ਦੀ ਹਾਰਡਵੇਅਰ ਇਲੈਕਟਰੀਸ਼ਨ ਦੇ ਸਮਾਨ ਅਤੇ ਰੰਗ ਰੋਗਨ ਦੀ ਦੁਕਾਨ ਹੈ। ਜਿਸ ਨੂੰ ਅਸੀਂ ਰਾਤ ਨੂੰ ਬੰਦ ਕਰਕੇ ਘਰ



ਪਿਛਲੇ ਪਾਸੇ ਚਲੇ ਗਏ, ਤਾਂ ਅੱਧੀ ਕੁ ਰਾਤ ਨੂੰ ਅਚਾਨਕ ਪਟਾਕੇ ਦੀ ਜ਼ੋਰਦਾਰ ਅਵਾਜ਼ ਸੁਣੀ ਜਿਸ 'ਤੇ ਉਨ੍ਹਾਂ ਨੇ ਤੁਰੰਤ ਉੱਠ ਕੇ ਦੇਖਿਆ ਤਾਂ ਦੁਕਾਨ ਵਿਚੋਂ ਧੂੰਆਂ ਨਿਕਲ ਰਿਹਾ ਸੀ। ਇਸ ਦੌਰਾਨ ਦੁਕਾਨ ਵਿਚੋਂ ਅੱਗ ਦੀਆਂ ਲਪਟਾ ਵੇਖ ਲੋਕਾਂ ਨੇ ਇੱਕਠੇ ਹੋ ਕੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ।ਪਰ ਅੱਗ ਨਾ ਬੁਝੀ। ਇਸ ਦੌਰਾਨ ਮੌਕੇ ਤੇ ਫਾਇਰ ਬ੍ਰਿਗੇਡ ਦੀਆਂ 5 ਗੱਡੀਆਂ ਦੀ ਮਦਦ ਨਾਲ ਅੱਗ 'ਤੇ ਬੜੀ ਮੁਸ਼ਕਿਲ ਨਾਲ ਕਾਬੂ ਪਾਇਆ ਗਿਆ। ਸਤਨਾਮ ਸਿੰਘ ਮੁਤਾਬਕ ਅੱਗ ਨਾਲ ਲਗਭਗ ਇੱਕ ਕਰੋੜ ਦਾ ਮਾਲੀ ਨੁਕਸਾਨ ਹੋਇਆ ਹੈ। ਉਨ੍ਹਾਂ ਮੁਤਾਬਕ ਅੱਗ ਦੇ ਕਾਰਨਾਂ ਦਾ ਠੋਸ ਪਤਾ ਨਹੀਂ ਲੱਗ ਸਕਿਆ।

# ਰਮਨੀਤ ਕੌਰ ਨੇ ਸੰਗੀਤ 'ਚ ਪਾਸ ਕੀਤੀ ਯੂ ਜੀ ਸੀ ਨੈੱਟ ਦੀ ਪ੍ਰੀਖਿਆ

**ਕਾਦੀਆਂ, ਧਾਰੀਵਾਲ (ਯਾਦਵਿੰਦਰ ਸਿੰਘ ਮਲਹੋਤਰਾ, ਮਨਦੀਪ ਸਿੰਘ ਵਿੱਕੀ)** ਕਾਦੀਆਂ ਨਿਵਾਸੀ ਰਮਨੀਤ ਕੌਰ ਸਪੁੱਤਰੀ ਭਾਈ ਅਨੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਯੂਜੀਸੀ ਨੈੱਟ ਦੀ ਪ੍ਰੀਖਿਆ ਪਾਸ ਕਰਕੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।ਰਮਨੀਤ ਕੌਰ ਨੇ ਗ੍ਰੈਜੂਏਸ਼ਨ ਸੰਗੀਤ ਵਿਸ਼ੇ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਮੈਰਿਟ 'ਚ ਸਥਾਨ ਪ੍ਰਾਪਤ ਕਰਕੇ ਪਾਸ



ਕੀਤੀ ਸੀ। ਸਰਕਾਰੀ ਸਰੂਪ ਰਾਣੀ ਕਾਲਜ ਅੰਮ੍ਰਿਤਸਰ ਵਿਖੇ ਮਾਸਟਰ ਡਿਗਰੀ ਕੀਤੀ। ਯੂਨੀਵਰਸਿਟੀ ਯੂਥ ਫੈਸਟੀਵਲਾਂ 'ਚ ਸਾਲ 2022, 2023 ਅਤੇ 2024 ਵਿੱਚ ਸੰਗੀਤ ਪ੍ਰਤੀਯੋਗਤਾ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ।ਇਸ ਤੋਂ ਇਲਾਵਾ ਪ੍ਰਾਚੀਨ ਕਲਾ ਕੇਂਦਰ ਚੰਡੀਗੜ੍ਹ ਵਿੱਚ ਸੰਗੀਤ ਗਾਇਨ ਅਤੇ ਵਾਦਨ ਵਿਸ਼ਾਰਦ ਦੀਆਂ ਡਿਗਰੀਆਂ ਵੀ ਪਹਿਲਾ ਸਥਾਨ ਪ੍ਰਾਪਤ ਕਰਕੇ ਪਾਸ ਕੀਤੀਆਂ ਹਨ।ਯੂਜੀਸੀ ਨੈੱਟ ਪਾਸ ਕਰਨ ਉਪਰੰਤ ਰਮਨੀਤ ਕੌਰ ਅਸਿਸਟੈਂਟ ਪ੍ਰੋਫ਼ੈਸਰ ਬਣ ਜਾਵੇਗੀ। ਉਸਦੇ ਪਿਤਾ ਭਾਈ ਅਨੂਪ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਹੋਣਹਾਰ ਧੀ ਨੇ ਸੰਗੀਤ ਵਿਸ਼ੇ ਵਿੱਚ ਇਹ ਪ੍ਰਾਪਤੀ ਕਰਕੇ ਉਨ੍ਹਾਂ ਦਾ ਇੱਕ ਸ਼ਾਨਦਾਰ ਸੁਪਨਾ ਪੂਰਾ ਕੀਤਾ ਹੈ ਅਤੇ ਉਨ੍ਹਾਂ ਨੂੰ ਆਪਣੀ ਧੀ 'ਤੇ ਪੂਰਾ ਮਾਣ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਮਨੀਤ ਕੌਰ ਨੇ ਕਿਹਾ ਕਿ ਸੰਗੀਤ ਦੀ ਵਿੱਦਿਆ ਉਸ ਨੂੰ ਆਪਣੇ ਪਿਤਾ ਹਜ਼ੂਰੀ ਰਾਗੀ ਭਾਈ ਅਨੂਪ ਸਿੰਘ ਤੋਂ ਮਿਲੀ ਸੀ ਅਤੇ ਉਹ ਆਪਣੀ ਮਾਤਾ ਗੁਰਮੀਤ ਕੌਰ ਦੀ ਪ੍ਰੇਰਨਾ ਸਦਕਾ ਇਹ ਪੜ੍ਹਾਈ ਮੁਕੰਮਲ ਕਰ ਸਕੀ ਹੈ।ਧੰਨ-ਧੰਨ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੀ ਅਪਾਰ ਕਿਰਪਾ ਨਾਲ ਉਸ ਦਾ ਅਤੇ ਉਸਦੇ ਮਾਤਾ-ਪਿਤਾ ਦਾ ਸੁਪਨਾ ਪੂਰਾ ਹੋਇਆ।ਉਸਨੇ ਆਪਣੇ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ।ਇਲਾਕਾ ਵਾਸੀਆਂ ਵੱਲੋਂ ਉਸ ਦੇ ਆਉਣ ਵਾਲੇ ਉੱਜਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।

# ਅਰਦਾਸ ਮਨੁੱਖ ਨੂੰ ਆਤਮਿਕ ਸ਼ਕਤੀ ਪ੍ਰਦਾਨ ਕਰਦੀ : ਛੀਨਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅਰਦਾਸ ਮਨੁੱਖ ਨੂੰ ਆਤਮਿਕ ਸ਼ਕਤੀ ਪ੍ਰਦਾਨ ਕਰਦੀ ਹੈ ਅਤੇ ਜ਼ਿੰਦਗੀ 'ਚ ਅਗਾਂਹ ਵੱਧਣ ਲਈ ਪ੍ਰੇਰਿਤ ਕਰਦੀ ਹੈ।ਖਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਇਕ ਅਜਿਹੀ



ਸੰਸਥਾ ਹੈ, ਜਿੱਥੋਂ ਹਜ਼ਾਰਾਂ ਬੱਚੇ ਪੜ੍ਹ-ਲਿਖ ਕੇ ਅੱਜ ਉਚ ਅਹੁਦਿਆਂ 'ਤੇ ਬਿਰਾਜਮਾਨ ਹਨ, ਉਹ ਭਾਵੇਂ ਦੇਸ਼ ਹੋਵੇ ਜਾਂ ਫ਼ਿਰ ਵਿਦੇਸ਼।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਉਕਤ ਸਕੂਲ ਵਿਖੇ ਵਿਦਿਆਰਥੀਆਂ ਦੇ ਸਾਲਾਨਾ ਇਮਤਿਹਾਨਾਂ 'ਚ ਚੰਗੀ ਕਾਰਗੁਜ਼ਾਰੀ ਲਈ ਅਸ਼ੀਰਵਾਦ ਲੈਣ ਸਬੰਧੀ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਕੌਂਸਲ ਦੀ ਪ੍ਰੰਪਰਾ ਅਨੁਸਾਰ ਕਰਵਾਏ ਜਾਂਦੇ ਧਾਰਮਿਕ ਸਮਾਗਮ ਅਰਦਾਸ ਦਿਵਸ ਮੌਕੇ ਕੀਤਾ। ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਕੌਂਸਲ ਦੇ ਜੁਆਇੰਟ ਸਕੱਤਰ ਸ: ਸੰਤੋਖ ਸਿੰਘ ਸੇਠੀ, ਲਖਵਿੰਦਰ ਸਿੰਘ ਢਿੱਲੋਂ, ਮੈਂਬਰ ਸਰਬਜੀਤ ਸਿੰਘ ਹੁਸ਼ਿਆਰ ਨਗਰ, ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ, ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ, ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਪ੍ਰਿੰਸੀਪਲ ਨਿਰਮਲਜੀਤ ਕੌਰ ਗਿੱਲ, ਖ਼ਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰਸੀਪਲ ਸ੍ਰੀਮਤੀ ਗੁਰਿੰਦਰਜੀਤ ਕੌਰ ਕੰਬੋਜ, ਪਵਨਦੀਪ, ਪਲਵਿੰਦਰ ਸਿੰਘ, ਵਿਸ਼ਾਲ, ਗੁਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪੇ ਹਾਜ਼ਰ ਸਨ।

# 85 ਏਕੜ ਜ਼ਮੀਨ ਬਚਾਉਣ ਲਈ ਕਿਸਾਨ ਮਜ਼ਦੂਰ ਜਥੇਬੰਦੀਆਂ ਦਾ ਸਨਮਾਨ



**ਧਾਰੀਵਾਲ, (ਮਨਦੀਪ ਵਿੱਕੀ)** ਪਿਛਲੇ ਸਾਲ ਪੰਜਾਬ ਦੀ ਮਾਨ ਸਰਕਾਰ ਵੱਲੋਂ ਜੋ ਲੈਂਡ ਪੂਲਿੰਗ ਕਾਨੂੰਨ ਬਣਾ ਕੇ ਕਿਸਾਨਾ ਤੋਂ ਹਜ਼ਾਰਾਂ ਏਕੜ ਜ਼ਮੀਨ ਖੋਹਣ ਦੀ ਚਾਲ ਚੱਲੀ ਸੀ ਉਸ ਵਿੱਚ ਪਿੰਡ ਘਰਾਲਾ ਗੁਰਦਾਸਪੁਰ ਦੀ 85 ਏਕੜ ਜ਼ਮੀਨ ਵੀ ਸ਼ਾਮਿਲ ਸੀ।ਪੰਜਾਬ ਸਰਕਾਰ ਦੀ ਇਸ ਕਿਸਾਨ ਮਾਰੂ ਨੀਤੀ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਤੇ ਮਜ਼ਦੂਰ ਜਥੇਬੰਦੀਆਂ ਨੇ ਬਹੁਤ ਵੱਡੀ ਲੜਾਈ ਲੜੀ।ਪਿੰਡ ਘਰਾਲਾ ਦੇ ਵਾਸੀਆਂ ਜ਼ਮੀਨ ਬਚਾਓ ਸੰਘਰਸ਼ ਕਮੇਟੀ ਬਣਾ ਕੇ ਹਰ ਤਰ੍ਹਾਂ ਇਸ ਲੜਾਈ ਵਿੱਚ ਸਾਥ ਦਿੱਤਾ।ਅਖੀਰ ਪੰਜਾਬ ਸਰਕਾਰ ਨੂੰ ਇਹ ਨੀਤੀ ਵਾਪਸ ਲੈਣੀ ਪਈ। ਪਿੰਡ ਘਰਾਲਾ ਦੇ ਲੋਕਾਂ ਦਾ ਇਸ ਨਾਲ ਉਜਾੜਾ ਰੁਕ ਗਿਆ।ਇਸ ਦੇ ਸ਼ੁਕਰਾਨੇ ਵਜੋਂ ਪਿੰਡ ਵਾਸੀਆਂ ਨੇ ਸਮੂਹਿਕ ਤੌਰ 'ਤੇ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਸਮੂਹ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਦਾ ਸਨਮਾਨ ਕੀਤਾ।ਇਸ ਮੌਕੇ ਵੱਡੀ ਹਾਜ਼ਰੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਬਿਜਲੀ ਸੋਧ ਬਿੱਲ, ਬੀਜ ਬਿੱਲ, ਚਾਰ ਲੇਬਰ ਕੋਡ ਰੱਦ ਕਰਨ ਅਤੇ ਮਨਰੇਗਾ ਬਹਾਲ ਕਰਨ ਸਮੇਤ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਗੁਪਤ ਸਮਝੌਤਾ ਕਰਕੇ ਕਿਸਾਨਾਂ ਦੇ ਹਿੱਤ ਵੇਚਣ ਦੇ ਵਿਰੋਧ ਵਿੱਚ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਕਰਨ ਦਾ ਹੋਕਾ ਦਿੱਤਾ ਗਿਆ।ਇੱਕ ਹੋਰ ਮਤੇ ਰਾਹੀਂ ਮਾਨ ਸਰਕਾਰ ਵੱਲੋਂ ਬਠਿੰਡਾ ਵਿਖੇ ਹੱਕ ਮੰਗਦੇ ਪੁਰਅਮਨ ਕਿਸਾਨਾਂ ਤੇ ਤਸ਼ੱਦਦ ਕਰਨ ਦਾ ਸਖਤ ਵਿਰੋਧ ਕੀਤਾ ਗਿਆ।ਸਨਮਾਨਿਤ ਸ਼ਖਸੀਅਤਾਂ ਵਿੱਚ ਮੱਖਣ ਸਿੰਘ ਕੁਹਾੜ, ਗੁਲਜਾਰ ਸਿੰਘ ਬਸੰਤਕੋਟ, ਲਖਵਿੰਦਰ ਸਿੰਘ ਮਰੜ, ਤਰਲੋਕ ਸਿੰਘ ਬਹਿਰਾਮਪੁਰ, ਸਤਬੀਰ ਸਿੰਘ ਸੁਲਤਾਨੀ, ਦਿਲਬਾਗ ਸਿੰਘ ਡੋਗਰ, ਮੱਖਣ ਸਿੰਘ ਤਿੱਬੜ, ਅਸ਼ਵਨੀ ਕੁਮਾਰ ਲਖਨ ਕਲਾਂ, ਗੁਰਦੀਪ ਸਿੰਘ ਮੁਸਤਫਾਬਾਦ, ਦਲਬੀਰ ਸਿੰਘ ਜੀਵਨ ਚੱਕ, ਕਸ਼ਮੀਰ ਸਿੰਘ ਤੁਗਲਵਾਲ, ਐੱਸ. ਪੀ. ਸਿੰਘ ਗੋਸਲ, ਵਿਜੇ ਸੋਹਲ, ਧਿਆਨ ਸਿੰਘ ਠਾਕਰ,ਸ਼ਿਵ ਕੁਮਾਰ, ਸੁਖਦੇਵ ਰਾਜ ਬਹਿਰਾਮਪੁਰ, ਧੀਰ ਸਿੰਘ ਸਿੱਧੂ, ਜੋਗਿੰਦਰ ਪਾਲ ਘਰਾਲਾ, ਰਾਜ ਕੁਮਾਰ ਪੰਡੋਰੀ, ਸਰਪੰਚ ਸੁਖਵਿੰਦਰ ਸਿੰਘ ਘਰਾਲਾ, ਅਮਰਜੀਤ ਕੌਰ ਪਰਮਜੀਤ ਕੌਰ, ਅਮਰ ਕ੍ਰਾਂਤੀ, ਅਜੀਤ ਸਿੰਘ ਹੁੰਦਲ, ਰਣਜੀਤ ਸਿੰਘ ਰਾਣਾ, ਬਲਪ੍ਰੀਤ ਸਿੰਘ ਪ੍ਰਿੰਸ, ਬਰਿੰਦਰ ਸਿੰਘ ਵਰਿੰਦਰ ਸਿੰਘ ਆਦਿ ਦੇ ਨਾਂਅ ਪ੍ਰਮੁੱਖ ਹਨ।

# ਪੰਜਾਬ ਸਿੱਖਿਆ ਕ੍ਰਾਂਤੀ ਪੇਰੈਂਟਸ ਵਰਕਸ਼ਾਪ 2.0 ਆਯੋਜਿਤ

## ਬੀ ਈ ਓ ਜਸਵਿੰਦਰ ਸਿੰਘ ਨੇ 'ਨੰਨ੍ਹੀ ਉਡਾਣ' ਮੈਗਜ਼ੀਨ ਕੀਤੀ ਰਿਲੀਜ਼

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਸਰਕਾਰੀ ਐਲੀਮੈਂਟਰੀ ਸਕੂਲ ਮੰਡੀ ਭਿੱਖੀਵਿੰਡ ਵਿੱਚ ਪੰਜਾਬ ਸਿੱਖਿਆ ਕ੍ਰਾਂਤੀ ਮਾਪਿਆਂ ਦੀ ਵਰਕਸ਼ਾਪ 2.0 ਕਰਵਾਈ ਗਈ।ਇਸ ਮੌਕੇ ਬਲਾਕ ਸਿੱਖਿਆ ਅਫ਼ਸਰ ਜਸਵਿੰਦਰ ਸਿੰਘ ਵੱਲੋਂ ਵਰਕਸ਼ਾਪ ਵਿੱਚ ਸ਼ਮੂਲੀਅਤ ਕੀਤੀ ਗਈ।ਉਨ੍ਹਾਂ ਵਰਕਸ਼ਾਪ ਦੇ ਉਦੇਸ਼ਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਸਿੱਖਿਆ ਕ੍ਰਾਂਤੀ ਮਾਪਿਆਂ ਦੀ ਵਰਕਸ਼ਾਪ 2.0 ਰਾਹੀਂ ਮਾਪਿਆਂ ਤੇ ਸਕੂਲ



ਵਿੱਚ ਵਧੀਆ ਤਾਲਮੇਲ ਬਣਾ ਕੇ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਵਾਉਣਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਥੋੜ੍ਹੇ ਸਮੇਂ ਵਿੱਚ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਸ਼ੁਰੂ ਹੋਣ ਜਾ ਰਹੀਆਂ ਹਨ ਤੇ ਇਹ ਉਹ ਸਮਾਂ ਹੈ ਜਦੋਂ ਵਿਦਿਆਰਥੀਆਂ ਨੂੰ ਨਾ ਸਿਰਫ਼ ਅਧਿਆਪਕਾਂ ਸਗੋਂ ਮਾਪਿਆਂ ਦੇ ਸਹਿਯੋਗ ਦੀ ਵੀ ਲੋੜ ਹੈ।ਉਨ੍ਹਾਂ ਕਿਹਾ ਕਿ ਇਸ ਵਰਕਸ਼ਾਪ ਵਿੱਚ ਮਾਪਿਆਂ ਤੇ ਅਧਿਆਪਕਾਂ ਵੱਲੋਂ ਪ੍ਰੀਖਿਆ ਤਿਆਰੀ ਦੀ ਸਮੀਖਿਆ, ਆਪਸੀ ਤਾਲਮੇਲ, ਵਿਦਿਆਰਥੀਆਂ ਦੀ ਸਿਹਤ, ਨਸ਼ਿਆਂ ਵਿਰੁੱਧ ਜਾਗਰੂਕਤਾ ਸਣੇ ਹੋਰ ਅਹਿਮ ਪਹਿਲੂਆਂ 'ਤੇ ਵਿਚਾਰ ਚਰਚਾ ਕੀਤੀ ਗਈ।ਉਨ੍ਹਾਂ ਵਰਕਸ਼ਾਪ ਵਿੱਚ ਪਹੁੰਚੇ ਮਾਪਿਆਂ ਨੂੰ ਬੱਚਿਆਂ ਨੂੰ ਟੈਲੀਵਿਜ਼ਨ ਤੇ ਮੋਬਾਈਲ ਫੋਨ ਤੋਂ ਦੂਰ ਰੱਖ ਕੇ ਪੜ੍ਹਨ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ 'ਨੰਨ੍ਹੀ ਉਡਾਣ' ਮੈਗਜ਼ੀਨ ਵੀ ਰਿਲੀਜ਼ ਕੀਤਾ। ਇਸ ਮੌਕੇ ਸਕੂਲ ਮੁਖੀ ਮੈਡਮ ਸੁਨੀਤਾ ਰਾਣੀ ਨੇ ਵੀ ਮਾਪਿਆਂ ਨੂੰ ਸਕੂਲ ਨਾਲ ਵਧੀਆ ਤਾਲਮੇਲ ਬਣਾ ਕੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਆ।ਇਸ ਮੌਕੇ ਸਕੂਲ ਮੁਖੀ ਮੈਡਮ ਸੁਨੀਤਾ ਰਾਣੀ, ਮਾਸਟਰ ਨਿਰਮਲਜੀਤ ਸਿੰਘ, ਯਸ਼ਪਾਲ ਰਾਠੀ, ਮਨਦੀਪ ਸਿੰਘ, ਮੈਡਮ ਕੋਮਲ ਕੱਕੜ, ਅੰਮ੍ਰਿਤਪਾਲ ਕੌਰ, ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।

# ਕਾਮਰਸ ਵਿਭਾਗ ਨੇ ਸੈਮੀਨਾਰ ਕਰਵਾਇਆ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਮਹਿਤਾ ਦੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਪ੍ਰੈਕਟੀਕਲ ਜਾਣਕਾਰੀ ਵਧਾਉਣ ਲਈ ਸਟਾਕ ਐਕਸਚੇਂਜ ਅਤੇ ਮਿਊਚਲ ਫੰਡ ਵਿਸ਼ੇ 'ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ



ਗਿਆ।ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਰਥਿਕ ਬਾਜ਼ਾਰ ਦੀ ਕਾਰਗੁਜ਼ਾਰੀ, ਨਿਵੇਸ਼ ਦੇ ਢੰਗ ਅਤੇ ਵਿੱਤੀ ਯੋਜਨਾ ਬਾਰੇ ਸਹੀ ਜਾਣਕਾਰੀ ਪ੍ਰਦਾਨ ਕਰਨ ਸੀ।ਪ੍ਰੋਗਰਾਮ ਵਿੱਚ ਫਾਇਨਾਂਸ ਦੇ ਖੇਤਰ ਨਾਲ ਜੁੜੇ ਮਾਹਿਰ ਰਿਟਾਇਰ ਪ੍ਰਿੰ. ਭਗਵੰਤ ਸਿੰਘ ਨੇ ਸਟਾਕ ਮਾਰਕੀਟ ਦੀ ਬੁਨਿਆਦੀ ਸਮਝ ਬਹੁਤ ਹੀ ਸਧਾਰਨ ਭਾਸ਼ਾ ਵਿੱਚ ਦਿੱਤੀ। ਵਿਦਿਆਰਥੀਆਂ ਨੇ ਬੜੀ ਦਿਲਚਸਪੀ ਨਾਲ ਪ੍ਰਸ਼ਨ ਪੁੱਛੇ ਅਤੇ ਚਰਚਾ ਵਿੱਚ ਭਾਗ ਲਿਆ।ਸੈਮੀਨਾਰ ਦੇ ਅੰਤ ਵਿੱਚ ਵਿਦਿਆਰਥੀਆਂ ਤੋਂ ਫੀਡਬੈਕ ਲਿਆ ।ਉਨ੍ਹਾਂ ਨੇ ਦੱਸਿਆ ਕਿ ਹੁਣ ਉਹ ਨਿਵੇਸ਼ ਬਾਰੇ ਹੋਰ ਸੁਚੇਤ ਹੋਏ ਹਨ ਅਤੇ ਭਵਿੱਖ ਵਿੱਚ ਵਿੱਤੀ ਫੈਸਲੇ ਸੋਚ-ਸਮਝ ਕੇ ਲੈਣਗੇ।ਕਾਲਜ ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਗਿਆਨਵਰਧਕ ਪ੍ਰੋਗਰਾਮ ਅੱਗੇ ਵੀ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਜਾਣਕਾਰੀ ਵੀ ਮਿਲ ਸਕੇ।ਇਸ ਮੌਕੇ ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ. ਡਾ.ਜਤਿੰਦਰ ਸ਼ਰਮਾ, ਸੁਖਦੇਵ ਸਿੰਘ, ਸੁਖਜੀਤ ਸਿੰਘ, ਮੈਡਮ ਕੁਲਦੀਪ ਕੌਰ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਦੇਸ਼-ਵਿਆਪੀ ਹੜਤਾਲ ਲਈ ਸਨਅਤੀ ਕਾਮਿਆਂ ਵੱਲੋਂ ਲਾਮਬੰਦੀ

**ਛੇਹਰਟਾ, (ਮਨੋਜ ਕੁਮਾਰ)**- ਸੀਟੂ ਤੇ ਏਟਕ ਵੱਲੋਂ ਸਾਂਝੇ ਤੌਰ 'ਤੇ ਬੱਕਰ ਮੰਡੀ ਤੇ ਭੱਲੇ ਵਾਲਾ ਖੂਹ ਇਲਾਕੇ ਵਿਚ ਸਨਅਤੀ ਕਾਮਿਆਂ ਦਾ ਇਕੱਠ ਕਾਮਰੇਡ ਵਿਜੇ ਕੁਮਾਰ ਤੇ ਕਾਮਰੇਡ ਸ਼ਮਸ਼ੇਰ ਸਿੰਘ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਏਟਕ ਦੇ ਸੂਬਾਈ ਆਗੂ ਅਮਰਜੀਤ ਸਿੰਘ ਆਸਲ ਨੇ ਕੇਂਦਰ ਸਰਕਾਰ ਦੀਆਂ ਮਜ਼ਦੂਰ ਮਾਰੂ ਨੀਤੀਆਂ ਤੇ ਦੇਸ਼ ਵਿਆਪੀ ਹੜਤਾਲ ਦੀਆਂ ਮੰਗਾਂ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਲੇਬਰ ਐਕਟ ਨੂੰ ਤੋੜ ਕੇ ਮਜ਼ਦੂਰ ਮਾਰੂ 4 ਕੋਡ ਬਣਾ ਦਿੱਤੇ ਹਨ। ਇਨ੍ਹਾਂ ਕੋਡਾਂ ਨੂੰ ਲਾਗੂ ਕਰਕੇ ਮਜ਼ਦੂਰਾਂ ਦੀ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤੀ ਗਈ ਹੈ ਤੇ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਦੇ ਹੱਕ ਤੋਂ ਵੀ ਵਾਂਝਿਆਂ ਕਰ ਦਿੱਤਾ ਗਿਆ ਹੈ। ਪੇਂਡੂ ਖੇਤਰ ਦੇ ਮਜ਼ਦੂਰਾਂ ਨੂੰ ਮਹੀਨੇ ਵਿਚ 100 ਦਿਨਾਂ ਦਾ ਕੰਮ ਮਿਲਦਾ ਸੀ, ਉਸ ਨੂੰ ਵੀ ਤੋੜ ਕੇ ਨਵਾਂ ਕਾਨੂੰਨ ਵਿਕਸਿਤ ਭਾਰਤ ਜੀ ਰਾਮ ਜੀ ਲਿਆਂਦਾ ਗਿਆ ਹੈ, ਜਿਸ ਅਧੀਨ 40 ਪ੍ਰਤੀਸ਼ਤ ਖਰਚਾ ਰਾਜਾਂ ਦੇ ਪਾ



ਦਿੱਤਾ ਗਿਆ ਹੈ, ਜਦ ਕਿ ਮਨਰੇਗਾ ਕਾਨੂੰਨ ਅਧੀਨ 90 ਪ੍ਰਤੀਸ਼ਤ ਹਿੱਸਾ ਸੈਂਟਰ ਵੱਲੋਂ ਦਿੱਤਾ ਜਾਂਦਾ ਸੀ। ਇਸੇ ਤਰ੍ਹਾਂ ਬਿਜਲੀ ਬਿੱਲ 2025 ਲਾਗੂ ਕਰਕੇ ਸਾਰੀ ਬਿਜਲੀ ਪ੍ਰਾਈਵੇਟ ਹੱਥਾਂ ਵਿਚ ਦੇ ਦਿੱਤੀ ਗਈ ਹੈ। ਸੀਡ ਬਿੱਲ 2025 ਵੀ ਲਿਆਂਦਾ ਗਿਆ ਹੈ, ਜੋ ਕਿ ਕਿਸਾਨਾਂ ਨੂੰ ਮਰਜ਼ੀ ਨਾਲ ਫ਼ਸਲ ਬੀਜਣ ਤੋਂ ਰੋਕੇਗਾ। ਅੰਮ੍ਰਿਤਸਰ ਟੈਕਸਟਾਈਲ ਕਾਮਿਆਂ ਨਾਲ ਮਿਹਨਤਾਨੇ ਬਾਰੇ ਸਮਝੌਤਾ 31 ਦਸੰਬਰ 2025 ਵਿਚ ਖਤਮ ਹੋ ਗਿਆ ਸੀ, ਨੂੰ ਦੁਬਾਰਾ ਵਧਾਉਣ ਲਈ ਸਮਝੌਤਾ ਜਲਦ ਕੀਤਾ ਜਾਣਾ ਚਾਹੀਦਾ ਹੈ। ਆਗੂਆਂ ਨੇ ਮਾਲਕਾਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮਜ਼ਦੂਰਾਂ ਦੀਆਂ ਤਨਖਾਹਾਂ ਵਿਚ ਵਾਧਾ ਕਰਨ ਲਈ ਤੁਰੰਤ ਜਥੇਬੰਦੀਆਂ ਨਾਲ ਸੰਪਰਕ ਨਾ ਕੀਤਾ ਗਿਆ ਤਾਂ ਮਜ਼ਦੂਰ 12 ਫਰਵਰੀ ਨੂੰ ਹੜਤਾਲ ਕਰਕੇ ਭੰਡਾਰੀ ਪੁਲ 'ਤੇ ਵੱਡਾ ਇਕੱਠ ਕਰਨਗੇ। ਉਨ੍ਹਾਂ ਕਿਹਾ ਕਿ 8 ਫਰਵਰੀ ਨੂੰ ਬਟਾਲਾ ਰੋਡ, 10 ਫਰਵਰੀ ਨੂੰ 22 ਨੰਬਰ ਫਾਟਕ ਇਲਾਕੇ ਵਿਚ ਵਿਸ਼ਾਲ ਮੀਟਿੰਗਾਂ ਕਰਕੇ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਇਆ ਜਾਵੇਗਾ। ਇਸ ਮੌਕੇ ਇਕੱਠ ਨੂੰ ਕਾਮਰੇਡ ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ, ਮੋਹਨ ਲਾਲ ਤੇ ਸ਼ਾਮ ਲਾਲ ਆਦਿ ਨੇ ਵੀ ਸੰਬੋਧਨ ਕੀਤਾ।

# ਬਿੱਟੂ ਅੱਗੇ ਰੱਖੀ ਰੇਲਵੇ ਲਾਈਨਾਂ 'ਤੇ ਪੁਲ ਬਣਾਉਣ ਦੀ ਮੰਗ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਅੰਮ੍ਰਿਤਸਰ ਫੇਰੀ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਡਾ. ਸੁਸ਼ੀਲ ਦੇਵਗਨ ਨੇ



ਹਲਕਾ ਪੱਛਮੀ ਦੀ ਟੀਮ ਨਾਲ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੇ ਕੇਂਦਰੀ ਰਾਜ ਮੰਤਰੀ ਨੂੰ ਹਲਕਾ ਪੱਛਮੀ ਦੀਆਂ ਰੇਲਵੇ ਨਾਲ ਸਬੰਧਤ ਮੁਸ਼ਕਲਾਂ ਤੋਂ ਜਾਣੂੰ ਕਰਵਾਇਆ। ਉਨ੍ਹਾਂ ਦੱਸਿਆ ਕਿ ਹਲਕਾ ਪੱਛਮੀ ਵਿਚ ਪੁਤਲੀਘਰ, ਕੋਟ ਖ਼ਾਲਸਾ, ਛੇਹਰਟਾ ਤੇ ਗੁਮਾਨਪੁਰਾ ਵਿਚ ਰੇਲ ਲਾਈਨਾਂ 'ਤੇ ਬਣੇ ਫਾਟਕਾਂ ਕਾਰਨ ਲੋਕਾਂ ਨੂੰ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਰੇਲਵੇ ਫਾਟਕ ਆਮਤੌਰ 'ਤੇ ਬੰਦ ਰਹਿੰਦੇ ਹਨ, ਜਿਸ ਕਾਰਨ ਸਕੂਲੀ ਬੱਚਿਆਂ ਨੂੰ ਲੈ ਕੇ ਜਾਣ ਵਾਲੀਆਂ ਵੈਨਾਂ, ਐਂਬੂਲੈਂਸਾਂ ਤੇ ਆਮ ਜਨਤਾ ਦੇ ਵਾਹਨਾਂ ਨੂੰ ਲੰਮਾ ਸਮਾਂ ਰੁਕਣਾ ਪੈਂਦਾ ਹੈ। ਇਨ੍ਹਾਂ ਵਿਚੋਂ ਕਈ ਫਾਟਕ ਤਾਂ ਅਹਿਮ ਬਾਜ਼ਾਰਾਂ ਵਿਚ ਪੈਂਦੇ ਹਨ, ਜਿਸ ਕਾਰਨ ਲੋਕ ਲੰਮਾ ਸਮਾਂ ਜਾਮ ਵਿਚ ਫਸੇ ਰਹਿੰਦੇ ਹਨ। ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਸਹੂਲਤ ਲਈ ਇਨ੍ਹਾਂ ਫਾਟਕਾਂ 'ਤੇ ਪੁਲ ਜਾਂ ਅੰਡਰਪਾਥ ਬਣਾਏ ਜਾਣ। ਕੇਂਦਰੀ ਮੰਤਰੀ ਨੇ ਉਨ੍ਹਾਂ ਦੀ ਗੱਲ ਬੜੇ ਧਿਆਨ ਨਾਲ ਸੁਣੀ, ਜਿਸ ਲਈ ਡਾ. ਸੁਸ਼ੀਲ ਦੇਵਗਨ ਨੇ ਰਵਨੀਤ ਬਿੱਟੂ ਦਾ ਧੰਨਵਾਦ ਕੀਤਾ। ਬਿੱਟੂ ਨੇ ਇਸ ਸਬੰਧੀ ਉਨ੍ਹਾਂ ਨੂੰ ਤੁਰੰਤ ਪੱਤਰ ਲਿਖ ਕੇ ਭੇਜਣ ਲਈ ਕਿਹਾ, ਤਾਂ ਜੋ ਇਸ ਸਬੰਧੀ ਕਾਰਵਾਈ ਸ਼ੁਰੂ ਕਰਵਾਈ ਜਾ ਸਕੇ। ਇਸ ਮੌਕੇ ਡਾ. ਦੇਵਗਨ ਨਾਲ ਪਵਨਦੀਪ ਸਿੰਘ, ਡਾ. ਦੁਰਗਾਦਾਸ, ਅਤੁਲ ਸ਼ਰਮਾ, ਵਿਸ਼ਾਲ ਸ਼ਰਮਾ, ਖੰਡਵਾਲਾ ਮੰਡਲ ਪ੍ਰਧਾਨ ਸੰਨੀ, ਵਿੱਕੀ ਗੀਕੋ ਤੇ ਸ਼ੇਖਰ ਵੀ ਮੌਜੂਦ ਸਨ।

# ਸ਼ੂਨਿਆ ਅਰੋੜਾ ਨੇ 'ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ-2026' 'ਚ ਕੀਤੀ ਨੁਮਾਇੰਦਗੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਯੂਨੀਵਰਸਿਟੀ ਅਧੀਨ ਬੀ. ਕਾਮ. ਦੀ ਵਿਦਿਆਰਥਣ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ 'ਚ



ਆਯੋਜਿਤ ਵੱਕਾਰੀ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2026' 'ਚ ਨੁਮਾਇੰਦਗੀ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਨੇ ਉਕਤ ਵਿਦਿਆਰਥਣ ਸ਼ੂਨਿਆ ਅਰੋੜਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਯੂਨੀਵਰਸਿਟੀ ਦੀ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਅਤੇ ਉਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2026' ਇਕ ਮਹੱਤਵਪੂਰਨ ਰਾਸ਼ਟਰੀ ਮੰਚ ਹੈ, ਜਿਸਦਾ ਉਦੇਸ਼ ਦੇਸ਼ ਦੇ ਨੌਜਵਾਨਾਂ ਨੂੰ ਅਗਵਾਈ, ਸ਼ਾਸਨ ਪ੍ਰਬੰਧ, ਨਵੀਨਤਾ ਅਤੇ ਸਮਾਵੇਸ਼ੀ ਵਿਕਾਸ ਵਰਗੇ ਵਿਸ਼ਿਆਂ 'ਤੇ ਅਰਥਪੂਰਨ ਚਰਚਾ 'ਚ ਸ਼ਾਮਿਲ ਕਰਨਾ ਹੈ ਤਾਂ ਜੋ ਇਕ ਪ੍ਰਗਤੀਸ਼ੀਲ ਅਤੇ ਆਤਮਨਿਰਭਰ ਭਾਰਤ ਦੀ ਰਚਨਾ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਸਮਾਗਮ 'ਚ ਦੇਸ਼ ਭਰ ਤੋਂ ਪ੍ਰਮੁੱਖ ਨੀਤੀ-ਨਿਰਧਾਰਕ, ਵਿਦਵਾਨ, ਉਦਯੋਗ ਜਗਤ ਦੇ ਨੇਤਾਵਾਂ ਅਤੇ ਨੌਜਵਾਨ ਪ੍ਰਤੀਨਿਧੀਆਂ ਨੇ ਹਿੱਸਾ ਲਿਆ।ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਵਿਦਿਆਰਥਣ ਦੀਆਂ ਉਪਲਬਧੀਆਂ ਸਬੰਧੀ ਜ਼ਿਕਰ ਕਰਦਿਆਂ ਕਿਹਾ ਕਿ ਸ਼ੂਨਿਆ ਅਰੋੜਾ ਨੇ ਯੁਵਾ ਲੀਡਰਸ਼ਿਪ, ਰਾਸ਼ਟਰ ਨਿਰਮਾਣ, ਟਿਕਾਊ ਵਿਕਾਸ ਅਤੇ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ 'ਚ ਨੌਜਵਾਨਾਂ ਦੀ ਭੂਮਿਕਾ 'ਤੇ ਕੇਂਦ੍ਰਿਤ ਵੱਖ-ਵੱਖ ਸੈਸ਼ਨਾਂ ਅਤੇ ਵਿਚਾਰ-ਵਟਾਂਦਰੇ 'ਚ ਸਰਗਰਮੀ ਨਾਲ ਹਿੱਸਾ ਲਿਆ ਹੈ।ਉਨ੍ਹਾਂ ਕਿਹਾ ਕਿ ਵਿਦਿਆਰਣ ਦੀ ਭਾਗੀਦਾਰੀ ਖਾਲਸਾ ਯੂਨੀਵਰਸਿਟੀ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਅਕਾਦਮਿਕ ਉਤਮਤਾ ਅਤੇ ਨੇਤ੍ਰਤਵ-ਕੇਂਦ੍ਰਿਤ ਮਾਹੌਲ ਨੂੰ ਦਰਸਾਉਂਦੀ ਹੈ।

# ਰਮਨ ਬਹਿਲ ਵੱਲੋਂ ਭੰਗਵਾਂ, ਹਸਨਪੁਰ ਤੇ ਹਰਦੋਛੰਨੀ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਗੁਰਦਾਸਪੁਰ, (ਜਨਕ ਮਹਾਜਨ)**- ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਵੱਲੋਂ ਗੁਰਦਾਸਪੁਰ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਪਿੰਡ ਭੰਗਵਾਂ, ਹਸਨਪੁਰ ਅਤੇ ਹਰਦੋਛੰਨੀ ਵਿਖੇ ਸੜਕ ਬਣਾਉਣ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਸਰਪੰਚ ਰਾਜੇਸ਼ ਕੁਮਾਰ, ਅਸ਼ਵਨੀ ਕੁਮਾਰ ਸਮੇਤ ਪਿੰਡ ਵਾਸੀ ਮੌਜੂਦ ਸਨ। ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਗੁਰਦਾਸਪੁਰ ਅੰਦਰ ਕਰੋੜਾਂ ਰੁਪਏ



ਦੀ ਲਾਗਤ ਨਾਲ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਵੱਖ-ਵੱਖ ਵਿਕਾਸ ਕਾਰਜ ਜਾਰੀ ਹਨ। ਉਨ੍ਹਾਂ ਦੱਸਿਆ ਕਿ ਪੰਡੋਰੀ ਤੋਂ ਪਿੰਡ ਭੰਗਵਾਂ ਤੱਕ ਸੜਕ ਬਣਾਉਣ ਦਾ ਕੰਮ 47 ਲੱਖ ਰੁਪਏ ਦੀ ਲਾਗਤ ਨਾਲ ਜਾਰੀ ਹੈ ਅਤੇ ਪਿੰਡ ਭੰਗਵਾਂ ਵਿਖੇ ਈਸਾਈ ਭਾਈਚਾਰੇ ਦੇ ਘਰਾਂ ਨੂੰ ਜਾਂਦੀ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਿਆ ਹੈ, ਜਿਸ 'ਤੇ 6 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਦੱਸਿਆ ਇਸ ਤੋਂ ਇਲਾਵਾ ਪਿੰਡ ਹਸਨਪੁਰ ਵਿਖੇ 11 ਲੱਖ ਰੁਪਏ ਅਤੇ ਪਿੰਡ ਹਰਦੋਛੰਨੀ ਵਿਖੇ 9.50 ਲੱਖ ਰੁਪਏ ਦੀ ਲਾਗਤ ਨਾਲ ਸੜਕ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ ਹਨ ਅਤੇ ਪੀਡਬਲਿਊਡੀ ਵਿਭਾਗ ਵਲੋਂ ਨਿਯਮਿਤ ਸਮੇਂ ਅੰਦਰ ਵਿਕਾਸ ਕਾਰਜ ਨੇਪਰੇ ਚਾੜ੍ਹੇ ਜਾਣਗੇ। ਰਮਨ ਬਹਿਲ ਨੇ ਕਿਹਾ ਕਿ ਉਹ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਵਚਨਬੱਧ ਹਨ ਅਤੇ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

ਨਵਾਂ ਜ਼ਮਾਨਾ
ਸੋਮਵਾਰ, 9 ਫਰਵਰੀ 2026

# ਪੌਣੇ ਤੋਂ ਵੱਧ ਜੱਜ ਉੱਚ ਵਰਗਾਂ 'ਚੋਂ!

*ਨਰਿੰਦਰ ਮੋਦੀ ਖੁਦ ਨੂੰ ਪੱਛੜੀ ਜਾਤੀ ਦਾ ਦੱਸਦੇ ਹਨ, ਪਰ ਉਨ੍ਹਾਂ ਦੇ ਪ੍ਰਧਾਨ ਮੰਤਰੀ ਬਣਨ ਦੇ ਬਾਵਜੂਦ ਪੱਛੜੀਆਂ ਜਾਤਾਂ ਦੀ ਸਥਿਤੀ ਵਿੱਚ ਸੁਧਾਰ ਨਹੀਂ ਹੋਇਆ। ਉਨ੍ਹਾ ਦੀ ਸਰਕਾਰ ਦੇ ਸੰਸਦੀ ਮਾਮਲਿਆਂ ਦੇ ਰਾਜ ਮੰਤਰੀ (ਆਜ਼ਾਦ ਚਾਰਜ) ਅਰਜੁਨ ਮੇਘਵਾਲ ਨੇ ਬੀਤੇ ਦਿਨੀਂ ਡੀ ਐੱਮ ਕੇ ਸਾਂਸਦ ਪੀ ਵਿਲਸਨ ਦੇ ਇੱਕ ਸਵਾਲ ਦੇ ਜਵਾਬ 'ਚ ਰਾਜ ਸਭਾ ਨੂੰ ਜਾਣਕਾਰੀ ਦਿੱਤੀ ਕਿ 2021 ਤੋਂ ਜਨਵਰੀ 2026 ਤੱਕ ਦੇਸ਼-ਭਰ ਦੀਆਂ ਹਾਈ ਕੋਰਟਾਂ ਵਿੱਚ 593 ਜੱਜਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਸਿਰਫ 26 ਅਨੁਸੂਚਿਤ ਜਾਤੀ, 14 ਜਨਜਾਤੀ ਤੇ 80 ਓ ਬੀ ਸੀ ਦੇ ਹਨ। ਇਸ ਮਿਆਦ ਦੌਰਾਨ ਹਾਈ ਕੋਰਟਾਂ ਵਿੱਚ 37 ਘੱਟਗਿਣਤੀ ਵਰਗ ਦੇ ਅਤੇ 96 ਮਹਿਲਾ ਜੱਜ ਨਿਯੁਕਤ ਕੀਤੇ ਗਏ। ਮੰਤਰੀ ਨੇ ਦਾਅਵਾ ਕੀਤਾ ਕਿ ਸਰਕਾਰ ਨਿਆਂਪਾਲਿਕਾ ਵਿੱਚ ਸਮਾਜੀ ਵਿਵਧਤਾ ਵਧਾਉਣ ਲਈ ਪ੍ਰਤੀਬੱਧ ਹੈ। ਸਰਕਾਰ ਹਾਈ ਕੋਰਟਾਂ ਦੇ ਮੁੱਖ ਜੱਜਾਂ ਨੂੰ ਬੇਨਤੀ ਕਰਦੀ ਰਹਿੰਦੀ ਹੈ ਕਿ ਜੱਜਾਂ ਦੀ ਨਿਯੁਕਤੀ ਲਈ ਨਾਂਅ ਘੱਲਣ ਵੇਲੇ ਅਨੁਸੂਚਿਤ ਜਾਤੀ, ਅਨੁਸੂਚਿਤ ਜਨਜਾਤੀ, ਓ ਬੀ ਸੀ, ਘੱਟਗਿਣਤੀ ਤੇ ਮਹਿਲਾਵਾਂ ਨਾਲ ਜੁੜੇ ਯੋਗ ਉਮੀਦਵਾਰਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇ, ਤਾਂ ਕਿ ਨਿਆਂਪਾਲਿਕਾ ਵਿੱਚ ਬਿਹਤਰ ਸਮਾਜੀ ਸੰਤੁਲਨ ਬਣ ਸਕੇ।*

*ਸਾਡੇ ਸੰਵਿਧਾਨ ਦੇ 76ਵੇਂ ਵਰ੍ਹੇ ਵਿੱਚ ਦਾਖਲ ਹੋ ਜਾਣ ਦੇ ਬਾਵਜੂਦ ਹਾਈ ਕੋਰਟਾਂ ਦੇ ਜੱਜਾਂ ਦੀ ਸੰਰਚਨਾ ਵਿੱਚ ਚਿੰਤਾਜਨਕ ਰੁਝਾਨ ਬਰਕਰਾਰ ਹੈ, ਜਿਸ ਵਿੱਚ ਸਮਾਜ ਦੇ ਵਿਭਿੰਨ ਵਰਗਾਂ ਦੀ ਨੁਮਾਇੰਦਗੀ ਘਟ ਰਹੀ ਹੈ। ਹਾਈ ਕੋਰਟਾਂ ਵਿੱਚ ਵਿਵਧਤਾ ਦੀ ਵਰਨਣਯੋਗ ਕਮੀ ਹੈ, ਜੋ ਭਾਰਤ ਦੇ ਅਦਭੁੱਤ ਰੂਪ ਨਾਲ ਵਿਵਧ ਤੇ ਬਹੁਲਵਾਦੀ ਸਮਾਜ ਨੂੰ ਪ੍ਰਤੀਬਿੰਬਤ ਨਹੀਂ ਕਰਦੀ। ਹਾਈ ਕੋਰਟ ਦੇ ਜੱਜਾਂ ਦੀ ਨਿਯੁਕਤੀ ਪ੍ਰਕਿਰਿਆ ਵਿੱਚ ਸਪੱਸ਼ਟ ਵਿਤਕਰਾ ਦਿਖਾਈ ਦਿੰਦਾ ਹੈ। 2018 ਤੋਂ 30 ਅਕਤੂਬਰ 2024 ਤੱਕ ਹਾਈ ਕੋਰਟਾਂ ਵਿੱਚ ਅਨੁਸੂਚਿਤ ਜਾਤੀ ਦੇ ਜੱਜਾਂ ਦਾ ਪ੍ਰਤੀਸ਼ਤ 3.07 (21 ਜੱਜ) ਸੀ, ਅਨੁਸੂਚਿਤ ਜਨਜਾਤੀ ਦਾ 2.05 (14), ਓ ਬੀ ਸੀ ਦਾ 11.99 (82) ਤੇ ਬਾਕੀ 82.89 (567) ਸੀ। ਇੱਥੋਂ ਸੰਕੇਤ ਮਿਲਦਾ ਹੈ ਕਿ ਦਲਿਤਾਂ ਦੇ ਅਧਿਕਾਰਾਂ ਦੀ ਢੁਕਵੀਂ ਰੱਖਿਆ ਨਹੀਂ ਕੀਤੀ ਜਾ ਰਹੀ। ਲੋਕਾਂ ਨੂੰ ਚਿੰਤਾ ਹੈ ਕਿ ਕੁਝ ਖਾਸ ਵਰਗਾਂ ਨਾਲ ਸੰਬੰਧਤ ਜੱਜਾਂ ਦਾ ਸਮੂਹ ਸਮਾਜ ਦੇ ਵਿਵਧ ਵਿਚਾਰਾਂ ਤੇ ਕਦਰਾਂ-ਕੀਮਤਾਂ ਨੂੰ ਪ੍ਰਤੀਬਿੰਬਤ ਨਹੀਂ ਕਰਦਾ, ਕਿਉਂਕਿ ਉਹ ਕਾਨੂੰਨ ਦੀ ਵਿਆਖਿਆ ਆਪਣੇ ਪਿਛੋਕੜ ਦੇ ਆਧਾਰ 'ਤੇ ਕਰਦੇ ਹਨ। ਇਸ ਲਈ ਵਧੇਰੇ ਵਿਵਧਤਾਪੂਰਨ ਨਿਆਂਪਾਲਿਕਾ ਬਹੁਤ ਜ਼ਰੂਰੀ ਹੈ, ਇਸ ਦੇ ਬਿਨਾਂ ਘੱਟ ਨੁਮਾਇੰਦਗੀ ਵਾਲੇ ਸਮੂਹਾਂ ਦੇ ਅਧਿਕਾਰ ਵਧੇਰੇ ਖਤਰੇ ਵਿੱਚ ਪੈ ਜਾਂਦੇ ਹਨ, ਜਿਸ ਨਾਲ ਭੇਦਭਾਵ ਪੈਦਾ ਹੋ ਸਕਦਾ ਹੈ। ਇਤਿਹਾਸਕ ਤੌਰ 'ਤੇ ਸ਼ੋਸ਼ਤ ਸਮੂਹਾਂ ਤੋਂ ਜੱਜਾਂ ਦੀ ਕਮੀ ਸਪੱਸ਼ਟ ਸੰਕੇਤ ਦਿੰਦੀ ਹੈ, ਇਹ ਯੋਗਤਾ ਦੀ ਕਮੀ ਜਾਂ ਅਣਉਪਲੱਬਧਤਾ ਕਾਰਨ ਨਹੀਂ, ਸਗੋਂ ਉਨ੍ਹਾਂ ਨਾਲ ਵਿਤਕਰਾ ਕਰਨ ਤੇ ਉਨ੍ਹਾਂ ਨੂੰ ਨਿਆਂਪਾਲਿਕਾ ਤੋਂ ਦੂਰ ਰੱਖਣ ਦਾ ਇੱਕ ਦ੍ਰਿੜ੍ਹ ਫੈਸਲਾ ਹੈ। ਹਾਈ ਕੋਰਟਾਂ ਤੇ ਸੁਪਰੀਮ ਕੋਰਟਾਂ ਦੇ ਜੱਜਾਂ ਦੀ ਨਿਯੁਕਤੀ ਵਿੱਚ ਓ ਬੀ ਸੀ/ਐੱਸ ਸੀ/ਐੱਸ ਟੀ ਨੂੰ ਅਨੁਪਾਤਕ ਨੁਮਾਇੰਦਗੀ ਦੇਣ ਲਈ ਸੰਵਿਧਾਨ ਸੋਧਣਾ ਚਾਹੀਦਾ ਹੈ।*

# ਹਿਪੋਕਰੇਟਸ, ਉਨ੍ਹਾਂ ਸਭ ਨੂੰ ਮੁਆਫ਼ ਕਰ ਦੇਵੀਂ!

**ਡਾ. ਜਸਬੀਰ ਸਿੰਘ ਔਲਖ**

ਪੁਰਾਤਨ ਯੂਨਾਨ ਨੇ ਦਰਸ਼ਨ ਦੇ ਖੇਤਰ ਸਮੇਤ ਜ਼ਿੰਦਗੀ ਦੇ ਕਈ ਖੇਤਰਾਂ ਵਿੱਚ ਵੱਡੀ ਦੇਣ ਦਿੱਤੀ ਹੈ। ਉਹਨਾ ਨੇ ਹੀ ਦੁਨੀਆਂ ਨੂੰ 'ਕੀ ਅਤੇ ਕਿਵੇਂ' ਨਾਲ ਸੋਚਣਾ ਸਿਖਾਇਆ। ਈਸਾ ਪੂਰਬ ਤੋਂ ਚਾਰ ਸੌ ਸੱਠ ਸਾਲ ਪਹਿਲਾਂ ਜਨਮੇ ਪ੍ਰਸਿੱਧ ਯੂਨਾਨੀ ਚਿਕਿਤਸਕ ਹਿਪੋਕਰੇਟਸ ਨੂੰ ਮੈਡੀਕਲ ਵਿਗਿਆਨ ਦਾ ਪਿਤਾਮਾ ਕਿਹਾ ਜਾਂਦਾ ਹੈ। ਉਸ ਨੇ ਡਾਕਟਰੀ ਪ੍ਰਣਾਲ਼ੀ ਨੂੰ ਕਰਾਮਾਤੀ ਚੁੰਗਲ਼ ਵਿੱਚੋਂ ਬਾਹਰ ਕੱਢ ਬਿਲਕੁੱਲ ਨਵੀਆਂ ਤਰਕੀਬਾਂ ਸੁਝਾਈਆਂ। ਉਸ ਦੇ ਭਾਸ਼ਨਾਂ ਅਤੇ ਲਿਖਤਾਂ ਨੂੰ 'ਕਾਰਪਸ ਹਿਪੋਕਰੇਟੀਕਮ' ਰਾਹੀਂ ਸੰਭਾਲਿਆ ਗਿਆ। ਉਸ ਦਾ ਕਥਨ, 'ਜਿੱਥੇ ਮਨੁੱਖਤਾ ਲਈ ਮੁਹੱਬਤ ਹੈ, ਉੱਥੇ ਇਲਾਜ ਕਰਨ ਦੀ ਵਿਧੀ ਕਲਾ ਨੂੰ ਵੀ ਮੁਹੱਬਤ ਹੋ ਜਾਂਦੀ ਹੈ' ਬਹੁਤ ਮਸ਼ਹੂਰ ਹੋਇਆ, ਪਰ ਜਿਸ ਗੱਲ ਲਈ ਹਿਪੋਕਰੇਟਸ ਨੂੰ ਸਭ ਤੋਂ ਵੱਧ ਯਾਦ ਕੀਤਾ ਜਾਂਦਾਂ ਹੈ, ਉਹ 'ਹਿਪੋਕਰੇਟਸ ਸਹੁੰ' ਹੈ, ਜਿਹੜੀ ਅੱਜ ਵੀ ਡਾਕਟਰੀ ਵਿਗਿਆਨ ਦੀ ਪੜ੍ਹਾਈ ਸ਼ੁਰੂ ਕਰਨ ਵੇਲੇ ਹਰ ਵਿਦਿਆਰਥੀ ਨੂੰ ਚੁਕਾਈ ਜਾਂਦੀ ਹੈ। ਇਹ ਇੱਕ ਕਿਸਮ ਦੀ ਪਵਿੱਤਰ ਰਸਮ ਹੁੰਦੀ ਹੈ, ਜਿਸ ਰਾਹੀਂ ਡਾਕਟਰੀ ਕਿੱਤੇ ਵਿੱਚ ਪੈਰ ਧਰਨ ਵਾਲਿਆਂ ਨੂੰ ਧਰਮ, ਨਸਲ, ਰੰਗ, ਸਾਮਾਜਕ ਰੁਤਬੇ, ਬੋਲੀ, ਵਿਚਾਰਧਾਰਕ ਵਖਰੇਵਿਆਂ ਨੂੰ ਤਿਆਗ ਕੇ ਸਮੁੱਚੀ ਮਨੁੱਖਤਾ ਦੀ ਸੇਵਾ ਵਿੱਚ ਸਮਰਪਤ ਹੋਣ ਦਾ ਸੰਕਲਪ ਦਵਾਇਆ ਜਾਂਦਾ ਹੈ। ਹਿਟਲਰ ਦੇ ਸਮੇਂ ਦੇ ਨਾਜ਼ੀ ਜਰਮਨੀ ਨੂੰ ਛੱਡ ਕੇ ਇਹ ਹਿਪੋਕਰੇਟਿਕ ਸਹੁੰ ਕੁੱਲ ਆਲਮ ਵਿੱਚ ਪ੍ਰਚਲਤ ਰਹੀ ਹੈ। ਹਿੰਦੁਸਤਾਨ ਵਿੱਚ 'ਇੰਡੀਅਨ ਮੈਡੀਕਲ ਕੌਂਸਲ (ਪ੍ਰੋਫੈਸ਼ਨਲ ਕੰਡਕਟ, ਐਟੀਕੁਈਟੀ ਐਂਡ ਐਥਿਕਸ) ਰੈਗੂਲੇਸ਼ਨ 2002 ਵੀ ਇਸੇ ਹਿਪੋਕਰੇਟਿਕ ਸਹੁੰ ਤੇ ਹੋਂਦ ਵਿੱਚ ਆਏ, ਜਿਹਨਾਂ ਰਾਹੀਂ ਹਰ ਐਲੋਪੈਥਿਕ ਮੈਡੀਕਲ ਪੇਸ਼ੇਵਰ ਨੂੰ ਉਸ ਦੀਆਂ ਪੇਸ਼ੇਵਾਰਾਨਾ ਜ਼ਿੰਮੇਵਾਰੀਆਂ ਵੀ ਦੱਸੀਆਂ ਗਈਆਂ ਹਨ। ਇਹਨਾਂ ਰੈਗੂਲੇਸ਼ਨ ਦੀ ਧਾਰਾ 7.5 ਤਹਿਤ ਕਿਸੇ ਵੀ ਧਾਰਮਿਕ ਆਧਾਰ 'ਤੇ ਵਿਤਕਰਾ ਕਰਨ ਨੂੰ ਪੇਸ਼ੇਵਾਰਾਨਾ ਦੁਰਵਿਹਾਰ ਦੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਹਰ ਐਲੋਪੈਥਿਕ ਮੈਡੀਕਲ ਪੇਸ਼ੇਵਰ ਨੂੰ ਸੰਬੰਧਤ ਰਾਜ ਦੀ ਮੈਡੀਕਲ ਕੌਂਸਲ ਕੋਲ ਰਜਿਸਟਰ ਹੋਣਾ ਪੈਂਦਾ ਹੈ। ਰਜਿਸਟ੍ਰੇਸ਼ਨ ਹੋਣ ਲਈ ਆਪਣੇ ਬੇਨਤੀ ਪੱਤਰ ਨਾਲ ਇੱਕ ਹਲਫ਼ੀਆ ਬਿਆਨ ਲਾਉਣਾ ਜ਼ਰੂਰੀ ਹੈ। ਇਸ ਬਿਆਨ ਹਲਫ਼ੀਆ ਦੇ ਨੁਕਤਾ ਨੰਬਰ ਚਾਰ ਵਿੱਚ ਲਿਖਿਆ ਹੈ-ਮੈਂ ਧਰਮ, ਕੌਮ, ਰੰਗ, ਨਸਲ, ਸਿਆਸੀ ਵਿਚਾਰਾਂ ਅਤੇ ਸਾਮਾਜਕ ਰੁਤਬੇ ਨੂੰ ਆਪਣੀ ਪੇਸ਼ੇਵਰ ਜ਼ਿੰਮੇਵਾਰੀ ਅਤੇ ਆਪਣੇ ਮਰੀਜ਼ ਦੇ ਵਿਚਕਾਰ ਨਹੀਂ ਆਉਣ ਦੇਵਾਂਗਾ/ਦੇਵਾਂਗੀ। ਕਿਸੇ ਵੀ ਰਾਜ ਦੀ ਮੈਡੀਕਲ ਕੌਂਸਲ ਕੋਲ ਰਾਜਾਂ ਦੀਆਂ ਮੈਡੀਕਲ ਕੌਂਸਲਾਂ ਨੂੰ ਕਿਸੇ ਵੀ ਗੈਰ-ਪੇਸ਼ੇਵਾਰਾਨਾ ਵਿਹਾਰ ਲਈ ਕਿਸੇ ਵੀ ਮੈਡੀਕਲ ਪੇਸ਼ੇਵਰ ਦੇ ਖਿਲਾਫ਼ ਕਾਰਵਾਈ ਕਰਨ ਦਾ ਅਖਤਿਆਰ ਦਿੱਤਾ ਗਿਆ ਹੈ ਕਿ ਉਹ ਦੋਸ਼ ਸਾਬਿਤ ਹੋਣ 'ਤੇ ਉਸ ਦੀ ਕੁਝ ਸਮੇਂ ਲਈ ਜਾਂ ਪੱਕੇ ਤੌਰ 'ਤੇ ਰਜਿਸਟ੍ਰੇਸ਼ਨ ਰੱਦ ਕਰ ਸਕਦੀ ਹੈ।

ਪੰਜਾਬ ਦੇ ਇਤਿਹਾਸ ਵਿੱਚ ਵੀ ਭਾਈ ਘਨੱਈਆ ਦੀ ਮਿਸਾਲ ਸਾਡੇ ਸਾਹਮਣੇ ਹੈ, ਜਦੋਂ ਉਹਨਾ ਆਪਣੇ ਅਤੇ ਦੁਸ਼ਮਣ ਸਿਪਾਹੀਆਂ ਨੂੰ ਪਾਣੀ ਵੀ ਪਿਲਾਇਆ ਅਤੇ ਮੱਲ੍ਹਮ-ਪੱਟੀ ਵੀ ਕੀਤੀ। ਭਾਈ ਘਨੱਈਆ ਦੀ ਇਸ ਮਨੁੱਖਾ ਸੋਚ ਦੀ ਗੁਰੂ ਗੋਬਿੰਦ ਸਿੰਘ ਜੀ ਨੇ ਵੀ ਪ੍ਰੋੜ੍ਹਤਾ ਕੀਤੀ ਸੀ। ਕਰੀਮਿਆ ਦੇ ਯੁੱਧ ਵਿੱਚ ਲਾਲਟੈਨ ਵਾਲੀ ਬੀਬੀ ਵਜੋਂ ਮਸ਼ਹੂਰ ਹੋਈ ਨਰਸਿੰਗ ਕਿੱਤੇ ਦੀ ਪਿਤਾਮਾ ਫਲੋਰੈਂਸ ਨਾਈਟਿੰਗੇਲ ਨੇ ਵੀ ਡਾਕਟਰੀ ਪੇਸ਼ੇ ਦੀਆਂ ਮਹਾਨ ਮਨੁੱਖੀ ਕਦਰਾਂ-ਕੀਮਤਾਂ ਦਾ ਪਰਚਮ ਉੱਚਾ ਕੀਤਾ ਸੀ।

ਜ਼ਰਾ ਸੋਚੋ ਕਿ ਜਦੋਂ ਐਲੋਪੈਥਿਕ ਡਾਕਟਰਾਂ ਨੂੰ ਤਾਂ ਉਪਰੋਕਤ ਸਹੁੰ ਅਤੇ ਰੈਗੂਲੇਸ਼ਨ ਅਧੀਨ ਕੰਮ ਕਰਨਾ ਜ਼ਰੂਰੀ ਹੈ, ਪਰ ਜੇਕਰ ਡਾਕਟਰੀ ਦੀ ਪੜ੍ਹਾਈ ਦੇ ਸ਼ੁਰੂ ਦੇ ਵਿੱਚ ਹੀ ਨਵੇਂ ਵਿਦਿਆਰਥੀਆਂ 'ਤੇ ਉਹਨਾਂ ਦੇ ਧਰਮ ਦੇ ਆਧਾਰ 'ਤੇ ਤਲਵਾਰ ਲਟਕਾ ਦਿੱਤੀ ਜਾਵੇ ਤਾਂ ਕੀ ਹਾਲਾਤ ਹੋਣਗੇ, ਪਰ ਇਹ ਸਾਡੇ ਸਮਿਆਂ ਦਾ ਕੌੜਾ ਸੱਚ ਹੈ, ਜਿਸ ਦੀ ਮਿਸਾਲ ਹਾਲੀਆ ਦਿਨਾਂ ਵਿੱਚ ਜੰਮੂ ਦੇ ਸ੍ਰੀ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ਼ ਮੈਡੀਕਲ ਐਕਸੀਲੈਂਸ ਦੇ ਦਾਖਲਿਆਂ ਦੇ ਸੰਬੰਧ ਵਿੱਚ ਵਾਪਰਿਆ ਘਟਨਾਕ੍ਰਮ ਹੈ। ਬੇਲਗਾਮ ਫਿਰਕੂ ਸਿਆਸਤ ਨੇ ਤਾਂ ਆਪਣਾ ਕੰਮ ਕਰਨਾ ਹੀ ਹੈ, ਪਰ ਅਫ਼ਸੋਸ ਕਿ ਉਪਰੋਕਤ ਐਥੀਕਲ ਰੈਗੂਲੇਸ਼ਨ ਤਿਆਰ ਕਰਨ ਵਾਲੀ ਇੰਡੀਅਨ ਮੈਡੀਕਲ ਕੌਂਸਲ ਦੀ ਜਗ੍ਹਾ ਬਣਾਏ ਨੈਸ਼ਨਲ ਮੈਡੀਕਲ ਕਮਿਸ਼ਨ ਦਾ ਰੋਲ ਵੀ ਪੇਸ਼ੇਵਰ ਨਾਂਅ ਹੋ ਕੇ ਸਿਆਸੀ ਰਿਹਾ ਹੈ।

ਜੰਮੂ ਦੀ ਮਾਤਾ ਵੈਸ਼ਨੋ ਦੇਵੀ ਯੂਨੀਵਰਸਿਟੀ ਸਰਕਾਰੀ ਜ਼ਮੀਨ 'ਤੇ ਸਾਲ 1999 ਵਿੱਚ ਜੰਮੂ-ਕਸ਼ਮੀਰ ਵਿਧਾਨ ਸਭਾ ਵੱਲੋਂ ਪਾਸ ਕੀਤੇ ਇੱਕ ਬਿੱਲ ਨਾਲ ਹੋਂਦ ਵਿੱਚ ਆਈ ਸੀ। ਇਸੇ ਯੂਨੀਵਰਸਿਟੀ ਅਧੀਨ ਸ੍ਰੀ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ ਐਕਸੀਲੈਂਸ ਨਾਂਅ ਦਾ ਮੈਡੀਕਲ ਕਾਲਜ ਪਿਛਲੇ ਸਾਲ ਸ਼ੁਰੂ ਹੋਣਾ ਤਹਿ ਹੋਇਆ, ਜਿਸ ਦੀ ਮਾਨਤਾ ਨੈਸ਼ਨਲ ਮੈਡੀਕਲ ਕਮਿਸ਼ਨ ਨੇ ਪਿਛਲੀ ਸਤੰਬਰ ਵਿੱਚ ਆਪਣੀ ਟੀਮ ਦੁਆਰਾ ਕੀਤੀ ਚੈਕਿੰਗ ਤੋਂ ਬਾਅਦ ਦੇ ਦਿੱਤੀ ਸੀ। ਇਸ ਕਾਲਜ 'ਚ ਐੱਮ ਬੀ ਬੀ ਐੱਸ ਦੀਆਂ ਕੁੱਲ ਪੰਜਾਹ ਸੀਟਾਂ ਸਨ। ਰੂਲਾਂ ਮੁਤਾਬਕ ਨੀਟ ਦੇ ਦਾਖਲਾ ਇਮਤਿਹਾਨ ਵਿੱਚੋਂ ਪ੍ਰਾਪਤ ਕੀਤੇ ਅੰਕਾਂ ਦੇ ਆਧਾਰ 'ਤੇ ਪਚਾਸੀ ਪ੍ਰਤੀਸ਼ਤ ਸੀਟਾਂ ਰਾਜ ਦੇ ਕੋਟੇ ਵਿੱਚੋਂ ਭਰੀਆਂ ਗਈਆਂ ਅਤੇ ਬਾਕੀ ਪੰਦਰਾਂ ਪ੍ਰਤੀਸ਼ਤ ਆਲ ਇੰਡੀਆ ਕੋਟੇ ਵਿੱਚੋਂ। ਪਿਛਲੇ ਸਾਲ ਦਾਖਲਿਆਂ ਤੋਂ ਬਾਅਦ ਕਲਾਸਾਂ ਵੀ ਸ਼ੁਰੂ ਹੋ ਗਈਆਂ ਸਨ ਅਤੇ ਵਿਦਿਆਰਥੀਆਂ ਨੂੰ ਹੋਸਟਲ ਵੀ ਅਲਾਟ ਕਰ ਦਿੱਤੇ ਗਏ ਸਨ।ਇਹਨਾਂ ਪੰਜਾਹ ਵਿਦਿਆਰਥੀਆਂ ਵਿੱਚ 42 ਵਿਦਿਆਰਥੀ ਮੁਸਲਿਮ ਭਾਈਚਾਰੇ ਵਿੱਚੋਂ, 7 ਹਿੰਦੂ ਭਾਈਚਾਰੇ ਵਿੱਚੋਂ ਅਤੇ ਇੱਕ ਵਿਦਿਆਰਥੀ ਸਿੱਖ ਭਾਈਚਾਰੇ ਵਿੱਚੋਂ ਸੀ। ਇਹਨਾਂ ਸਾਰੇ ਵਿਦਿਆਰਥੀਆਂ ਦੇ ਦਾਖਲੇ ਨੀਟ ਇਮਤਿਹਾਨ ਵਿੱਚੋਂ ਪ੍ਰਾਪਤ ਕੀਤੇ ਅੰਕਾਂ ਦੇ ਆਧਾਰ 'ਤੇ ਤਿਆਰ ਹੋਈ ਮੈਰਿਟ ਦੇ ਆਧਾਰ 'ਤੇ ਹੋਏ ਸਨ। ਬੱਸ ਮੈਰਿਟ 'ਤੇ ਦਾਖਲ ਹੋਏ ਇਹਨਾਂ ਬਹੁਗਿਣਤੀ ਵਿਦਿਆਰਥੀਆਂ ਦਾ ਮਜ਼ਹਬ ਹੀ ਜੰਮੂ ਦੀ ਨਫ਼ਰਤੀ ਸਿਆਸਤ ਨੂੰ ਰੜਕਣ ਲੱਗਾ। ਐਕਸ਼ਨ ਕਮੇਟੀ ਦਾ ਗਠਨ ਕਰ ਮੰਗ ਉਠਾ ਦਿੱਤੀ ਗਈ ਕਿ ਕਿਉਂਕਿ ਮੈਡੀਕਲ ਕਾਲਜ ਮਾਤਾ ਵੈਸ਼ਨੋ ਦੇਵੀ ਦੇ ਨਾਂਅ 'ਤੇ ਹੈ, ਇੱਥੇ ਸਿਰਫ਼ ਤੇ ਸਿਰਫ਼ ਹਿੰਦੂ ਵਿਦਿਆਰਥੀ ਹੀ ਦਾਖਲ ਕੀਤੇ ਜਾਣ ਅਤੇ ਮੁਸਲਿਮ ਵਿਦਿਆਰਥੀਆਂ ਨੂੰ ਇੱਥੋਂ ਕੱਢਿਆ ਜਾਵੇ। ਇਸ ਤੋਂ ਪਹਿਲਾਂ ਇਸ ਸੰਬੰਧੀ ਨੈਸ਼ਨਲ ਮੈਡੀਕਲ ਕਮਿਸ਼ਨ ਅਤੇ ਕੇਂਦਰੀ ਸਿਹਤ ਮੰਤਰਾਲੇ ਨੇ ਇਸ ਸੰਬੰਧੀ ਆਈਆਂ ਅਰਜ਼ੀਆਂ ਨੂੰ ਖਾਰਜ ਕਰ ਦਿੱਤਾ ਸੀ। ਇਸ ਮੈਡੀਕਲ ਕਾਲਜ ਨੂੰ ਡੀਮਡ ਯੂਨੀਵਰਸਿਟੀ ਬਣਾਉਣ ਦੀਆਂ ਕੋਸ਼ਿਸ਼ਾਂ ਵੀ ਕਾਮਯਾਬ ਨਾ ਹੋ ਸਕੀਆਂ, ਕਿਉਂਕਿ ਡੀਮਡ ਯੂਨੀਵਰਸਿਟੀ ਬਣਾਉਣ ਲਈ ਪੰਜ ਫੈਕਲਟੀਆਂ ਦਾ ਹੋਣਾ ਜ਼ਰੂਰੀ ਹੈ, ਜਿਹੜੀਆਂ ਕਿ ਇਸ ਕੋਲ ਨਹੀਂ ਸਨ।

ਜਦੋਂ ਦੇਖਿਆ ਗਿਆ ਕਿ ਨਿਯਮ ਮੁਸਲਿਮ ਵਿਦਿਆਰਥੀਆਂ ਨੂੰ ਇੱਥੋਂ ਕੱਢਣ ਦੀ ਇਜਾਜ਼ਤ ਨਹੀਂ ਦਿੰਦੇ ਤਾਂ ਟੇਢਾ ਤਰੀਕਾ ਅਪਣਾਇਆ ਗਿਆ। ਨੈਸ਼ਨਲ ਮੈਡੀਕਲ ਕਮਿਸ਼ਨ ਕੋਲ ਸਿਰਫ਼ ਦੋ ਹਫ਼ਤਿਆਂ ਵਿੱਚ ਹੀ 'ਬਹੁਤ ਹੀ ਗੰਭੀਰ ਸ਼ਿਕਾਇਤਾਂ' ਦੇ ਅੰਬਾਰ ਲੱਗ ਗਏ ਕਿ ਇਸ ਮੈਡੀਕਲ ਕਾਲਜ ਕੋਲ ਕਲੀਨੀਕਲ ਮੈਟਰੀਅਲ, ਇਨਫਰਾਸਟਰਕਚਰ, ਯੋਗ ਟੀਚਿੰਗ ਸਟਾਫ਼, ਰੈਜ਼ੀਡੈਂਟ ਡਾਕਟਰਾਂ ਦੀ ਬਹੁਤ ਜ਼ਿਆਦਾ ਕਮੀ ਹੈ। ਨੈਸ਼ਨਲ ਮੈਡੀਕਲ ਕਮਿਸ਼ਨ ਨੇ ਫੁਰਤੀ ਨਾਲ ਆਪਣੇ ਮੈਡੀਕਲ ਅਸੈੱਸਮੈਂਟ ਐਂਡ ਰੇਟਿੰਗ ਬੋਰਡ ਨੂੰ ਸਿਰਫ਼ ਪੰਦਰਾਂ ਮਿੰਟ ਦੇ ਨੋਟਿਸ 'ਤੇ ਦੋ ਜਨਵਰੀ ਨੂੰ ਦੁਬਾਰਾ ਚੈਕਿੰਗ ਲਈ ਭੇਜ ਦਿੱਤਾ, ਜਿਸ ਨੇ ਸ਼ਿਕਾਇਤਾਂ ਵਿੱਚ ਲਗਾਏ ਦੋਸ਼ਾਂ ਨੂੰ ਸਹੀ ਮੰਨਦੇ ਹੋਏ ਸ੍ਰੀ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ ਮੈਡੀਕਲ ਐਕਸੀਲੈਂਸ ਨੂੰ ਐੱਮ ਬੀ ਬੀ ਸੀ ਦੀ ਪੜ੍ਹਾਈ ਦੇ ਅਯੋਗ ਕਰਾਰ ਦੇ ਦਿੱਤਾ ਅਤੇ ਨੈਸ਼ਨਲ ਮੈਡੀਕਲ ਕਮਿਸ਼ਨ ਨੇ ਕਾਲਜ ਨੂੰ ਬਗੈਰ ਕੋਈ ਨੋਟਿਸ ਦਿੱਤਿਆਂ ਅਤੇ ਆਪਣੇ ਬਚਾਅ ਵਿੱਚ ਕੋਈ ਦਲੀਲ ਸੁਣੇ ਬਿਨਾਂ ਹੀ ਇਸ ਮੈਡੀਕਲ ਕਾਲਜ ਦੀ ਸੈਸ਼ਨ ਦੇ ਵਿਚਕਾਰ ਹੀ ਛੇ ਜਨਵਰੀ ਨੂੰ ਮਾਨਤਾ ਰੱਦ ਕਰਕੇ ਵਿਦਿਆਰਥੀਆਂ ਦੇ ਭਵਿੱਖ 'ਤੇ ਤਲਵਾਰ ਲਟਕਾ ਦਿੱਤੀ। ਨੈਸ਼ਨਲ ਮੈਡੀਕਲ ਕਮਿਸ਼ਨ ਦੀ ਤਾਜ਼ਾ ਰਿਪੋਰਟ ਅਨੁਸਾਰ ਸ੍ਰੀ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ ਮੈਡੀਕਲ ਐਕਸੀਲੈਂਸ ਕੋਲ 39 ਪ੍ਰਤੀਸ਼ਤ ਟੀਚਿੰਗ ਸਟਾਫ਼ ਦੀ ਕਮੀਂ ਹੈ, ਪੈਂਹਠ ਪ੍ਰਤੀਸ਼ਤ ਟਿਊਟਰਾਂ, ਡੈਮੋਨਸਿਟੇਟਰਾਂ ਅਤੇ ਸੀਨੀਅਰ ਰੈਜ਼ੀਡੈਂਟ ਦੀ ਕਮੀ ਹੈ, ਲੋੜੀਂਦੀ ਓ ਪੀ ਡੀ ਸਿਰਫ਼ ਪੰਜਾਹ ਪ੍ਰਤੀਸ਼ਤ ਹੈ, ਬੈੱਡ ਅਤੇ ਆਈ ਸੀ ਯੂ ਦੀ ਅਕੂਪੈਂਸੀਇਸ ਕ੍ਰਮਵਾਰ ਪੰਤਾਲੀ ਅਤੇ ਪੰਜਾਹ ਪ੍ਰਤੀਸ਼ਤ ਹੈ। ਬਾਕੀ ਕਮੀਆਂ ਵਿੱਚ ਕਿਹਾ ਗਿਆ ਹੈ ਕਿ ਪ੍ਰੈਕਟੀਕਲ ਅਤੇ ਖੋਜ ਲੈਬੋਰਟਰੀਆਂ ਕੁਝ ਵਿਭਾਗਾਂ ਵਿੱਚ ਮੌਜੂਦ ਨਹੀਂ ਸਨ ਅਤੇ ਲੈਕਚਰ ਥੀਏਟਰ ਘੱਟੋ-ਘੱਟ ਨਿਯਮਾਂ ਮੁਤਾਬਕ ਨਹੀਂ ਸਨ। ਲਾਇਬਰੇਰੀ ਵਿੱਚ ਕਿਤਾਬਾਂ ਦੀ ਗਿਣਤੀ ਲੋੜੀਂਦੀ ਗਿਣਤੀ ਤੋਂ ਪੰਜਾਹ ਪ੍ਰਤੀਸ਼ਤ ਘੱਟ ਸੀ ਅਤੇ ਮੈਡੀਕਲ ਰਸਾਲਿਆਂ ਦੀ ਗਿਣਤੀ ਲੋੜੀਂਦੇ ਪੰਦਰਾਂ ਦੀ ਬਜਾਏ ਸਿਰਫ਼ ਦੋ ਸਨ।

ਸਵਾਲ ਉੱਠਦਾ ਹੈ ਕਿ ਜਿਹੜੀ ਟੀਮ ਨੇ ਪਹਿਲਾਂ ਇੰਸਪੈਕਸ਼ਨ ਕੀਤੀ ਸੀ ਅਤੇ ਸਿਰਫ਼ ਚਾਰ ਮਹੀਨੇ ਪਹਿਲਾਂ ਹੀ ਨੈਸ਼ਨਲ ਮੈਡੀਕਲ ਕਮਿਸ਼ਨ ਵੱਲੋਂ ਇਸ ਮੈਡੀਕਲ ਕਾਲਜ ਨੂੰ ਮਾਨਤਾ ਦਿੱਤੀ ਗਈ ਸੀ ਕਿ ਉਸ ਟੀਮ ਨੇ ਆਪਣੀ ਡਿਊਟੀ ਸਹੀ ਤਰੀਕੇ ਨਾਲ ਨਹੀਂ ਨਿਭਾਈ ਅਤੇ ਗਲਤ ਰਿਪੋਰਟ ਦਾਖਲ ਕਰਵਾ ਦਿੱਤੀ। ਜੇਕਰ ਇਹ ਸੱਚ ਹੈ ਤਾਂ ਉਸ ਟੀਮ ਮੈਂਬਰਾਂ 'ਤੇ ਕੀ ਐਕਸ਼ਨ ਹੋਇਆ? ਜੇਕਰ ਉਸ ਟੀਮ ਦੀ ਵੀ ਰਿਪੋਰਟ ਸਹੀ ਸੀ ਤਾਂ ਨੈਸ਼ਨਲ ਮੈਡੀਕਲ ਕਮਿਸ਼ਨ ਦੀ ਪਹਿਲੀ ਅਤੇ ਦੂਸਰੀ ਰਿਪੋਰਟ ਦਰਮਿਆਨ ਹੀ ਕੀ ਇਸ ਕਾਲਜ ਦੇ ਪ੍ਰਬੰਧ ਦਾ ਭੱਠਾ ਬੈਠਾ ਦਿੱਤਾ ਗਿਆ ਕਿ ਹੁਣ ਇਹ ਐੱਮ ਬੀ ਬੀ ਐੱਸ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਕਰਵਾਉਣ ਦੇ ਯੋਗ ਹੀ ਨਹੀਂ ਰਿਹਾ ? ਜੇਕਰ ਇਹ ਸਚਾਈ ਹੈ ਤਾਂ ਇਸ ਮੈਡੀਕਲ ਕਾਲਜ ਅਤੇ ਇਸ ਦੀ ਯੂਨੀਵਰਸਿਟੀ ਦੀ ਪ੍ਰਬੰਧਕੀ ਟੀਮ, ਜਿਸ ਦੇ ਮੁੱਖੀ ਬਤੌਰ ਚਾਂਸਲਰ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਹਨ, ਜ਼ਿੰਮੇਵਾਰ ਨਹੀਂ ਹਨ? ਪਰ ਇਹਨਾਂ ਸਵਾਲਾਂ ਦੇ ਜਵਾਬ ਕੌਣ ਦੇਵੇਗਾ? ਇਹ ਤੱਥ ਵੀ ਕਾਬਲੇਗ਼ੌਰ ਹੈ ਕਿ ਸ੍ਰੀ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ ਮੈਡੀਕਲ ਐਕਸੀਲੈਂਸ ਦੀ ਪ੍ਰਬੰਧਕੀ ਟੀਮ ਨੇ ਮਾਨਤਾ ਰੱਦ ਹੋਣ ਖਿਲਾਫ਼ ਕਿਸੇ ਕਿਸਮ ਦੀ ਅਪੀਲ ਪਾਉਣ ਦਾ ਵੀ ਕੋਈ ਇਸ਼ਾਰਾ ਨਹੀਂ ਦਿੱਤਾ।

ਮੈਡੀਕਲ ਕਾਲਜ ਦੀ ਫੈਕਲਟੀ ਮੈਂਬਰਾਂ ਦੀ ਵੀ ਰਾਏ ਹੈ ਕਿ ਨੈਸ਼ਨਲ ਮੈਡੀਕਲ ਕਮਿਸ਼ਨ ਦੀ ਕਾਰਵਾਈ ਮੁਸਲਿਮ ਵਿਦਿਆਰਥੀਆਂ ਦੇ ਵਿਰੋਧ ਵਿੱਚੋਂ ਨਿਕਲੀ ਗੈਰ-ਪੇਸ਼ੇਵਾਰਾਨਾ ਕਾਰਵਾਈ ਹੈ। ਪਿਛਲੇ ਤਿੰਨ-ਚਾਰ ਮਹੀਨਿਆਂ ਦੀ ਪੜ੍ਹਾਈ ਦੌਰਾਨ ਨਾ ਤਾਂ ਇਸ ਮੈਡੀਕਲ ਕਾਲਜ ਦੀ ਫੈਕਲਟੀ ਅਤੇ ਨਾ ਹੀ ਹੋਸਟਲ ਵਿੱਚ ਰਹਿ ਰਹੇ ਵਿਦਿਆਰਥੀਆਂ ਵਿਚਕਾਰ ਕੋਈ ਸਮੱਸਿਆ ਆਈ, ਬਲਕਿ ਵਿਦਿਆਰਥੀ ਤਾਂ ਨਵੇਂ ਬਣੇ ਦੋਸਤਾਂ ਦੇ ਵਿਛੋੜੇ ਦੇ ਗਮ ਵਿੱਚ ਡੁੱਬੇ ਵਿਖਾਈ ਦਿੱਤੇ। ਟੀਚਿੰਗ ਫੈਕਲਟੀ ਅਤੇ ਵਿਦਿਆਰਥੀਆਂ ਮੁਤਾਬਕ ਪਿਛਲੇ ਮਹੀਨਿਆਂ ਦੌਰਾਨ ਇਸ ਮੈਡੀਕਲ ਕਾਲਜ ਦੇ ਅਕਾਦਮਿਕ ਮਾਹੌਲ ਵਿੱਚ ਕਿਸੇ ਦੇ ਵੀ ਧਾਰਮਿਕ ਅਕੀਦਿਆਂ ਬਾਰੇ ਕਦੇ ਕੋਈ ਗੱਲ ਹੀ ਨਹੀਂ ਹੋਈ। ਇੱਕ ਹੋਰ ਪਹਿਲੂ ਵੀ ਤਵੱਜੋ ਮੰਗਦਾ ਹੈ ਕਿ ਮੁਸਲਿਮ ਵਿਦਿਆਰਥੀਆਂ ਦੇ ਦਾਖਲੇ ਦਾ ਵਿਰੋਧ ਇਸ ਨੁਕਤੇ ਨਾਲ ਕੀਤਾ ਗਿਆ ਕਿ ਇਹ ਮੈਡੀਕਲ ਕਾਲਜ ਸਨਾਤਨ ਧਰਮ ਵਿੱਚ ਵਿਸ਼ਵਾਸ ਰੱਖਣ ਵਾਲੇ ਲੋਕਾਂ ਦੁਆਰਾ ਮਾਤਾ ਵੈਸ਼ਨੋ ਦੇਵੀ ਦੇ ਮੰਦਰ ਵਿੱਚ ਚੜ੍ਹਾਵੇ ਨਾਲ ਚੱਲਦਾ ਹੈ ਅਤੇ ਇਸ ਵਿੱਚ 'ਜਹਾਦੀਆਂ' ਦਾ ਦਾਖਲਾ ਕਿਉਂ ਹੋਵੇ, ਪਰ ਇਸ ਮੈਡੀਕਲ ਕਾਲਜ ਦੀ ਫੀਸ ਦਾਖਲ ਹੋਏ ਵਿਦਿਆਰਥੀਆਂ ਨੇ ਪੰਜ ਲੱਖ ਭਰੀ ਹੈ, ਜਿਹੜੀ ਜੰਮੂ-ਕਸ਼ਮੀਰ ਦੇ ਸਰਕਾਰੀ ਮੈਡੀਕਲ ਕਾਲਜ ਜੰਮੂ, ਸਰਕਾਰੀ ਮੈਡੀਕਲ ਕਾਲਜ ਸ੍ਰੀਨਗਰ ਅਤੇ ਸ਼ੇਰੇ ਕਸ਼ਮੀਰ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਸ੍ਰੀਨਗਰ ਦੀਆਂ ਫੀਸਾਂ ਤੋਂ ਜ਼ਿਆਦਾ ਹੈ। ਇਸ ਤੋਂ ਇਲਾਵਾ ਜੰਮੂ-ਕਸ਼ਮੀਰ ਵਿੱਚ ਸਥਾਪਤ ਕਈ ਮੈਡੀਕਲ ਕਾਲਜਾਂ ਵਿੱਚ ਤਾਂ ਇਸ ਤੋਂ ਵੀ ਜ਼ਿਆਦਾ ਮਾੜਾ ਹਾਲ ਹੈ, ਜਿਹਨਾਂ ਦੀ ਮਾਨਤਾ ਸਦਾ ਕਾਇਮ ਰਹਿੰਦੀ ਹੈ।

ਡਾਕਟਰੀ ਕਿੱਤੇ ਨੂੰ ਧਰਮ ਨਾਲ ਜੋੜਨ ਦਾ ਵਰਤਾਰਾ ਸਿਰਫ਼ ਜੰਮੂ ਦੇ ਮੈਡੀਕਲ ਕਾਲਜ ਵਿੱਚ ਹੀ ਨਹੀਂ ਹੋਇਆ, ਬਲਕਿ ਡਾਕਟਰੀ ਪੇਸ਼ੇ ਦੇ ਕੁਝ ਮਾਹਿਰਾਂ ਵੱਲੋਂ ਵੀ ਮਰੀਜ਼ਾਂ ਨੂੰ ਧਰਮ ਦੇ ਆਧਾਰ ਤੇ ਨਿਕਾਰਣ ਦੀਆਂ ਕੁੱਝ ਘਟਨਾਵਾਂ ਪਿਛਲੇ ਸਮੇਂ ਵਿੱਚ ਵਾਪਰੀਆਂ ਹਨ। ਉੱਤਰ ਪ੍ਰਦੇਸ਼ ਦੇ ਜੌਨਪੁਰ ਜ਼ਿਲ੍ਹਾ ਹਸਪਤਾਲ ਵਿੱਚ ਜਣੇਪਾ ਕਰਵਾਉਣ ਆਈ ਇੱਕ ਮੁਸਲਿਮ ਗਰਭਵਤੀ ਔਰਤ ਨੇ ਅਕਤੂਬਰ 2025 ਵਿੱਚ ਇਹ ਦੋਸ਼ ਲਗਾਇਆ ਸੀ ਕਿ ਡਿਊਟੀ 'ਤੇ ਤਾਇਨਾਤ ਇੱਕ ਡਾਕਟਰ ਵੱਲੋਂ ਉਸ ਦੇ ਮੁਸਲਿਮ ਹੋਣ ਕਰਕੇ ਜਣੇਪਾ ਕਰਨ ਤੋਂ ਮਨ੍ਹਾ ਕਰ ਦਿੱਤਾ। ਰੌਲਾ ਪੈਣ ਤੋਂ ਬਾਅਦ ਭਾਵੇਂ ਮਾਮਲਾ ਦਬਾਅ ਦਿੱਤਾ ਗਿਆ, ਪਰ ਇਸ ਘਟਨਾ ਨੂੰ ਉਜਾਗਰ ਕਰਨ ਵਾਲੇ ਦੋ ਪੱਤਰਕਾਰਾਂ ਮਾਇੰਕ ਸ੍ਰੀਵਾਸਤਵਾ ਅਤੇ ਮੁਹੰਮਦ ਉਸਮਾਨ 'ਤੇ ਪੁਲਸ ਕੇਸ ਦਰਜ ਕਰਵਾ ਦਿੱਤਾ ਗਿਆ। ਇਸੇ ਤਰ੍ਹਾਂ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਦੋ ਦਿਨ ਬਾਅਦ ਕਲਕੱਤਾ ਦੇ ਇੱਕ ਗਾਇਨੀਕਾਲੋਜਿਸਟ ਨੇ ਵੀ ਇੱਕ ਗਰਭਵਤੀ ਔਰਤ ਨੂੰ ਮੁਸਲਿਮ ਹੋਣ ਕਰਕੇ ਇਲਾਜ਼ ਕਰਨ ਤੋਂ ਮਨ੍ਹਾ ਹੀ ਨਹੀਂ ਕੀਤਾ ਬਲਕਿ ਉਸਨੂੰ ਅੱਤਵਾਦੀ ਅਤੇ ਕਾਤਲ ਗਰਦਾਨਦੇ ਹੋਏ ਕਿਸੇ ਮਦਰੱਸੇ ਤੋਂ ਇਲਾਜ ਕਰਵਾਉਣ ਦੀ 'ਬਹੁ-ਮੁੱਲੀ ਰਾਏ' ਵੀ ਦੇ ਦਿੱਤੀ ਸੀ। ਪਹਿਲਗਾਮ ਤੋਂ ਬਾਅਦ ਹੀ ਡਾਕਟਰਾਂ ਦੇ ਇੱਕ ਵਟਸਐਪ ਗਰੁੱਪ ਵਿੱਚ ਡਾ. ਬੀ ਆਰ ਅੰਬੇਡਕਰ ਦੀ ਕਿਤਾਬ 'ਪਾਕਿਸਤਾਨ ਔਰ ਪਾਰਟੀਸ਼ਨ ਆਫ਼ ਇੰਡੀਆ' ਦੇ ਪੰਨਾ ਨੰਬਰ 123, 125, 231, 234, 294, 297, 303 ਅਤੇ 332 ਦਾ ਜ਼ਿਕਰ ਕਰਕੇ ਪੋਸਟ ਪਾਈ ਗਈ ਕਿ ਇਹਨਾਂ ਪੰਨਿਆਂ 'ਤੇ ਡਾ. ਬੀ ਆਰ ਅੰਬੇਡਕਰ ਨੇ ਮੁਸਲਮਾਨਾਂ ਬਾਰੇ ਬਹੁਤ ਮਾੜਾ ਲਿਖਿਆ ਹੋਇਆ ਹੈ, ਦੋ ਕਿ ਸਰਾਸਰ ਝੂਠ ਸੀ।

ਬੱਸ ਇਹਨਾਂ ਘਟਨਾਵਾਂ 'ਤੇ ਹੈਰਾਨ ਵੀ ਨਾ ਹੋਣਾ, ਉਦਾਸ ਵੀ ਨਾ ਹੋਣਾ, ਸਿਰਫ਼ ਹਿਪੋਕਰੇਟਸ ਨੂੰ ਬੇਨਤੀ ਕਰਨੀ ਕਿ ਉਹ ਇਹਨਾਂ ਸਭ ਵਰਤਾਰਿਆਂ ਨੂੰ ਮੁਆਫ਼ ਕਰ ਦੇਵੇ।

ਸੰਪਰਕ -98728-44163

# 'ਵਿਕਸਤ ਭਾਰਤ-ਜੀ ਰਾਮ ਜੀ' ਵੋਟਾਂ ਲਈ ਵਰਤਿਆ ਜਾਵੇਗਾ

**ਪਿਰਥੀਪਾਲ ਸਿੰਘ ਮਾੜੀਮੇਘਾ**

ਰਾਸ਼ਟਰੀ ਪੇਂਡੂ ਰੁਜ਼ਗਾਰ ਗਾਰੰਟੀ ਕਾਨੂੰਨ (ਨਰੇਗਾ) ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੇ ਪੇਂਡੂ ਵਿਕਾਸ ਮੰਤਰੀ ਰਘੂਵੰਸ਼ ਪ੍ਰਸਾਦ ਨੇ ਕਮਿਊਨਿਸਟਾਂ ਦੇ 61 ਲੋਕ ਸਭਾ ਦੇ ਮੈਂਬਰਾਂ ਦੀ ਹਮਾਇਤ ਨਾਲ 5 ਸਤੰਬਰ 2005 ਨੂੰ ਪਾਰਲੀਮੈਂਟ ਵਿੱਚ ਪਾਸ ਕਰਾਇਆ ਸੀ। ਇਹ ਕਾਨੂੰਨ 2 ਫਰਵਰੀ 2006 ਨੂੰ ਹਿੰਦੁਸਤਾਨ ਦੇ 200/, 2007 ਵਿੱਚ 330/ ਅਤੇ ਪਹਿਲੀ ਅਪ੍ਰੈਲ 2008 ਤੋਂ ਹਿੰਦ ਦੇ ਸਾਰੇ 625 ਜ਼ਿਲ੍ਹਿਆਂ ਵਿੱਚ ਲਾਗੂ ਹੋ ਗਿਆ। ਇਸ ਕਾਨੂੰਨ ਮੁਤਾਬਕ ਨਰੇਗਾ ਕਾਮੇ ਨੂੰ ਪਿੰਡ ਦੇ ਇਰਦ-ਗਿਰਦ ਪੰਜ ਕਿਲੋਮੀਟਰ ਦੇ ਘੇਰੇ ਵਿੱਚ ਕੰਮ ਮਿਲਦਾ ਹੈ। ਨਰੇਗਾ ਕਾਨੂੰਨ ਦੇ ਨਾਂਅ ਨਾਲ 2009 ਵਿੱਚ ਮਹਾਤਮਾ ਗਾਂਧੀ ਜੋੜ ਕੇ 'ਮਗਨਰੇਗਾ' ਬਣਾ ਦਿੱਤਾ ਗਿਆ।

ਨਰੇਗਾ ਦੇ ਕਾਨੂੰਨ ਅਧੀਨ ਕੰਮ ਕਰਨ ਲਈ ਜਾਬ ਕਾਰਡ ਬਣਾਉਣੇ ਪੈਂਦੇ ਹਨ। ਜਾਬ ਕਾਰਡ ਵਿੱਚ ਪਰਵਾਰ ਦੇ ਮੁਖੀ ਦੇ ਨਾਮ ਨਾਲ ਪ੍ਰਵਾਰ ਦੇ ਬਾਕੀ ਕੰਮ ਕਰਨ ਯੋਗ ਜੀਆਂ ਦੇ ਨਾਂਅ ਭਰੇ ਜਾਂਦੇ ਹਨ। ਜਾਬ ਕਾਰਡ 'ਤੇ ਇੱਕ ਵਿਅਕਤੀ ਹੀ ਕੰਮ ਕਰ ਸਕਦਾ ਹੈ। ਕਾਰਡ ਬਣਾਉਣ ਵੇਲੇ ਪਹਿਲਾਂ ਵੀ ਨਰੇਗਾ ਸੰਬੰਧਤ ਮੁਲਾਜ਼ਮਾਂ ਦੀ ਮੁੱਠੀ ਗਰਮ ਕਰਨੀ ਪੈਂਦੀ ਸੀ ਤੇ ਮੌਜੂਦਾ ਹਾਲਤ ਵਿੱਚ ਵੀ ਨਰੇਗਾ ਕਾਮਿਆਂ ਨੂੰ ਇਹੋ ਹੀ ਕੰਮ ਕਰਨਾ ਪੈਂਦਾ, ਭਾਵੇਂ ਇਸ ਸਮੇਂ ਆਨ ਲਾਈਨ ਜਾਬ ਕਾਰਡ ਬਣ ਸਕਦੇ ਹਨ, ਪਰ ਨਰੇਗਾ ਕਾਮੇ ਜ਼ਿਆਦਾਤਰ ਅਨਪੜ੍ਹ ਜਾਂ ਘੱਟ ਪੜ੍ਹੇ-ਲਿਖੇ ਹਨ, ਇਸ ਲਈ ਆਨ ਲਾਈਨ ਜਾਬ ਕਾਰਡ ਬਣਾਉਣੇ ਉਨ੍ਹਾਂ ਦੇ ਵੱਸ ਦੀ ਕਹਾਣੀ ਨਹੀਂ ਹੈ। ਨਰੇਗਾ ਕਾਮਿਆਂ ਦੀ 2025-26 ਵਿੱਚ ਦੇਸ਼ ਭਰ ਵਿੱਚ ਰਜਿਸਟਰਡ ਗਿਣਤੀ 27 ਕਰੋੜ 97 ਲੱਖ ਤੇ 98 ਹਜ਼ਾਰ ਹੈ। ਪੰਜਾਬ ਦੇ 23 ਜ਼ਿਲ੍ਹਿਆਂ ਦੀਆਂ ਪੰਚਾਇਤਾਂ ਅਧੀਨ ਰਜਿਸਟਰਡ ਨਰੇਗਾ ਕਾਮੇ ਕਰੀਬ 30 ਲੱਖ 29 ਹਜਾਰ ਹਨ, ਪਰ ਐਕਟਿਵ 15 ਲੱਖ ਦੇ ਲਗਭਗ ਹਨ।

ਇਸ ਕਾਨੂੰਨ ਤਹਿਤ ਪਿੰਡਾਂ ਦੀਆਂ ਔਰਤਾਂ, ਮਰਦ ਤੇ ਨੌਜਵਾਨ, ਜੋ 18 ਸਾਲ ਦੀ ਉਮਰ ਦੇ ਹੋ ਗਏ ਹਨ, ਉਹ ਕੰਮ ਲੈ ਸਕਦੇ ਹਨ। ਪਿੰਡਾਂ ਦੀਆਂ ਪੰਚਾਇਤਾਂ ਅਧੀਨ ਜਿਹੜਾ ਵੀ ਮਨੁੱਖ ਰਹਿੰਦਾ ਹੈ, ਉਹ ਸਾਲ ਵਿੱਚ 100 ਦਿਨ ਕੰਮ ਲੈਣ ਦਾ ਹੱਕਦਾਰ ਹੈ, ਭਾਵੇਂ ਉਹ ਕਿਸਾਨ, ਮਜ਼ਦੂਰ ਤੇ ਦੁਕਾਨਦਾਰ ਹੋਵੇ। ਕਾਨੂੰਨ ਤਹਿਤ ਸਾਰੇ ਨਰੇਗਾ ਕੰਮ ਵਿੱਚ ਇੱਕ ਤਿਹਾਈ ਔਰਤਾਂ ਦੀ ਸ਼ਮੂਲੀਅਤ ਜ਼ਰੂਰੀ ਹੈ। ਨਰੇਗਾ ਕੰਮਾਂ ਦੀ ਮੋਟੇ ਤੌਰ ਤੇ ਪਹਿਚਾਣ ਵੀ ਕੀਤੀ ਗਈ ਹੈ ਜਿਸ ਵਿੱਚ ਸੜਕ, ਤਲਾਬ, ਨਹਿਰਾਂ, ਛੱਪੜ, ਪਿੰਡਾਂ ਦੀਆਂ ਗਲੀਆਂ ਦੀ ਮੁਰੰਮਤ ਤੇ ਸਫਾਈ ਆਦਿ ਹਨ। ਜਾਣਕਾਰੀ ਲਈ ਪਾਣੀ ਵਾਲੀ ਥਾਂ 'ਤੇ ਮਸ਼ੀਨ ਦੀ ਵਰਤੋਂ ਜ਼ਰੂਰੀ ਸੀ। ਇਸ ਕਾਨੂੰਨ ਰਾਹੀਂ ਲੋਕਾਂ ਨੂੰ ਕੋਰੋਨਾ ਬਿਮਾਰੀ ਦੌਰਾਨ ਬਹੁਤ ਕੰਮ ਮਿਲਿਆ, ਕਿਉਂਕਿ ਕੋਰੋਨਾ ਬਿਮਾਰੀ ਕਰਕੇ ਇੱਕ ਵਾਰ ਹਿੰਦੁਸਤਾਨ ਦੇ ਕਾਰਖਾਨੇ ਬੰਦ ਹੋ ਗਏ ਸਨ।

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਹੁਣ ਇਸ ਕਾਨੂੰਨ ਦਾ ਨਾਂਅ ਬਦਲ ਕੇ ਵਿਕਸਤ ਭਾਰਤ-ਜੀ ਰਾਮ ਜੀ (ਵਿਕਸਤ ਭਾਰਤ ਗਾਰੰਟੀ ਫਾਰ ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ ਗ੍ਰਾਮੀਣ) 2025 ਬਣਾ ਦਿੱਤਾ ਹੈ। ਨਰੇਗਾ ਨਾਲੋਂ ਮਹਾਤਮਾ ਗਾਂਧੀ ਹੀ ਸਿਰਫ ਹਟਾਇਆ ਨਹੀਂ ਗਿਆ, ਅਸਲ ਵਿੱਚ ਮਨਰੇਗਾ ਦਾ ਸਰੂਪ ਹੀ ਬਦਲ ਦਿੱਤਾ ਗਿਆ ਹੈ। ਜੋ ਪੰਚਾਇਤਾਂ ਰਾਹੀਂ ਪਿੰਡਾਂ ਦਾ ਵਿਕਾਸ ਹੁੰਦਾ ਸੀ, ਉਹ ਰੋਕ ਦਿੱਤਾ ਗਿਆ ਹੈ। ਸਰਕਾਰ ਨੇ ਭੁਲੇਖਾ ਇਹ ਪਾਇਆ ਹੈ ਕਿ ਸਾਲ ਵਿੱਚ 100 ਦਿਨ ਦੀ ਥਾਂ 'ਤੇ 125/ ਦਿਨ ਕੰਮ ਦਿੱਤਾ ਜਾਵੇਗਾ।

ਵਧਾਏ ਹੋਏ ਦਿਨਾਂ ਦੇ ਓਹਲੇ ਵਿੱਚ ਕੀਤਾ ਇਹ ਗਿਆ ਹੈ ਕਿ ਕਾਨੂੰਨ ਦੀ ਧਾਰਾ 5(1) ਅਨੁਸਾਰ ਜਿਹੜੀ ਜਗ੍ਹਾ 'ਤੇ ਕੇਂਦਰ ਸਰਕਾਰ ਕੰਮ ਕਰਨ ਦਾ ਆਦੇਸ਼ ਦੇਵੇਗੀ, ਉਥੇ ਹੀ ਕੰਮ ਹੋਵੇਗਾ, ਭਾਵ ਕੇਂਦਰ ਸਰਕਾਰ ਆਪਣੀ ਮਰਜ਼ੀ ਨਾਲ ਕੰਮ ਕਰਨ ਵਾਲੇ ਪਿੰਡ ਤੇ ਥਾਵਾਂ ਚੁਣੇਗੀ। ਪੰਚਾਇਤਾਂ ਨੂੰ ਤਿੰਨਾਂ ਸ਼੍ਰੇਣੀਆਂ ਵਿੱਚ ਵੰਡਿਆ ਜਾਵੇਗਾ। ਕਿਸ ਪੰਚਾਇਤ ਵਿੱਚ ਕੀ ਕੰਮ ਚੱਲੇਗਾ, ਇਹ ਕੇਂਦਰ ਸਰਕਾਰ ਤਹਿ ਕਰੇਗੀ।ਨਰੇਗਾ ਕਾਨੂੰਨ ਤਹਿਤ ਪਹਿਲਾਂ ਹਰ ਪੇਂਡੂ ਪ੍ਰਵਾਰ ਨੂੰ ਘੱਟੋ-ਘੱਟ 100 ਦਿਨ ਕੰਮ ਦੀ ਗਾਰੰਟੀ ਸੀ, ਹੁਣ ਕੰਮ ਦੀ ਕੋਈ ਗਾਰੰਟੀ ਨਹੀਂ। ਪਹਿਲਾਂ ਨਰੇਗਾ ਕਾਨੂੰਨ ਅਧੀਨ ਸਾਰੇ ਸਾਲ ਵਿੱਚ ਜਦੋਂ ਮਰਜ਼ੀ ਕੰਮ ਲਿਆ ਜਾ ਸਕਦਾ ਸੀ, ਹੁਣ ਫਸਲਾਂ ਦੀ ਬਿਜਾਈ ਤੇ ਕਟਾਈ ਵੇਲੇ ਭਾਵ 60 ਦਿਨਾਂ ਵਿੱਚ ਕੰਮ ਨਹੀਂ ਮਿਲੇਗਾ। ਨਰੇਗਾ ਕਾਨੂੰਨ ਵਿੱਚ ਉਮਰ ਦੀ ਕੋਈ ਉਪਰਲੀ ਹੱਦ ਨਾ ਹੋਣ ਕਰਕੇ ਵਡੇਰੀ ਉਮਰ ਵਾਲੇ ਨਰੇਗਾ ਕਾਮੇ ਫਸਲਾਂ ਬੀਜਣ ਤੇ ਕਟਾਈ ਦੇ ਭਾਰੇ ਕੰਮ ਦੀ ਜਗ੍ਹਾ ਨਰੇਗਾ ਕੰਮ ਕਰ ਲੈਂਦੇ ਸਨ।

ਨਰੇਗਾ ਕਾਨੂੰਨ ਅਧੀਨ ਘੱਟੋ-ਘੱਟ ਮਜ਼ਦੂਰੀ ਤਹਿ ਕੀਤੀ ਹੋਈ ਸੀ, ਉਸ ਤੋਂ ਵੱਧ ਮਜ਼ਦੂਰੀ ਦੇਣਾ ਸੂਬਿਆਂ ਦੀ ਮਰਜ਼ੀ ਸੀ। ਨਵੇਂ ਕਾਨੂੰਨ ਅਨੁਸਾਰ ਕੇਂਦਰ ਸਰਕਾਰ ਮਨਮਾਣੇ ਢੰਗ ਨਾਲ ਮਜ਼ਦੂਰੀ ਤਹਿ ਕਰੇਗੀ। ਪਹਿਲਾਂ 2009 ਵਿੱਚ ਕੇਂਦਰ ਦੀ ਕਾਂਗਰਸ ਸਰਕਾਰ ਨੇ ਨਰੇਗਾ ਦਾ ਕੰਮ ਦਿਹਾੜੀ ਸਮਾਂ 7 ਘੰਟਿਆਂ ਤੋਂ ਵਧਾ ਕੇ 9 ਘੰਟੇ ਕੀਤਾ ਸੀ, ਹੁਣ ਕੇਂਦਰ ਸਰਕਾਰ ਨੇ ਨਵੇਂ ਕਾਨੂੰਨ ਦੀ ਧਾਰਾ 19 (2) ਅਨੁਸਾਰ ਕੰਮ ਦਿਹਾੜੀ ਸਮਾਂ 12 ਘੰਟੇ ਹੋਵੇਗਾ। ਪਹਿਲਾਂ ਮਨਰੇਗਾ ਦੇ ਕੰਮ ਵਾਸਤੇ ਮਜ਼ਦੂਰੀ, ਸਾਮਾਨ ਅਤੇ ਹੋਰ ਪ੍ਰਸ਼ਾਸਨਿਕ ਖਰਚਿਆਂ ਲਈ ਕੇਂਦਰ 90 ਫੀਸਦੀ ਅਤੇ ਸਟੇਟਾਂ 10 ਫੀਸਦੀ ਖਰਚ ਕਰਦੀਆਂ ਸਨ। ਨਵੇਂ ਕਾਨੂੰਨ ਅਨੁਸਾਰ ਕੇਂਦਰ 60 ਫੀਸਦੀ ਤੇ ਸਟੇਟ 40 ਫੀਸਦੀ ਕਰਨਗੇ। ਨਵੇਂ ਕਾਨੂੰਨ ਦੀ ਧਾਰਾ 37(1) ਜਾਂ ਧਾਰਾ 10 ਅਨੁਸਾਰ ਮਨਰੇਗਾ ਦੇ ਸਾਰੇ ਉਦੇਸ਼ ਰੱਦ ਕੀਤੇ ਜਾ ਸਕਦੇ ਹਨ।

ਮਨਰੇਗਾ ਦੇ ਕਾਨੂੰਨ ਅਧੀਨ ਪਿੰਡਾਂ ਵਿੱਚ ਜਿਥੇ ਸਬਜ਼ੀਆਂ ਪੈਦਾ ਕੀਤੀਆਂ ਜਾਂਦੀਆਂ ਹਨ, ਉਥੇ ਵੀ ਨਰੇਗਾ ਕਾਮਿਆਂ ਨੂੰ ਕੰਮ ਮਿਲਦਾ ਸੀ। ਚਾਹੀਦਾ ਤਾਂ ਇਹ ਸੀ ਕਿ ਖੇਤੀਬਾੜੀ ਦੇ ਹਰੇਕ ਕੰਮ ਨੂੰ ਨਰੇਗਾ ਅਧੀਨ ਲਿਆਂਦਾ ਜਾਵੇ, ਤਾਂ ਜੋ ਕਿਸਾਨਾਂ ਨੂੰ ਵੀ ਨਰੇਗਾ ਦਾ ਫਾਇਦਾ ਹੋਵੇ ਪਰ ਇਸ ਦੀ ਜਗ੍ਹਾ ਤੇ ਕਾਨੂੰਨ ਵਿੱਚ ਨਰੇਗਾ ਕੰਮ ਨੂੰ ਸੰਗੋੜਨ ਵਾਸਤੇ ਸ਼ਰਤਾਂ ਲਾ ਦਿੱਤੀਆਂ ਹਨ। ਜਦੋਂ ਕਿ ਆਮ ਨਰੇਗਾ ਕਾਮੇ ਦੀ ਮੰਗ ਹੈ ਕਿ ਨਰੇਗਾ ਕੰਮ ਦਾ ਕੰਮ ਦਿਹਾੜੀ ਸਮਾਂ 7 ਘੰਟੇ ਕੀਤਾ ਜਾਵੇ ਅਤੇ ਦਿਹਾੜੀ ਘੱਟੋ ਘੱਟ 1000/ ਰੁਪਏ ਹੋਵੇ।

ਕੇਂਦਰ ਸਰਕਾਰ ਨੇ ਧਾਰਾ 5 (1) ਅਨੁਸਾਰ ਨਰੇਗਾ ਕੰਮ ਦਾ ਜੋ ਅਧਿਕਾਰ ਲਿਆ ਹੈ, ਉਸ ਦੀ ਮਰਜ਼ੀ ਅਨੁਸਾਰ ਹੀ ਚੁਣੀ ਹੋਈ ਥਾਂ 'ਤੇ ਕੰਮ ਮਿਲੇਗਾ ਇਹ ਬੀ ਜੇ ਪੀ ਸਰਕਾਰ ਦਾ ਫੈਸਲਾ ਦੇਸ਼ ਭਰ ਵਿੱਚ ਵੋਟਰ ਲਿਸਟਾਂ ਦੀ ਸ਼ਨਾਖਤ ਤੋਂ ਵੀ ਵਧੇਰੇ ਖਤਰਨਾਕ ਹੈ। ਉਹ ਇਸ ਲਈ ਕਿ ਭਾਜਪਾ ਹਿੰਦੁਸਤਾਨ ਵਿੱਚ ਰਾਜ ਗੱਦੀ 'ਤੇ ਕਾਬਜ਼ ਰਹਿਣ ਲਈ ਪਾਰਲੀਮੈਂਟ ਦੀਆਂ ਸੀਟਾਂ ਚੁਣੇਗੀ ਤੇ ਉਥੇ ਵਿਕਸਤ ਭਾਰਤ - ਜੀ ਰਾਮ ਜੀ ਕਾਨੂੰਨ ਰਾਹੀਂ ਲੋਕਾਂ ਨੂੰ ਕੰਮ ਦੇ ਕੇ ਆਪਣੇ ਨਾਲ ਜੋੜੇਗੀ, ਜਿਸ ਦਾ ਭਾਵ ਵਿਕਸਤ ਭਾਰਤ -ਜੀ ਰਾਮ ਜੀ ਚੋਣਾਂ ਲਈ ਵਰਤਿਆ ਜਾਵੇਗਾ। ਇਸ ਪ੍ਰਸਥਿਤੀ ਵਿੱਚ ਹਿੰਦੁਸਤਾਨ ਦਾ ਸਮੂਹਿਕ ਵਿਕਾਸ ਰੁਕ ਜਾਵੇਗਾ। ਇਸ ਲਈ ਵਿਰੋਧੀ ਧਿਰਾਂ ਨੂੰ ਇਮਾਨਦਾਰੀ ਤੇ ਏਕਤਾ ਨਾਲ ਇਹ ਮਜ਼ਦੂਰ ਵਿਰੋਧੀ ਕਾਨੂੰਨ ਵਾਪਸ ਕਰਾਉਣ ਲਈ ਲੜਨਾ ਚਾਹੀਦਾ ਹੈ।

# ਸੰਪਰਕ : 98760-78731

# ਟਰੰਪ ਸਾਮਰਾਜੀਆਂ ਦੇ ਗਰੋਹ ਦਾ ਮੁਖੀ

ਦੁਨੀਆ ਜਾਣਦੀ ਹੈ ਕਿ ਅਮਰੀਕਾ ਦਾ ਰਾਸ਼ਟਰਪਤੀ ਟਰੰਪ ਦੁਨੀਆ ਦਾ ਨਹੀ, ਇਕ ਦੇਸ਼ ਦਾ ਰਾਸ਼ਟਰਪਤੀ ਹੈ,ਪਰ ਫਿਰ ਵੀ ਉਹ ਦੁਨੀਆ ਦੇ ਵੱਖ-ਵੱਖ ਪ੍ਰਭੂਸੱਤਾ ਸੰਪਨ ਦੇਸ਼ਾਂ, ਈਰਾਨ, ਗਰੀਨਲੈਂਡ, ਕੈਨੇਡਾ, ਕਿਊਬਾ ਅਤੇ ਯੂਰਪੀ ਯੂਨੀਅਨ ਦੇ ਕਈ ਦੇਸ਼ਾਂ ਨੂੰ ਆਪਣੇ ਦੇਸ਼ ਵਿੱਚ ਮਿਲਾ ਲੈਣ ਦੀਆ ਧਮਕੀਆਂ ਦੇ ਰਿਹਾ ਹੈ , ਕਿਉਂ ਟਰੰਪ ਹਰ ਦਿਨ ਜੰਗ ਦੀ ਇਹ ਮੁਹਾਰਨੀ ਪੜ੍ਹ ਰਿਹਾ ਹੈ?

ਧਰਤੀ 'ਤੇ ਪਹਿਲੇ ਰੂਸੀ ਸਮਾਜਵਾਦੀ ਇਨਕਲਾਬ ਦੇ ਪਿਤਾਮਾ ਅਤੇ ਮਹਾਨ ਕੌਮਾਤਰੀ ਕਮਿਊਨਿਸਟ ਆਗੂ ਲੈਨਿਨ ਨੇ ਕਰੀਬ 100 ਸਾਲ ਪਹਿਲਾ ਕਿਹਾ ਸੀ ਕਿ ਜਿੰਨੀ ਦੇਰ ਧਰਤੀ 'ਤੇ ਸਾਮਰਾਜ ਦੀ ਹੋਂਦ ਰਹੇਗੀ, ਸੰਸਾਰ ਵਿਚ ਜੰਗਾਂ ਹੁੰਦੀਆ ਰਹਿਣਗੀਆਂ, ਸਾਮਰਾਜ ਜੰਗਾਂ ਦਾ ਨਾਂਅ ਹੈ, ਕਿਉਂਕਿ ਦੁਨੀਆ ਪੱਧਰ 'ਤੇ ਉਸ ਦਾ ਖਾਸਾ ਮਨੁੱਖੀ ਲੁੱਟ ਕਰਨ ਲਈ ਬਸਤੀਆਂ, ਨਵ-ਬਸਤੀਆਂ 'ਤੇ ਸਿੱਧੇ-ਅਸਿੱਧੇ ਕਬਜ਼ੇ ਕਰਨਾ ਹੁੰਦਾ ਹੈ।

ਸਾਮਰਾਜ ਪੂੰਜੀਵਾਦ ਦਾ ਇਕ ਖੂੰਖਾਰ ਚਿਹਰਾ ਹੈ, ਬੇਸ਼ੱਕ ਕਿਸੇ ਸਾਮਰਾਜ ਦਾ ਮੁਖੀ ਕੋਈ ਵੀ ਵਿਅਕਤੀ ਹੋਵੇ, ਸਾਮਰਾਜ ਉਹੀ ਕਰਦਾ ਹੈ, ਜੋ ਉਸ ਦੀ ਰਿਆਸਤ/ ਸਟੇਟ ਦਾ ਚਰਿੱਤਰ ਹੈ।ਸਾਮਰਾਜ ਦਾ ਮਨੁੱਖਤਾ ਵਿਰੋਧੀ ਚਿਹਰਾ ਦੁਨੀਆ ਨੇ ਇਸ ਸਦੀ ਦੇ ਸ਼ੁਰੂ ਵਿਚ ਅਮਰੀਕੀ ਸਾਮਰਾਜ ਦੇ ਤਤਕਾਲੀ ਰਾਸ਼ਟਰਪਤੀ ਜਾਰਜ ਬੁਸ਼ ਦੀ ਅਗਵਾਈ ਵਿੱਚ ਦੇਖਿਆ ਸੀ, ਜਦੋਂ ਉਸ ਨੇ 17 ਮਾਰਚ 2003 ਵਿੱਚ ਈਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੂੰ ਆਪਣੇ ਪਰਵਾਰ ਸਮੇਤ ਅਗਲੇ 48 ਘੰਟਿਆਂ ਵਿੱਚ ਇਰਾਕ ਛੱਡ ਜਾਣ ਦਾ ਹੁਕਮ ਦਿਤਾ ਸੀ ਤਾਂ ਸੱਦਾਮ ਹੁਸੈਨ ਵੱਲੋਂ ਆਪਣਾ ਦੇਸ਼ ਛੱਡਣ ਤੋਂ 'ਨਾਬਰੀ' ਕਰਨ ਦੇ ਦੋਸ਼ ਅਧੀਨ 20 ਮਾਰਚ ਨੂੰ ਅਮਰੀਕਨ ਸਾਮਰਾਜੀਆਂ ਨੇ ਇਰਾਕ 'ਤੇ ਹਮਲਾ ਕਰਕੇ ਕੁਝ ਹੀ ਦਿਨਾਂ ਵਿਚ ਇਰਾਕ 'ਤੇ ਆਪਣਾ ਕਬਜ਼ਾ ਕਰਨ ਉਪਰੰਤ ਸੱਦਾਮ ਹੁਸੈਨ ਨੂੰ ਝੂਠੇ ਦੋਸ਼ਾਂ ਤਹਿਤ ਫਾਹੇ ਟੰਗ ਦਿੱਤਾ ਗਿਆ ਸੀ। ਅਮਰੀਕਾ ਨੇ ਆਪਣਾ ਅਗਲਾ ਨਿਸਾਨਾ ਲਿਬਿਆ, ਸੀਰੀਆ ਨੂੰ ਬਣਾਇਆ ਸੀ।ਇਨ੍ਹਾਂ ਦੇਸ਼ਾਂ ਨੂੰ ਹਰ ਪੱਖੋਂ ਬਰਬਾਦ ਕਰ ਦਿੱਤਾ ਗਿਆ, ਜੋ ਅੱਜ ਤੱਕ ਵੀ ਅਮਰੀਕਾ ਦੀ ਅਧੀਨਗੀ 'ਤੇ ਨਿਰਭਰ ਹਨ। ਹੁਣ 5 ਜਨਵਰੀ ਨੂੰ ਅਮਰੀਕਨ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਲਤੀਨੀ ਅਮਰੀਕਾ ਦੇ ਸਮਾਜਵਾਦੀ ਅਤੇ ਲੋਕਤੰਤਰੀ ਦੇਸ਼ ਵੈਨੇਜ਼ੂਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਨੂੰ ਇਹ ਕਹਿ ਕੇ ਉਨ੍ਹਾਂ ਦੇ ਦੇਸ਼ 'ਚੋਂ ਅਗਵਾ ਕਰ ਲਿਆ ਸੀ ਕਿ ਮਾਦੁਰੋ ਨਸ਼ਿਆਂ ਦੀ ਤਸਕਰੀ ਕਰਨ ਦਾ ਦੋਸ਼ੀ ਹੈ।ਭਲਾ ਕੀ ਟਰੰਪ ਕੋਈ ਅੰਤਰਰਾਸ਼ਟਰੀ ਅਪਰਾਧ ਅਦਾਲਤ ਦਾ ਮੁਖੀ ਹੈ? ਅਸਲ ਵਿਚ ਟਰੰਪ ਦੀ ਇਹ ਕਾਰਵਾਈ ਬਿਲਕੁਲ ਬਾਦਸ਼ਾਹੀ ਯੁੱਗ ਦਾ ਵਰਤਾਰਾ ਹੈ।ਇਸ ਨੂੰ ਹੀ ਕਿਹਾ ਜਾਂਦਾ ਹੈ, 'ਤਗੜੇ ਦਾ ਸੱਤੀ ਵੀਹੀਂ ਸੌ।'


ਗੁਰਮੀਤ ਸਿੰਘ ਬਖਤਪੁਰਾ

ਭਾਵੇ ਵੈਨੇਜ਼ੂਏਲਾ ਦੀ ਸੁਪਰੀਮ ਕੋਰਟ ਵੱਲੋਂ ਵੈਨੇਜ਼ੂਏਲਾ ਦੀ ਵਾਈਸ ਰਾਸ਼ਟਰਪਤੀ ਡੇਲਸੀ ਰੋਡਰਿਗਜ਼ ਨੂੰ ਬਤੌਰ ਕਾਰਜਕਾਰੀ ਰਾਸ਼ਟਰਪਤੀ ਨਿਯੁਕਤ ਕਰ ਦਿੱਤਾ ਹੈ ਤਾਂ ਅਮਰੀਕੀ ਰਾਸ਼ਟਰਪਤੀ ਟਰੰਪ ਵੱਲੋਂ ਹੁਕਮ ਜਾਰੀ ਕਰ ਦਿੱਤੇ ਗਏ ਹਨ ਕਿ ਵੈਨੇਜ਼ੂਏਲਾ ਦੀ ਨਿਯੁਕਤ ਕੀਤੀ ਗਈ ਰਾਸ਼ਟਰਪਤੀ ਡੇਲਸੀ ਰੋਡਰਿਗਜ਼ ਨੂੰ ਅਮਰੀਕਾ ਦੀਆਂ ਸ਼ਰਤਾਂ 'ਤੇ ਦੇਸ ਚਲਾਉਣਾ ਪਵੇਗਾ, ਨਹੀ ਤਾਂ ਉਸ ਨੂੰ ਮਾਦੁਰੋ ਤੋਂ ਵੀ ਸਖਤ ਸਜ਼ਾ ਲਈ ਤਿਆਰ ਰਹਿਣਾ ਚਾਹੀਦਾ ਹੈ।ਅਮਰੀਕਾ ਨੇ ਖੁਦ ਵੈਨੇਜ਼ੁਏਲਾ ਦਾ ਤੇਲ ਵੇਚਣ ਅਤੇ ਅਮਰੀਕਾ ਦੀ ਅਗਵਾਈ ਵਿੱਚ ਨਵੀਆਂ ਚੋਣਾਂ ਕਰਾਉਣ ਦੇ ਫਰਮਾਨ ਜਾਰੀ ਕੀਤੇ ਹਨ।

ਟਰੰਪ ਦੇ ਭਾਰਤ ਨੂੰ ਵੀ ਹੁਕਮ ਹਨ ਕਿ ਭਾਰਤ ਰੂਸ ਅਤੇ ਈਰਾਨ ਤੋਂ ਨਹੀਂ ਵੈਨੇਜੁਏਲਾ ਤੋਂ ਤੇਲ ਖਰੀਦੇਗਾ।ਅਮਰੀਕਾ ਨੇ ਨਿਕੋਲਸ ਦੀ ਗ੍ਰਿਫਤਾਰੀ ਦੇ 20 ਦਿਨ ਬਾਅਦ 25 ਜਨਵਰੀ ਨੂੰ ਵੈਨੇਜ਼ੂਏਲਾ ਤੋਂ 50 ਮਿਲੀਅਨ ਬੈਰਲ ਦਾ ਤੇਲ ਹਾਸਲ ਕਰਨ ਦਾ ਸਮਝੌਤਾ ਵੀ ਕਰ ਲਿਆ ਸੀ। ਵੈਨੇਜ਼ੂਏਲਾ ਉੱਪਰ ਅਮਰੀਕਾ ਦਾ ਸਿੱਧਾ-ਅਸਿੱਧਾ ਕਬਜ਼ਾ ਸਾਬਤ ਕਰਦਾ ਹੈ ਕਿ ਟਰੰਪ ਵੱਲੋਂ ਰਾਸ਼ਟਰਪਤੀ ਨਿਕੋਲਸ ਮਾਦੁਰੋ ਉਪਰ ਲਾਏ ਗਏ ਦੋਸ ਬਿਲਕੁਲ ਨਿਰਮੂਲ ਅਤੇ ਇਕ ਬਹਾਨਾ ਹਨ।ਅਸਲ ਵਿੱਚ ਟਰੰਪ ਦਾ ਇਸ ਦੇਸ਼ ਉੱਪਰ ਧਾੜਵੀ ਹਮਲਾ ਕੇਵਲ ਉਥੋਂ ਦੇ ਤੇਲ ਭੰਡਾਰਾਂ ਉੱਪਰ ਕਬਜ਼ਾ ਕਰਨਾ ਹੀ ਮੁੱਖ ਮਕਸਦ ਸੀ, ਜਿਸ ਦੀ ਨਿਕੋਲਸ ਮਾਦੁਰੋ ਆਪਣੇ ਦੇਸ਼ ਦੇ ਹਿੱਤ ਵਿੱਚ ਕਦਾਚਿਤ ਇਜਾਜ਼ਤ ਦੇਣ ਲਈ ਸਹਿਮਤ ਨਹੀ ਸੀ।ਅਮਰੀਕੀ ਰਾਸ਼ਟਰਪਤੀ ਟਰੰਪ ਨੇ ਹੁਣ ਈਰਾਨ ਉੱਪਰ ਧਾਵਾ ਬੋਲਣ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਅਮਰੀਕਾ ਨੇ ਈਰਾਨ ਵਿਚ ਰਾਜ ਪਲਟਾ ਕਰਾਉਣ ਲਈ ਈਰਾਨ ਨੂੰ ਗ੍ਰਹਿ ਯੁੱਧ ਵੱਲ ਧੱਕਣ ਦੇ ਵੱਡੇ ਪੱਧਰ 'ਤੇ ਯਤਨ ਕੀਤੇ ਹਨ, ਤਾਂ ਜੋ 1979 ਦੇ ਈਰਾਨ ਦੇ ਇਸਲਾਮੀ ਇਨਕਲਾਬ ਸਮੇ ਈਰਾਨ ਛੱਡ ਕੇ ਅਮਰੀਕਾ ਭੱਜੇ ਸ਼ਾਹ ਈਰਾਨ ਦੇ ਪੁੱਤਰ ਅਤੇ ਅਮਰੀਕੀ ਪਿੱਠੂ ਰਜ਼ਾ ਪਹਿਲਵੀ ਨੂੰ ਈਰਾਨ ਦੀ ਸੱਤਾ 'ਤੇ ਬਿਠਾਇਆ ਜਾ ਸਕੇ।ਇਸ ਕਾਰਜ ਲਈ ਟਰੰਪ ਇਕ ਆਮ ਬਦਮਾਸ਼ਾਂ ਦੀ ਤਰਾਂ ਖੁੱਲ੍ਹੇਆਮ ਈਰਾਨੀ ਮੁਜ਼ਾਹਰਾਕਾਰੀਆਂ ਨੂੰ ਲੜਾਈ ਜਾਰੀ ਰੱਖਣ ਲਈ ਭੜਕਾ ਰਿਹਾ ਸੀ ਅਤੇ ਇਸ ਦੇ ਬਦਲੇ ਵਿਚ ਹਰ ਤਰਾਂ ਦੀ ਮਦਦ ਜਾਰੀ ਰੱਖਣ ਦੇ ਭਰੋਸੇ ਦੇ ਰਿਹਾ ਸੀ। ਈਰਾਨ ਹੀ ਨਹੀਂ, ਟਰੰਪ ਨੇ ਆਪਣੇ ਭਵਿੱਖ ਦੇ ਅਮਰੀਕਨ ਨਕਸ਼ੇ ਵਿੱਚ ਵੈਨੇਜ਼ੂਏਲਾ, ਗਰੀਨਲੈਂਡ ਅਤੇ ਕੇਨੈਡਾ ਨੂੰ ਵੀ ਸ਼ਾਮਲ ਕਰ ਲਿਆ ਹੈ।ਇੱਹ ਉਹ ਹੀ ਟਰੰਪ ਹੈ, ਜੋ 2025 ਦੇ ਸਾਲ ਸਮੇਂ ਦੁਨੀਆ ਵਿਚ 8 ਜੰਗਾਂ ਬੰਦ ਕਰਵਾਉਣ ਦਾ ਆਪਣੇ ਆਪ ਨੂੰ ਅਲੰਬਰਦਾਰ ਕਹਿ ਕੇ ਨੋਬਲ ਸ਼ਾਂਤੀ ਪੁਰਸਕਾਰ ਦੀ ਮੰਗ ਕਰਦਾ ਆ ਰਿਹਾ ਹੈ ਟਰੰਪ ਈਰਾਨ ਨੂੰ ਧਮਕੀਆ ਤੋਂ ਬਾਅਦ ਖੁੱਲ੍ਹੇਆਮ ਦਹਾੜ ਰਿਹਾ ਹੈ ਕਿ ਉਹ ਅਮਰੀਕਾ ਦੀ ਕੌਮੀ ਸੁਰੱਖਿਆ ਦੇ ਹਿੱਤ ਵਿਚ ਡੈਨਮਾਰਕ ਦੀ ਖੁਦਮੁਖਤਿਆਰ ਸਟੇਟ ਗਰੀਨਲੈਂਡ ਨੂੰ ਵੀ ਆਪਣੇ ਕਬਜ਼ੇ ਵਿੱਚ ਲਵੇਗਾ, ਕਿਉਂਕਿ ਉਸ ਦੇ ਸ਼ਰੀਕਾਂ ਰੂਸ ਜਾਂ ਚੀਨ ਵੱਲੋਂ ਇਸ ਉਪਰ ਕਬਜ਼ਾ ਕੀਤਾ ਜਾ ਸਕਦਾ ਹੈ, ਜਦੋ ਕਿ ਅਮਰੀਕਾ ਨੂੰ ਗਰੀਨਲੈਂਡ ਦੀ ਲੋੜ ਹੈ।ਟਰੰਪ ਦੇ ਇਸ ਐਲਾਨ ਤੋਂ ਬਾਅਦ ਡੈਨਮਾਰਕ ਦੀ ਪ੍ਰਧਾਨ ਮੰਤਰੀ ਨੇ ਇਸ ਦਾ ਤਿੱਖਾ ਵਿਰੋਧ ਕੀਤਾ ਹੈ, ਜਿਸ ਵਿਰੋਧ ਵਿੱਚ ਕਈ ਯੂਰਪੀ ਅਤੇ ਨਾਟੋ ਦੇਸ਼ ਟਰੰਪ ਦੇ ਵਿਰੋਧ ਵਿੱਚ ਡਟ ਗਏ ਹਨ ਅਤੇ ਇਨ੍ਹਾਂ ਦੇਸ਼ਾਂ ਨੇ ਗਰੀਨਲੈਂਡ ਵਿੱਚ ਆਪਣੀਆਂ ਫੌਜਾਂ ਭੇਜਣੀਆ ਸ਼ੁਰੂ ਕਰ ਦਿੱਤੀਆ ਹਨ।ਅਸਲ ਵਿੱਚ ਗਰੀਨਲੈਂਡ ਹਾਸਲ ਕਰਨ ਦਾ ਅਮਰੀਕਾ ਦਾ ਏਜੰਡਾ ਕਈ ਦਹਾਕੇ ਪੁਰਾਣਾ ਹੈ।ਅਮਰੀਕਾ ਨੇ 1946 ਵਿੱਚ ਗਰੀਨਲੈਂਡ ਨੂੰ 100 ਬਿਲੀਅਨ ਡਾਲਰ ਵਿੱਚ ਖਰੀਦਣ ਦੀ ਪੇਸ਼ਕਸ਼ ਕੀਤੀ ਸੀ।ਰਾਜਨੀਤਕ ਹਾਲਾਤ ਦਾ ਪ੍ਰਗਟਾਵਾ ਹੈ ਕਿ ਰਾਸ਼ਟਰਪਤੀ ਟਰੰਪ ਦੂਸਰੀ ਸੰਸਾਰ ਜੰਗ ਦੇ ਸ਼ੁਰੂ ਹੋਣ ਤੋਂ ਪਹਿਲਾ 1934,35 ਦੇ ਸਾਲਾਂ ਦੌਰਾਨ ਹਿਟਲਰ, ਮਸੋਲੀਨੀ ਵੱਲੋਂ ਦੂਸਰੇ ਦੇਸ਼ਾਂ 'ਤੇ ਕਬਜ਼ੇ ਕਰਨ ਲਈ ਸ਼ੁਰੂ ਕੀਤੇ ਹਮਲਿਆਂ ਵਰਗੇ ਹਾਲਾਤ ਬਣਾ ਰਿਹਾ ਹੈ, ਭਾਵੇਂ ਕਿ ਅਮਰੀਕਨ ਅਗਵਾਈ ਵਿੱਚ ਕੰਮ ਕਰਦੇ ਫੌਜੀ ਸੰਗਠਨ ਨਾਟੋ ਵਿੱਚ ਪੈਣ ਜਾ ਰਹੀ ਫੁੱਟ ਅਤੇ ਯੂਰਪੀ ਯੂਨੀਅਨ ਦੇ ਦੇਸ਼ਾਂ ਦੀ ਅਮਰੀਕਾ ਵਿਰੋਧੀ ਲਾਮਬੰਦੀ ਨੇ ਟਰੰਪ ਦੇ ਹਮਲਾਵਰ ਰੁਖ ਸਾਹਮਣੇ ਵੱਡੀਆਂ ਮੁਸ਼ਕਲਾ ਖੜੀਆਂ ਕਰ ਦਿੱਤੀਆਂ ਹਨ।

ਜਪਾਨ ਦੇ ਸਹਿਰ ਹੀਰੋਸ਼ੀਮਾ ਅਤੇ ਨਾਗਾਸਾਕੀ ਨੂੰ ਐਟਮ ਨਾਲ ਤਬਾਹ ਕਰਨ ਵਾਲਾ ਅਮਰੀਕਾ ਦੁਨੀਆ ਦੇ ਦੇਸ਼ਾਂ ਨੂੰ ਹਦਾਇਤਾਂ ਦੇ ਰਿਹਾ ਹੈ ਕਿ ਉਹ ਕਿਸੇ ਦੇਸ਼ ਨੂੰ ਖਤਰਨਾਕ ਹਥਿਆਰ ਬਣਾਉਣ ਦੀ ਇਜਾਜ਼ਤ ਨਹੀ ਦੇਵੇਗਾ।ਟਰੰਪ ਵੱਲੋਂ ਦੁਨੀਆ ਪੱਧਰ 'ਤੇ ਬਣਾਏ ਜਾ ਰਹੇ ਵਿਸਫੋਟਕ ਹਾਲਤਾਂ ਦੇ ਮੱਦੇਨਜ਼ਰ ਸਾਡੇ ਲਈ ਬਹੁਤ ਅਫਸੋਸਨਾਕ ਹੈ ਕਿ ਭਾਰਤ ਨੂੰ ਵਿਸ਼ਵ ਗੁਰੂ ਬਣਾਉਣ ਦੇ ਦਾਅਵੇ ਕਰਨ ਵਾਲੀ ਭਾਜਪਾ ਸਰਕਾਰ ਅਤੇ ਉਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੁਨੀਆ ਨੂੰ ਜੰਗ ਦੀ ਭੱਠੀ ਵਿੱਚ ਝੋਕਣ ਦਾ ਹੋਕਾ ਦੇ ਰਹੇ ਅਮਰੀਕੀ ਰਾਸ਼ਟਰਪਤੀ ਟਰੰਪ ਵਿਰੁੱਧ ਇਕ ਸ਼ਬਦ ਬੋਲਣ ਦੀ ਵੀ ਹਿੰਮਤ ਨਹੀਂ ਕੀਤੀ।

# ਸੰਪਰਕ : 98142-90163

9-FEB-PAGE-5.qxd 2/8/2026 9:58 PM Page 1



# ਭੁੱਲਰ ਡੇਅਰੀ ਫਾਰਮ ਬੈੱਸਟ ਡੇਅਰੀ ਫਾਰਮ ਐਵਾਰਡ ਨਾਲ ਸਨਮਾਨਤ

## ਡੇਅਰੀ ਪ੍ਰਦਰਸ਼ਨੀ ਦੇਖਣ ਆਏ ਲੋਕਾਂ ਦੇ ਹੜ੍ਹ ਕਾਰਨ ਜਾਮ ਲੱਗੇ



**ਜਗਰਾਉਂ (ਅਮਿਤ ਖੰਨਾ)**- ਜਗਰਾਉਂ ਦੀ ਪਸ਼ੂ ਮੰਡੀ ਵਿਖੇ ਚੱਲ ਰਹੇ 19ਵੇਂ ਅੰਤਰਰਾਸ਼ਟਰੀ ਡੇਅਰੀ ਅਤੇ ਖੇਤੀ ਐਕਸਪੋ 2026 ਦੇ ਦੂਜੇ ਦਿਨ ਡੇਅਰੀ ਕਿੱਤੇ ਵਿੱਚ ਨਾਮਨਾ ਖੱਟਣ ਵਾਲੇ ਭੁੱਲਰ ਡੇਅਰੀ ਫਾਰਮ ਨੂੰ ਬੈਸਟ ਡੇਅਰੀ ਫਾਰਮ ਅਵਾਰਡ ਮਿਲਿਆ। ਤਾੜੀਆਂ ਦੀ ਗੂੰਜ ਵਿੱਚ ਇਹ ਅਵਾਰਡ ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਪੀ ਡੀ ਐਫ ਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਸਮੇਤ ਅਹੁਦੇਦਾਰਾਂ ਨੇ ਭੁੱਲਰ ਡੇਅਰੀ ਫਾਰਮ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਵਾਲੇ ਭੁੱਲਰ ਭਰਾਵਾਂ ਰੇਸ਼ਮ ਸਿੰਘ ਭੁੱਲਰ ਜੀਰਾ ਅਤੇ ਸਿਮਰਜੀਤ ਸਿੰਘ ਭੁੱਲਰ ਨੂੰ ਦਿੱਤਾ।ਦੂਜੇ ਦਿਨ ਦੇਸ਼ ਭਰ ਤੋਂ ਪੁੱਜੇ ਡੇਅਰੀ ਮਾਲਕਾਂ, ਪਸ਼ੂ ਪਾਲਕਾਂ ਅਤੇ ਕਿਸਾਨਾਂ ਦਾ ਸਮੁੰਦਰ ਉਮੜਿਆ।ਐਤਵਾਰ ਨੂੰ ਲੁਧਿਆਣਾ-ਫਿਰੋਜ਼ਪੁਰ ਕੌਮੀ ਮਾਰਗ 'ਤੇ ਡੇਅਰੀ ਐਕਸਪੋ ਨੂੰ ਲੈ ਕੇ ਦਿਨ ਭਰ ਦੋਵੇਂ ਪਾਸੇ ਲੰਮੇ ਜਾਮ ਲੱਗੇ ਰਹੇ।ਪਸ਼ੂ ਮੰਡੀ ਦਾ ਵਿਸ਼ਾਲ ਵਿਹੜਾ ਜਿੱਥੇ ਵੱਡੇ ਇਕੱਠ ਅੱਗੇ ਛੋਟਾ ਪੈ ਗਿਆ, ਉਥੇ ਪਾਰਕਿੰਗ ਲਈ ਬੇਸ਼ੁਮਾਰ ਪ੍ਰਬੰਧ ਦੇ ਚੱਲਦਿਆਂ ਪਾਰਕਿੰਗਾਂ ਫੁੱਲ ਰਹੀਆਂ।ਅਜਿਹੇ ਵਿਚ ਡੇਅਰੀ ਐਕਸਪੋ ਦੇ ਚਾਅ 'ਚ ਲੋਕ ਕਈ ਕਈ ਕਿਲੋਮੀਟਰ ਪੈਦਲ ਚੱਲ ਕੇ ਐਕਸਪੋ 'ਚ ਸ਼ਾਮਲ ਹੋਏ। ਐਤਵਾਰ ਨੂੰ ਡੇਅਰੀ ਐਕਸਪੋ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਨੇ ਕਿਹਾ ਕਿ ਪੰਜਾਬ ਦੀ ਡੇਅਰੀ ਨੂੰ ਬਚਾਉਣ ਲਈ ਜੰਮੂ-ਕਸ਼ਮੀਰ ਵਾਂਗ ਸੂਬੇ ਵਿਚ ਵੀ ਖੁੱਲ੍ਹੇ ਪਨੀਰ ਦੀ ਵਿਕਰੀ 'ਤੇ ਪਾਬੰਦੀ ਲਾਉਣ ਲਈ ਤੁਰੰਤ ਐਕਸ਼ਨ ਲਿਆ ਜਾਵੇ। ਇਸ ਦੇ ਨਾਲ ਹੀ ਹੋਰਾਂ ਸੂਬਿਆਂ ਵਾਂਗ ਪੰਜਾਬ ਦੀ ਡੇਅਰੀ ਨੂੰ ਹੁਲਾਰਾ ਦੇਣ ਲਈ ਸਰਕਾਰ ਡੇਅਰੀ ਮਾਲਕਾਂ, ਪਸ਼ੂ ਪਾਲਕਾਂ ਨੂੰ ਪ੍ਰਤੀ ਕਿਲੋ ਦੁੱਧ ਮਗਰ 5 ਤੋਂ 7 ਰੁਪਏ ਸਬਸਿਡੀ ਦੇਵੇ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਪੰਜਾਬ ਵਿਚ ਮਿਲਾਵਟਖੋਰੀ ਨੂੰ ਨੱਥ ਪਵੇਗੀ। ਉਨ੍ਹਾਂ ਕਿਹਾ ਕਿ ਦੁੱਧ ਤੋਂ ਬਨਣ ਵਾਲੇ ਪਦਾਰਥਾਂ ਦੀ ਖੁੱਲ੍ਹੀ ਵਿਕਰੀ 'ਤੇ ਰੋਕ ਅਤੇ ਪੈਕਟ ਪ੍ਰੋਡਕਟ ਨੂੰ ਹੀ ਮਾਰਕੀਟ ਵਿਚ ਵੇਚਣ ਦੀ ਮਨਜ਼ੂਰੀ ਮਿਲੇ। ਡੇਅਰੀ ਅਤੇ ਖੇਤੀ ਨੂੰ ਲਾਹੇਵੰਦ ਅਤੇ ਆਧੁਨਿਕ ਤਕਨੀਕ ਨਾਲ ਅੱਗੇ ਲੈ ਕੇ ਜਾਣ ਦੇ ਮਕਸਦ ਨਾਲ ਦੇਸ਼ ਵਿਦੇਸ਼ ਦੀਆਂ 450 ਕੰਪਨੀਆਂ ਪ੍ਰਦਰਸ਼ਨੀ ਵਿੱਚ ਪੁੱਜੀਆਂ ਹਨ।ਇਸ ਤੋਂ ਇਲਾਵਾ ਡੇਅਰੀ ਕਿੱਤੇ ਨੂੰ ਲਾਹੇਵੰਦ ਬਣਾਉਣ, ਦੁੱਧਾਰੂ ਪਸ਼ੂਆਂ ਦਾ ਬੇਹਤਰ ਪਾਲਣ ਪੋਸ਼ਣ, ਆਧੁਨਿਕ ਤਕਨੀਕ ਨੂੰ ਅਪਨਾਉਣ, ਪਸ਼ੂਆਂ ਨੂੰ ਬੀਮਾਰੀਆਂ ਤੋਂ ਬਚਾਉਣ ਸਮੇਤ ਡੇਅਰੀ ਕਿੱਤੇ ਨੂੰ ਕਮਰਸ਼ੀਅਲ ਡੇਅਰੀ 'ਚ ਤਬਦੀਲ ਕਰਨ ਲਈ ਪੁੱਜੇ ਦੇਸ਼ ਅਤੇ ਵਿਦੇਸ਼ੀ ਮਾਹਰਾਂ ਨੇ ਗੁਰ ਸਾਂਝੇ ਕੀਤੇ। ਇਸ ਮੌਕੇ ਬਲਵੀਰ ਸਿੰਘ ਨਵਾਂ ਸ਼ਹਿਰ, ਰਾਜਪਾਲ ਸਿੰਘ ਕੁਲਾਰ, ਰਣਜੀਤ ਸਿੰਘ ਲੰਘੇਆਣਾ, ਰੇਸ਼ਮ ਸਿੰਘ ਜੀਰਾ, ਕੁਲਦੀਪ ਸਿੰਘ ਮਾਨਸਾ, ਪਰਮਿੰਦਰ ਸਿੰਘ ਘੁਡਾਣੀ ਅਤੇ ਸੁਖਦੇਵ ਸਿੰਘ ਬਰੌਲੀ, ਬਲਜਿੰਦਰ ਸਿੰਘ ਸਠਿਆਲਾ, ਸੁਖਜਿੰਦਰ ਸਿੰਘ ਘੁੰਮਣ, ਗੁਰਮੀਤ ਸਿੰਘ ਰੋਡੇ, ਕੁਲਦੀਪ ਸਿੰਘ ਸੇਰੋਂ, ਅਵਤਾਰ ਸਿੰਘ ਥਾਬਲਾ, ਸੁਖਪਾਲ ਸਿੰਘ ਵਰਪਾਲ, ਬਲਵਿੰਦਰ ਸਿੰਘ ਚੌਤਰਾ, ਸੁਖਰਾਜ ਸਿੰਘ ਗੁੜੇ, ਮਨਜੀਤ ਸਿੰਘ ਮੋਹੀ, ਗੁਰਬਖਸ ਸਿੰਘ ਬਾਜੇਕੇ, ਕੁਲਦੀਪ ਸਿੰਘ ਪਟਿਆਲਾ, ਨਿਰਮਲ ਸਿੰਘ ਫੂਲ, ਸਿਕੰਦਰ ਸਿੰਘ ਪਟਿਆਲਾ, ਅਮਰਿੰਦਰ ਸਿੰਘ ਬੱਲ, ਸੁਖਦੀਪ ਸਿੰਘ ਫਾਜਿਲਕਾ, ਦਰਸਨ ਸਿੰਘ ਸੌਂਡਾ, ਗੁਰਪ੍ਰੀਤ ਸਿੰਘ ਤਰਨ ਤਾਰਨ, ਜਰਨੈਲ ਸਿੰਘ ਛੀਨੀਵਾਲ, ਬਲਵਿੰਦਰ ਸਿੰਘ ਰਾਣਵਾ, ਗੀਤ ਇੰਦਰ ਸਿੰਘ ਭੁੱਲਰ, ਸਤਇੰਦਰ ਸਿੰਘ ਰੋਪੜ, ਬਲਿਹਾਰ ਸਿੰਘ ਢੰਡਾ, ਗੁਰਸਰਨ ਸਿੰਘ, ਹਰਦੀਪ ਸਿੰਘ ਹੁਸ਼ਿਆਰਪੁਰ, ਕਰਮਜੀਤ ਸਿੰਘ ਮਲੇਰਕੋਟਲਾ, ਅਮਨਦੀਪ ਸਿੰਘ ਅਤੇ ਜਸਵਿੰਦਰ ਸਿੰਘ ਨਵਾਂ ਸ਼ਹਿਰ ਆਦਿ ਹਾਜ਼ਰ ਸਨ।

# ਈ ਟੀ ਟੀ 5994 ਬੇਰੁਜ਼ਗਾਰ ਅਧਿਆਪਕ ਯੂਨੀਅਨ ਵੱਲੋਂ ਧਰਨੇ ਦਾ ਐਲਾਨ



**ਜਲਾਲਾਬਾਦ (ਜੀਤ ਕੁਮਾਰ)**-ਈ.ਟੀ.ਟੀ. 5994 ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜਸਵਿੰਦਰ ਕੰਬੋਜ, ਸਰਬਜੀਤ ਪਿੰਡੀ, ਕੁਲਵਿੰਦਰ ਸਾਮਾ, ਅਰਸ਼ ਬੱਲੂਆਣਾ, ਹਰਪ੍ਰੀਤ ਸਿੰਘ, ਅਲਕਾ ਫ਼ਾਜ਼ਿਲਕਾ, ਸੁਰਿੰਦਰ ਫਾਜ਼ਿਲਕਾ, ਰਿਤੇਸ਼ ਅਬੋਹਰ, ਮੁਕੇਸ਼ ਅਬੋਹਰ ਹੋਰ ਵੀ ਸਾਥੀ ਸ਼ਾਮਲ ਹੋਏ। ਮੀਟਿੰਗ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸਾਡੀ ਭਰਤੀ 5994 ਜੋ ਲਗਭਗ ਪਿਛਲੇ 2022 ਵਿਚ ਆਈ ਸੀ, ਜਿਸ ਨੂੰ ਪੂਰਾ ਕਰਾਉਣ ਦੇ ਲਈ 4 ਸਾਲ ਤੋਂ ਸਰਕਾਰ ਨਾਲ ਮੀਟਿੰਗਾਂ ਕਰ ਰਹੇ ਹਾਂ, ਪਰ ਕੋਈ ਸਾਰਥਕ ਹੱਲ ਨਹੀਂ ਨਿਕਲ ਰਿਹਾ ਹੈ। ਇਸ ਲਈ ਯੂਨੀਅਨ ਵੱਲੋਂ 11 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਧਰਨਾ ਰੱਖਿਆ ਗਿਆ ਹੈ। ਧਰਨੇ ਦੇ ਸਬੰਧ ਵਿੱਚ ਮੀਟਿੰਗ ਰੱਖੀ ਗਈ ਹੈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕੇਡਰ ਪਹੁੰਚਿਆ ਹੈ ਤੇ ਕੇਡਰ ਵੱਲੋਂ ਹਾਂ ਪੱਖੀ ਹੁੰਗਾਰਾ ਭਰਿਆ ਗਿਆ ਹੈ। ਇਹ ਸੰਘਰਸ਼ ਤਿੱਖੇ ਰੂਪ ਵਿੱਚ ਕੀਤਾ ਜਾਵੇਗਾ। ਇਸ ਭਰਤੀ ਲਈ ਅਸੀਂ 4 ਪੇਪਰ ਦਿੱਤੇ ਹਨ, ਅਸੀਂ ਯੋਗ ਉਮੀਦਵਾਰ ਹਾਂ। ਸਾਡੀ ਸਾਰੀ ਕਾਗਜ਼ੀ ਕਾਰਵਾਈ ਪੂਰੀ ਹੋ ਚੁੱਕੀ ਹੈ, ਮਤਲਬ ਸਕਰੂਟਨੀ ਵੀ ਕਰਾ ਚੁੱਕੇ ਹਾਂ। ਲਗਭਗ ਅਸੀਂ ਪਿਛਲੇ 3 ਸਾਲਾਂ ਤੋਂ ਸੜਕਾਂ ਤੇ ਰੁਲ ਰਹੇ ਹਾਂ। ਅਸੀ ਪਹਿਲਾਂ ਵੀ ਬਹੁਤ ਮੰਗ-ਪੱਤਰ ਦੇ ਚੁੱਕੇ ਹਾਂ, ਪਰ ਸਾਡਾ ਕੋਈ ਹੱਲ ਨਹੀਂ ਕੀਤਾ ਗਿਆ। ਅਸੀਂ ਪੰਜਾਬ ਸਰਕਾਰ ਨੂੰ ਇਹ ਹੀ ਬੇਨਤੀ ਕਰਦੇ ਹਾਂ ਸਾਨੂੰ ਜਵਾਨਿੰਗ ਲੈਟਰ ਦੇ ਕੇ ਜਲਦੀ ਸਕੂਲਾਂ ਵਿਚ ਭੇਜਿਆ ਜਾਵੇ। ਈ ਟੀ ਟੀ 5994 ਭਰਤੀ ਨੂੰ ਜਲਦੀ ਪੂਰਾ ਕੀਤਾ ਜਾਵੇ। ਜੇ ਸਰਕਾਰ ਸਾਡੀਆਂ ਮੰਗਾਂ ਵੱਲ ਧਿਆਨ ਨਹੀਂ ਦਿੰਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਸਾਡੇ ਵੱਲੋਂ ਅਨੰਦਪੁਰ ਸਾਹਿਬ ਵਿਖੇ ਗੁਪਤ ਐਕਸ਼ਨ ਕੀਤੇ ਜਾਣਗੇਅਤੇ ਬਜ਼ਾਰਾਂ ਵਿਚ ਵੀ ਜਲੂਸ ਕੱਢਿਆ ਜਾਵੇਗਾ।

# ਭੱਠਾ ਮਜ਼ਦੂਰਾਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਭੱਠਾ ਮਜ਼ਦੂਰ ਯੂਨੀਅਨ ਬਲਾਕ ਰਾਮਪੁਰਾ ਵੱਲੋਂ ਪ੍ਰਧਾਨ ਜ਼ੋਰਾ ਸਿੰਘ ਫੂਲ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਇਲਾਕਾ ਰਾਮਪੁਰਾ ਅਧੀਨ ਪੈਂਦੇ ਵੱਖ-ਵੱਖ ਭੱਠਿਆਂ ਦੇ ਮਜ਼ਦੂਰ ਸ਼ਾਮਲ ਹੋਏ ਤੇ ਮਜ਼ਦੂਰਾਂ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਪ੍ਰਧਾਨ ਜ਼ੋਰਾ ਫੂਲ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਭੱਠਾ ਮਾਲਕਾਂ ਵੱਲੋਂ ਭੱਠਿਆਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਕਾਫੀ ਲੰਮੇ ਸਮੇਂ ਤੋਂ ਉਨ੍ਹਾਂ ਨੂੰ ਬਣਦੀਆਂ ਸਹੂਲਤਾਂ ਨਹੀਂ ਦਿੱਤੀਆਂ ਜਾ ਰਹੀਆਂ। ਸਹੂਲਤਾਂ ਨਾ ਮਿਲਣ ਉਨ੍ਹਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਮ੍ਹਣਾ ਕਰਨਾ ਪੈਂਦਾ ਹੈ। ਭੱਠਾ ਮਾਲਕਾਂ ਕੋਲ ਲੰਮੇ ਸਮੇਂ ਤੋਂ ਇਨ੍ਹਾਂ ਸਮੱਸਿਆਵਾਂ/ਮੰਗਾਂ ਨੂੰ ਰੱਖਿਆ ਜਾ ਰਿਹਾ ਹੈ, ਪਰ ਇਨ੍ਹਾਂ ਦਾ ਅੱਜ ਤੱਕ ਕੋਈ ਹੱਲ ਨਹੀਂ ਕੱਢਿਆ ਤੇ ਅਣਗੌਲਿਆ ਕੀਤਾ ਜਾ ਰਿਹਾ ਹੈ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮਸਲਾ ਨਾ ਹੱਲ ਕੀਤਾ ਤਾਂ ਜਥੇਬੰਦੀ ਮੰਗਾਂ ਮਨਵਾਉਣ ਲਈ ਭੱਠਾ ਮਾਲਕਾਂ ਖ਼ਿਲਾਫ਼ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ ਤੇ ਕਿਹਾ ਕਿ ਉਨ੍ਹਾਂ ਨੂੰ ਭੱਠਿਆਂ 'ਤੇ ਮਸ਼ੀਨ ਨਾਲ ਪਾਥੀ/ਗਾਰਾ ਬਣਾਉਣ ਬਦਲੇ ਭੱਠਾ ਮਾਲਕਾਂ ਵੱਲੋਂ ਉਨ੍ਹਾਂ ਤੋਂ ਪ੍ਰਤੀ ਹਜ਼ਾਰ ਇੱਟ ਦੀ 225/- ਰੁਪਏ ਕਟੌਤੀ ਕਰਕੇ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ।ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਮੰਗ ਕੀਤੀ ਕਿ ਨਜਾਇਜ਼ ਕੀਤੀ ਜਾ ਇਹ ਕਟੌਤੀ ਤੁਰੰਤ ਬੰਦ ਕੀਤੀ ਜਾਵੇ ਤੇ ਕਿਹਾ ਕਿ ਭੱਠਿਆਂ 'ਤੇ ਮਜ਼ਦੂਰਾਂ ਲਈ ਪੀਣ ਵਾਲੇ ਸਾਫ ਪਾਣੀ, ਪਖ਼ਾਨਿਆਂ ਤੇ ਪਥੇਰ ਲਈ ਕੋਠਿਆਂ ਦਾ ਪ੍ਰਬੰਧ ਨਹੀਂ ਹੈ ਤੇ ਜਥੇਬੰਦੀ ਨੇ ਭੱਠਾ ਮਾਲਕਾਂ ਤੋਂ ਮੰਗ ਕੀਤੀ ਹੈ ਕਿ ਭੱਠਿਆਂ ਤੇ ਮਜ਼ਦੂਰਾਂ ਲਈ ਪੀਣ ਵਾਲੇ ਸਾਫ ਪਾਣੀ, ਪਖ਼ਾਨਿਆਂ ਤੇ ਪਥੇਰ ਲਈ ਕੋਠਿਆਂ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਨੂੰ ਵਰਦੀਆਂ ਤੇ ਔਜ਼ਾਰ ਵੀ ਦਿੱਤੇ ਜਾਣ। ਉਨ੍ਹਾਂ ਮੰਗ ਕੀਤੀ ਕਿ ਮਜ਼ਦੂਰਾਂ ਨੂੰ ਵਰਦੀਆਂ ਤੇ ਔਜ਼ਾਰਾਂ ਦੀ ਪੇਮੈਂਟ ਕੀਤੀ ਜਾਵੇ। ਜੋ ਭੱਠਾ ਮਾਲਕਾਂ ਨੂੰ ਇੱਟਾਂ ਤੋਂ ਮੁਨਾਫ਼ਾ ਹੁੰਦਾ ਹੈ, ਇਸ 'ਤੇ ਮਜ਼ਦੂਰਾਂ ਨੂੰ 50 ਪ੍ਰਤੀਸ਼ਤ ਬੋਨਸ ਦਿੱਤਾ ਜਾਵੇ, ਜੋ ਇਸ ਸਮੇਂ 14 ਪ੍ਰਤੀਸ਼ਤ ਦਿੱਤਾ ਜਾ ਰਿਹਾ ਹੈ। ਜਥੇਬੰਦੀ ਨੇ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂਆਂ/ਵਰਕਰਾਂ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਬਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

## ਕਾਤਰਾਂ

### ਐਡਵੋਕੇਟ ਤੋਂ ਕਾਰ ਖੋਹਣ ਦੇ ਮਾਮਲੇ ਵਿੱਚ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਨੇੜਲੇ ਪਿੰਡ ਗੁਰੂਗੜ੍ਹ ਦੇ ਨਿਵਾਸੀ ਐਡਵੋਕੇਟ ਕਮਲਜੀਤ ਸਿੰਘ ਦੀ ਕਾਰ ਖੋਹਣ ਦੇ ਮਾਮਲੇ ਵਿਚ ਜਿੱਥੇ ਪੁਲਸ ਨੇ ਸਾਰੇ ਮੁਲਜ਼ਮਾਂ ਦੀ ਪਹਿਚਾਣ ਕਰ ਲਈ ਹੈ ਉੱਥੇ ਉਨ੍ਹਾਂ 'ਚੋਂ ਇਕ ਵਿਅਕਤੀ ਗੁਰਪ੍ਰੀਤ ਸਿੰਘ ਵਾਸੀ ਢੀਂਡਸਾ ਨੂੰ ਗ੍ਰਿਫ਼ਤਾਰ ਕਰਕੇ ਖੋਹੀ ਕਾਰ ਬਰਾਮਦ ਕਰ ਲਈ ਹੈ। ਮਾਛੀਵਾੜਾ ਪੁਲਸ ਵਲੋਂ ਜਾਰੀ ਪ੍ਰੈੱਸ ਬਿਆਨ ਅਨੁਸਾਰ ਇਸ ਮਾਮਲੇ ਵਿੱਚ ਐੱਸ.ਐੱਸ.ਪੀ. ਦਫਤਰ ਆਹਲੂਵਾਲੀਆ ਦੇ ਨਿਰਦੇਸ਼ਾਂ 'ਤੇ ਡੀ.ਐੱਸ.ਪੀ. ਸਮਰਾਲਾ ਤਰਲੋਚਨ ਸਿੰਘ ਅਤੇ ਥਾਣਾ ਮੁਖੀ ਮਾਛੀਵਾੜਾ ਪਵਿੱਤਰ ਸਿੰਘ ਦੇ ਯਤਨ ਰੰਗ ਲਿਆਏ ਹਨ। ਹੋਰ ਮੁਲਜ਼ਮਾਂ ਵਿੱਚ ਗਿਰਦਾਰ ਗੁਰਪ੍ਰੀਤ ਸਿੰਘ ਦੇ ਪੁੱਤਰ ਅਵਤਾਰ ਸਿੰਘ ਤੇ ਹਰਜੋਤ ਸਿੰਘ ਸ਼ਾਮਲ ਹਨ।

### ਸਮਾਜ ਸੇਵੀ ਜੱਸੀ ਨੇ ਲੋੜਵੰਦ ਦੇ ਇਲਾਜ ਲਈ ਕੀਤੀ ਮਦਦ



**ਧੂਰੀ (ਮਹੇਂਦਰ ਸਿੰਘ ਸੱਗੂ)**- ਪਿਛਲੇ ਲੰਮੇ ਸਮੇਂ ਤੋਂ ਸਮਾਜ ਦੇ ਖੇਤਰ 'ਚ ਸਰਗਰਮ ਭਾਨ ਸਿੰਘ ਜੱਸੀ ਪੇਧਨੀ ਵੱਲੋਂ ਕਸਬਾ ਸ਼ੇਰਪੁਰ ਦੇ ਵਸਨੀਕ ਲੋੜਵੰਦ ਘੋੜਾ ਨਾਥ ਜੋਗੀਨਾਥ ਦੀ ਮਾਲੀ ਮਦਦ ਕੀਤੀ ਗਈ।ਸਮਾਜ ਸੇਵੀ ਭਾਨ ਸਿੰਘ ਜੱਸੀ ਅਨੁਸਾਰ ਕਰੀਬ ਦੋ ਦਹਾਕੇ ਪਹਿਲਾਂ ਜਦੋਂ ਉਨ੍ਹਾਂ ਨੇ ਸ਼ੇਰਪੁਰ ਵਿਖੇ ਜੋਗੀ ਨਾਥਾਂ/ ਸਪੇਰਿਆਂ ਦੇ ਬੱਚਿਆਂ ਨੂੰ ਮੁਫ਼ਤ ਪੜ੍ਹਾਉਣ ਦੀ ਸੇਵਾ ਆਰੰਭੀ ਸੀ, ਉਸ ਵੇਲੇ ਘੋੜਾ ਨਾਥ ਜੋਗੀਨਾਥ ਨੇ ਉਨ੍ਹਾਂ ਦਾ ਇਸ ਸਮਾਜ ਸੇਵਾ ਦੇ ਕਾਰਜ 'ਚ ਡੱਟਵਾਂ ਸਾਥ ਦਿੱਤਾ ਸੀ। ਪਰ ਹੁਣ ਇਨਸਾਨੀਅਤ ਲਈ ਦਰਦ ਰੱਖਣ ਵਾਲੇ ਘੋੜਾ ਨਾਥ ਨੂੰ ਕਈ ਗੰਭੀਰ ਬਿਮਾਰੀਆਂ ਨੇ ਘੇਰ ਲਿਆ ਅਤੇ ਸ਼ੂਗਰ ਦੀ ਬਿਮਾਰੀ ਕਾਰਨ ਡਾਕਟਰਾਂ ਨੂੰ ਉਸ ਦੀ ਲੱਤ ਕੱਟਣੀ ਪਈ।ਭਾਨ ਸਿੰਘ ਜੱਸੀ ਵੱਲੋਂ ਇਨਸਾਨੀਅਤ ਦੇ ਦਰਦ ਨੂੰ ਪਛਾਣਦਿਆਂ ਘੋੜਾ ਨਾਥ ਜੋਗੀਨਾਥ ਨੂੰ ਇਲਾਜ ਲਈ ਪੰਜ ਹਜਾਰ ਰੁਪਏ ਦੀ ਨਕਦ ਸਹਾਇਤਾ ਦਿੱਤੀ ਗਈ।

### ਈ-ਕੇ.ਵਾਈ.ਸੀ. ਓਪਰੇਟਰਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਮਾਨਸਾ ਵਿਖੇ 09 ਫਰਵਰੀ ਨੂੰ ਸੁਵਿਧਾ ਕੇਂਦਰ ਵੱਲੋਂ ਈ.-ਕੇ.ਵਾਈ.ਸੀ ਓਪਰੇਟਰਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਭਰਤੀ ਕੇਵਲ 06 ਮਹੀਨਿਆਂ ਲਈ ਹੋਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਘੱਟੋ ਘੱਟ ਯੋਗਤਾ 12ਵੀਂ ਪਾਸ ਲੜਕੇ ਅਤੇ ਲੜਕੀਆਂ ਭਾਗ ਲੈ ਸਕਦੇ ਹਨ ਜਿਨ੍ਹਾਂ ਦੀ ਉਮਰ ਸੀਮਾ 18 ਤੋਂ 37 ਸਾਲ ਤੱਕ ਹੋਵੇ। ਪ੍ਰਾਰਥੀਆਂ ਦਾ ਸਰੀਰਿਕ ਤੌਰ @ਤੇ ਫਿੱਟ ਹੋਣਾ ਜ਼ਰੂਰੀ ਹੈ। ਪ੍ਰਾਰਥੀ ਨੂੰ ਕੰਪਿਊਟਰ ਦੀ ਜਾਣਕਾਰੀ ਹੋਣੀ ਵੀ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ ਤਨਖਾਹ 10,000 ਰੁਪਏ ਪ੍ਰਤੀ ਮਹੀਨਾ ਮਿਲਣਯੋਗ ਹੋਵੇਗੀ। ਚਾਹਵਾਨ ਪ੍ਰਾਰਥੀ ਕੈਂਪ ਵਾਲੇ ਦਿਨ ਸਵੇਰੇ 10 ਵਜੇ ਆਪਣੀ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਕਾਪੀਆਂ, ਆਧਾਰ ਕਾਰਡ ਦੀ ਕਾਪੀ ਅਤੇ ਯੋਗਤਾ ਦਾ ਵੇਰਵਾ (ਰਜ਼ਿਊਮ) ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਪਹਿਲੀ ਮੰਜ਼ਿਲ @ਤੇ) ਪਹੁੰਚਣ।ਇੰਟਰਵਿਊ ਦਾ ਸਮਾਂ ਸਵੇਰੇ 10:30 ਵਜੇ ਤੋਂ ਬਾਅਦ ਦੁਪਹਿਰ 01:.00 ਵਜੇ ਤੱਕ ਹੋਵੇਗਾ । ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 94641-78030 @ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਖੁੱਡੀਆਂ ਵੱਲੋਂ ਨਸ਼ੇ ਦੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਅਹਿਮ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰਪਾਲ/ਪੂਜਾ, ਜਸਵੰਤ ਗਿੱਲ ਛੱਤਿਆਣਾ)**- ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਅੱਜ ਹਲਕਾ ਲੰਬੀ ਹਲਕੇ ਦੇ ਪਿੰਡ ਪੰਜਾਵਾ ਵਿਖੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵੀ.ਡੀ.ਸੀ. ਮੈਂਬਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ।ਇਸ ਮੌਕੇ ਉਹਨਾਂ ਦੀ ਹਾਜ਼ਰੀ ਵਿੱਚ ਵੀ.ਡੀ.ਸੀ ਮੈਂਬਰਾਂ ਨੂੰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਚਲਾਈ ਜਾ ਰਹੀ ਐਪ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਦੇ ਮੋਬਾਈਲ ਫੋਨ ਵਿੱਚ ਇੰਸਟਾਲ ਕਰਵਾਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈ ਗਈ। ਇਸ ਮੌਕੇ ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ 12 ਵੀ ਡੀ ਸੀ ਮੈਂਬਰਾਂ ਨੂੰ ਇਸ ਐਪ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ ਹੈ। ਇਸ ਐਪ ਦੇ ਜ਼ਰੀਏ ਉਹਨਾਂ ਦੀ ਲੋਗਿਨ ਆਈ.ਡੀ. ਬਣਾਈ ਗਈ ਹੈ ਜਿਸ ਨਾਲ ਉਹ ਆਪਣੀ ਆਈ.ਡੀ. 'ਤੇ ਪ੍ਰਾਪਤ ਹੋਣਗੀ ਨਸ਼ਿਆਂ ਸਬੰਧੀ ਸ਼ਿਕਾਇਤਾਂ ਨੂੰ ਉੱਚ ਅਧਿਕਾਰੀਆਂ ਨੂੰ ਭੇਜ ਸਕਦੇ ਹਨ ਅਤੇ ਉਹਨਾਂ ਵੱਲੋਂ ਭੇਜੀ ਗਈ ਜਾਣਕਾਰੀ ਦਾ ਸਟੇਟਸ ਵੀ ਪਤਾ ਕਰ ਸਕਦੇ ਹਨ।ਇਸ ਮੌਕੇ ਉਨ੍ਹਾਂ ਬੋਲਦਿਆਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਬੀ. ਡੀ. ਪੀ. ਓ. ਲੰਬੀ ਸ੍ਰੀ ਰਾਕੇਸ਼ ਬਿਸ਼ਨੋਈ, ਹਰਪਾਲ ਸਿੰਘ ਸੰਧੂ, ਮੰਗਲ ਸਿੰਘ, ਰਮੇਸ਼ ਕੁਮਾਰ, ਸੰਦੀਪ, ਮਨਜਿੰਦਰ ਸਿੰਘ, ਮੰਗਤ ਰਾਮ, ਗੁਰਸ਼ਰਨ ਸਿੰਘ, ਅੰਮ੍ਰਿਤ ਸਿੰਘ, ਦਿਲਜੀਤ ਸਿੰਘ, ਨੋਨੀ, ਅਮਨਦੀਪ ਸਿੰਘ, ਹਰਦਿਲ ਸਿੰਘ, ਸਮੂਹ ਪਿੰਡਾਂ ਦੇ ਪੰਚ ਸਰਪੰਚ, ਵੀ ਡੀ ਸੀ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸ਼ਹਿਰ ਦੀਆਂ ਸਮੱਸਿਆਵਾਂ ਸੰਬੰਧੀ ਹਲਕਾ ਵਿਧਾਇਕ ਸਮੇਤ ਅਧਿਕਾਰੀਆਂ ਨੂੰ ਮਿਲਣ ਦਾ ਫ਼ੈਸਲਾ



**ਬੁਢਲਾਡਾ (ਅਸ਼ੋਕ ਲਾਕੜਾ)**

ਨਗਰ ਸੁਧਾਰ ਸਭਾ ਨੇ ਫ਼ੈਸਲਾ ਕੀਤਾ ਹੈ ਕਿ ਸ਼ਹਿਰ ਵਿੱਚ ਸਫ਼ਾਈ ਦੇ ਪੁਖਤਾ ਪ੍ਰਬੰਧ, ਸੀਵਰੇਜ ਦੇ ਪਾਣੀ ਦੀ ਲੀਕੇਜ਼ ਬੰਦ ਕਰਨ, ਪੀਣ ਦੇ ਸਾਫ਼ ਪਾਣੀ ਦੀ ਸਪਲਾਈ, ਟ੍ਰੈਫਿਕ ਦੀ ਸਮੱਸਿਆ ਦੇ ਹੱਲ, ਸ਼ਹਿਰ ਵਿੱਚ ਅਮਨ ਤੇ ਕਾਨੂੰਨ ਨੂੰ ਸਥਿਤੀ ਨੂੰ ਦਰੁੱਸਤ ਕਰਨ ਲਈ ਜਿਵੇਂ ਸ਼ਹਿਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਾਉਣ, ਪੁਲਸ ਪੋਸਟਾਂ ਸਥਾਪਤ ਕਰਨ ਆਦਿ ਮੰਗਾਂ ਦੇ ਹੱਲ ਲਈ 10 ਫਰਵਰੀ ਨੂੰ ਹਲਕਾ ਵਿਧਾਇਕ ਸਮੇਤ ਪੁਲਸ ਪ੍ਰਸ਼ਾਸਨ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਵਫ਼ਦ ਦੇ ਰੂਪ 'ਚ ਮਿਲਿਆ ਜਾਵੇਗਾ।ਮੀਟਿੰਗ ਦੀ ਪ੍ਰਧਾਨਗੀ ਪ੍ਰੇਮ ਸਿੰਘ ਦੋਦੜਾ ਨੇ ਕੀਤੀ।

ਨਗਰ ਸੁਧਾਰ ਸਭਾ ਦੇ ਸੀਨੀਅਰ ਆਗੂ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਸ਼ਹਿਰ ਦੀ ਇਕੱਤਰਤਾ ਤੋਂ ਬਾਅਦ ਦੱਸਿਆ ਕਿ ਨਗਰ ਕੌਂਸਲ ਦੇ ਸ਼ਹਿਰ ਵਿੱਚ ਗੰਦਗੀ ਦੇ ਢੇਰ ਚੁੱਕਣ ਤੇ ਸੀਵਰੇਜ ਦੀ ਲੀਕੇਜ਼ ਸਬੰਧੀ ਯਤਨ ਕੀਤੇ ਜਾਣ ਕਾਰਨ ਸੰਸਥਾ ਨੇ ਨਰਮੀ ਵਾਲਾ ਰੁਖ ਅਪਣਾ ਲਿਆ ਸੀ ਤੇ ਵੱਡੇ ਇਕੱਠ ਦੀ ਬਜਾਏ ਚੋਣਵੇਂ ਵਿਅਕਤੀਆਂ ਦੀ ਮੀਟਿੰਗ ਤੱਕ ਸੀਮਤ ਕਰ ਦਿੱਤਾ ਸੀ।ਉਨ੍ਹਾਂ ਕਿਹਾ ਕਿ ਨਗਰ ਸੁਧਾਰ ਸਭਾ ਭਵਿੱਖ ਵਿੱਚ ਵੀ ਇਹ ਉਮੀਦ ਰੱਖਦੀ ਹੈ ਕਿ ਪ੍ਰਸ਼ਾਸਨ ਤੇ ਸਰਕਾਰ ਸ਼ਹਿਰ ਦੀਆਂ ਉਪਰੋਕਤ ਸਮੱਸਿਆਵਾਂ ਪ੍ਰਤੀ ਸੁਹਿਰਦਤਾ ਦਿਖਾ ਕੇ ਇਨ੍ਹਾਂ ਨੂੰ ਫੌਰੀ ਹੱਲ ਕਰੇਗੀ।ਐਡਵੋਕੇਟ ਦਲਿਓ ਨੇ ਕਿਹਾ ਕਿ ਇੰਨਾਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵੱਡੇ ਬਜਟ ਦੀ ਜ਼ਰੂਰਤ ਨਹੀਂ।

ਉਨ੍ਹਾਂ ਕਿਹਾ ਕਿ ਭਾਵੇਂ ਕੂੜੇ ਦੇ ਡੰਪ ਸਬੰਧੀ ਨਗਰ ਕੌਂਸਲ ਤੇ ਸੰਘਰਸ਼ ਕਰ ਰਹੇ ਦੋਵਾਂ ਵਾਰਡਾਂ ਦੇ ਲੋਕਾਂ ਸਬੰਧੀ ਸਹਿਮਤੀ ਬਣੀ ਹੈ, ਪਰ ਸੰਸਥਾ ਮੰਗ ਕਰਦੀ ਹੈ ਕਿ ਕੂੜੇ ਦੇ ਡੰਪ ਦਾ ਪੱਕਾ ਪ੍ਰਬੰਧ ਸ਼ਹਿਰ ਦੀ ਵਸੋਂ ਤੋਂ ਬਾਹਰ ਕੀਤਾ ਜਾਵੇ ਤੇ ਨਗਰ ਕੌਂਸਲ ਦੀ ਕਰੋੜਾਂ ਰੁਪਏ ਦੀ ਕੀਮਤੀ ਜ਼ਮੀਨ ਤੋਂ ਨਜਾਇਜ਼ ਕਬਜ਼ੇ ਹਟਾਏ ਜਾਣ ਅਤੇ ਐਮ.ਆਰ.ਐਫ. ਸ਼ੈੱਡ ਸਮੇਤ ਨਗਰ ਕੌਂਸਲ ਦੀਆਂ ਕਰੋੜਾਂ-ਅਰਬਾਂ ਰੁਪਏ ਦੀਆਂ ਆਈਆਂ ਗਰਾਟਾਂ ਦੀ ਉੱਚ ਪੱਧਰੀ ਜਾਂਚ ਕਰਾਈ ਜਾਵੇ।ਐਡਵੋਕੇਟ ਦਲਿਓ ਨੇ ਕਿਹਾ ਕਿ ਜੇਕਰ ਇਨ੍ਹਾਂ ਮੰਗਾਂ ਵੱਲ ਫੌਰੀ ਧਿਆਨ ਦੇ ਕੇ ਹੱਲ ਨਾ ਕੀਤਾ ਤਾਂ ਨਗਰ ਸੁਧਾਰ ਸਭਾ ਤਿੱਖੇ ਸੰਘਰਸ਼ ਦੀ ਰੂਪ ਰੇਖਾ ਉਲੀਕਣ ਲਈ ਮਜਬੂਰ ਹੋਵੇਗੀ।

# ਰੈਂਪਾਂ 'ਤੇ ਚਿੱਟੇ ਪੇਂਟ ਦੀਆਂ ਪੱਟੀਆਂ ਜਾਂ ਰਿਫਲੈਕਟਰ ਨਾ ਹੋਣ ਕਾਰਨ ਗਈ ਕੀਮਤੀ ਜਾਨ



**ਨਾਭਾ (ਵਰਿੰਦਰ ਵਰਮਾ)**

ਸੜਕ 'ਤੇ 4 ਸਪੀਡ ਬ੍ਰੇਕਰ (ਰੈਂਪ) ਲੋਕਾਂ ਦੀ ਸਹੂਲਤ ਦੀ ਬਜਾਏ ਜਾਨ ਲਈ ਖ਼ਤਰਾ ਬਣ ਰਹੇ ਹਨ।ਰੈਂਪਾਂ 'ਤੇ ਚਿੱਟੀ ਪੇਂਟ ਦੀਆਂ ਪੱਟੀਆਂ ਜਾਂ ਰਿਫਲੈਕਟਰ ਨਾ ਲੱਗੇ ਹੋਣ ਕਾਰਨ ਕੀਮਤੀ ਜਨਮ ਮੌਤ ਦੇ ਮੂੰਹ ਵਿੱਚ ਜਾ ਰਹੀਆਂ ਹਨ।ਅਜਿਹਾ ਹੀ ਮਾਮਲਾ ਤੜਕਸਾਰ ਸਵੇਰੇ ਸਾਢੇ ਚਾਰ ਵਜੇ ਅਲੱਗ-ਅਲੱਗ ਦੋ ਸੜਕ ਹਾਦਸਿਆਂ ਵਿੱਚ ਇਕ ਨੌਜਵਾਨ ਦੀ ਮੌਤ ਹੋ ਗਈ ਤੇ ਇੱਕ ਗੰਭੀਰ ਜ਼ਖ਼ਮੀ ਹੋ ਗਿਆ।ਪਹਿਲਾ ਹਾਦਸਾ ਵਾਪਰਿਆ ਨਾਭਾ ਸਤਿਸੰਗ ਬਿਆਸ ਰੋਡ ਤੇ ਪਟਿਆਲਾ ਤੋਂ ਆ ਰਹੇ ਆਈ 20 ਕਾਰ ਵਿੱਚ ਸਵਾਰ ਯੋਗੇਸ਼ ਕੁਮਾਰ ਉਮਰ ਕਰੀਬ 32 ਸਾਲ ਜੋ ਕਿ ਮਲੇਰਕੋਟਲਾ ਜਾ ਰਿਹਾ ਸੀ ਤਾਂ ਰੈਂਪ ਦਾ ਅੰਦਾਜ਼ਾ ਨਾ ਹੋਣ ਕਾਰਨ ਕਾਰ ਅਣਕੰਟਰੋਲ ਹੋ ਕੇ ਸਿੱਧੀ ਦਰੱਖਤ ਵਿੱਚ ਵੱਜੀ, ਜਿਸ ਕਰਕੇ ਉਸ ਦੀ ਮੌਕੇ 'ਤੇ ਮੌਤ ਹੋ ਗਈ।

ਦੂਜਾ ਹਾਦਸਾ ਵਾਪਰਿਆ ਨਾਭਾ ਦੇ ਸਿਟੀ ਹਾਰਟ ਹੋਟਲ ਦੇ ਨਜ਼ਦੀਕ, ਉਥੇ ਵੀ ਇੱਕ ਨੌਜਵਾਨ ਯਸ਼ ਕੁਮਾਰ ਉਮਰ 25 ਸਾਲ ਫੈਕਟਰੀ ਤੋਂ ਆਪਣੇ ਘਰ ਜਾ ਰਿਹਾ ਸੀ ਤਾਂ ਉਸ ਨੂੰ ਰੈਂਪ ਦਾ ਅੰਦਾਜ਼ ਨਹੀਂ ਹੋਇਆ ਤਾਂ ਉਸ ਦਾ ਮੋਟਰਸਾਈਕਲ ਵੀ ਅਨਬੈਲੇਂਸ ਹੋ ਗਿਆ ਅਤੇ ਉਹ ਸੜਕ 'ਤੇ ਡਿੱਗ ਗਿਆ। ਇੱਕ ਰਾਹਗੀਰ ਵੱਲੋਂ ਉਸ ਨੂੰ ਆਪਣੀ ਗੱਡੀ ਵਿੱਚ ਪਾ ਕੇ ਹਸਪਤਾਲ ਲਿਆਂਦਿਆ ਗਿਆ ਤੇ ਉਸ ਦੀ ਹਾਲਤ ਨਾਜ਼ੁਕ ਦੇਖਦੇ ਹੋਏ ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ।ਲੋਕਾਂ ਦੀ ਸਹੂਲਤ ਲਈ ਬਣੇ ਰੈਂਪ ਹੁਣ ਮੌਤ ਦਾ ਕਾਰਨ ਬਣ ਰਹੇ ਹਨ।

108 ਐਂਬੂਲੈਂਸ ਤੇ ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮਾਂ ਨੇ ਦੱਸਿਆ ਕਿ ਇਹ ਹਾਦਸਾ ਸੜਕ 'ਤੇ ਬਣੇ ਜੋ ਰੈਂਪ ਹਨ, ਉਨ੍ਹਾਂ ਕਾਰਨ ਵਾਪਰਿਆ ਹੈ, ਕਿਉਂਕਿ ਰੈਂਪ ਦੀ ਹਾਈਟ ਬਹੁਤ ਜਿਆਦਾ ਹੈ, ਜਿਸ ਕਰਕੇ ਬਾਹਰ ਆ ਰਹੇ ਰਾਹਗੀਰਾਂ ਨੂੰ ਬਿਲਕੁਲ ਵੀ ਅੰਦਾਜ਼ ਨਹੀਂ ਹੁੰਦਾ ਕਿ ਇਸ ਰੈਂਪ ਦੇ ਕਾਰਨ ਸੜਕ ਹਾਦਸੇ ਵਾਪਰ ਹਨ ਅਤੇ ਜੋ ਇਹ ਹਾਦਸਾ ਵਾਪਰਿਆ ਹੈ।ਗੱਡੀ ਇਕ ਦਮ ਉਛਲ ਕੇ ਅਣਕੰਟਰੋਲ ਹੋ ਗਈ ਅਤੇ ਦਰੱਖਤ ਵਿੱਚ ਵੱਜੀ, ਜਿਸ ਕਰਕੇ ਇਸ ਨੌਜਵਾਨ ਦੀ ਮੌਤ ਹੋ ਗਈ।

# ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਸਖ਼ਤ ਵਿਰੋਧ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਾਵਰ ਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੀ ਮਾਸਿਕ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਇਮਾਰਤ ਦੇ ਕਾਮਰੇਡ ਸਤੀਸ਼ ਲੂੰਬਾ ਭਵਨ ਵਿਖੇ ਸਥਾਨਕ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੇ ਆਗੂਆਂ ਗੁਰਮੇਲ ਸਿੰਘ ਨਾਹਰ ਪ੍ਰਧਾਨ ਅਤੇ ਗੁਰਨਾਮ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਗੁਰਮੇਲ ਸਿੰਘ ਨਾਹਰ, ਪ੍ਰਿਯਵਰਤ ਗੁਪਤਾ, ਜੋਗਿੰਦਰ ਸਿੰਘ, ਤੇਜਾ ਸਿੰਘ ਬਰਾੜ, ਵੀ.ਪੀ. ਸੇਠੀ, ਸਵਰਨ ਸਿੰਘ ਖੋਸਾ ਅਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪਾਵਰ ਕਾਮ ਅਤੇ ਹੋਰ ਵਿਭਾਗਾਂ ਦੀਆਂ ਜਾਇਦਾਦਾਂ ਨੂੰ ਮਾਮੂਲੀ ਭਾਅ ਵੇਚਣ ਦੀਆਂ ਯੋਜਨਾਵਾਂ 'ਤੇ ਤੇਜ਼ੀ ਨਾਲ ਕੰਮ ਕਰ ਰਹੀ ਹੈ। ਕੇਂਦਰ ਸਰਕਾਰ ਨੇ 29 ਕਿਰਤ ਕਾਨੂੰਨਾਂ ਨੂੰ ਖਤਮ ਕਰ ਦਿੱਤਾ ਅਤੇ ਚਾਰ ਕਿਰਤ ਕੋਡ ਬਣਾਏ, ਨਵੰਬਰ 2025 ਵਿੱਚ ਗੁਪਤ ਢੰਗ ਨਾਲ ਬਿੱਲ ਪਾਸ ਕੀਤਾ, ਜੋ ਦਸੰਬਰ 2025 ਤੋਂ ਲਾਗੂ ਕੀਤਾ ਗਿਆ ਸੀ। ਇਸ ਨਾਲ ਮਜ਼ਦੂਰਾਂ ਦੇ ਕੰਮ ਦੇ ਘੰਟੇ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਗਏ ਹਨ। ਮਜ਼ਦੂਰ ਵਿਰੋਧੀ ਕਾਨੂੰਨਾਂ ਨੇ ਹੜਤਾਲ ਕਰਨ ਦੇ ਅਧਿਕਾਰ ਨੂੰ ਖਤਮ ਕਰ ਦਿੱਤਾ ਹੈ। ਇਹ ਮਜ਼ਦੂਰ ਵਿਰੋਧੀ ਕਾਨੂੰਨ 150 ਸਾਲ ਪਹਿਲਾਂ ਪ੍ਰਾਪਤ ਅਧਿਕਾਰਾਂ ਨੂੰ ਖਤਮ ਕਰ ਦੇਣਗੇ। ਫੈਕਟਰੀ ਐਕਟ ਵਿੱਚ ਬਦਲਾਅ 300 ਤੱਕ ਕਾਮਿਆਂ ਨੂੰ ਰੁਜ਼ਗਾਰ ਦੇਣ ਵਾਲੇ ਫੈਕਟਰੀਆਂ ਦੇ ਮਾਲਕਾਂ ਨੂੰ ਆਪਣੀ ਮਰਜ਼ੀ ਨਾਲ ਬੰਦ ਕਰਨ ਅਤੇ ਸਰਕਾਰੀ ਪ੍ਰਵਾਨਗੀ ਤੋਂ ਬਿਨਾਂ ਕਾਮਿਆਂ ਨੂੰ ਛਾਂਟੀ ਕਰਨ ਦੀ ਆਗਿਆ ਦੇਣਗੇ। ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਲਾਗੂ ਕੀਤੇ ਜਾ ਰਹੇ ਕਠੋਰ ਕਾਨੂੰਨਾਂ ਦੇ ਵਿਰੋਧ ਵਿੱਚ, 10 ਕੇਂਦਰੀ ਟਰੇਡ ਯੂਨੀਅਨਾਂ, ਕਿਸਾਨ, ਮਜ਼ਦੂਰ, ਪੰਜਾਬ ਰਾਜ ਦੀਆਂ ਸਾਰੀਆਂ ਕਰਮਚਾਰੀ ਅਤੇ ਪੈਨਸ਼ਨਰ ਸੰਗਠਨਾਂ ਅਤੇ ਸੰਯੁਕਤ ਕਿਸਾਨ ਮੋਰਚਾ 12 ਫਰਵਰੀ ਨੂੰ ਹੜਤਾਲ ਕਰਨ ਜਾ ਰਹੇ ਹਨ ਤਾਂ ਜੋ ਸਰਕਾਰਾਂ ਨੂੰ ਮਨਮਾਨੇ ਢੰਗ ਨਾਲ ਲਾਗੂ ਕੀਤੇ ਜਾ ਰਹੇ ਕਠੋਰ ਕਾਨੂੰਨਾਂ ਨੂੰ ਵਾਪਸ ਲੈਣ ਲਈ ਮਜਬੂਰ ਕੀਤਾ ਜਾ ਸਕੇ । ਮੀਟਿੰਗ ਵਿੱਚ ਗੁਰਨਾਮ ਸਿੰਘ, ਜਸਵਿੰਦਰ ਸਿੰਘ, ਸਵਰਨ ਸਿੰਘ, ਗੁਰਦੀਪ ਸਿੰਘ, ਸਵਰਨ ਸਿੰਘ ਖੋਸਾ (ਸਾਬਕਾ ਡਿਪਟੀ ਚੀਫ਼ ਇੰਜਨੀਅਰ), ਸੂਰਜ ਪ੍ਰਕਾਸ਼, ਜਗਜੀਤ ਸਿੰਘ, ਤਿਰਲੋਕ ਸਿੰਘ, ਲਕਸ਼ਮੀ ਚੰਦਰ, ਅੰਗਰੇਜ਼ ਸਿੰਘ, ਭਗਵੰਤ ਰਾਏ, ਅੰਮ੍ਰਿਤ ਲਾਲ, ਸਰਦਾਰਾ ਸਿੰਘ, ਨਿਰੰਜਨ ਸਿੰਘ, ਹਰਮੇਲ ਸਿੰਘ, ਬਲਦੇਵ ਸਿੰਘ, ਪਿਆਰਾ ਸਿੰਘ, ਦੇਵ ਸਿੰਘ ਜੋਗਾ, ਗੁਰਿੰਦਰ ਕੁਮਾਰ ਜੋਗਾ, ਗੁਰਜੀਤ ਸਿੰਘ, ਜੋਧਾਂ ਸਿੰਘ, ਰਾਜਪਾਲ ਸਿੰਘ, ਸਵ. ਸਿੰਘ, ਤੇਜਾ ਸਿੰਘ ਬਰਾੜ, ਬਲਦੇਵ ਸਿੰਘ, ਇੰਦਰਜੀਤ ਸਿੰਘ, ਪਿਆਰਾ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਮਾਤ-ਭਾਸ਼ਾ ਮੇਲਾ 21 ਨੂੰ

**ਲੁਧਿਆਣਾ** : ਪੰਜਾਬੀ ਸਾਹਿਤ ਅਕੈਡਮੀ, ਲੁਧਿਆਣਾ ਵਲੋਂ ਅੰਤਰ-ਰਾਸ਼ਟਰੀ ਮਾਤਾ ਭਾਸ਼ਾ ਦਿਵਸ ਮੌਕੇ ਪੰਜਾਬੀ ਮਾਤ-ਭਾਸ਼ਾ ਮੇਲਾ 21 ਫ਼ਰਵਰੀ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਮਨਾਇਆ ਜਾ ਰਿਹਾ ਹੈ। ਪੰਜਾਬੀ ਸਾਹਿਤ ਅਕੈਡਮੀ, ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਮਾਤ-ਭਾਸ਼ਾ ਦਿਵਸ ਮੌਕੇ ਪੰਜਾਬ ਦੇ ਵੱਖ-ਵੱਖ ਕਾਲਜਾਂ ਦੀਆਂ ਟੀਮਾਂ ਪੰਜਾਬੀ ਕਹਾਣੀ ਸਿਰਜਣ, ਕਾਵਿ-ਸਿਰਜਣ, ਪੰਜਾਬੀ ਲੋਕ ਗੀਤ, ਸਭਿਆਚਾਰਕ ਪ੍ਰਸ਼ਨੋਤਰੀ, ਪੰਜਾਬੀ ਕਵਿਤਾ ਪੋਸਟਰ ਮੁਕਾਬਲਾ, ਪੰਜਾਬੀ ਕਾਵਿ-ਉਚਾਰਣ, ਅਖਾਣ ਅਤੇ ਮੁਹਾਵਰੇ ਭਰਪੂਰ ਵਾਰਤਾਲਾਪ ਅਤੇ ਕੈਲੀਗ੍ਰਾਫੀ (ਅੱਖ਼ਰਕਾਰੀ) ਮੁਕਾਬਲਿਆਂ ਵਿਚ ਹਿੱਸਾ ਲੈਂਦੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬੀ ਮਾਤ-ਭਾਸ਼ਾ ਮੇਲੇ ਦੇ ਪਿਛਲੇ ਸਾਲ ਪੰਜਾਬ ਦੇ ਲਗਪਗ ਦੋ ਦਰਜਨ ਦੇ ਕਰੀਬ ਕਾਲਜਾਂ ਦੀਆਂ ਟੀਮਾਂ ਨੇ ਭਾਗ ਲਿਆ ਸੀ ਤੇ ਇਸ ਵਾਰ ਹੋਰ ਵੀ ਜ਼ਿਆਦਾ ਕਾਲਜਾਂ ਦੀਆਂ ਟੀਮਾਂ ਵਲੋਂ ਭਾਗ ਲੈਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਅਕੈਡਮੀ ਵੱਲੋਂ ਵੱਖ-ਵੱਖ ਮੁਕਾਬਲਿਆਂ ਵਿਚੋਂ ਜੇਤੂ ਵਿਦਿਆਰਥੀਆਂ ਨੂੰ ਪੁਸਤਕਾਂ ਦੇ ਰੂਪ ਵਿਚ ਪਹਿਲਾ, ਦੂਜਾ ਤੇ ਤੀਜਾ ਇਨਾਮ ਦਿੱਤੇ ਜਾਣਗੇ ਅਤੇ ਜਿਸ ਕਾਲਜ ਦੀ ਟੀਮ ਨੇ ਸਮੁੱਚੇ ਰੂਪ ਵਿਚ ਜ਼ਿਆਦਾ ਅੰਕ ਪ੍ਰਾਪਤ ਕੀਤੇ ਉਸ ਨੂੰ ਮਾਤ-ਭਾਸ਼ਾ ਟਰਾਫ਼ੀ ਪ੍ਰਦਾਨ ਕੀਤੀ ਜਾਵੇਗੀ।

ਪੰਜਾਬੀ ਮਾਤ-ਭਾਸ਼ਾ ਮੇਲੇ ਦੇ ਸੰਯੋਜਕ ਡਾ. ਗੁਰਚਰਨ ਕੌਰ ਕੋਚਰ ਅਤੇ ਸ੍ਰੀ ਤ੍ਰੈਲੋਚਨ ਲੋਚੀ ਨੇ ਦੱਸਿਆ ਮੇਲੇ ਸੰਬੰਧੀ ਕਾਲਜਾਂ ਨੂੰ ਸੱਦਾ ਪੱਤਰ ਭੇਜੇ ਗਏ ਹੈ। ਜੇ ਕਿਸੇ ਕਾਲਜ ਨੂੰ ਸੱਦਾ ਪੱਤਰ ਸਮੇਂ ਸਿਰ ਨਹੀਂ ਪਹੁੰਚਦਾ ਉਹ ਵੀ 21 ਫ਼ਰਵਰੀ ਨੂੰ ਪੰਜਾਬੀ ਭਵਨ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਭਾਗ ਲੈਣ ਵਾਲੇ ਕਾਲਜਾਂ ਦੇ ਵਿਦਿਆਰਥੀ ਆਪਣੀ ਸੰਸਥਾ ਦੇ ਮੁਖੀ ਤੋਂ ਅਧਿਕਾਰ ਪੱਤਰ ਨਾਲ ਲੈ ਕੇ ਆਉਣਗੇ ਅਤੇ ਉਨ੍ਹਾਂ ਦੀ ਰਜਿਸਟ੍ਰੇਸ਼ਨ ਸਵੇਰੇ 9 ਵਜੇ ਤੋਂ ਲੈ ਕੇ 10 ਵਜੇ ਤੱਕ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਵੇਗੀ।

# 22 ਤੋਂ ਮੁੜ ਲੱਗੇਗਾ ਧਰਮ ਯੁੱਧ ਮੋਰਚਾ

## ਟਾਵਰ ਮੋਰਚੇ 'ਤੇ ਜੁਝਾਰੂ ਜਥੇਬੰਦੀਆਂ ਨੇ ਲਿਆ ਫੈਸਲਾ



**ਸਮਾਣਾ (ਇਕਬਾਲ ਸਿੰਘ ਬੱਲ)**

ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਮੋਰਚਾ ਦੇ ਤਹਿਤ ਪਿਛਲੇ 16 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ ਤੇ ਬੈਠ ਕੇ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਅਤੇ ਹੋਰ ਪਵਿੱਤਰ ਧਾਰਮਿਕ ਗ੍ਰੰਥਾਂ ਦੀ ਪੰਜਾਬ ਵਿਚ ਵਾਰ-ਵਾਰ ਕਰਾਈ ਜਾ ਰਹੀ ਬੇਅਦਬੀ ਰੋਕਣ ਲਈ ਬੇਮਿਸਾਲ ਸਜ਼ਾ ਦਾ ਕਾਨੂੰਨ ਲਾਗੂ ਕਰਾਉਣ ਦੀ ਮੰਗ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਸੰਘਰਸ਼ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦ ਪੰਜਾਬ ਤੇ ਹਰਿਆਣਾ ਦੀਆਂ 21 ਜੁਝਾਰੂ ਜਥੇਬੰਦੀਆਂ ਨੇ ਸਰਬਸੰਮਤੀ ਨਾਲ ਪੱਕੇ ਤੌਰ 'ਤੇ 22 ਫਰਵਰੀ ਤੋਂ ਧਰਮ ਯੁੱਧ ਮੋਰਚਾ ਮੁੜ ਲਾਉਣ ਦਾ ਐਲਾਨ ਕੀਤਾ।

ਜ਼ਿਕਰ ਯੋਗ ਹੈ ਕਿ 1982 ਵਿੱਚ ਧਰਮ ਯੁੱਧ ਮੋਰਚਾ ਪੰਜਾਬ ਦੀਆਂ ਮੰਗਾਂ ਨੂੰ ਲੈ ਕੇ ਅੰਮ੍ਰਿਤਸਰ ਵਿਖੇ ਲੱਗਾ ਸੀ, ਜਦਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਆਨ-ਸ਼ਾਨ ਨੂੰ ਸਮਰਪਿਤ ਇਸ ਦੂਜੇ ਧਰਮ ਯੁੱਧ ਮੋਰਚੇ ਵਿੱਚ ਪਿੰਡਾਂ ਸ਼ਹਿਰਾਂ ਤੋਂ ਟਰੈਕਟਰ ਟਰਾਲੀਆਂ ਤੇ ਸਵਾਰ ਹੋ ਕੇ ਜੁਝਾਰੂ ਪੰਜਾਬੀ ਸਮਾਣਾ ਮੋਰਚਾ ਪਾਰਕ ਤੇ 22 ਨੂੰ ਪੱਕਾ ਡੇਰਾ ਲਾਉਣਗੇ, ਜਿਥੋਂ 24 ਫਰਵਰੀ ਨੂੰ ਅਣਮਿੱਥੇ ਸਮੇਂ ਲਈ ਹਾਈਵੇ ਰੋਕਣ ਲਈ ਕੂਚ ਕੀਤਾ ਜਾਏਗਾ।

ਜਾਣਕਾਰੀ ਸਾਂਝੀ ਕਰਦੇ ਹੋਏ ਭਾਈ ਗੁਰਪ੍ਰੀਤ ਸਿੰਘ ਮੋਰਚਾ ਕੋਆਰਡੀਨੇਟਰ, ਸੀਨੀਅਰ ਆਗੂ ਅਮਤੋਜ ਸਿੰਘ ਮਾਨ, ਕਿਸਾਨ ਆਗੂ ਇੰਦਰਜੀਤ ਸਿੰਘ ਘਣੀਆ, ਬਾਬਾ ਭੁਪਿੰਦਰ ਸਿੰਘ, ਗੁਰਦੁਆਰਾ ਰਾਮਪੁਰ ਖੇੜਾ ਸਾਹਿਬ, ਸੀਨੀਅਰ ਪੱਤਰਕਾਰ ਜਗਦੀਪ ਸਿੰਘ ਥਲੀ, ਮੁੱਖ ਸਲਾਹਕਾਹ ਤਲਵਿੰਦਰ ਸਿੰਘ ਔਲਖ ਤੇ ਹੋਰ ਜੁਝਾਰੂ ਜਥੇਬੰਦੀਆਂ ਦੇ ਆਗੂਆਂ ਨੇ ਸਾਂਝੇ ਤੌਰ 'ਤੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਬੇਮਿਸਾਲ ਸਜ਼ਾ ਦਾ ਕਾਨੂੰਨ ਬਣਾਉਣ ਦੇ ਆਪਣੇ ਕੀਤੇ ਹੋਏ ਵਾਅਦਿਆਂ ਤੋਂ ਮੁੱਕਰ ਚੁੱਕੀ ਹੈ, 15 ਜੁਲਾਈ 2025 ਨੂੰ ਪੰਜਾਬ ਵਿਧਾਨ ਸਭਾ ਵੱਲੋਂ ਗਠਿਤ ਸਲੈਕਟ ਕਮੇਟੀ ਨੂੰ ਦਿੱਤਾ ਗਿਆ ਛੇ ਮਹੀਨੇ ਦਾ ਸਮਾਂ ਵੀ ਖਤਮ ਹੋ ਚੁੱਕਾ ਹੈ, ਪਰ ਸਰਕਾਰ ਕਾਨੂੰਨ ਲਾਗੂ ਕਰਨੋਂ ਅਵੇਸਲੀ ਹੋਈ ਪਈ ਹੈ।

ਸਰਕਾਰ ਦੇ ਇਸ ਨਿਰਾਸ਼ਾਜਨਕ ਰਵੱਈਏ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਭਾਈ ਗੁਰਜੀਤ ਸਿੰਘ ਦੀ ਦਿਨੋ ਦਿਨ ਵਿਗੜ ਰਹੀ ਸਿਹਤ ਦਾ ਖਿਆਲ ਕਰਦੇ ਹੋਏ ਜਥੇਬੰਦੀਆਂ ਵੱਲੋਂ ਪੱਕੇ ਤੌਰ ਤੇ ਕਰੜਾ ਸੰਘਰਸ਼ ਵਿੱਢਣ ਦਾ ਫੈਸਲਾ ਕੀਤਾ ਗਿਆ ਹੈ।

# ਪ੍ਰਮੋਸ਼ਨ 'ਚ ਟੈੱਟ ਦੀ ਸ਼ਰਤ ਲਾਉਣੀ ਸਰਕਾਰ ਦੀ ਬਦਨੀਤੀ : ਜੀ ਟੀ ਯੂ

**ਜ਼ੀਰਾ (ਨਰਿੰਦਰ ਅਨੇਜਾ)**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਤੇ ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਕਿਹਾ ਕਿ ਵਿਭਾਗ ਵੱਲੋਂ ਡਾਇਰੈਕਟਰ ਸਕੂਲ ਸਿੱਖਿਆ ਪੰਜਾਬ ਪ੍ਰਮੋਸ਼ਨ ਸੈਲ ਵੱਲੋਂ ਪੱਤਰ ਜਾਰੀ ਕਰਕੇ ਨਾਦਰਸ਼ਾਹੀ ਹੁਕਮ ਜਾਰੀ ਕੀਤਾ ਹੈ। ਮਾਸਟਰ ਕਾਡਰ ਦੀਆਂ ਪਦ ਉਨਤੀਆਂ ਵਿੱਚ ਟੀ. ਈ.ਟੀ.ਦੀ ਸ਼ਰਤ ਨੂੰ ਲਾਜ਼ਮੀ ਕਰ ਦਿੱਤਾ ਗਿਆ ਹੈ, ਜੋ ਬਿਲਕੁਲ ਗੈਰ ਵਿਗਿਆਨਿਕ ਹੈ। ਅਧਿਆਪਕ ਆਗੂਆਂ ਮੰਗ ਕੀਤੀ ਹੈ ਕਿ ਬੀਤੇ ਦਿਨੀਂ ਸਿੱਖਿਆ ਵਿਭਾਗ ਵਿੱਚ ਮਾਸਟਰ ਕੇਡਰ ਵਿੱਚ ਹੋਈਆਂ ਪ੍ਰਮੋਸ਼ਨਾਂ ਪ੍ਰਾਪਤ ਕਰ ਚੁੱਕੇ ਸਾਰੇ ਅਧਿਆਪਕਾਂ ਨੂੰ ਸਟੇਸ਼ਨ ਚੋਣ ਕਰਾ ਕੇ ਜੁਆਇੰਨ ਕਰਾਇਆ ਜਾਵੇ। ਉਨ੍ਹਾਂ ਕਿਹਾ ਕਿ ਜਿਹੜੇ ਅਧਿਆਪਕ 2011 ਤੋਂ ਪਹਿਲਾਂ ਭਰਤੀ ਹੋਏ ਹਨ। ਉਨ੍ਹਾਂ 'ਤੇ ਟੈੱਟ ਪਾਸ ਕਰਨ ਦੀ ਸ਼ਰਤ ਲਾਗੂ ਕਰਨਾ ਬੇਮਾਇਨੇ ਹੈ, ਜਿਸ ਕਾਰਨ ਬਹੁਤ ਸਾਰੇ ਸੀਨੀਅਰ ਆਧਿਆਪਕ ਤਰੱਕੀ ਤੋਂ ਵਾਂਝੇ ਹੋ ਜਾਣਗੇ।

ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਟੈੱਟ ਪਾਸ ਕਰਨ ਉਪਰੰਤ ਭਰਤੀਆਂ 2011 ਵਿੱਚ ਹੀ ਸ਼ੁਰੂ ਹੋਈਆਂ ਹਨ ਤੇ ਪਹਿਲੀਆਂ ਭਰਤੀਆਂ ਤੇ ਹੁਣ ਟੈੱਟ ਦੀ ਸ਼ਰਤ ਲਾਗੂ ਨਹੀਂ ਕੀਤੀ ਜਾ ਸਕਦੀ।ਉਨ੍ਹਾਂ ਹੋਰ ਕਿਹਾ ਕਿ ਤਰੱਕੀ ਜਾਂ ਪ੍ਰਮੋਸ਼ਨ ਦਾ ਅਰਥ ਤਜ਼ਰਬੇ ਅਤੇ ਲੈਂਥ ਆਫ ਸਰਵਿਸ ਨਾਲ਼ ਹੈ ।ਸਿੱਖਿਆ ਵਿਭਾਗ ਪੰਜਾਬ ਮਾਣਯੋਗ ਸੁਪਰੀਮ ਕੋਰਟ ਦੇ ਨਿਯਮਾਂ ਦੀ ਵਿਆਖਿਆ, ਸਿਖਿਆ ਸੁਧਾਰਾਂ ਲਈ ਘੱਟ ਪਰ ਅਧਿਆਪਕਾਂ ਨੂੰ ਤਕਲੀਫ਼ ਦੇਣ ਲਈ ਵੱਧ ਕਰ ਰਿਹਾ ਹੈ, ਜਦਕਿ ਹੋਰ ਬਹੁਤ ਸਾਰੇ ਮਾਨਯੋਗ ਉੱਚ ਅਦਾਲਤਾਂ ਦੇ ਅਧਿਆਪਕ ਪੱਖੀ ਫੈਂਸਲੇ ਲਾਗੂ ਕਰਨ ਤੋਂ ਵੀ ਗੁਰੇਜ਼ ਕੀਤਾ ਜਾ ਰਿਹਾ ਹੈ।ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਪੁਰੋਵਾਲ, ਗੁਰਪ੍ਰੀਤ ਸਿੰਘ ਅਮੀਵਾਲ, ਮੀਤ ਪ੍ਰਧਾਨ ਹਰਿੰਦਰ ਮੱਲੀਆਂ, ਰਛਪਾਲ ਸਿੰਘ ਵੜੈਚ, ਗੁਰਦੀਪ ਬਾਜਵਾ ਨੇ ਕਿਹਾ ਕਿ ਪਿਛਲੇ ਦਿਨੀ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਅਧਿਆਪਕ ਜਥੇਬੰਦੀਆਂ ਦੀ ਇਸ ਮਸਲੇ 'ਤੇ ਮੀਟਿੰਗ ਵੀ ਹੋਈ ਸੀ ਤੇ ਉਨ੍ਹਾਂ ਵੱਲੋਂ ਇਸ ਮਸਲੇ ਦਾ ਸਾਰਥਿਕ ਹੱਲ ਕੱਢਣ ਦਾ ਵਿਸ਼ਵਾਸ ਵੀ ਦਿਵਾਇਆ ਸੀ, ਪਰ ਫਿਰ ਵੀ ਵਿਭਾਗ ਵੱਲੋਂ ਇਸ ਤਰ੍ਹਾਂ ਦਾ ਨਾਦਰਸ਼ਾਹੀ ਪੱਤਰ ਜਾਰੀ ਕਰਨਾ ਸਰਕਾਰ ਅਤੇ ਵਿਭਾਗ ਦੇ ਅਧਿਕਾਰੀਆਂ ਦੀ ਨੀਅਤ 'ਤੇ ਸਵਾਲੀਆ ਨਿਸ਼ਾਨ ਖੜੇ ਕਰਦਾ ਹੈ।

ਅਧਿਆਪਕ ਆਗੂਆਂ ਨੇ ਕਿਹਾ ਕਿ ਸਰਕਾਰ ਇਸ ਤਰ੍ਹਾਂ ਦਾ ਪੱਤਰ ਤੁਰੰਤ ਵਾਪਸ ਲੈ ਕੇ ਅਧਿਆਪਕਾਂ ਦੀਆਂ ਪ੍ਰਮੋਸ਼ਨਾਂ ਕਰੇ ਅਧਿਆਪਕਾਂ ਤੇ ਇਸ ਤਰ੍ਹਾਂ ਟੀ. ਈ.ਟੀ. ਦੀ ਸ਼ਰਤ ਥੋਪਣਾ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਹਜ਼ਾਰਾਂ ਅਧਿਆਪਕਾਂ ਨੂੰ ਸੰਘਰਸ਼ ਦੇ ਰਸਤੇ ਤੇ ਲੈ ਕੇ ਆਉਣਾ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਇਹੋ ਜਿਹੀਆਂ ਬੇਲੋੜੀਆਂ ਫੈਸਲੇ ਵਾਪਸ ਨਹੀਂ ਲੈਂਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਸੰਘਰਸ਼ ਕੀਤੇ ਜਾਣਗੇ।

ਇਸ ਸਮੇਂ ਫਤਿਹਗੜ੍ਹ ਸਾਹਿਬ ਤੋਂ ਰਾਜੇਸ਼ ਅਮਲੋਹ , ਰੋਪੜ ਤੋਂ ਧਰਮਿੰਦਰ ਸਿੰਘ ਭੰਗੂ, ਹੁਸ਼ਿਆਰਪੁਰ ਤੋਂ ਪ੍ਰਿਤਪਾਲ ਚੋਟਾਲਾ ਜਸਵੀਰ ਤਲਵਾੜਾ, ਜਲੰਧਰ ਤੋਂ ਸੁਖਵਿੰਦਰ ਮੱਕੜ ਮੋਗਾ ਤੋਂ ਜੱਜਪਾਲ ਬਾਜੇ ਕੇ, ਗੁਰਦਾਸਪੁਰ ਤੋਂ ਦਿਲਦਾਰ ਭੰਡਾਲ, ਮੁਕਤਸਰ ਸਾਹਿਬ ਤੋਂ ਮਨਜੀਤ ਸਿੰਘ ਬਰਾੜ, ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸਿੰਘ ਸੁਲਤਾਨਵਿੰਡ ਸੰਗਰੂਰ ਤੋਂ ਦੇਵੀ ਦਿਆਲ, ਸਤਵੰਤ ਆਲਮਪੁਰ, ਬਰਨਾਲਾ ਤੋਂ ਤੇਜਿੰਦਰ ਸਿੰਘ ਤੇਜੀ, ਜਲੰਧਰ ਤੋਂ ਸ੍ਰੀ ਗਣੇਸ਼ ਭਗਤ ਫ਼ਿਰੋਜ਼ਪੁਰ ਤੋਂ ਰਾਜੀਵ ਹਾਂਡਾ, ਬਲਵਿੰਦਰ ਸਿੰਘ ਭੁੱਟੋ, ਫ਼ਾਜ਼ਿਲਕਾ ਤੋਂ ਪਰਮਜੀਤ ਸਿੰਘ ਸੋਰੋਵਾਲ, ਨਿਸ਼ਾਂਤ ਅਗਰਵਾਲ ਪਟਿਆਲਾ ਤੋਂ ਜਸਵਿੰਦਰ ਸਿੰਘ ਸਮਾਣਾ, ਪਰਮਜੀਤ ਪਟਿਆਲਾ ਮਲੇਰਕੋਟਲਾ ਤੋਂ ਨੂਰ ਮੁਹੰਮਦ, ਕਮਲ ਜੈਨ, ਪਠਾਨਕੋਟ ਤੋਂ ਸੁਭਾਸ਼ ਚੰਦਰ, ਅੰਮ੍ਰਿਤਪਾਲ ਸਿੰਘ, ਗੁਰਮੇਲ ਸਿੰਘ ਕੁਰੜੀਆਂ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੰਘ ਸਿੱਧੂ ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ, ਮਨਪ੍ਰੀਤ ਸਿੰਘ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ, ਜੀਵਨਜੋਤ ਮੱਲੀ, ਫਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ, ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਪ੍ਰਭਜੀਤ ਰਸੂਲਪੁਰ, ਤਰਨਤਾਰਨ ਤੋਂ ਸਰਬਜੀਤ ਸਿੰਘ ਸੰਧੂ, ਗੁਰਦੀਪ ਸਿੰਘ ਤੇ ਬਠਿੰਡਾ ਤੋਂ ਬਲਦੇਵ ਸਿੰਘ ਬਠਿੰਡਾ ਹਾਜ਼ਰ ਸਨ।

# ਮੁਫਤ ਇਲਾਜ ਪੰਜਾਬੀਆਂ ਲਈ ਵਰਦਾਨ : ਮਧੇਕੇ, ਗੱਟਰਾ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 65 ਲੱਖ ਪਰਿਵਾਰਾਂ ਲਈ 10 ਲੱਖ ਰੁਪਏ ਦੇ ਮੁਫਤ ਇਲਾਜ ਦੀ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਪੰਜਾਬ ਦੇ ਲੋਕਾਂ ਲਈ ਵਰਦਾਨ ਹੈ ।ਇਹ ਪ੍ਰਗਟਾਵਾ ਚੇਅਰਮੈਨ ਪਲੈਨਿੰਗ ਬੋਰਡ ਅਤੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਮੋਗਾ ਦੇ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ ਅਤੇ ਜਗਦੀਪ ਸਿੰਘ ਗੱਟਰਾ ਇੰਚਾਰਜ ਕਿਸਾਨ ਵਿੰਗ ਆਪ ਮਾਲਵਾ ਸੈਂਟਰਲ ਜੋਨ ਨੇ ਗੱਲਬਾਤ ਦੌਰਾਨ ਕੀਤਾ । ਚੇਅਰਮੈਨ ਹੋਰਾਂ ਕਿਹਾ ਕਿ ਪੰਜਾਬ ਵਿੱਚ 22 ਤਰੀਕ ਨੂੰ ਸ਼ੁਰੂ ਕੀਤੀ ਗਈ ਇਸ ਸਿਹਤ ਯੋਜਨਾ ਤਹਿਤ ਪੰਜਾਬ ਦੇ ਲੋਕ ਅੱਜ ਆਪਣਾ ਇਲਾਜ ਮੁਫਤ ਕਰਵਾ ਰਹੇ ਹਨ । ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਮਿਲ ਰਹੀ ਜਾਣਕਾਰੀ ਅਨੁਸਾਰ ਸਿਰਫ ਦੋ ਹਫਤਿਆਂ ਦੇ ਅੰਦਰ ਹੀ ਪੰਜਾਬ ਦੇ ਸਾਰੇ ਸਰਕਾਰੀ ਅਤੇ ਤਕਰੀਬਨ 900 ਦੇ ਕਰੀਬ ਪ੍ਰਾਈਵੇਟ ਹਸਪਤਾਲਾਂ ਵਿੱਚ ਇਸ ਯੋਜਨਾ ਤਹਿਤ ਇਲਾਜ ਸ਼ੁਰੂ ਹੋ ਗਿਆ ਹੈ ਅਤੇ ਕਈ ਲੋਕ ਇਸ ਦਾ ਫਾਇਦਾ ਲੈ ਵੀ ਚੁੱਕੇ ਹਨ । ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਪ੍ਰੈਸ ਸਕੱਤਰ ਅੰਮ੍ਰਿਤਪਾਲ ਸਿੰਘ ਖਾਲਸਾ ਦੀਨਾ ਸਾਹਿਬ, ਸੁਖਦੀਪ ਸਿੰਘ ਸਰਪੰਚ ਭਾਗੀਕੇ, ਨਵਪ੍ਰੀਤ ਸਿੰਘ ਨੰਬਰਦਾਰ ਦੀਨਾ ਸਾਹਿਬ, ਅਤੇ ਦਿਲਪ੍ਰੀਤ ਸਿੱਧੂ ਭਾਗੀਕੇ ਵੀ ਹਾਜਰ ਸਨ।

# ਫਾਸ਼ੀਵਾਦ ਨੂੰ ਮਾਤ ਦੇਣ ਲਈ ਲੋਕ-ਪੱਖੀ ਧਿਰਾਂ ਦੀ ਅਹਿਮ ਭੂਮਿਕਾ : ਆਰਿਫਾ ਸ਼ੇਰਵਾਨੀ



**ਬਰਨਾਲਾ (ਰਾਜਿੰਦਰ ਬਰਾੜ)**

ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਤਰਕਸ਼ੀਲ ਲਹਿਰ ਦੇ ਮਰਹੂਮ ਨਾਇਕ ਕ੍ਰਿਸ਼ਨ ਬਰਗਾੜੀ ਦੀ 24ਵੀਂ ਬਰਸੀ ਦੇ ਸਬੰਧ ਵਿੱਚ ਤਰਕਸ਼ੀਲ ਭਵਨ ਬਰਨਾਲਾ ਵਿਖੇ 'ਅਜੋਕਾ ਮੀਡੀਆ ਅਤੇ ਸਾਡੇ ਕਾਰਜ' ਵਿਸ਼ੇ ਸਬੰਧੀ ਇਕ ਸੈਮੀਨਾਰ ਅਤੇ ਸਨਮਾਨ ਸਮਾਗਮ ਆਯੋਜਿਤ ਕੀਤਾ ਗਿਆ ਜਿਸ ਦੀ ਪ੍ਰਧਾਨਗੀ ਡਾ.ਨਵਸ਼ਰਨ, ਆਰਿਫਾ ਖ਼ਾਨੁਮ ਸ਼ੇਰਵਾਨੀ, ਤਰਕਸ਼ੀਲ਼ ਸੁਸਾਇਟੀ ਕੇਨੈਡਾ ਦੇ ਪ੍ਰਧਾਨ ਬਲਦੇਵ ਰਹਿਪਾ,ਸੂਬਾਈ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜਪਾਲ ਸਿੰਘ ਅਤੇ ਕ੍ਰਿਸ਼ਨ ਬਰਗਾੜੀ ਦੀ ਜੀਵਨ ਸਾਥਣ ਮੈਡਮ ਰਾਜਿੰਦਰ ਕੌਰ ਬਰਗਾੜੀ ਨੇ ਕੀਤੀ।

ਇਸ ਮੌਕੇ ਸਮਾਗਮ ਦੇ ਮੁੱਖ ਬੁਲਾਰੇ ਅਤੇ ਮੀਡੀਆ ਅਦਾਰੇ 'ਦ ਵਾਇਰ' ਦੀ ਸੀਨੀਅਰ ਸੰਪਾਦਕ ਆਰਿਫਾ ਖਾਨੁਮ ਸ਼ੇਰਵਾਨੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਹੱਕ, ਸੱਚ ਅਤੇ ਇਨਸਾਫ਼ ਲਈ ਆਸ ਅਤੇ ਉਮੀਦ ਦੀ ਕਿਰਨ ਹੈ ਜਿਹੜਾ ਆਜ਼ਾਦੀ ਤੋਂ ਲੋਕ ਸੰਘਰਸ਼ਾਂ ਦੀ ਅਗਵਾਈ ਕਰਦਾ ਰਿਹਾ ਹੈ।ਦੇਸ਼ ਵਿੱਚ ਹਕੂਮਤੀ ਸਰਪ੍ਰਸਤੀ ਹੇਠ ਫ਼ਿਰਕੂ ਫਾਸ਼ੀਵਾਦ ਬੜੀ ਤੇਜ਼ੀ ਨਾਲ ਵਧ ਰਿਹਾ ਹੈ ਪਰ ਮੀਡੀਏ ਦਾ ਵੱਡਾ ਹਿੱਸਾ ਲੋਕ ਪੱਖੀ ਪੱਤਰਕਾਰੀ ਕਰਨ ਦੀ ਥਾਂ ਹੁਣ ਸਾਮਰਾਜੀ ਹਕੂਮਤਾਂ ਅਤੇ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਮੂਕ ਦਰਸ਼ਕ ਬਣ ਕੇ ਸੱਤਾਧਾਰੀ ਜਮਾਤਾਂ ਦੀ ਬੋਲੀ ਬੋਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਹੱਕਾਂ ਦੀ ਗੱਲ ਕਰਨ ਵਾਲੇ ਸੋਸ਼ਲ ਮੀਡੀਆ ਅਤੇ ਯੂ ਟਿਊਬ ਚੈਨਲਾਂ ਉੱਤੇ ਪਾਬੰਦੀਆਂ ਲਾ ਕੇ ਉਨ੍ਹਾਂ ਦੀ ਜ਼ਬਾਨਬੰਦੀ ਕੀਤੀ ਜਾ ਰਹੀ ਹੈ।ਇਸ ਮੌਕੇ ਮਨੁੱਖੀ ਹੱਕਾਂ ਦੀ ਨਾਮਵਰ ਕਾਰਕੁੰਨ ਅਤੇ ਜਮਹੂਰੀ ਚਿੰਤਕ ਡਾ.ਨਵਸ਼ਰਨ ਨੂੰ ਮਨੁੱਖੀ ਅਧਿਕਾਰਾਂ ਦੀ ਰਾਖੀ ਦੇ ਖੇਤਰ ਵਿੱਚ ਪਾਏ ਅਮੁੱਲੇ ਯੋਗਦਾਨ ਲਈ ਕ੍ਰਿਸ਼ਨ ਬਰਗਾੜੀ ਯਾਦਗਾਰੀ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ।

ਆਪਣੇ ਸੰਬੋਧਨ ਵਿੱਚ ਡਾ.ਨਵਸ਼ਰਨ ਨੇ ਕਿਹਾ ਕਿ ਮੌਜੂਦਾ ਹਕੂਮਤਾਂ ਵੱਲੋਂ ਸਿੱਖਿਆ ਅਤੇ ਵਿੱਦਿਅਕ ਸੰਸਥਾਵਾਂ ਦਾ ਭਗਵਾਂਕਰਨ ਕਰਕੇ ਵਿਗਿਆਨਕ ਵਿਚਾਰਧਾਰਾ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਉਤੇ ਵੱਡੇ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਫ਼ਿਰਕੂ ਸੰਗਠਨਾਂ ਵੱਲੋਂ ਤਰਕਸ਼ੀਲ਼ ਵਿਦਵਾਨਾਂ ਨਰਿੰਦਰ ਦਾਭੋਲਕਰ, ਐੱਮ ਐੱਮ ਕਲਬੁਰਗੀ,ਗੋਵਿੰਦ ਪੰਸਰੇ,ਅਤੇ ਗੌਰੀ ਲੰਕੇਸ਼ ਦੇ ਕਤਲਾਂ ਦੀ ਸਖ਼ਤ ਨਿਖੇਧੀ ਕੀਤੀ। ਇਸ ਤੋਂ ਪਹਿਲਾਂ ਪਲਸ ਮੰਚ ਦੇ ਆਗੂ ਰਾਮ ਕੁਮਾਰ ਭਦੌੜ ਨੇ ਉਤਰੀ ਭਾਰਤ ਦੇ ਪਹਿਲੇ ਸਰੀਰਦਾਨੀ ਮਰਹੂਮ ਆਗੂ ਕ੍ਰਿਸ਼ਨ ਬਰਗਾੜੀ ਦੀ ਤਰਕਸ਼ੀਲ ਲਹਿਰ ਸਮੇਤ ਵੱਖ ਵੱਖ ਸਮਾਜਿਕ ਖੇਤਰਾਂ ਵਿੱਚ ਨਿਭਾਈ ਗਈ ਅਹਿਮ ਭੂਮਿਕਾ ਅਤੇ ਜੀਵਨ ਬਾਰੇ ਚਾਨਣ ਪਾਇਆ। ਮਾਸਟਰ ਰਾਜਿੰਦਰ ਭਦੌੜ ਨੇ ਤਰਕਸ਼ੀਲ ਕਾਫਲੇ 'ਚੋਂ ਵਿਛੜ ਚੁੱਕੇ ਬਾਕੀ ਸਾਥੀਆਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਸਮਾਗਮ ਵਿੱਚ ਸ਼ਾਮਿਲ ਸਾਰਿਆਂ ਮਹਿਮਾਨਾਂ ਦਾ ਧੰਨਵਾਦ ਕੀਤਾ ਜਦ ਕਿ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਸੂਬਾਈ ਆਗੂ ਰਾਮ ਸਵਰਨ ਲੱਖੇਵਾਲੀ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾਈ ਤਰਕਸ਼ੀਲ ਆਗੂ ਰਾਜੇਸ਼ ਅਕਲੀਆ,ਸੁਮੀਤ ਅੰਮ੍ਰਿਤਸਰ, ਸੁਰਜੀਤ ਟਿੱਬਾ,ਜਸਵੰਤ ਮੋਹਾਲੀ,ਗੁਰਪ੍ਰੀਤ ਸ਼ਹਿਣਾ, ਜੁਝਾਰ ਲੌਂਗੋਵਾਲ,ਕੁਲਜੀਤ ਡੰਗਰਖੇੜਾ, ਜੋਨ ਆਗੂ ਸੁਖਦੇਵ ਫਗਵਾੜਾ,ਅਜੀਤ ਪ੍ਰਦੇਸੀ, ਸੰਦੀਪ ਧਾਰੀਵਾਲ ਭੋਜਾ, ਬਲਰਾਜ ਮੌੜ, ਸਤਪਾਲ ਸਲੋਹ ਨਵਾਂ ਸ਼ਹਿਰ, ਕੁਲਵੰਤ ਕੌਰ ਪਟਿਆਲਾ, ਪ੍ਰਵੀਨ ਜੰਡਵਾਲਾ, ਬੀਰਬਲ ਭਦੌੜ,ਭੂਰਾ ਸਿੰਘ ਮਹਿਮਾ ਸਰਜਾ,ਸੰਪਾਦਕ ਸੁਰਖ ਲੀਹ ਪਾਵੇਲ ਕੁੱਸਾ,ਪ੍ਰੋ.ਏ.ਕੇ. ਮਲੇਰੀ,ਪ੍ਰਿੰਸੀਪਲ ਮੇਲਾ ਰਾਮ, ਹਰਚੰਦ ਭਿੰਡਰ, ਚੰਨਣ ਵਾਂਦਰ, ਪ੍ਰੇਮ ਸਮਾਲਸਰ, ਇਕੱਤਰ ਸਮਾਲਸਰ,ਸਰਦਾਰਾ ਸਿੰਘ ਚੀਮਾ,ਕੁਲਦੀਪ ਮਾਣੂੰਕੇ ਜੋਨ ਆਗੂ ਸੁਖਦੇਵ ਫਗਵਾੜਾ,ਅਜੀਤ ਪ੍ਰਦੇਸੀ, ਸੰਦੀਪ ਧਾਰੀਵਾਲ ਭੋਜਾ, ਬਲਰਾਜ ਮੌੜ, ਸਤਪਾਲ ਸਲੋਹ ਨਵਾਂ ਸ਼ਹਿਰ, ਕੁਲਵੰਤ ਕੌਰ ਪਟਿਆਲਾ, ਪ੍ਰਵੀਨ ਜੰਡਵਾਲਾ ਅਤੇ ਵੱਖ ਵੱਖ ਜੋਨਾਂ ਅਤੇ ਇਕਾਈਆਂ ਦੇ ਸੈਂਕੜੇ ਕਾਰਕੁੰਨ ਸ਼ਾਮਿਲ ਹੋਏ।

9-FEB-PAGE-6.qxd 2/8/2026 9:57 PM Page 1



## ਕਿਸਾਨ ਯੂਨੀਅਨ ਨਕਲੀ ਦੁੱਧ ਖਿਲਾਫ ਮੁਹਿੰਮ ਵਿੱਢੂਗੀ : ਹਰਮੀਤ ਸਿੰਘ ਕਾਦੀਆਂ



**ਸਮਰਾਲਾ (ਸੁਰਜੀਤ ਸਿੰਘ)**-ਇਥੇ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਲੁਧਿਆਣਾ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀ 'ਕਿਸਾਨ ਪੰਚਾਇਤ' ਕੀਤੀ ਗਈ, ਜਿਸ ਵਿੱਚ ਕਿਸਾਨੀ ਨਾਲ ਮੁੱਦਿਆਂ ਜਿਹਨਾਂ ਵਿਚ ਬਿਜਲੀ ਸੋਧ ਬਿੱਲ, ਕੋਆਪਰੇਟਿਵ ਸੁਸਾਇਟੀ ਦੇ ਕਰਜ਼ੇ ਮਾਫ਼ ਕਰਨ, ਪੰਜਾਬ ਅੰਦਰ ਨਕਲੀ ਦੁੱਧ ਦੀ ਵੱਧ ਰਹੀ ਬਹੁਤਾਤ, ਨਕਲੀ ਦੁੱਧ ਖਿਲਾਫ਼ ਸੰਘਰਸ਼ ਦੀ ਤਿਆਰੀ ਸਬੰਧੀ, ਬੀਜ ਸੋਧ ਬਿੱਲ ਅਤੇ ਮਗਨਰੇਗਾ ਖਤਮ ਕਰਨ, ਕੇਂਦਰ ਸਰਕਾਰ ਵੱਲੋਂ ਰਾਜ ਸਰਕਾਰਾਂ ਨੂੰ ਫੰਡ ਵਿੱਚ ਰੋਕ ਘੱਟ ਦੇਣ, ਦਿਹਾੜੀ ਦੇ ਦਿਨ ਘਟਾਉਣ ਅਤੇ ਦਿਹਾੜੀ ਦੇ ਘੰਟੇ ਵਧਾਉਣ, ਚਿੱਪ ਵਾਲੇ ਬਿਜਲੀ ਮੀਟਰ ਨਾ ਲਗਾਉਣ ਆਦਿ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਕਿਸਾਨ ਆਗੂ ਹਰਮੀਤ ਸਿੰਘ ਕਾਦੀਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਪੰਜਾਬ ਅੰਦਰ ਨਕਲੀ ਵਸਤਾਂ ਦੇ ਨਾਲ ਨਾਲ ਪਸ਼ੂਆਂ ਦਾ ਦੁੱਧ ਵੀ ਮਿਲਾਵਟਖੋਰੀ ਦੀ ਭੇਂਟ ਚੜ੍ਹ ਗਿਆ ਹੈ। ਵੱਡੀ ਮਾਤਰਾ 'ਚ ਨਕਲੀ ਦੁੱਧ, ਨਕਲੀ ਖੋਆ ਤੇ ਦੇਸੀ ਘਿਉ ਮਾਰਕੀਟ 'ਚ ਵਿਕ ਰਿਹਾ ਹੈ, ਜੋ ਮਨੁੱਖੀ ਜੀਵਨ ਲਈ ਵੱਡਾ ਖਤਰਾ ਬਣਦਾ ਜਾ ਰਿਹਾ ਹੈ, ਜਿਸ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਨਕਲੀ ਦੁੱਧ ਤਿਆਰ ਕਰਨ ਵਾਲਿਆਂ ਅਤੇ ਮਿਲਾਵਟਖੋਰਾਂ ਖਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਨਕਲੀ ਦੁੱਧ ਤਿਆਰ ਕਰਨ ਵਾਲੇ ਜਾਂ ਮਿਲਾਵਟ ਯੁਕਤ ਵਸਤੂ ਵੇਚਣ ਵਾਲਿਆਂ ਨੂੰ ਨਹੀਂ ਬਖਸ਼ੇਗੀ। ਇਸ ਮੌਕੇ ਭੁਪਿੰਦਰ ਸਿੰਘ ਬਨਭੌਰਾ ਜਨਰਲ ਸਕੱਤਰ ਪੰਜਾਬ, ਰਵਨੀਤ ਸਿੰਘ ਬਰਾੜ ਮੁੱਖ ਬੁਲਾਰਾ ਪੰਜਾਬ, ਸਰਬਜੀਤ ਸਿੰਘ ਅਮਰਾਲਾ ਖਜ਼ਾਨਚੀ ਪੰਜਾਬ, ਤਲਵਿੰਦਰ ਸਿੰਘ ਗੱਗੋਮਾਜਰਾ ਸੂਬਾ ਮੀਤ ਪ੍ਰਧਾਨ, ਵੀਰਪਾਲ ਸਿੰਘ ਢਿੱਲੋਂ ਪ੍ਰੈਸ ਸਕੱਤਰ ਪੰਜਾਬ, ਰੇਸ਼ਮ ਸਿੰਘ ਬਡਾਲੀ ਜ਼ਿਲ੍ਹਾ ਪ੍ਰਧਾਨ ਰੋਪੜ, ਸਤਵੀਰ ਸਿੰਘ ਡਡਹੇੜਾ ਜ਼ਿਲ੍ਹਾ ਪ੍ਰਧਾਨ ਫਤਿਹਗੜ੍ਹ ਸਾਹਿਬ, ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਨੇ ਵੀ ਸੰਬੋਧਨ ਕੀਤਾ।

## ਨਾਬਾਲਗਾ ਨੂੰ ਇਨਸਾਫ਼ ਲਈ ਐੱਸ ਐੱਸ ਪੀ ਦਫਤਰ ਮੂਹਰੇ ਧਰਨਾ

**ਮਾਨਸਾ (ਆਤਮਾ ਸਿੰਘ ਪਮਾਰ)**

ਮਜ਼ਦੂਰ ਮੁਕਤੀ ਮੋਰਚਾ (ਲਿਬਰੇਸ਼ਨ) ਤੇ ਭਰਾਤਰੀ ਜਥੇਬੰਦੀਆਂ ਵੱਲੋਂ ਪੀੜਤ ਪਰਵਾਰ ਨੂੰ ਨਾਲ ਲੈ ਕੇ 14 ਸਾਲਾ ਪੀੜਤ ਬੱਚੀ ਨੂੰ ਇਨਸਾਫ਼ ਦਿਵਾਉਣ ਲਈ ਐੱਸ ਐੱਸ ਪੀ ਦਫਤਰ ਦਾ ਘਿਰਾਓ ਕੀਤਾ ਗਿਆ।ਧਰਨੇ ਦੌਰਾਨ ਪੀੜਤ ਪਰਵਾਰ ਦੀਆਂ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਤੇ ਡੀਜੀਪੀ ਪੰਜਾਬ ਦੇ ਨਾਂਅ ਇੱਕ ਮੰਗ ਪੱਤਰ ਵੀ ਭੇਜਿਆ ਗਿਆ।



ਬੁਲਾਰਿਆਂ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਮੁੱਖ ਮੁਲਜ਼ਮ ਭੀਮ ਸੈਨ ਨੂੰ ਐੱਫ ਆਈ ਆਰ ਨੰਬਰ 150 ਪੋਕਸੋ ਐਕਟ ਤਹਿਤ ਖਾਨਾ ਨੰਬਰ ਇੱਕ 'ਚ ਰੱਖਿਆ ਜਾਵੇ।ਪੀੜਤ ਬੱਚੀ ਦੀ ਮਾਤਾ ਤੇ ਨਾਨੀ ਨੂੰ ਨਾਮਜ਼ਦ ਕਰਕੇ ਉਨ੍ਹਾਂ 'ਤੇ ਵੀ ਪਰਚਾ ਦਰਜ ਕੀਤਾ ਜਾਵੇ। ਪੀੜਤ ਬੱਚੀ ਨੂੰ ਅਗਵਾ ਕਰਕੇ ਕੁੱਟਮਾਰ ਕਰਨ ਤੇ ਡਰਾਉਣ-ਧਮਕਾਉਣ ਵਾਲੇ ਮੁਲਜ਼ਮਾਂ ਉੱਪਰ ਪਰਚਾ ਦਰਜ ਕੀਤਾ ਜਾਵੇ, ਪੀੜਤ ਬੱਚੀ ਦੇ ਬਾਪ ਖ਼ਿਲਾਫ਼ ਦਰਜ਼ ਕੀਤਾ ਝੂਠਾ ਪਰਚਾ ਰੱਦ ਕਰਕੇ ਜੇਲ੍ਹ 'ਚੋਂ ਰਿਹਾਅ ਕੀਤਾ ਜਾਵੇ।

ਐਸ ਡੀ ਐਮ ਕਾਲਾ ਰਾਮ ਕਾਂਸਲ ਵੱਲੋਂ ਭਰੋਸਾ ਦਿੱਤਾ ਗਿਆ ਕਿ ਜਲਦ ਹੀ ਜਥੇਬੰਦੀਆਂ ਦਾ ਮੰਗ ਪੱਤਰ ਉੱਚ ਅਧਿਕਾਰੀਆਂ ਤੱਕ ਪੁੱਜਦਾ ਕੀਤਾ ਜਾਵੇਗਾ।ਇਸ ਸਮੇਂ ਸਟੇਜ ਸਕੱਤਰ ਦੀ ਭੂਮਿਕਾ ਏਵਪਾ ਆਗੂ ਜਸਵੀਰ ਕੌਰ ਨੱਤ ਵੱਲੋਂ ਵੀ ਬਾਖੂਬੀ ਨਿਭਾਈ ਗਈ।ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ (ਲਿਬਰੇਸ਼ਨ) ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਘਰਾਂਗਣਾ, ਜ਼ਿਲ੍ਹਾ ਆਗੂ ਗੁਰਸੇਵਕ ਮਾਨ, ਦਰਸ਼ਨ ਦਾਨੇਵਾਲਾ, ਪੀੜਤ ਦੇ ਚਾਚਾ, ਭੂਆ ਤੇ ਦਾਦੀ ਸੀ ਪੀ ਆਈ ਐੱਮ ਐੱਲ (ਲਿਬਰੇਸ਼ਨ) ਵੱਲੋਂ ਸੁਰਿੰਦਰਪਾਲ ਸ਼ਰਮਾ, ਗੁਰਮੀਤ ਨੰਦਗੜ੍ਹ ਤੇ ਭੋਲਾ ਸਿੰਘ ਗੁੜੱਦੀ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਦਲਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਗਰੁੱਪ ਵੱਲੋਂ ਮੱਖਣ ਸਿੰਘ ਭੈਣੀ ਬਾਘਾ, ਆਇਸਾ ਪੰਜਾਬ ਵੱਲੋਂ ਸੁਖਜੀਤ ਰਾਮਾਨੰਦੀ, ਕਿਸਾਨ ਮਜ਼ਦੂਰ ਐਸੋਸੀਏਸ਼ਨ ਵੱਲੋਂ ਕੁਲਦੀਪ ਕੋਟ ਧਰਮੂ, ਐਂਟੀ ਡਰੱਗ ਟਾਸਕ ਫੋਰਸ ਵੱਲੋਂ ਪਰਵਿੰਦਰ ਸਿੰਘ ਝੋਟਾ,ਮਜ਼ਦੂਰ ਮੁਕਤੀ ਮੋਰਚਾ ਵੱਲੋਂ ਹਰਮੇਸ਼ ਭੰਮੇ ਖੁਰਦ ਤੇ ਬਿੰਦਰ ਕੌਰ ਉੱਡਤ, ਅੰਗਰੇਜ਼ ਘਰਾਂਗਣਾ, ਪੀ ਐੱਸ ਯੂ ਵੱਲੋਂ ਅਰਵਿੰਦਰ ਕੌਰ, ਪ੍ਰਗਤੀਸ਼ੀਲ ਇਸਤਰੀ ਸਭਾ ਵੱਲੋਂ ਬਲਵਿੰਦਰ ਕੌਰ ਖਾਰਾ, ਇਨਕਲਾਬੀ ਨੌਜਵਾਨ ਸਭਾ ਵੱਲੋਂ ਅਮਰਦੀਪ ਸਿੰਘ ਪਰੋਚਾ, ਘੁਮੰਡ ਸਿੰਘ ਖਾਲਸਾ, ਆਟੋ ਰਿਕਸ਼ਾ ਯੂਨੀਅਨ ਦੇ ਨਿਰਮਲ ਸਿੰਘ ਮਾਨਸਾ, ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਅਵਤਾਰ ਸਿੰਘ ਬੁਰਜ ਰਾਠੀ ਤੇ ਬਹੁਜਨ ਮੁਕਤੀ ਪਾਰਟੀ ਵੱਲੋਂ ਜਸਵੰਤ ਸਿੰਘ ਮਾਨਸਾ ਨੇਂ ਸੰਬੋਧਨ ਕੀਤਾ। ਸ਼ਹੀਦ ਬਾਬਾ ਦੀਪ ਸਿੰਘ ਸਤਿਕਾਰਯੋਗ ਕਮੇਟੀ ਮੋਹਰ ਸਿੰਘ ਵਾਲਾ ਵੱਲੋਂ ਲੰਗਰ ਦੀ ਸੇਵਾ ਨਿਭਾਈ ਗਈ।

## ਪਾਥਵੇਜ਼ ਗਲੋਬਲ ਸਕੂਲ ਦੇ ਗਰੈਂਡ ਬੇਬੀ ਸ਼ੋਅ ਨੇ ਇਲਾਕੇ 'ਚ ਪਾਈਆਂ ਧੁੰਮਾਂ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਰ ਆਈ.ਸੀ.ਐਸ.ਈ. ਦਿੱਲੀ ਬੋਰਡ ਦਾ ਮਾਨਤਾ ਪ੍ਰਾਪਤ ਸਕੂਲ ਹੈ। ਪਾਥਵੇਜ ਨੇ ਅਕੈਡਮਿਕ, ਸਪੋਰਟਸ 'ਚ ਤਾਂ ਝੰਡੇ ਗੱਡੇ ਹੋਏ ਸਨ, ਸ਼ਨੀਵਾਰ ਨੂੰ ਪਾਥਵੇਜ ਨੇ ਸ਼ਾਨਦਾਰ ਗ੍ਰੈਂਡ ਬੇਬੀ ਸ਼ੋ ਕਰਕੇ ਸਾਰੇ ਇਲਾਕੇ ਵਿੱਚ ਧੁੰਮਾਂ ਪਾ ਦਿੱਤੀਆਂ ਹਨ। ਪਾਥਵੇਜ ਗਲੋਬਲ ਸਕੂਲ ਨੇ ਆਪਣੇ ਵਿਹੜੇ ਵਿੱਚ ਛੋਟੇ ਬੱਚਿਆਂ ਦੇ ਹੁਨਰ ਅਤੇ ਪ੍ਰਤਿਭਾ ਨੂੰ ਉਭਾਰਨ ਵਾਸਤੇ ਵਿਸ਼ੇਸ਼ ਤੌਰ 'ਤੇ ਗ੍ਰੈਂਡ ਬੇਬੀ ਸ਼ੋ ਪ੍ਰੋਗਰਾਮ ਦਾ ਆਯੋਜਨ ਕੀਤਾ, ਜਿਸ ਵਿੱਚ ਢਾਈ ਸਾਲ ਦੀ ਉਮਰ ਦੇ ਬੱਚਿਆਂ ਤੋਂ ਲੈ ਕੇ ਅੱਠ ਸਾਲ ਤੱਕ ਦੀ ਉਮਰ ਦੇ ਬੱਚਿਆਂ ਨੇ ਭਾਗ ਲਿਆ। ਜਿਸ ਦੌਰਾਨ ਰੈਂਪ ਵਾਕ, ਡਾਂਸ, ਫੈਂਸੀ ਡਰੈੱਸ, ਸੋਲੋ ਸੌਂਗ, ਸੋਲੋ ਡਾਂਸ, ਸੋਲਦ ਇੰਟਰੈਕਸ਼ਨ ਅਤੇ ਡਰਾਇੰਗ ਤੇ ਪੇਂਟਿੰਗ, ਸਪੈੱਲ ਬੀ, ਪੋਇਮ ਰੈਸੀਟੇਸ਼ਨ, ਸਟੋਰੀ ਟੈਲਿੰਗ, ਸਪੋਰਟਸ ਈਵੈਂਟਸ ਅਤੇ ਫਨ ਗੇਮਜ਼ ਕਰਵਾਈਆਂ ਗਈਆਂ। ਪ੍ਰੋਗਰਾਮ ਦੇ ਅੰਤਲੇ ਪੜਾਅ ਵਿੱਚ ਭਾਗ ਲੈਣ ਵਾਲੇ ਸਾਰੇ ਹੀ ਵਿਦਿਆਰਥੀਆਂ ਨੂੰ ਪਾਰਟੀਸੀਪੈਂਟ ਸਰਟੀਫਿਕੇਟ ਦੇਣ ਦੇ ਨਾਲ-ਨਾਲ ਆਕਰਸ਼ਿਤ ਉਪਹਾਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਾਥਵੇਜ ਗਲੋਬਲ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸਰਦਾਰ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾਕਟਰ ਅਨਿਲਜੀਤ ਕੰਬੋਜ, ਵਾਇਸ ਚੇਅਰਮੈਨ ਅਵਤਾਰ ਸਿੰਘ ਸੌਂਦ,ਚਾਹਤ ਕੰਬੋਜ ਸਤਨਾਮ ਸਿੰਘ ਸੌਂਦ,ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਡਾਇਰੈਕਟਰ ਆਫ ਗਮਾਡਾ ਜਸਵਿੰਦਰ ਸਿੰਘ ਸਿੱਧੂ ਸਿਮਰਨਜੀਤ ਸਿੰਘ ਸਿੱਧੂ ਅਤੇ ਮਾਨਯੋਗ ਪ੍ਰਿੰਸੀਪਲ ਸ੍ਰੀ ਅਰਵਿੰਦ ਕੁਮਾਰ ਸ਼ਰਮਾ ਹਾਜ਼ਰ ਰਹੇ।

## ਪੜ੍ਹਾਈ, ਪੇਪਰ ਤਿਆਰੀ ਤੇ ਨਸ਼ਿਆਂ ਤੋਂ ਬਚਾਅ ਲਈ ਵਰਕਸ਼ਾਪ ਲਾਈ



**ਮਾਨਸਾ (ਆਤਮਾ ਸਿੰਘ ਪਮਾਰ)**-ਸਕੂਲ ਸਿੱਖਿਆ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਨੀਲਮ ਰਾਣੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਾਪੇ ਵਰਕਸ਼ਾਪ 2.0 ਦਾ ਜ਼ਿਲ੍ਹੇ ਦੇ ਸਮੂਹ ਸਕੂਲਾਂ 'ਚ ਆਯੋਜਨ ਕੀਤਾ ਗਿਆ।ਵਰਕਸ਼ਾਪ 'ਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨਾਲ ਸੰਬੰਧਿਤ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ ਗਈ। ਵਰਕਸ਼ਾਪ ਦੇ ਮੁੱਖ ਏਜੰਡੇ ਦਾਖਲਾ ਮੁਹਿੰਮ, ਪੇਪਰਾਂ ਦੀ ਤਿਆਰੀ ਤੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਾਉਣ ਸਬੰਧੀ ਮਾਪਿਆਂ ਦੀ ਭੂਮਿਕਾ ਬਾਰੇ ਵਿਚਾਰ ਚਰਚਾ ਕਰਨਾ ਹੀ ਸੀ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਡਾ. ਪਰਮਜੀਤ ਸਿੰਘ ਭੋਗਲ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਨਾਲ ਜੋੜਨ ਲਈ ਅਧਿਆਪਕਾਂ ਪੂਰਨ ਸਹਿਯੋਗ ਕਰਨ। ਪੇਪਰਾਂ ਦੀ ਤਿਆਰੀ ਬਾਰੇ ਗੱਲ ਕਰਦਿਆਂ ਭੋਗਲ ਨੇ ਮਾਪਿਆਂ ਨੂੰ ਕਿਹਾ ਕਿ ਬੱਚਿਆਂ 'ਤੇ ਬੇਲੋੜਾ ਦਬਾਅ ਨਾ ਪਾਉਣ ਤੇ ਉਨ੍ਹਾਂ ਨੂੰ ਆਤਮਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕਰਨ।ਮਾਪਿਆਂ ਨੂੰ ਬੱਚਿਆਂ ਦੀ ਰੋਜ਼ਾਨਾ ਪੜ੍ਹਾਈ ਵਿੱਚ ਦਿਲਚਸਪੀ ਲੈਣ ਲਈ ਪ੍ਰੇਰਿਤ ਵੀ ਕੀਤਾ। ਸਰਕਾਰੀ ਸਕੂਲਾਂ ਦੀ ਸਿੱਖਿਆ ਦੀ ਗੁਣਵੱਤਾ ਤੇ ਸੁਵਿਧਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਮੁਫ਼ਤ ਤੇ ਮਿਆਰੀ ਸਿੱਖਿਆ ਦੇ ਨਾਲ-ਨਾਲ ਕਿਤਾਬਾਂ, ਯੂਨੀਫ਼ਾਰਮ, ਮਿਡ-ਡੇਅ ਮੀਲ, ਵਜ਼ੀਫ਼ੇ ਅਤੇ ਆਵਾਜਾਈ ਵਰਗੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਮਿਲਦਾ ਹੈ।

## ਭਾਰਤ, ਅਮਰੀਕਾ ਸਮਝੌਤਾ ਦੇਸ਼ ਤੇ ਕਿਸਾਨਾਂ ਨਾਲ ਗ਼ੱਦਾਰੀ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**

ਸੀਪੀਆਈ (ਐਮ ਐਲ) ਲਿਬਰੇਸ਼ਨ ਨੇ ਮੋਦੀ ਸਰਕਾਰ ਉੱਤੇ ਦੋਸ਼ ਲਾਇਆ ਕਿ ਭਾਰਤ ਅਮਰੀਕਾ ਟੈਰਿਫ ਸਮਝੌਤੇ ਦੇ ਸੁਆਲ 'ਤੇ ਉਹ ਦੇਸ਼ ਦੇ ਖ਼ਾਸਕਰ ਕਿਸਾਨਾਂ ਦੇ ਹਿੱਤਾਂ ਨਾਲ ਗ਼ਦਾਰੀ ਕਰ ਰਹੀ ਹੈ।

ਅਮਰੀਕਾ ਨੇ ਭਾਰਤ ਨਾਲ ਇਹ ਸਮਝੌਤਾ ਉਸ ਸਮੇਂ ਇਕ ਦਬਾ ਵਿੱਚ ਸਹੀਬੰਦ ਕੀਤਾ ਹੈ, ਜਦੋਂ ਭਾਰਤ ਦਾ ਪ੍ਰਧਾਨ ਮੰਤਰੀ ਐਸਟੀਨ ਫਾਈਲ ਦੇ ਚੱਕਰ ਵਿੱਚ ਬੁਰੀ ਤਰ੍ਹਾਂ ਫਸਿਆ ਹੋਇਆ ਫੜਫੜਾ ਰਿਹਾ ਹੈ।

ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਜਾਰੀ ਇੱਕ ਬਿਆਨ 'ਚ ਕਿਹਾ ਕਿ ਇਸ ਖੁਫੀਆ ਸੌਦੇਬਾਜ਼ੀ ਦਾ ਐਲਾਨ ਅਮਰੀਕੀ ਰਾਸ਼ਟਰਪਤੀ ਟਰੰਪ ਕਰਦਾ ਹੈ, ਭਾਰਤ ਰੂਸ ਜਾਂ ਈਰਾਨ ਦੀ ਬਜਾਏ ਅਮਰੀਕਾ ਜਾਂ ਉਸ ਦੇ ਕਬਜ਼ੇ ਹੇਠਲੇ ਵੈਨਜ਼ੁਏਲਾ ਤੋਂ ਹੀ ਕੱਚਾ ਤੇਲ ਖਰੀਦਣਗੇ। ਭਾਰਤ ਪਾਕਿਸਤਾਨ ਟਕਰਾਅ ਦੌਰਾਨ ਜੰਗਬੰਦੀ ਕਰਾਉਣ ਦਾ ਐਲਾਨ ਵੀ ਟਰੰਪ ਹੀ ਕਰਦਾ ਹੈ, ਜਦੋਂ ਕਿ ਇਨ੍ਹਾਂ ਸਭ ਮੁੱਦਿਆਂ ਬਾਰੇ ਮੋਦੀ ਸਰਕਾਰ ਪੂਰੀ ਤਰ੍ਹਾਂ ਖਾਮੋਸ਼ ਰਹਿੰਦੀ ਹੈ। ਸੁਆਲ ਉਠਦਾ ਹੈ ਕਿ ਕੀ ਭਾਰਤ ਅਮਰੀਕਾ ਦੀ ਕੋਈ ਬਸਤੀ ਹੈ ਜਾਂ ਮੋਦੀ ਸਰਕਾਰ ਟਰੰਪ ਨੂੰ ਭਾਰਤ ਦਾ ਰਾਸ਼ਟਰਪਤੀ ਤਸਲੀਮ ਕਰ ਚੁੱਕੀ ਹੈ ? ਇਹ ਤੱਥ ਭਾਰਤ ਵਰਗੇ ਇੱਕ ਵਿਸ਼ਾਲ ਦੇਸ਼ ਲਈ ਬਹੁਤ ਸ਼ਰਮਨਾਕ ਹਨ। ਵੈਨੇਜ਼ੁਏਲਾ ਤੇ ਇਰਾਨ ਨਾਲ ਭਾਰਤ ਦੇ ਬੜੇ ਵਧੀਆ ਸਬੰਧ ਸਨ, ਪਰ ਇਨ੍ਹਾਂ ਦੇਸ਼ਾਂ ਨੂੰ ਬਿਨ੍ਹਾਂ ਕਿਸੇ ਭੜਕਾਹਟ ਦੇ ਟਰੰਪ ਵਲੋਂ ਹਮਲੇ ਦਾ ਨਿਸ਼ਾਨਾ ਬਣਾਉਣ ਦੇ ਖ਼ਿਲਾਫ਼ ਜਿੱਥੇ ਦੁਨੀਆ ਦੇ ਬਹੁਗਿਣਤੀ ਦੇਸ਼ਾਂ ਦੀਆਂ ਸਰਕਾਰਾਂ ਅਤੇ ਜਨਤਾ ਨੇ ਜ਼ੋਰਦਾਰ ਆਵਾਜ਼ ਉਠਾਈ, ਉਥੇ ਮੋਦੀ ਸਰਕਾਰ ਨੇ ਅਮਰੀਕੀ ਸਾਮਰਾਜ ਦੀਆਂ ਇਨ੍ਹਾਂ ਹਮਲਾਵਰ ਕਾਰਵਾਈਆਂ ਦੀ ਸਰਸਰੀ ਨਿੰਦਾ ਕਰਨ ਦੀ ਵੀ ਹਿੰਮਤ ਨਹੀਂ ਕੀਤੀ।ਅਜਿਹੀ ਦਿਵਾਲੀਆ ਵਿਦੇਸ਼ ਨੀਤੀ ਦਾ ਸਿੱਟਾ ਹੈ ਕਿ ਅੱਜ ਸੰਸਾਰ ਵਿੱਚ ਭਾਰਤ ਦਾ ਵਕਾਰ ਮਿੱਟੀ ਵਿੱਚ ਮਿਲ ਗਿਆ ਹੈ ਤੇ ਆਂਢ-ਗੁਆਂਢ ਦੇ ਸਾਰੇ ਛੋਟੇ ਵੱਡੇ ਦੇਸ਼ਾਂ ਨਾਲ ਭਾਰਤ ਦੇ ਸਬੰਧ ਬਹੁਤ ਖ਼ਰਾਬ ਹੋ ਚੁੱਕੇ ਹਨ।

ਲਿਬਰੇਸ਼ਨ ਆਗੂਆਂ ਦਾ ਕਹਿਣਾ ਹੈ ਕਿ ਅਮਰੀਕਾ ਭਾਰਤੀ ਸਾਮਾਨ ਉਤੇ ਪਹਿਲਾਂ ਦੇ 3% ਦੀ ਬਜਾਏ, ਹਾਲੇ ਵੀ 18% ਟੈਰਿਫ ਲਾਵੇਗਾ, ਜਦੋਂ ਕਿ ਭਾਰਤ ਅਮਰੀਕ ਤੋਂ ਆਉਣ ਵਾਲੇ ਸਾਮਾਨ ਉਤੇ ਪਹਿਲਾਂ ਦੇ ਔਸਤ 25% ਦੀ ਬਜਾਏ ਹੁਣ ਜ਼ੀਰੋ ਟੈਰਿਫ ਲਾਵੇਗਾ, ਪਰ ਇਸ ਦੇ ਬਾਵਜੂਦ ਮੋਦੀ ਤੇ ਉਨ੍ਹਾਂ ਦੇ ਪਿਊਸ਼ ਗੋਇਲ ਵਰਗੇ ਮੰਤਰੀ ਦੇਸ਼ ਸਾਹਮਣੇ ਬਿਨਾਂ ਸਮਝੌਤੇ ਦਾ ਕੋਈ ਖਰੜਾ ਪੇਸ਼ ਕਰਨ ਦੇ ਬੜੀ ਬੇਸ਼ਰਮੀ ਨਾਲ ਇਸ ਸਮਝੌਤੇ ਨੂੰ ਭਾਰਤ ਲਈ ਲਾਹੇਵੰਦ ਕਰਾਰ ਦੇ ਰਹੇ ਹਨ।ਜਦੋਂਕਿ ਇਸ ਸਮਝੌਤੇ ਦੇ ਲਾਗੂ ਹੋਣ ਨਾਲ ਭਾਰਤੀ ਕਿਸਾਨਾਂ ਦੀਆਂ ਦਾਲ਼ਾਂ ਤੇ ਦੁੱਧ ਦਾ ਕਾਰੋਬਾਰ ਚੌਪਟ ਹੋ ਜਾਵੇਗਾ।

## 'ਪ੍ਰੀਖਿਆ 'ਤੇ ਚਰਚਾ' ਪ੍ਰੋਗਰਾਮ ਦਾ ਸਰਕਾਰੀ ਸਕੂਲਾਂ 'ਚ ਸਿੱਧਾ ਪ੍ਰਸਾਰਨ

**ਬਰਨਾਲਾ (ਰਾਜਿੰਦਰ ਬਰਾੜ)**-ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਵਿਦਿਆਰਥੀਆਂ ਨਾਲ ਕੀਤੀ ਗਈ 'ਪ੍ਰੀਖਿਆ ਤੇ ਚਰਚਾ' ਸਬੰਧੀ ਵਿਸ਼ੇਸ਼ ਗੱਲਬਾਤ ਦਾ ਪ੍ਰਸਾਰਣ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿਆਪਕ ਪੱਧਰ 'ਤੇ ਟੈਲੀਕਾਸਟ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਦੇਖਣ ਲਈ ਵਿਦਿਆਰਥੀਆਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ।ਇਹ ਪ੍ਰੋਗਰਾਮ ਪੰਜਾਬ ਦੇ ਸਿੱਖਿਆ ਸਕੱਤਰ ਮੈਡਮ ਸੋਨਾਲੀ ਗਿਰੀ, ਡੀ.ਜੀ.ਐਸ.ਈ ਅਰਵਿੰਦ ਕੁਮਾਰ, ਐਸ.ਸੀ.ਈ.ਆਰ.ਟੀ. ਡਾਇਰੈਕਟਰ ਮੈਡਮ ਕਿਰਨ ਸ਼ਰਮਾ ਅਤੇ ਅਸਿਸਟੈਂਟ ਡਾਇਰੈਕਟਰ ਮੈਡਮ ਸੀਮਾ ਖੇੜਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਆਯੋਜਿਤ ਕੀਤਾ ਗਿਆ।ਜ਼ਿਲ੍ਹਾ ਬਰਨਾਲਾ ਵਿੱਚ ਇਹ ਪ੍ਰੋਗਰਾਮ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ) ਸੁਨੀਤ ਇੰਦਰ ਸਿੰਘ, ਡੀ ਈ ਓ (ਐਲੀਮੈਂਟਰੀ) ਮੈਡਮ ਇੰਦੂ ਸਿਮਕ, ਡਿਪਟੀ ਡੀ ਈ ਓ ਡਾ. ਬਰਜਿੰਦਰ ਪਾਲ ਸਿੰਘ, ਡਾਇਟ ਪ੍ਰਿੰਸੀਪਲ ਡਾਕਟਰ ਮੁਨੀਸ਼ ਮੋਹਨ ਸ਼ਰਮਾ ਅਤੇ ਡੀ ਆਰ ਸੀ ਕਮਲਦੀਪ ਦੀ ਅਗਵਾਈ ਹੇਠ ਸਮੂਹ ਸਰਕਾਰੀ ਸਕੂਲਾਂ ਵਿੱਚ ਸਫ਼ਲਤਾਪੂਰਵਕ ਟੈਲੀਕਾਸਟ ਕੀਤਾ ਗਿਆ। ਇਸ ਟੈਲੀਕਾਸਟ ਰਾਹੀਂ ਵਿਦਿਆਰਥੀਆਂ ਨੂੰ ਪ੍ਰੀਖਿਆ ਸੰਬੰਧੀ ਤਣਾਅ ਤੋਂ ਮੁਕਤ ਹੋਣ, ਆਤਮ-ਵਿਸ਼ਵਾਸ ਵਧਾਉਣ ਅਤੇ ਪੜ੍ਹਾਈ ਲਈ ਪ੍ਰੇਰਿਤ ਹੋਣ ਦਾ ਮਹੱਤਵਪੂਰਨ ਮੌਕਾ ਮਿਲਿਆ

## ਹਠੂਰ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਬਲ ਮਿਲਿਆ



**ਜਗਰਾਉਂ/ਹਠੂਰ/ਬੱਧਨੀ ਕਲਾਂ (ਅਮਿਤ ਖੰਨਾ, ਨਛੱਤਰ ਸੰਧੂ/ਲਵਲੀ ਮਾਛੀਕੇ)**-ਸ਼੍ਰੋਮਣੀ ਅਕਾਲੀ ਦਲ ਲਗਾਤਾਰ ਮਜਬੂਤੀ ਵੱਲ ਵਧ ਰਿਹਾ ਹੈ।ਕਸਬਾ ਹਠੂਰ ਦੇ ਵਰਕਰਾਂ ਦੀ ਹੋਈ ਮੀਟਿੰਗ ਦੌਰਾਨ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਵਰਕਰਾਂ ਨੇ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ।ਪਾਰਟੀ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਦੀ ਅਗਵਾਈ ਹੇਠ ਹੋਈ ਬੈਠਕ ਦੌਰਾਨ ਦੋ ਦਰਜਨ ਸਰਗਰਮ ਵਰਕਰਾਂ ਤੇ ਅਹੁਦੇਦਾਰਾਂ ਨੇ ਹੋਰਨਾਂ ਪਾਰਟੀਆਂ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਦੀ ਬੇੜੀ 'ਚ ਸਵਾਰ ਹੋਣ ਦਾ ਫੈਸਲਾ ਕਰ ਲਿਆ।ਸ੍ਰੀ ਐਸ ਆਰ ਕਲੇਰ ਨੇ ਪਾਰਟੀ 'ਚ ਸ਼ਾਮਲ ਹੋਣ ਵਾਲੇ ਮਹਿਮਾਨਾਂ ਨੂੰ ਜੀ ਆਇਆ ਨੂੰ ਆਖਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਕੋ-ਇੱਕ ਪੰਥ ਤੇ ਪੰਜਾਬ ਪ੍ਰਸਥ ਪਾਰਟੀ ਹੈ, ਜਿਸ ਨੇ ਪੰਜਾਬ ਦੇ ਹੱਕਾਂ ਲਈ ਹਰ ਸੰਘਰਸ਼ ਪਿੰਡੇ 'ਤੇ ਹੰਢਾਇਆ ਹੈ ਤੇ ਪੰਜਾਬ ਵਿਰੋਧੀ ਰਾਜਸੀ ਧਿਰਾਂ ਨੂੰ ਮਾਤ ਦਿੱਤੀ ਹੈ।ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਏ ਆਗੂਆਂ ਤੇ ਵਰਕਰਾਂ ਨੇ ਆਖਿਆ ਕਿ ਉਹ ਅਕਾਲੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ ਹੋਏ ਹਨ।ਇਸ ਮੌਕੇ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ 'ਚ ਜੋ ਪ੍ਰਚਾਰਿਆ ਜਾ ਰਿਹਾ ਹੈ, ਪਾਰਟੀ ਉਨ੍ਹਾਂ ਹਕੀਕਤਾਂ ਤੋਂ ਕੋਹਾਂ ਦੂਰ ਹੈ।

## ਆਯੁਰਵੈਦਿਕ ਤੇ ਹੋਮਿਓਪੈਥੀ ਦਾ ਮੁਫ਼ਤ ਮੈਡੀਕਲ ਕੈਂਪ ਲਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਪਿੰਡ ਗੱਜੂਮਾਜਰਾ ਦੇ ਗੁਰਦੁਆਰਾ ਸਾਹਿਬ ਵਿਖੇ ਪੰਜਾਬ ਸਰਕਾਰ ਦੇ ਆਯੂਸ਼ ਵਿਭਾਗ ਵੱਲੋਂ ਇੱਕ ਮੁਫ਼ਤ ਆਯੁਰਵੇਦਿਕ ਤੇ ਹੋਮਿਓਪੈਥੀ ਮੈਡੀਕਲ ਕੈਂਪ ਲਾਇਆ ਗਿਆ।ਕੈਂਪ ਮਾਨਯੋਗ ਡਾਇਰੈਕਟਰ ਆਯੁਰਵੇਦ ਡਾ. ਰਮਣ ਖੰਨਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਆਯੁਰਵੇਦ ਅਫਸਰ ਪਟਿਆਲਾ ਡਾ. ਮੋਹਨ ਕੌਸਲ ਤੇ ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾ. ਰਜੀਵ ਕੁਮਾਰ ਜਿੰਦੀਆ ਦੀ ਅਗਵਾਈ ਹੇਠ ਆਯੋਜਤ ਕੀਤਾ ਗਿਆ।ਕੈਂਪ ਦੌਰਾਨ ਕੁੱਲ 576 ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਸ ਵਿੱਚ 318 ਆਯੁਰਵੇਦਿਕ ਤੇ 258 ਹੋਮਿਓਪੈਥੀ ਮਰੀਜ਼ ਸ਼ਾਮਲ ਸਨ।ਮਰੀਜ਼ਾਂ ਦੀਆਂ ਵੱਖ-ਵੱਖ ਬਿਮਾਰੀਆਂ ਜਿਵੇਂ ਜੋੜਾਂ ਦੇ ਦਰਦ, ਚਮੜੀ ਦੇ ਰੋਗ, ਇਸਤਰੀ ਰੋਗ, ਹਾਈ ਬਲੱਡ ਪ੍ਰੈਸ਼ਰ, ਪੇਟ ਦੀਆਂ ਸਮੱਸਿਆਵਾਂ, ਆਮ ਕਮਜ਼ੋਰੀ, ਸ਼ੂਗਰ ਆਦਿ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।ਸੀਨੀਅਰ ਡਾਕਟਰਾਂ ਵੱਲੋਂ ਸਵੱਸਥ ਜੀਵਨ ਸ਼ੈਲੀ ਬਣਾਈ ਰੱਖਣ ਲਈ ਚੰਗੀ ਖੁਰਾਕ ਖਾਣ ਤੇ ਹਰ ਰੋਜ਼ ਸੈਰ ਅਤੇ ਕਸਰਤ ਕਰਨ ਲਈ ਵੀ ਦੱਸਿਆ ਗਿਆ।ਆਯੁਰਵੇਦਿਕ ਵਿਭਾਗ ਵੱਲੋਂ ਡਾ. ਸਿਖੀ ਤੇ ਡਾ. ਵਿਸ਼ਾਲ, ਜਦਕਿ ਹੋਮਿਓਪੈਥੀ ਵਿਭਾਗ ਵੱਲੋਂ ਡਾ. ਅਮਨਦੀਪ ਅਤੇ ਡਾ. ਅਕਵਿੰਦਰ ਕੌਰ ਨੇ ਮਰੀਜ਼ਾਂ ਦੀ ਜਾਂਚ ਕੀਤੀ।ਦਵਾਈਆਂ ਵੰਡਣ ਦਾ ਕੰਮ ਕੁਲਵਿੰਦਰ ਸਿੰਘ (ਉਪਵੈਦ) ਤੇ ਰੋਬਿਨ ਦੁਆ ਵੱਲੋਂ ਸੰਭਾਲਿਆ ਗਿਆ।

## ਬੀਕੇਯੂ ਉਗਰਾਹਾਂ ਦੇ ਆਗੂਆਂ ਦੀ ਗ੍ਰਿਫ਼ਤਾਰੀ ਤੇ ਪੁਲਸ ਵਧੀਕੀਆਂ ਦੀ ਨਿਖੇਧੀ

**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪ੍ਰਧਾਨ ਸੱਤ ਪਾਲ ਰਿਸ਼ੀ, ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਸਹਾਇਕ ਵਿੱਤ ਸਕੱਤਰ ਤਾਰਾ ਚੰਦ ਭਾਵਾ, ਚੇਅਰਮੈਨ ਰਘਵੀਰ ਚੰਦ ਸ਼ਰਮਾ, ਸਕੱਤਰ ਸਿਮਰਜੀਤ ਸਿੰਘ ਗਗੋਵਾਲ, ਕੈਸ਼ੀਅਰ ਅਮਰੀਕ ਸਿੰਘ ਮਾਖਾ, ਸੀਨੀਅਰ ਵਾਇਸ ਪ੍ਰਧਾਨ ਸਿਸਨ ਗੋਇਲ, ਸਹਾਇਕ ਕੈਸ਼ੀਅਰ ਅਸ਼ੋਕ ਕੁਮਾਰ ਗਾਮੀਵਾਲਾ, ਸਹਾਇਕ ਸਕੱਤਰ ਹਰਬੰਸ ਸਿੰਘ ਦਿਆਲਪੁਰਾ ਆਦਿ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨ ਜਥੇਬੰਦੀ ਬੀਕੇਯੂ ਉਗਰਾਹਾਂ ਵੱਲੋਂ ਦੋ ਕਿਸਾਨਾਂ ਦੀ ਰਿਹਾਈ ਤੇ ਹੱਕੀ ਮੰਗਾਂ ਨੂੰ ਲੈ ਕੇ ਕੀਤੇ ਜਾ ਰਹੇ ਸ਼ਾਂਤਮਈ ਸੰਘਰਸ਼ ਦੌਰਾਨ ਆਗੂਆਂ ਦੀ ਪੁਲਿਸ ਵੱਲੋਂ ਘਰਾਂ 'ਚ ਹੀ ਕੀਤੀ ਨਜ਼ਰਬੰਦੀ, ਅੱਥਰੂ ਗੈਸ, ਗ੍ਰਿਫ਼ਤਾਰੀਆਂ ਤੇ ਲਾਠੀਚਾਰਜ ਦੀ ਪੁਰਜ਼ੋਰ ਸ਼ਬਦਾਂ 'ਚ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਆਪਣੇ ਆਪ ਨੂੰ ਕਿਸਾਨ ਹਿਤੈਸ਼ੀ ਕਹਿੰਦੀ ਤੇ ਦੂਜੇ ਪਾਸੇ ਸ਼ਾਂਤਮਈ ਪ੍ਰਦਰਸ਼ਨ ਕਰਦੇ ਕਿਸਾਨਾਂ 'ਤੇ ਲਾਠੀਚਾਰਜ ਅਤੇ ਅੱਥਰੂ ਗੈਸ ਦੀ ਵਰਤੋਂ ਕਰਕੇ ਗ੍ਰਿਫ਼ਤਾਰੀ ਵੀ ਕਰ ਰਹੀ ਹੈ।ਆਗੂਆਂ ਨੇ ਮੰਗ ਕੀਤੀ ਕਿ ਵੱਡੀ ਗਿਣਤੀ 'ਚ ਗ੍ਰਿਫ਼ਤਾਰ ਕੀਤੇ ਕਿਸਾਨਾਂ ਨੂੰ ਬਿਨਾਂ ਸ਼ਰਤ ਤਰੁੰਤ ਰਿਹਾਅ ਕੀਤਾ ਜਾਵੇ।

## ਸੱਤ ਰੋਜ਼ਾ ਕੌਮੀ ਯੋਜਨਾ ਕੈਂਪ ਸ਼ੁਰੂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨ ਢੱਡੇ ਵਿਖੇ ਸੰਸਥਾ ਦੀਆਂ ਵੱਖ-ਵੱਖ ਇਕਾਈਆਂ ਮਾਤਾ ਸੁੰਦਰੀ ਗਰਲਜ਼ ਕਾਲਜ, ਮਾਤਾ ਸੁੰਦਰੀ ਕਾਲਜ ਆਫ਼ ਐਜੂਕੇਸ਼ਨ ਤੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਦੀਆਂ ਐਨ.ਐਸ.ਐਸ. ਯੂਨਿਟਾਂ ਦਾ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਜੋਸ਼ੋ ਖਰੋਸ਼ ਨਾਲ ਸ਼ੁਰੂ ਹੋਇਆ।ਕੈਂਪ ਦੇ ਉਦਘਾਟਨੀ ਸਮਾਰੋਹ ਵਿੱਚ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਅਤੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਬਤੌਰ ਮੁੱਖ ਮਹਿਮਾਨ ਸਿਰਕਤ ਕੀਤੀ।ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਨੂੰ ਕੌਮੀ ਸੇਵਾ ਯੋਜਨਾ ਕੈਂਪ ਦੇ ਮੰਤਵ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਨੇ ਵਲੰਟੀਅਰਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਇਸ ਕੈਂਪ ਵਿੱਚ ਹਿੱਸਾ ਲੈਣ ਵਾਲੇ ਵਲੰਟੀਅਰ ਬਹੁਤ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਦੀ ਸੰਸਥਾ ਆਪਣੇ ਵਿਦਿਆਰਥੀਆਂ ਨੂੰ ਸਮਾਜ ਸੇਵਾ ਨਾਲ ਜੋੜਨ ਤੇ ਸਰਬਪੱਖੀ ਵਿਕਾਸ ਲਈ ਪਿਛਲੇ 16 ਸਾਲ ਤੋਂ ਲਗਾਤਾਰ ਅਜਿਹੇ ਮੌਕੇ ਪ੍ਰਦਾਨ ਕਰਦੀ ਆ ਰਹੀ ਹੈ।ਕੌਮੀ ਸੇਵਾ ਯੋਜਨਾ ਦਾ ਵਲੰਟੀਅਰ ਪੂਰੀ ਜ਼ਿੰਦਗੀ ਇਨ੍ਹਾਂ ਕੈਂਪਾਂ ਵਿੱਚ ਸਿੱਖੀਆਂ ਗੱਲਾਂ ਦਾ ਲਾਭ ਉਠਾਕੇ ਇੱਕ ਦੇਸ਼ ਭਗਤੀ ਵਾਲੀ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਦੇ ਤੌਰ 'ਤੇ ਜ਼ਿੰਦਗੀ ਬਸ਼ਰ ਕਰਦਾ ਹੈ।ਪ੍ਰਿੰਸੀਪਲ ਕਮ ਪ੍ਰੋਗਰਾਮ ਅਫ਼ਸਰ ਪ੍ਰੋ. ਰਾਜ ਸਿੰਘ ਬਾਘਾ ਨੇ ਭਾਸ਼ਣ ਦੌਰਾਨ ਸੰਸਥਾ ਦੀਆਂ ਕੌਮੀ ਸੇਵਾ ਯੋਜਨਾ ਖੇਤਰ ਵਿੱਚ ਰਾਸ਼ਟਰੀ ਪੱਧਰ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਕਿ ਸੰਸਥਾ ਦੇ ਹਿੱਸੇ ਹੁਣ ਤੱਕ 3 ਅੰਤਰਰਾਸ਼ਟਰੀ ਐਵਾਰਡ, 6 ਰਾਸ਼ਟਰੀ ਅਵਾਰਡ 4 ਸਟੇਟ ਅਵਾਰਡ ਆ ਚੁੱਕੇ ਹਨ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਸੰਸਥਾ ਨੂੰ ਸਰਬੋਤਮ ਕਾਲਜ ਦਾ ਖਿਤਾਬ ਦਿੱਤਾ ਗਿਆ।ਸੰਸਥਾ ਦੇ ਸੀਨੀਅਰ ਪ੍ਰੋਫੈਸਰ-ਕਮ-ਪ੍ਰੋਗਰਾਮ ਅਫਸਰ ਅਤੇ ਕੈਂਪ ਇੰਚਾਰਜ ਰਾਜਵਿੰਦਰ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਮੈਡਮ ਸਿੰਬਲਜੀਤ ਕੌਰ ਡਾਇਰੈਕਟਰ ਤੇ ਮੈਡਮ ਪ੍ਰਸ਼ੋਤਮ ਕੌਰ, ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਦੀ ਪੋਲਰ ਸਟਾਰ ਸਕੂਲ ਢੱਡੇ, ਨਰਸਿੰਗ ਵਿਭਾਗ ਦੇ ਇੰਚਾਰਜ ਰਾਜਵੀਰ ਕੌਰ ਅਤੇ ਬੀ.ਐਡ. ਵਿਭਾਗ ਦੇ ਪ੍ਰੋ. ਮਨਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ।

## ਕਾਸ਼ੀ ਸਮਾਗਮਾਂ 'ਚ ਸੇਵਾ ਕਰਕੇ ਪਰਤੇ ਸੇਵਾਦਾਰਾਂ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜਨਮ ਅਸਥਾਨ ਕਾਂਸ਼ੀ ਬਨਾਰਸ ਦੀ ਯਾਤਰਾ ਦੌਰਾਨ ਵਿਸ਼ਾਲ ਧਾਰਮਿਕ ਸਮਾਗਮਾਂ ਵਿੱਚ ਸੇਵਾ ਨਿਭਾਉਣ ਉਪਰੰਤ ਵਾਪਸ ਆਏ ਸਮੂਹ ਸੇਵਾਦਾਰਾਂ ਦਾ ਪਿੰਡ ਲੋਹਗੜ੍ਹ (ਬਰਨਾਲਾ) ਪਹੁੰਚਣ 'ਤੇ ਗੁਰਦੁਆਰਾ ਸਾਹਿਬ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਭਰਵਾਂ ਸਵਾਗਤ ਕਰਦਿਆਂ ਸਨਮਾਨਤ ਕੀਤਾ ਗਿਆ।ਮੁੱਖ ਸੇਵਾਦਾਰ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਆਪਣੇ ਗੁਰੂ ਪੁਰਖਿਆਂ ਨੂੰ ਹਮੇਸ਼ਾ ਯਾਦ ਰੱਖ ਕੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਹਰ ਸਾਲ ਵਾਂਗ ਇਸ ਵਾਰ ਵੀ ਸ਼ਰਧਾਲੂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਕਾਂਸ਼ੀ ਪਹੁੰਚ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਿਜਦਾ ਕਰਕੇ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ, ਜੋ ਸ਼ਲਾਘਾਯੋਗ ਹੈ।

## ਅਮਨਦੀਪ ਸ਼ਰਮਾ ਦੀ ਪੁਸਤਕ 'ਮੁੰਦਰੀ' ਰਿਲੀਜ਼



**ਬੁਢਲਾਡਾ (ਅਸ਼ੋਕ ਲਾਕੜਾ)**-ਅਮਨਦੀਪ ਸ਼ਰਮਾ ਦੀ ਪੁਸਤਕ 'ਮੁੰਦਰੀ' ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਹੜੇ ਰਿਲੀਜ਼ ਕੀਤੀ ਗਈ।ਅਮਨਦੀਪ ਸ਼ਰਮਾ ਨੇ ਦੱਸਿਆ ਕਿ ਇਸ ਪੁਸਤਕ ਵਿਚਲੀਆਂ ਕਵਿਤਾਵਾਂ ਜ਼ਿੰਦਗੀ ਦੇ ਵੱਖ-ਵੱਖ ਪਹਿਲੂਆਂ ਦੀਆਂ ਘਟਨਾਵਾਂ ਨੂੰ ਪੇਸ਼ ਕਰਦੀਆਂ ਮਿਹਨਤ ਕਰਨ ਨੂੰ ਪ੍ਰੇਰਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਵਿਚਲੀਆਂ ਕਵਿਤਾਵਾਂ ਬੱਚਿਆਂ ਨੂੰ ਵੀ ਆਪਣੇ ਮਾਪਿਆਂ ਦੀ ਸੇਵਾ ਕਰਨ ਲਈ ਸਮਰਪਤ ਕਰਨਗੀਆਂ।ਸਕੂਲ ਦੀ ਉਪ ਚੇਅਰਮੈਨ ਸਰੋਜ ਰਾਣੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਨੂੰ ਸਾਹਿਤ ਨਾਲ ਜੋੜਨਾ ਬਹੁਤ ਲਾਜ਼ਮੀ ਹੈ।ਉਨ੍ਹਾਂ ਕਿਤਾਬ ਵਿਚਲੀਆਂ ਚੰਗੀਆਂ ਕਵਿਤਾਵਾਂ ਦੀ ਵੀ ਸ਼ਲਾਘਾ ਕੀਤੀ।

## ਦੇਸ਼ ਭਗਤ 'ਵਰਸਿਟੀ ਨੂੰ ਦੁਬਈ ਦੇ ਵਿਸ਼ਵ ਸਿੱਖਿਆ ਸੰਮੇਲਨ ਤੇ ਪੁਰਸਕਾਰਾਂ 'ਚ ਕੀਤਾ ਗਿਆ ਸਨਮਾਨਤ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੂੰ ਦੁਬਈ ਵਿੱਚ ਕਰਵਾਏ ਗਏ 35ਵੇਂ ਵਿਸ਼ਵ ਸਿੱਖਿਆ ਸੰਮੇਲਨ ਅਤੇ ਪੁਰਸਕਾਰ ਵੰਡ ਵਿੱਚ ਅਕਾਦਮਿਕ ਲੀਡਰਸ਼ਿਪ, ਨਵੀਨਤਾ ਤੇ ਵਿੱਦਿਅਕ ਪਰਿਵਰਤਨ ਲਈ ਗਲੋਬਲ ਪ੍ਰਭਾਵ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਹ ਵੱਕਾਰੀ ਸਨਮਾਨ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਸ਼੍ਰੀ ਰਵੀ ਗੁਪਤਾ, ਸੀਈਓ, ਸੰਸਥਾਪਕ ਅਤੇ ਈਲੇਟਸ ਟੈਕਨੋਮੀਡੀਆ ਤੋਂ ਪ੍ਰਾਪਤ ਕੀਤਾ ਤੇ ਇਸ ਪ੍ਰਸਿੱਧ ਗਲੋਬਲ ਸਿੱਖਿਆ ਫੋਰਮ ਵਿੱਚ ਯੂਨੀਵਰਸਿਟੀ ਦੀ ਨੁਮਾਇੰਦਗੀ ਕੀਤੀ।ਪੁਰਸਕਾਰ ਸਵੀਕਾਰ ਕਰਨ ਤੋਂ ਇਲਾਵਾ, ਡਾ. ਸੰਦੀਪ ਸਿੰਘ ਨੇ ਇੱਕ ਪੈਨਲਿਸਟ ਵਜੋਂ ਵੀ ਹਿੱਸਾ ਲਿਆ।ਉਨ੍ਹਾਂ ਨੇ ਸੰਸਥਾਗਤ ਲੀਡਰਸ਼ਿਪ, ਨਵੀਨਤਾ-ਅਧਾਰਤ ਸਿੱਖਿਆ ਤੇ ਵਿਸ਼ਵਵਿਆਪੀ ਗਿਆਨ ਅਰਥਵਿਵਸਥਾ ਲਈ ਗ੍ਰੈਜੂਏਟਾਂ ਨੂੰ ਤਿਆਰ



ਕਰਨ ਵਿੱਚ ਯੂਨੀਵਰਸਿਟੀਆਂ ਦੀ ਵਿਕਸਤ ਭੂਮਿਕਾ ਬਾਰੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਡਾ. ਸੰਦੀਪ ਸਿੰਘ ਨੇ ਕਿਹਾ ਕਿ ਇਹ ਵਿਸ਼ਵਵਿਆਪੀ ਮਾਨਤਾ ਦੇਸ਼ ਭਗਤ ਯੂਨੀਵਰਸਿਟੀ ਦੀ ਅਕਾਦਮਿਕ ਉੱਤਮਤਾ, ਨਵੀਨਤਾ ਤੇ ਸਮਾਜਿਕ ਤੌਰ 'ਤੇ ਪ੍ਰਭਾਵਸ਼ਾਲੀ ਸਿੱਖਿਆ ਪ੍ਰਤੀ ਸਮੂਹਿਕ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉੱਚ ਸਿੱਖਿਆ ਸੰਸਥਾਵਾਂ ਨੂੰ ਡਿਗਰੀਆਂ ਪ੍ਰਦਾਨ ਕਰਨ ਤੋਂ ਉਪਰ ਉੱਠ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਨੈਤਿਕ ਲੀਡਰਸ਼ਿਪ ਦਾ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ। ਖੋਜ-ਅਧਾਰਤ ਹੱਲਾਂ ਨੂੰ ਉਤਸ਼ਾਹਤ ਕਰਨਾ ਚਾਹੀਦਾ ਅਤੇ ਕੌਮੀ ਕਦਰਾਂ-ਕੀਮਤਾਂ ਦੀਆਂ ਜੜ੍ਹਾਂ ਨੂੰ ਮਜ਼ਬੂਤ ਰੱਖਦੇ ਹੋਏ ਸਿੱਖਿਆ ਨੂੰ ਵਿਸ਼ਵਵਿਆਪੀ ਤਰਜ਼ੀਹਾਂ ਨਾਲ ਜੋੜਨਾ ਚਾਹੀਦਾ ਹੈ।ਇਹ ਸਨਮਾਨ ਸਾਨੂੰ ਡੀਬੀਯੂ ਦੀ ਵਿਸ਼ਵਵਿਆਪੀ ਸ਼ਮੂਲੀਅਤ ਨੂੰ ਮਜ਼ਬੂਤ ਕਰਨ ਤੇ ਸਾਡੀ ਪਰਿਵਰਤਨਸ਼ੀਲ ਅਕਾਦਮਿਕ ਯਾਤਰਾ ਨੂੰ ਜਾਰੀ ਰੱਖਣ ਲਈ ਹੋਰ ਪ੍ਰੇਰਿਤ ਕਰਦਾ ਹੈ।

## ਨੌਕਰੀਆਂ ਦੇਣ ਦਾ ਵਾਅਦਾ ਨਹੀ ਹੋਇਆ ਵਫਾ : ਦਰਸ਼ਨ ਸਿੰਘ ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਦਰਸ਼ਨ ਸਿੰਘ ਗਿੱਲ ਜਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ। ਮੀਟਿੰਗ ਦੌਰਾਨ ਕੁਝ ਮੁੱਦਿਆ 'ਤੇ ਚਰਚਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਦਰਸ਼ਨ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨੌਕਰੀਆਂ ਦੇਣ ਦਾ ਐਵੇਂ ਢਿੰਡੋਰਾ ਹੀ ਪਿੱਟਿਆ ਹੈ। ਨੌਜਵਾਨ ਤੇ ਪੜ੍ਹਿਆ ਲਿਖਿਆ ਤਬਕਾ ਡਿਗਰੀਆਂ ਲੈ ਕੇ ਬੇਰੁਜ਼ਗਾਰੀ ਨਾਲ ਜੂਝ ਰਿਹਾ ਹੈ। ਜਿਆਦਾਤਰ ਨੌਜਵਾਨ ਆਪਣਾ ਸਾਰਾ ਕੁਝ ਦਾਅ 'ਤੇ ਲਗਾ ਕੇ ਵਿਦੇਸ਼ਾਂ ਨੂੰ ਕੂਚ ਕਰ ਰਹੇ ਹਨ।ਵਿਦੇਸ਼ਾਂ ਦੇ ਹਾਲਾਤ ਵੀ ਨੌਜਵਾਨਾ ਲਈ ਸਾਜ਼ਗਾਰ ਨਹੀਂ ਰਹੇ, ਹਾਲਾਤ ਮਾੜੇ ਹਨ। ਮਾਲ ਵਿਭਾਗ ਦੇ ਪਟਵਾਰ ਖਾਨਿਆਂ ਵਿੱਚ ਪ੍ਰਾਈਵੇਟ ਕਰਿੰਦਿਆਂ ਦਾ ਪੂਰਾ ਗਲਬਾ ਹੈ ਜਿਸ ਕਾਰਨ ਭ੍ਰਿਸ਼ਟਾਚਾਰ ਜੋਰਾਂ 'ਤੇ ਹੈ।

## ਪੰਜਾਬ 'ਚ ਰੇਲਵੇ ਦੇ ਹੋ ਰਹੇ ਲਗਾਤਾਰ ਵੱਡੇ ਸੁਧਾਰ : ਰਾਣਾ ਸੋਢੀ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਕੇਂਦਰੀ ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਆਮ ਬਜਟ ਪੰਜਾਬ ਦੀਆਂ ਉਮੀਦਾਂ ਤੇ ਖਰਾ ਉਤਰੇਗਾ। ਇਹ ਗੱਲ ਭਾਜਪਾ ਕੇਂਦਰੀ ਕਾਰਜਕਾਰਨੀ ਦੇ ਮੈਂਬਰ ਰਾਣਾ ਗੁਰਮੀਤ ਸਿੰਘ ਸੋਢੀ ਨੇ ਸ਼ਨੀਵਾਰ ਨੂੰ ਫਿਰੋਜ਼ਪੁਰ ਵਿੱਚ ਪੱਤਰਕਾਰ ਸੰਮੇਲਨ ਨੂੰ ਸੰਬੋਧਤ ਕਰਦੇ ਹੋਏ ਆਖੀ। ਸੋਢੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਯੂਥ ਅਤੇ ਖੇਡ ਆਧਾਰਤ ਬਜਟ ਪੇਸ਼ ਕੀਤਾ ਹੈ, ਜਿਸ ਨਾਲ ਪੰਜਾਬ ਵਿਚ ਕਈ ਸੁਧਾਰ ਹੋਣੇ ਸੰਭਾਵਤ ਹਨ, ਕਿਉਂਕਿ ਪੰਜਾਬ ਨੇ ਹਮੇਸ਼ਾਂ ਖੇਡਾਂ ਵਿਚ ਚੈਂਪੀਅਨ ਪੈਦਾ ਕੀਤੇ ਹਨ। ਕੇਂਦਰ ਸਰਕਾਰ ਦੇ ਬਜਟ ਨੇ ਪੰਜਾਬ ਦੀ ਯੂਥ ਨੂੰ ਅੱਗੇ ਵਧਣ ਦਾ ਸੁਨਹਿਰਾ ਮੌਕਾ ਦਿੱਤਾ ਹੈ। ਸੋਢੀ ਨੇ ਕਿਹਾ ਕਿ ਭਾਰਤ ਸਰਕਾਰ ਦਾ ਬਜਟ ਸੁਧਾਰ ਪ੍ਰਧਾਨ ਅਤੇ ਜਨ-ਕੇਂਦਰਿਤ ਵਿਕਾਸ ਦੇ ਪ੍ਰਤੀ ਮਜ਼ਬੂਤ ਦਾਵੇਦਾਰੀ ਦਰਸਾਉਂਦਾ ਹੈ। ਲੋਜਿਸਟਿਕ, ਊਰਜਾ ਸੁਰੱਖਿਆ ਤੇ ਘਰੇਲੂ ਨਿਰਮਾਣ ਤੇ ਧਿਆਨ ਦੇ ਕੇ ਸਰਕਾਰ ਨੇ ਦੇਸ਼ ਵਿਚ ਟਿਕਾਊ ਸਵੈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦਾ ਕੰਮ ਕੀਤਾ ਹੈ। ਇਸ ਤੋਂ ਇਲਾਵਾ ਉਦਯੋਗਪਤੀਆਂ ਨੂੰ ਨਵੇਂ ਬਿਜਨੈਸ ਸ਼ੁਰੂ ਕਰਨ ਦੀ ਪਹਿਲਕਦਮੀ ਕੀਤੀ ਗਈ ਹੈ। ਸੋਢੀ ਨੇ ਸਪੱਸ਼ਟ ਕੀਤਾ ਕਿ ਰੇਲ ਬਜਟ ਵਿਚ ਸਾਲ 2026-27 ਦੇ ਲਈ ਪੰਜਾਬ ਨੂੰ ਕੁੱਲ 5673 ਕਰੋੜ ਰੁਪਏ ਮਿਲੇ ਹਨ, ਜਦਕਿ ਪਿਛਲੀ ਯੂ.ਪੀ.ਏ. ਸਰਕਾਰ ਨੇ 2009 ਤੋਂ 2014 ਤੱਕ ਪੰਜ ਸਾਲ ਵਿਚ ਪੰਜਾਬ ਨੂੰ ਸਿਰਫ 225 ਕਰੋੜ ਰੁਪਏ ਦਾ ਰੇਲ ਬਜਟ ਦਿੱਤਾ ਸੀ। ਇਹ ਸਪੱਸ਼ਟ ਕਰਦਾ ਹੈ ਕਿ ਐਨ.ਡੀ.ਏ. ਹਰ ਰਾਜ ਵਿਚ ਰੇਲ ਇਨਫਰਾਸਟਰਕਚਰ ਤੇ ਮੁਸਾਫਰ ਸਹੂਲਤਾਂ ਨੂੰ ਵਧਾਉਣ 'ਤੇ ਜ਼ੋਰ ਦੇ ਰਹੀ ਹੈ ਅਤੇ ਪੰਜਾਬ ਵਿਚ ਰੇਲਵੇ ਦੇ ਲਗਾਤਾਰ ਵੱਡੇ ਸੁਧਾਰ ਹੋ ਰਹੇ ਹਨ।

## ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਮਾਪਿਆਂ ਤੇ ਅਧਿਆਪਕਾਂ ਦੀ ਇਕਸੁਰਤਾ ਜ਼ਰੂਰੀ : ਡੀ ਈ ਓ



**ਲੌਂਗੋਵਾਲ (ਪ੍ਰਦੀਪ ਸੱਪਲ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਪੰਜਾਬ ਸਰਕਾਰ ਦੇ ਉੱਦਮ ਸਦਕਾ ਵਿਦਿਆਰਥੀਆਂ ਨੂੰ ਤਣਾਅ ਮੁਕਤ ਪ੍ਰੀਖਿਆਵਾਂ ਦੇਣ ਲਈ ਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸੂਬੇ ਅੰਦਰ ਵੱਡੀ ਪੱਧਰ ਉੱਤੇ ਮਾਪਿਆਂ ਦੀਆਂ ਜਾਗਰੂਕਤਾ ਵਰਕਸ਼ਾਪਾਂ ਦਾ ਆਯੋਜਨ ਕੀਤਾ ਗਿਆ।ਇਸ ਕੜੀ ਤਹਿਤ ਜ਼ਿਲ੍ਹਾ ਸੰਗਰੂਰ ਦੇ ਸਰਕਾਰੀ ਸਕੂਲਾਂ ਅੰਦਰ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਮਨਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਯੋਜਤ ਇਨ੍ਹਾਂ ਵਰਕਸ਼ਾਪਾਂ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਸ਼ਮੂਲੀਅਤ ਕੀਤੀ।ਪੀ.ਐਮ ਸ੍ਰੀ ਸਰਕਾਰੀ ਸੀਨੀਅਰ ਸੈਕੈਂਡਰੀ ਸਮਾਰਟ ਸਕੂਲ ਵਿਖੇ ਇਨ੍ਹਾਂ ਵਰਕਸ਼ਾਪਾਂ ਦੇ ਆਯੋਜਨ ਦਾ ਜਾਇਜ਼ਾ ਲੈਣ ਪਹੁੰਚੇ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ ਨੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਾਪਿਆਂ ਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਬਹੁਤ ਅਹਿਮ ਹੈ, ਜਿਹੜੀ ਵਿਦਿਆਰਥੀਆਂ ਨੂੰ ਕਿਸੇ ਖਾਸ ਮੰਜਲ ਤੱਕ ਲੈ ਕੇ ਜਾਣ ਲਈ ਸਹਾਈ ਹੋ ਸਕਦੀ ਹੈ ਤੇ ਉਨ੍ਹਾਂ ਦੀ ਇਕਸੁਰਤਾ ਹੋਣੀ ਜ਼ਰੂਰੀ ਹੈ।ਉਨ੍ਹਾਂ ਮਾਪਿਆਂ ਨੂੰ ਇਸ ਗੱਲ ਲਈ ਜਾਗਰੂਕ ਕੀਤਾ ਕਿ ਪ੍ਰੀਖਿਆ ਦੇ ਦਿਨ ਹੋਣ ਕਾਰਨ ਤੁਸੀਂ ਆਪਣੇ ਬੱਚਿਆਂ ਨੂੰ ਬਹੁਤ ਨੇੜੇ ਤੋਂ ਹੋ ਕੇ ਦੇਖਣਾ ਹੈ ਤੇ ਉਨ੍ਹਾਂ ਦੇ ਲਈ ਪਰਵਾਰ ਅੰਦਰ ਚੰਗੇ ਮਾਹੌਲ ਦੀ ਸਿਰਜਣਾ ਕਰਕੇ ਉਨ੍ਹਾਂ ਨੂੰ ਪ੍ਰੀਖਿਆ ਲਈ ਤਣਾਅ ਮੁਕਤ ਰੱਖਣਾ ਹੈ।ਉਨ੍ਹਾਂ ਮਾਪਿਆਂ ਨੂੰ ਨਵੇਂ ਸੈਸ਼ਨ ਅੰਦਰ ਸਰਕਾਰੀ ਸਕੂਲਾਂ ਅੰਦਰ ਮਿਲ ਰਹੀਆਂ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਆਪਣੇ ਬੱਚਿਆਂ ਨੂੰ ਦਾਖਲੇ ਲਈ ਵੀ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਮਾਪੇ, ਅਧਿਆਪਕ ਤੇ ਵਿਦਿਆਰਥੀ ਮਿਲ ਕੇ ਤਿੰਨੋ ਹੀ ਸਮਾਜ ਦੀ ਬੇਹਤਰੀ ਲਈ ਯਤਨਸ਼ੀਲ ਹੋ ਸਕਦੇ ਹਨ।ਉਨ੍ਹਾਂ ਸਰਕਾਰੀ ਸਕੂਲਾਂ ਅੰਦਰ ਨਾਲ ਮਿਲ ਰਹੀਆਂ ਸਹੂਲਤਾਂ ਬਾਰੇ ਖੁੱਲ੍ਹ ਕੇ ਮਾਪਿਆਂ ਨਾਲ ਵਿਚਾਰ-ਚਰਚਾ ਕੀਤੀ।ਇੰਚਾਰਜ ਪ੍ਰਿੰਸੀਪਲ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਪੰਜਾਬ ਸਰਕਾਰ ਵੱਲੋਂ ਸਕੂਲਾਂ ਦੀ ਬੇਹਤਰੀ ਲਈ ਖਾਸ ਕਰਕੇ ਮਹਿਲਾਂ ਸਕੂਲ ਲਈ ਕੀਤੇ ਜਾ ਰਹੇ ਯਤਨਾਂ ਦੀ ਪੂਰੀ ਰਿਪੋਰਟ ਪੇਸ਼ ਕੀਤੀ।ਮੈਡਮ ਗਗਨਜੋਤ ਕੌਰ ਨੇ ਮਾਪਿਆਂ ਨੂੰ ਖੇਡਾਂ ਰਾਹੀਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਪ੍ਰੇਰਿਤ ਕੀਤਾ।

## ਗੁਰੂ ਨਾਨਕ ਸਕੂਲ 'ਚ ਸਾਲਾਨਾ ਖੇਡ ਸਮਾਗਮ ਕਰਾਇਆ

**ਦੋਰਾਹਾ (ਹਰਮਿੰਦਰ ਸੇਠ)**

ਖੇਡਾਂ ਮਨੁੱਖ ਦੇ ਸਰਬਪੱਖੀ ਵਿਕਾਸ ਦਾ ਮਹੱਤਵਪੂਰਨ ਸਾਧਨ ਹਨ।ਬੱਚੇ ਦੀਆਂ ਖੇਡ-ਰੁਚੀਆਂ ਹੀ ਉਸਦੇ ਸਰੀਰਕ, ਮਾਨਸਿਕ ਤੇ ਬੌਧਿਕ ਵਿਕਾਸ ਦੀਆਂ ਸੂਚਕ ਹਨ।ਇਨ੍ਹਾਂ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਖੇਡ ਸਮਾਗਮ ਕਰਾਇਆ ਗਿਆ।ਖੇਡ ਸਮਾਗਮ ਵਿੱਚ ਨਰਸਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਖੇਡ ਸਮਾਗਮ ਵਿੱਚ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।ਸਕੂਲ ਪ੍ਰਿੰਸੀਪਲ ਡਾ.ਡੀ.ਪੀ.ਠਾਕੁਰ ਨੇ ਫੁੱਲਾਂ ਦੇ ਗੁਲਦਸਤੇ ਨਾਲ ਮੁੱਖ ਮਹਿਮਾਨ ਦਾ ਸਵਾਗਤ ਕੀਤਾ।ਮੁੱਖ ਮਹਿਮਾਨ ਵੱਲੋਂ ਝੰਡਾ ਲਹਿਰਾਉਣ ਤੇ ਸ਼ਾਂਤੀ ਦੇ ਪ੍ਰਤੀਕ ਗੁਬਾਰੇ ਛੱਡਣ ਦੀ ਰਸਮ ਨਿਭਾਈ ਗਈ।ਮਾਰਚ ਪਾਸਟ ਤੇ ਸਹੁੰ ਚੁੱਕਣ ਦੀ ਰਸਮ ਉਪਰੰਤ ਪ੍ਰਿੰਸੀਪਲ ਸਾਹਿਬ ਦੁਆਰਾ ਮੁੱਖ ਮਹਿਮਾਨ ਸਹਿਬ ਜੀ ਦਾ ਰਸਮੀ ਸਵਾਗਤ ਕੀਤਾ ਗਿਆ।ਮੁੱਖ ਮਹਿਮਾਨ ਹਰਪ੍ਰਤਾਪ ਸਿੰਘ ਬਰਾੜ ਜੀ ਨੇ ਖੇਡ ਸਮਾਗਮ ਆਰੰਭ ਕਰਨ ਦਾ ਐਲਾਨ ਕੀਤਾ।ਖੇਡਾਂ ਦੇ ਦੌਰਾਨ ਨੰਨ੍ਹੇ-ਮੁੰਨ੍ਹੇ ਬੱਚਿਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਗਾਰਲੈਂਡ ਰੇਸ, ਕੈਪ ਰੇਸ, ਬਾਲ ਰੇਸ, ਫਰੌਗ ਰੇਸ, ਲੈਮਲ ਸਪੂਨ ਰੇਸ, ਹਰਡਲ ਰੇਸ, ਆਈਸਕ੍ਰੀਮ ਰੇਸ ਤੇ ਰਿਲੇਅ ਰੇਸ ਖਿੱਚ ਦਾ ਕੇਂਦਰ ਰਹੀਆਂ।ਬੱਚਿਆਂ ਦੇ ਨਾਲ਼-ਨਾਲ਼ ਉਨ੍ਹਾਂ ਦੇ ਮਾਪਿਆਂ ਨੇ ਵੀ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲਿਆ।ਜੇਤੂ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਦੁਆਰਾ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਮੁੱਖ ਮਹਿਮਾਨ ਹਰਪ੍ਰਤਾਪ ਸਿੰਘ ਬਰਾੜ ਸਾਹਿਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਜਿੱਥੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਹਾਇਕ ਸਿੱਧ ਹੁੰਦੀਆਂ ਹਨ, ਉੱਥੇ ਹੀ ਅਜਿਹੇ ਮੁਕਾਬਲੇ ਬੱਚਿਆਂ ਵਿੱਚ ਅਨੁਸ਼ਾਸਨ ਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।ਇਨ੍ਹਾਂ ਖੇਡਾਂ ਦੁਆਰਾ ਹੀ ਵਿਦਿਆਰਥੀਆਂ ਵਿੱਚ ਸਦਭਾਵਨਾ ਅਤੇ ਨੇਕ-ਨੀਅਤੀ ਵਰਗੇ ਗੁਣ ਪੈਦਾ ਹੁੰਦੇ ਹਨ।ਸਕੂਲ ਕਾਰਜਕਾਰੀ ਪ੍ਰਬੰਧਕ ਰੁਪਿੰਦਰ ਕੌਰ ਬਰਾੜ ਨੇ ਖੇਡ ਸਮਾਗਮ ਵਿੱਚ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਗੁਰੂ ਨਾਨਕ ਸਕੂਲ ਸ਼ੁਰੂ ਤੋਂ ਹੀ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਉਪਰਾਲੇ ਕਰਦਾ ਰਿਹਾ ਹੈ ਤੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੇ ਹੋਰ ਮੌਕੇ ਪ੍ਰਦਾਨ ਕਰਨ ਲਈ ਯਤਨਸ਼ੀਲ ਰਹੇਗਾ।



ਗੁਰੂ ਨਾਨਕ ਪ੍ਰਬੰਧਕ ਕਮੇਟੀ ਦੇ ਉਪ-ਪ੍ਰਧਾਨ ਪਵਿੱਤਰਪਾਲ ਸਿੰਘ ਪਾਂਗਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੰਦਰੁਸਤ ਰਹਿਣ ਲਈ ਖੇਡਾਂ ਬਹੁਤ ਜ਼ਰੂਰੀ ਹਨ।ਇਸ ਨਾਲ਼ ਪੜ੍ਹਾਈ ਵਿੱਚ ਇਕਾਗਰਤਾ ਬਣਦੀ ਹੈ, ਜਿਸ ਨਾਲ ਤੁਸੀਂ ਆਪਣੇ ਮਿੱਥੇ ਹੋਏ ਮੁਕਾਮ ਨੂੰ ਹਾਸਲ ਕਰ ਸਕਦੇ ਹੋ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਰਵਿੰਦਰ ਸਿੰਘ ਮਲਹਾਂਸ ਅਤੇ ਹੋਰ ਕਮੇਟੀ ਮੈਂਬਰਾਂ ਤੋਂ ਇਲਾਵਾ ਕਾਲਜ ਪ੍ਰਿੰਸੀਪਲ ਸਰਵਜੀਤ ਕੌਰ ਬਰਾੜ ਤੇ ਪ੍ਰੋਫੈਸਰ ਡਾ. ਨਿਰਲੇਪ ਕੌਰ ਨੇ ਖੇਡ ਸਮਾਗਮ ਵਿੱਚ ਸ਼ਿਰਕਤ ਕੀਤੀ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਿੰਸੀਪਲ ਡਾ.ਡੀ.ਪੀ.ਠਾਕੁਰ ਨੇ ਕਿਹਾ ਕਿ ਅਸੀਂ ਸਕੂਲ ਪ੍ਰਬੰਧਕ ਕਮੇਟੀ ਦੇ ਬਹੁਤ ਸ਼ੁਕਰਗੁਜ਼ਾਰ ਹਾਂ ਜਿੰਨਾਂ ਦੇ ਸਹਿਯੋਗ ਸਦਕਾ ਇਹ ਸਮਾਗਮ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ ਹੈ।ਉਹਨਾਂ ਨੇ ਕਿਹਾ ਕਿ ਖੇਡਾਂ ਸਾਡਾ ਗੌਰਵਮਈ ਵਿਰਸਾ ਹਨ।ਖੇਡਾਂ ਜ਼ਰੀਏ ਹਾਰ ਅਤੇ ਜਿੱਤ ਦਾ ਸਾਹਮਣਾ ਕਰਦਾ ਵਿਦਿਆਰਥੀ ਆਪਣੇ ਜੀਵਨ ਵਿੱਚ ਹਰ ਮੁਸ਼ਕਲ ਦਾ ਹੱਸ ਕੇ ਮੁਕਾਬਲਾ ਕਰਨ ਦੇ ਯੋਗ ਹੋ ਜਾਂਦਾ ਹੈ।ਡਿਪਟੀ ਹੈੱਡ-ਮਿਸਟਰਸ ਪੂਰਵੀ ਮਹਿਤਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੀਆਂ ਅਤੇ ਉਨ੍ਹਾਂ ਦੇ ਅੰਦਰੂਨੀ ਹੁਨਰ ਨੂੰ ਨਿਖਾਰਦੀਆਂ ਹਨ।ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ਼ ਹੋਈ।

## ਪੰਥਕ ਏਕਤਾ ਲਈ ਮਜੀਠੀਆ ਨੰਗੇ ਪੈਰੀਂ ਪਹਿਲਾਂ ਸੁਖਬੀਰ ਕੋਲ ਜਾਣ : ਗਿਆਨੀ ਹਰਪ੍ਰੀਤ ਸਿੰਘ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਭਾਈ ਮਨੀ ਸਿੰਘ ਵਿਖੇ ਬਿਕਰਮਜੀਤ ਸਿੰਘ ਮਜੀਠੀਆ ਵਲੋਂ ਪੰਥਕ ਏਕਤਾ ਲਈ ਕੀਤੀ ਅਪੀਲ 'ਤੇ ਪ੍ਰਤੀਕਰਮ ਦਿੰਦਿਆਂ ਕਿਹਾ ਹੈ ਕਿ 2 ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਵੀ ਤਾਂ ਪੰਥਕ ਏਕਤਾ ਦੀ ਹੀ ਅਪੀਲ ਕੀਤੀ ਗਈ ਸੀ, ਜਿਸ 'ਤੇ ਬਹੁਤ ਸਾਰੇ ਪੰਥ ਪ੍ਰਸਤ ਆਗੂਆਂ ਨੇ ਅਮਲ ਕਰਦਿਆਂ ਆਪੋ ਆਪਣੇ ਅਹੁਦਿਆਂ ਤੋਂ ਅਸਤੀਫਾ ਦੇ ਕੇ ਪੰਥਕ ਏਕਤਾ ਦਾ ਮੁੱਢ ਬੰਨਿਆ ਸੀ, ਪ੍ਰੰਤੂ ਇਸ ਹੁਕਮਨਾਮੇ ਤੋਂ ਸੁਖਬੀਰ ਸਿੰਘ ਬਾਦਲ ਹੀ ਭਗੌੜਾ ਹੋਇਆ ਹੈ, ਇਸ ਲਈ ਜੇਕਰ ਮਜੀਠੀਆ ਸਾਹਿਬ ਪੰਥਕ ਏਕਤਾ ਲਈ ਕਿਸੇ ਕੋਲ ਨੰਗੇ ਪੈਰੀਂ ਜਾਣਾ ਚਾਹੁੰਦੇ ਹਨ ਤਾਂ ਸਭ ਤੋਂ ਪਹਿਲਾ ਸੁਖਬੀਰ ਸਿੰਘ ਬਾਦਲ ਕੋਲ ਜਾਣ, ਕਿਉਂਕਿ ਸੁਖਬੀਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਾਂ ਨਹੀਂ ਮੰਨੀਠ ਹੋ ਸਕਦਾ ਆਪਣੇ ਰਿਸ਼ਤੇਦਾਰ ਦੀ ਹੀ ਮੰਨ ਲੈਣ।ਮਜੀਠੀਆ ਨੰਗੇ ਪੈਰ ਜਾ ਕੇ ਸੁਖਬੀਰ ਨੂੰ ਅਹੁਦਾ ਛੱਡਣ ਲਈ ਮਨਾ ਲੈਣ, ਅਸੀਂ ਏਕਤਾ ਲਈ ਤਿਆਰ ਹਾਂ।ਉਨ੍ਹਾਂ ਕਿਹਾ ਕਿ 2 ਦਸੰਬਰ ਦਾ ਫੈਸਲਾ ਵੀ ਪੰਥਕ ਏਕਤਾ ਦਾ ਹੀ ਹੋਕਾ ਸੀ, ਜਿਸ ਨੂੰ ਸੁਖਬੀਰ ਸਿੰਘ ਬਾਦਲ ਨੇ ਹੀ ਨਜ਼ਰਅੰਦਾਜ਼ ਕੀਤਾ ਹੈ।ਇਸ ਲਈ ਮਜੀਠੀਆ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦਾ ਸਤਿਕਾਰ ਕਰਨ ਤੇ ਸੁਖਬੀਰ ਨੂੰ ਆਪਣੀ ਜਿੱਦ ਅਤੇ ਅਹੁਦਾ ਛੱਡਣ ਲਈ ਤਿਆਰ ਕਰਨ। ਉਹਨਾਂ ਕਿਹਾ ਕਿ ਅਸੀਂ ਪੰਥਕ ਤੌਰ ਤੇ ਸਾਰੇ ਸਭਾ ਸੁਸਾਇਟੀਆਂ ਨਾਲ ਏਕਤਾ ਲਈ ਤਿਆਰ ਵੀ ਹਾਂ ਤੇ ਇੱਕ ਵੀ ਹਾਂ, ਪ੍ਰੰਤੂ ਭਗੌੜਾ ਦਲ ਨਾਲ ਉਨਾਂ ਚਿਰ ਕੋਈ ਗੱਲਬਾਤ ਨਹੀਂ ਹੋਵੇਗੀ, ਜਿੰਨਾਂ ਚਿਰ ਸੁਖਬੀਰ ਪ੍ਰਧਾਨਗੀ ਨਹੀਂ ਛੱਡਦਾ।ਉਨ੍ਹਾਂ ਕਿਹਾ ਕਿ ਜੇਕਰ ਸਮਝੌਤਾ ਹੁੰਦਾ ਵੀ ਹੈ ਤਾਂ ਉਹ ਕਿਸੇ ਮੁੱਦੇ ਦੇ ਅਧਾਰ 'ਤੇ ਨਹੀਂ, ਸਗੋਂ ਸਿਧਾਂਤਾਂ ਅਤੇ ਫਲਸਫੇ ਦੇ ਅਧਾਰ 'ਤੇ ਹੋਵੇਗਾ।

## ਪਤੰਗ ਮੇਲੇ 'ਚ 1,500 ਲੋਕਾਂ ਨੇ ਹਿੱਸਾ ਲਿਆ

ਮੋਹਾਲੀ (ਗੁਰਜੀਤ ਬਿੱਲਾ)-ਲਿਵਾਸਾ ਹਸਪਤਾਲ ਸਮਰਥਿਤ ਨੰਗਲ ਪਤੰਗ ਤਿਉਹਾਰ 2026 ਵਿੱਚ 1,500 ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦੀ ਇੱਕ ਪ੍ਰਮੁੱਖ ਆਕਰਸ਼ਣ ਬੱਚਿਆਂ ਦੀ ਉਤਸ਼ਾਹਜਨਕ ਭਾਗੀਦਾਰੀ ਸੀ, ਜਿਸ ਵਿੱਚ 140 ਯੁਵਾ ਕਲਾਕਾਰਾਂ ਨੇ ਇੱਕ ਡਰਾਇੰਗ ਮੁਕਾਬਲੇ ਵਿੱਚ ਹਿੱਸਾ ਲਿਆ ਜਿਸ ਵਿੱਚ ਸਿਹਤ, ਵਾਤਾਵਰਣ ਅਤੇ ਸਮਾਜਿਕ ਜਾਗਰੂਕਤਾ ਦੇ ਵਿਸ਼ਿਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਤਉਹਾਰ ਨੇ ਪੰਛੀਆਂ ਤੇ ਲੋਕਾਂ ਨੂੰ ਸੱਟਾਂ ਨੂੰ ਰੋਕਣ ਲਈ ਚਾਈਨਾ ਡੋਰ ਨੂੰ ਨਾ ਕਹੋ ਮੁਹਿੰਮ ਨੂੰ ਉਤਸ਼ਾਹਤ ਕੀਤਾ । ਇਸ ਮੌਕੇ ਲਿਵਾਸਾ ਹਸਪਤਾਲ ਵੱਲੋਂ ਮੁਫ਼ਤ ਸਿਹਤ ਕੈਂਪ ਲਗਾਇਆ ਗਿਆ ਤੇ ਅੰਗ ਦਾਨ ਜਾਗਰੂਕਤਾ ਮੁਹਿੰਮ ਵੀ ਚਲਾਈ ਗਈ।


**Court Notice**

(U/o 5 Rule 20 CPC)
In The Court of
**Garima Gupta**
Civil Judge (Junior Division), Amritsar
CS/1679/2024 P INJ M INJ
CNR No. PBAS02-002649-2024
Next Date:- 04-04-2026
Angrej Singh S/o Harbans Singh R/o Vill. Besarke Bhaini, Tehsil and Distt. Amritsar
Vs.
Narinderpal Singh and others
Publication issued to : 1. Narinderpal Singh S/o Charan Singh, 2. Lakhwinder Kaur W/o Narinderpal Singh Both R/o H.No. 2147, Guru Bazar Purani Mandi, Chheharta, Amritsar, 3. Gurmeet Singh S/o Kashmir Singh R/o 67, Celebration Enclave Tarn Taran Road, Amritsar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 04-04-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 06-02-2026



**Court Notice**

(U/o 5 Rule 20 CPC)
In The Court of
Ms. Rana Kanwardeep Kaur Chahal
Principal Judge, Family Court
Camp at Phagwara, Phagwara.
CNR No. PBKPF2-000296-2024
Next Date:- 07-03-2026
Rajni Bala
Vs.
Gian Chand
Publication Issued To: General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 07-03-2026 at 10:00 a.m.

For details logon to https://highcourtchd.gov.in/?mod=district_notice&district=Kapurthala

Principal Judge, Family Court
Camp at Phagwara, Phagwara.
Dated, this day of 05-02-2026



**Court Notice**

(U/o 5 Rule 20 CPC)
In The Court of
Ms. Harpreet Kaur Randhawa
District and Sessions Judge, Ludhiana

Next Date, Purpose of case, Orders and Judgments as well as other case information is available on http://ecourts.gov.in

CNR No. PBLD01-024796-2024
Next Date:- 19-03-2026
Neelam Kumari
Vs
Sagar

Publication issued to : (2) Vipan Kumar Dubey S/o Ram Kuber Address : Ward No. 73, Street No. 2, Gurmail Nagar, 33 Feet Road, Ludhiana-141016 (Owner of offending Vechicle i.e Motorcycle Bearing Registration No. PB-91L-2723) Mobile No. 78888-63237

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 19-03-2026 at 10.00 a.m.

Take notice that, in default of his/their appearance on the day before mentioned, the above said case will be heard and determined in his/their absence according to law

Given under my hand and the seal of the Court, this 06-02-2026

District and Sessions Judge, Ludhiana


# ਸਾਬਕਾ ਫੌਜੀ ਦੇ ਕਤਲ ਦੇ ਸੰਬੰਧ 'ਚ ਥਾਣਾ ਵਲਟੋਹਾ ਅੱਗੇ ਲਗਾਇਆ ਧਰਨਾ ਤੀਸਰੇ ਦਿਨ ਵੀ ਜਾਰੀ




ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਵਿਧਾਨ ਸਭਾ ਹਲਕਾ ਖੇਮਕਰਨ ਦੇ ਪਿੰਡ ਚੀਮਾ ਖੁਰਦ ਵਿਖੇ ਬੀਤੇ ਦਿਨੀਂ ਗੁਰਭੇਜ ਸਿੰਘ ਸਾਬਕਾ ਫੌਜੀ (36) ਪੁੱਤਰ ਨਰਿੰਦਰ ਸਿੰਘ ਦਾ ਕਤਲ ਕਰ ਦਿੱਤਾ ਗਿਆ ਸੀ, ਅੱਜ ਮ੍ਰਿਤਕ ਫੌਜੀ ਦੇ ਵਾਰਸਾਂ ਨੇ ਲਾਸ਼ ਨੂੰ ਥਾਣਾ ਵਲਟੋਹਾ ਦੇ ਅੱਗੇ ਰੱਖ ਕੇ ਇਨਸਾਫ਼ ਲੈਣ ਲਈ ਸਾਬਕਾ ਫੌਜੀਆਂ ਦੀ ਜਥੇਬੰਦੀ ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਦਿੱਤਾ ਗਿਆ ਰੋਸ ਧਰਨਾ ਤੀਸਰੇ ਦਿਨ ਵੀ ਜਾਰੀ ਰਿਹਾ। ਮ੍ਰਿਤਕ ਫੌਜੀ ਦੇ ਵਾਰਸਾਂ ਨੇ ਕਿਹਾ ਕਿ ਜਿੰਨਾ ਚਿਰ ਤਿੰਨੇ ਮੁਜਰਮਾਂ ਦੀ ਗ੍ਰਿਫਤਾਰੀ ਨਹੀਂ ਹੁੰਦੀ, ਓਨਾ ਚਿਰ ਧਰਨਾ ਜਾਰੀ ਰਹੇਗਾ। ਇਸ ਮੌਕੇ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਚੇਅਰਮੈਨ ਗੁਰਮੇਜ ਸਿੰਘ ਵਡਾਲਾ, ਬਲਾਕ ਪ੍ਰਧਾਨ ਰਵਿੰਦਰ ਸਿੰਘ, ਭਗਵਾਨ ਸਿੰਘ ਪੰਜਾਬ ਰੈਜੀਮੈਂਟ, ਸਲਵਿੰਦਰ ਸਿੰਘ ਮੀਡੀਆ ਇੰਚਾਰਜ ਤਰਨ ਤਾਰਨ, ਸੁਖਵੰਤ ਸਿੰਘ ਤਹਿਸੀਲ ਪ੍ਰਧਾਨ ਤਰਨ ਤਾਰਨ, ਕਪੂਰਥਲਾ ਵਿੰਗ ਦੇ ਬਲਾਕ ਪ੍ਰਧਾਨ ਜੋਗਿੰਦਰ ਸਿੰਘ, ਤਰਨ ਤਾਰਨ ਦੇ ਜਨਰਲ ਸਕੱਤਰ ਗੁਰਵਿੰਦਰ ਸਿੰਘ, ਹੌਲਦਾਰ ਗੁਰਮੀਤ ਸਿੰਘ ਤਰਨ ਤਾਰਨ, ਅੰਮ੍ਰਿਤਸਰ ਜ਼ਿਲ੍ਹਾ ਪ੍ਰਧਾਨ ਨਿਰਵੈਰ ਸਿੰਘ ਖਾਲਸਾ, ਕੇਵਲ ਸਿੰਘ ਮਾੜੀ ਕੰਬੋਕੇ ਜਮਹੂਰੀ ਕਿਸਾਨ ਸਭਾ ਕਮੇਟੀ ਪ੍ਰਧਾਨ, ਪਰਮਿੰਦਰ ਸਿੰਘ ਕਪੂਰਥਲਾ, ਜਗਤਾਰ ਸਿੰਘ ਸਿੱਧੂਆਂ, ਪ੍ਰੇਮ ਸਿੰਘ ਪ੍ਰਧਾਨ ਜ਼ਿਲ੍ਹਾ ਤਰਨ ਤਾਰਨ, ਆਲ ਇੰਡੀਆ ਕਿਸਾਨ ਸਭਾ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ ਵਿਸ਼ਾਲਦੀਪ ਸਿੰਘ ਵਲਟੋਹਾ, ਵੱਖ ਵੱਖ ਕਿਸਾਨ ਜਥੇਬੰਦੀਆਂ ਅਤੇ ਸਾਬਕਾ ਸੈਨਿਕ ਸਰਬ ਸਾਂਝੀ ਕਮੇਟੀ ਸੂਬਾ ਪ੍ਰਧਾਨ ਗੁਰਦੀਪ ਸਿੰਘ ਟਾਂਡਾ ਸੈਨਾ ਮੈਡਲ, ਪੰਜਾਬ ਚੇਅਰਮੈਨ ਕੈਪਟਨ ਪਿਆਰਾ ਸਿੰਘ, ਜਨਰਲ ਸੈਕਟਰੀ ਜਗਜੀਤ ਸਿੰਘ, ਨਿਰਮਲ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਕੈਪਟਨ ਦਿਲਬਾਗ ਸਿੰਘ, ਜਰਨਲ ਸਿੰਘ, ਗੁਰਵਿੰਦਰ ਸਿੰਘ ਵਲਟੋਹਾ, ਸੂਬੇਦਾਰ ਗੁਰਦੇਵ ਸਿੰਘ ਵਾਈਸ ਪ੍ਰਧਾਨ, ਸੂਬੇਦਾਰ ਜਸਪਾਲ ਸਿੰਘ ਕੈਸ਼ੀਅਰ, ਸਲਵਿੰਦਰ ਸਿੰਘ ਮੀਡੀਆ ਇੰਚਾਰਜ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਸੂਬੇਦਾਰ ਮੇਜਰ ਚਰਨਜੀਤ ਸਿੰਘ ਤਹਿਸੀਲ ਪ੍ਰਧਾਨ ਗੋਇੰਦਵਾਲ ਸਹਿਬ, ਚੇਅਰਮੈਨ ਖਜਾਨ ਸਿੰਘ, ਮੰਗਲ ਸਿੰਘ, ਸਰਪੰਚ ਪ੍ਰਤਾਪ ਸਿੰਘ ਕੁੰਡਾ, ਦਵਿੰਦਰ ਸਿੰਘ ਚੱਕਵਾਲੀਆ, ਦਿਲਬਾਗ ਸਿੰਘ ਚੱਕਵਾਲੀਆ, ਅੰਗਰੇਜ ਸਿੰਘ ਚੀਮਾ, ਸੁਖਵੰਤ ਸਿੰਘ ਤਹਿਸੀਲ ਪ੍ਰਧਾਨ, ਸੁਖਪਾਲ ਸਿੰਘ ਮਿੰਟੂ, ਆਦਿ ਤੋਂ ਇਲਾਵਾ ਮ੍ਰਿਤਕ ਫੌਜੀ ਗੁਰਭੇਜ ਸਿੰਘ ਦੀ ਮਾਤਾ, ਪਤਨੀ ਅਤੇ ਹੋਰ ਰਿਸ਼ਤੇਦਾਰ ਧਰਨੇ ਵਿੱਚ ਹਾਜ਼ਰ ਸਨ ।

## ਹੈਰੋਇਨ ਸਮੇਤ ਔਰਤ ਕਾਬੂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਥਾਣਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਅਧੀਨ ਆਉਂਦੀ ਚੌਕੀ ਹਰਚੋਵਾਲ ਵੱਲੋਂ 9 ਗ੍ਰਾਮ ਹੈਰੋਇਨ ਸਮੇਤ ਇਕ ਔਰਤ ਨੂੰ ਗ੍ਰਿਫ਼ਤਾਰ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਏ ਐਸ ਆਈ ਸਰਵਨ ਸਿੰਘ ਨੇ ਦੱਸਿਆ ਕਿ ਪਿੰਡ ਭਾਮ ਸੂਏ ਦੀ ਪਟੜੀ ਤੋਂ ਇਕ ਔਰਤ ਪਿੰਡ ਮਠੋਲੇ ਨੂੰ ਆ ਰਹੀ ਸੀ ਅਤੇ ਪੁਲਸ ਦੇਖ ਘਬਰਾਹਟ ਵਿੱਚ ਔਰਤ ਨੇ ਮੋਮੀ ਲਿਫ਼ਾਫ਼ੇ ਨੂੰ ਸੁੱਟ ਦਿੱਤਾ, ਜਿਸ ਨੂੰ ਉਨ੍ਹਾਂ ਦੇ ਸਾਥੀਆਂ ਵੱਲੋਂ ਮੌਕੇ 'ਤੇ ਚੈੱਕ ਕਰਨ 'ਤੇ ਹੈਰੋਇਨ ਮਿਲੀ ਅਤੇ ਔਰਤ ਨੇ ਆਪਣਾ ਨਾਮ ਸੰਦੀਪ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਮਠੋਲਾ ਦੱਸਿਆ।ਔਰਤ ਨੂੰ ਤੁਰੰਤ ਮੁਕੱਦਮਾ ਦਰਜ ਕਰਕੇ ਕੋਰਟ ਵਿੱਚ ਪੇਸ਼ ਕਰ ਦਿੱਤਾ ਗਿਆ ਹੈ।

## ਨੌਜਵਾਨ ਦੀ ਡੁਬਈ 'ਚ ਭੇਦਭਰੀ ਹਾਲਤ 'ਚ ਮੌਤ





ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਡੇਰਾ ਬਾਬਾ ਨਾਨਕ ਦੇ ਅਧੀਨ ਪੈਂਦੇ ਅਤੇ ਫਤਿਹਗੜ੍ਹ ਨਜ਼ਦੀਕ ਪਿੰਡ ਸਮਰਾਏ ਦਾ ਨੌਜਵਾਨ ਬਲਵਿੰਦਰ ਸਿੰਘ 32 ਸਾਲ ਪੁੱਤਰ ਮੁੱਖਾ ਸਿੰਘ 6 ਮਹੀਨੇ ਪਹਿਲਾਂ ਡੁੱਬਈ ਗਿਆ ਸੀ ਜਿਸ ਦੀ ਉੱਥੇ ਭੇਦਭਰੀ ਹਾਲਤ 'ਚ ਮੌਤ ਹੋਣ ਦਾ ਦੁੱਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਪਰਵਾਰ ਕੋਲ ਡੁੱਬਈ ਤੋਂ ਭਾਰਤ ਆਪਣੇ ਪਿੰਡ ਮੰਗਵਾਉਣ ਜੋਗੇ ਵੀ ਪੈਸੇ ਨਹੀਂ ਹਨ। ਇਸ ਸਬੰਧੀ ਮ੍ਰਿਤਕ ਨੌਜਵਾਨ ਦੀ ਮਾਤਾ ਪੰਮੋ , ਪਤਨੀ ਪ੍ਰਵੀਨ ਕੁਮਾਰੀ ਅਤੇ ਚਾਚੇ ਦੇ ਪੁੱਤ ਕੁਲਵਿੰਦਰ ਸਿੰਘ ਨੇ ਦੁਖੀ ਮਨ ਨਾਲ ਦੱਸਿਆ ਕਿ ਉਨ੍ਹਾਂ ਦੇ ਘਰ ਅੰਤ ਦੀ ਗਰੀਬੀ ਹੈ ਅਤੇ 6 ਮਹੀਨੇ ਪਹਿਲਾਂ ਉਨ੍ਹਾਂ ਦਾ ਲੜਕਾ ਬਲਵਿੰਦਰ ਸਿੰਘ ਰੋਜ਼ੀ ਰੋਟੀ ਕਮਾਉਣ ਲਈ ਡੁੱਬਈ ਗਿਆ ਸੀ ਜਿਸ ਦੀ 4 ਫਰਵਰੀ ਨੂੰ ਭੇਦਭਰੀ ਹਾਲਤ 'ਚ ਮੌਤ ਹੋ ਗਈ ।

ਉਨਾਂ ਦੱਸਿਆ ਕਿ ਉਨ੍ਹਾਂ ਨੂੰ ਇਹ ਵੀ ਨਹੀਂ ਪਤਾ ਕਿ ਉਨਾਂ ਦੇ ਲੜਕੇ ਦੀ ਕਿਸ ਕਾਰਨ ਮੌਤ ਹੋਈ ਹੈ । ਉਨਾਂ ਦੱਸਿਆ ਕਿ ਉਨ੍ਹਾਂ ਕੋਲ ਬਲਵਿੰਦਰ ਸਿੰਘ ਦੀ ਲਾਸ਼ ਵਾਪਸ ਲਿਆਉਣ ਲਈ ਇੱਕ ਵੀ ਪੈਸਾ ਨਹੀਂ ਹੈ ਅਤੇ ਨਾ ਹੀ ਉਨ੍ਹਾਂ ਕੋਲ ਘਰ ਖਰਚਣ ਨੂੰ ਕੋਈ ਪੈਸਾ ਹੈ। ਮ੍ਰਿਤਕ ਦੀ ਮਾਂ ਨੇ ਦੱਸਿਆ ਕਿ ਉਸ ਦਾ ਪਤੀ ਅਤੇ ਵੱਡੇ ਬੇਟੇ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ ਅਤੇ ਹੁਣ ਉਨ੍ਹਾਂ ਦੇ ਘਰ ਕਮਾਉਣ ਵਾਲਾ ਕੋਈ ਵੀ ਮਰਦ ਨਹੀਂ ਰਿਹਾ ਅਤੇ ਘਰ ਖਾਣ ਵਾਲੇ 5 ਛੋਟਿਆ ਬੱਚਿਆਂ ਸਮੇਤ 3 ਵਿਧਵਾ ਔਰਤਾਂ ਹਨ ਅਤੇ ਉਨ੍ਹਾਂ ਦੇ ਕੱਚੇ ਘਰ ਵੀ ਡਿਗਣ ਵਾਲੇ ਹਨ । ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਦਾਨੀ ਸੱਜਣਾਂ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਲੜਕੇ ਦੀ ਮ੍ਰਿਤਕ ਦੇਹ ਵਾਪਸ ਲਿਅਉਣ ਅਤੇ ਘਰ ਦੀ ਰੋਜ਼ੀ ਰੋਟੀ ਅਤੇ ਮਕਾਨਾਂ ਲਈ ਮਦਦ ਕੀਤੀ ਜਾਵੇ।

## ਕਿਸਾਨਾਂ ਮਜ਼ਦੂਰਾਂ ਦੇ ਹੱਕ 'ਚ ਰਿਹਾ ਮੋਦੀ ਸਰਕਾਰ ਦਾ ਬਜਟ : ਭਲਾਈਪੁਰ, ਨੈਣੇਵਾਲ

ਬਿਆਸ ( ਪਰਮਜੀਤ ਰੱਖੜਾ)-ਜਦੋਂ ਦੀ ਮੋਦੀ ਸਰਕਾਰ ਆਈ ਹੈ ਉਦੋਂ ਤੋਂ ਹੀ ਹਰ ਵਰਗ ਦਾ ਖਿਆਲ ਸਰਕਾਰ ਵੱਲੋਂ ਰੱਖਿਆ ਜਾ ਰਿਹਾ ਹੈ ਅਤੇ ਲੋਕ ਵੀ ਸਰਕਾਰ ਦੇ ਹਰ ਫੈਸਲੇ ਦਾ ਖੁੱਲ੍ਹ ਕੇ ਸਵਾਗਤ ਕਰਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦਰਸ਼ਨ ਸਿੰਘ ਨੈਣੇਵਾਲ (ਪੰਜਾਬ ਪ੍ਰਧਾਨ ਭਾਜਪਾ ਕਿਸਾਨ ਮੋਰਚਾ) ਅਤੇ ਕੰਵਲਜੀਤ ਸਿੰਘ ਭਲਾਈਪੁਰ ਭਾਜਪਾ ਕਿਸਾਨ ਆਗੂ ਵੱਲੋਂ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਵਾਰ ਵੀ ਜੋ ਬਜਟ ਮੋਦੀ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਹੈ ਉਹ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤਾ ਗਿਆ ਹੈ ਅਤੇ ਇਸ ਬਜਟ ਦੀ ਹਰ ਵਰਗ ਤਾਰੀਫ ਕਰ ਰਿਹਾ ਹੈ ਅਤੇ ਸਾਰੇ ਵਰਗ ਦੇ ਲੋਕਾਂ ਨੂੰ ਇਸ ਨਾਲ ਫਾਇਦਾ ਹੋਵੇਗਾ। ਸਰਕਾਰ ਵੱਲੋਂ ਸਹੂਲਤਾਂ ਆਉਣ ਵਾਲੇ ਸਮੇਂ 'ਚ ਹੋਰ ਵਧ ਚੜ੍ਹ ਕੇ ਮਿਲਣਗੀਆਂ।


**Court Notice**

(U/o 5 Rule 20 CPC)
In The Court of
Ms. Lovepreet Kaur Swaich
Judicial Magistrate-1st Class
Ludhiana
CNR No. PBLD03-028052-2024
COMA/7803/2024
Next Date:- 24-03-2026
HDFC Bank Limited
Vs
Varun Sayal
detail of offence

Notice to : Varun Sayal S/o Sh. Darshan Kumar Sayal R/o H.No. 33, Escorts Velly, Sant Nagar, Backside Fortis Hospital, Amritsar-143001

IInd Address : Works in Exide Life Insurance Co. Ltd. Office No. 101, Nagpal Tower-II, SCO-44, 3rd Floor, Ranjit Avenue, Amritsar-143001

In above titled case, the accused could not be served. It is ordered that accused should appear in person or through counsel on 24-03-2026 at 10:00 a.m.

For details logon to https://highcourtchd.gov.in/?mod=district_notice&district=mogacourt

Judicial Magistrate-1st Class
Ludhiana
Dated, this day of 04-02-2026



**Court Notice**

(U/o 5 Rule 20 CPC)
In The Court of
Ms. Upasna Goyal
Civil Judge (Junior Division), Ludhiana
CNR No. PBLD02-009856-2025
Next Date:- 16-02-2026
Punjab State Power Corporation Limited
Vs.
Jarnail Singh

Publication Issued To: Jarnail Singh R/o Basti Mani Singh, Kuldeep Nagar, Ludhiana. Mobile No. 98725-26993

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 16-02-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division), Ludhiana
Dated, this day of 04-02-2026


# 12 ਨੂੰ ਹੜਤਾਲ ਕਰਕੇ ਪੁੱਜੋ ਭੰਡਾਰੀ ਪੁਲ 'ਤੇ : ਕਰਮਪੁਰਾ

ਛੇਹਰਟਾ, (ਮਨੋਜ ਕੁਮਾਰ)- 12 ਫਰਵਰੀ ਨੂੰ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਐਤਵਾਰ ਨੂੰ ਬਟਾਲਾ ਰੋਡ 'ਤੇ ਸੀਟੂ, ਏਟਕ ਤੇ ਸੀ.ਟੀ.ਯੂ. (ਪੰਜਾਬ) ਵੱਲੋਂ ਸਾਂਝੀ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਜੁੜੇ ਸਨਅਤੀ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਜਗਤਾਰ ਸਿੰਘ ਕਰਮਪੁਰਾ, ਬ੍ਰਹਮ ਦੇਵ ਤੇ ਕ੍ਰਿਪਾ ਰਾਮ ਨੇ ਕਿਹਾ ਕਿ ਮਜ਼ਦੂਰਾਂ ਵੱਲੋਂ ਕੁਰਬਾਨੀਆਂ ਕਰਕੇ ਬਣਵਾਏ ਲੇਬਰ ਕਾਨੂੰਨ ਕੇਂਦਰ ਸਰਕਾਰ ਤੋੜ ਕੇ 4 ਕੋਡ ਲਾਗੂ ਕਰਨ ਜਾ ਰਹੀ ਹੈ। ਜੇਕਰ ਇਹ ਕੋਡ ਲਾਗੂ ਹੁੰਦੇ ਹਨ ਤਾਂ ਮਜ਼ਦੂਰਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਵੇਗਾ। 4 ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਤੋਂ ਹੜਤਾਲ ਕਰਨ ਦਾ ਹੱਕ ਖੋਹ ਲਿਆ ਜਾਵੇਗਾ ਤੇ ਸੂਬਾਈ ਮਜ਼ਦੂਰਾਂ ਦੀ ਤਨਖਾਹ ਵੀ ਕੇਂਦਰ ਸਰਕਾਰ 5 ਸਾਲ ਬਾਅਦ ਜਾਰੀ ਕਰੇਗੀ, ਜਿਸ ਨਾਲ ਮਜ਼ਦੂਰਾਂ ਲਈ 6 ਮਹੀਨੇ ਬਾਅਦ ਸੂਬਾਈ ਸਰਕਾਰਾਂ ਵੱਲੋਂ ਜਾਰੀ ਕੀਤੇ ਜਾਣ ਵਾਲਾ ਮਹਿੰਗਾਈ ਇੰਡੈਕਸ ਖ਼ਤਮ ਕਰ ਦਿੱਤਾ ਜਾਵੇਗਾ। ਮਾਲਕਾਂ ਵੱਲੋਂ ਮਜ਼ਦੂਰਾਂ ਦਾ ਕੱਟਿਆ ਪ੍ਰਾਵੀਡੈਂਟ ਫੰਡ ਜਮ੍ਹਾਂ ਨਾ ਕਰਵਾਉਣ 'ਤੇ ਪਹਿਲਾਂ ਮਾਲਕ ਨੂੰ ਜੇਲ੍ਹ ਹੋ ਸਕਦੀ ਸੀ, ਹੁਣ ਕੇਵਲ ਜੁਰਮਾਨਾ ਹੀ ਕੀਤਾ ਜਾਵੇਗਾ। ਪਹਿਲਾਂ ਮਾਲਕ ਫੰਡ ਵਿਚ 12 ਫ਼ੀਸਦੀ ਹਿੱਸਾ ਪਾਉਂਦੇ ਸਨ, ਜੋ ਹੁਣ ਇਹ ਹਿੱਸਾ 10 ਫ਼ੀਸਦੀ ਕਰ ਦਿੱਤਾ ਗਿਆ ਹੈ। 18000 ਪ੍ਰਤੀ ਰੁਪਏ ਮਹੀਨਾ ਤਨਖਾਹ ਲੈਣ ਵਾਲੇ ਮਜ਼ਦੂਰ ਨੂੰ ਕੋਈ ਲੇਬਰ ਕਾਨੂੰਨਾਂ ਅਨੁਸਾਰ ਸਹਾਇਤਾ ਜਿਵੇਂ ਸਰਵਿਸ, ਬੋਨਸ, ਛੁੱਟੀਆਂ ਦੇ ਪੈਸੇ ਨਹੀਂ ਮਿਲਣਗੇ। ਪਹਿਲਾਂ ਲੇਬਰ ਕਾਨੂੰਨਾਂ ਅਨੁਸਾਰ ਸੁਰੱਖਿਆ ਐਕਟ ਅਧੀਨ ਐਕਸੀਡੈਂਟ ਹੋਣ ਦੀ ਹਾਲਤ ਵਿਚ ਛੋਟੇ ਉਦਯੋਗਾਂ ਵਿਚ ਵਰਕਰ ਮਾਲਕਾਂ ਜਾਂ ਸਰਕਾਰ ਤੋਂ ਮੁਆਵਜ਼ਾ ਲੈਣ ਦਾ ਹੱਕਦਾਰ ਸੀ ਪਰ ਹੁਣ ਜਿਥੇ 300 ਤੋਂ ਜ਼ਿਆਦਾ ਕਿਰਤੀ ਕੰਮ ਕਰਦੇ ਹੋਣਗੇ, ਉਥੇ ਹੀ ਸੁਰੱਖਿਆ ਐਕਟ ਲਾਗੂ ਹੋਵੇਗਾ ਅਤੇ ਮਾਲਕ ਨੂੰ ਅਧਿਕਾਰ ਹੋਵੇਗਾ ਕਿ ਬਿਨਾਂ ਮੁਆਵਜ਼ਾ ਛਾਂਟੀ ਕਰ ਸਕੇਗਾ। ਆਗੂਆਂ ਨੇ ਕਿਹਾ ਕਿ ਮੋਬਾਈਲ ਕੰਪਨੀਆਂ ਵੱਲੋਂ ਵੀ ਲੋਕਾਂ ਦੀ ਅਥਾਹ ਲੁੱਟ ਕੀਤੀ ਜਾ ਰਹੀ ਹੈ ਅਤੇ ਕੇਂਦਰ ਤੇ ਸੂਬਾਈ ਸਰਕਾਰਾਂ ਇਸ ਕਰਕੇ ਚੁੱਪ ਬੈਠੀਆਂ ਹਨ, ਕਿਉਂਕਿ ਮੋਬਾਇਲ ਕੰਪਨੀਆਂ ਕੋਲੋਂ ਇਹ ਕਰੋੜਾਂ ਰੁਪਏ ਚੋਣਾਂ ਦੌਰਾਨ ਫੰਡ ਲੈਂਦੀਆਂ ਹਨ।



# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਸਿਟੀ ਮੰਡਲ ਮੋਗਾ ਦੀ ਮਹੀਨਾਵਾਰ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਪੈਨਸਨਰਜ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਸਕੋ ਸਿਟੀ ਮੰਡਲ ਮੋਗਾ ਦੀ ਮਹੀਨਾਵਾਰ ਜਨਰਲ ਮੀਟਿੰਗ ਸਾਥੀ ਬਲੌਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਮੋਗਾ ਵਿਖੇ ਹੋਈ ਜਿਸ ਵਿਚ ਪੈਨਸ਼ਨਰ ਸਾਥੀਆਂ ਵਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਸਟੇਜ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲਵਿੰਦਰ ਸਿੰਘ ਦਾਤੇਵਾਲ ਸਕੱਤਰ ਨੇ ਪਿਛਲੇ ਲੰਮੇ ਸਮੇ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਕੀਤੇ ਜਾ ਰਹੇ ਸੰਘਰਸ਼ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵਾਰ ਵਾਰ ਮੀਟਿੰਗ ਦਾ ਸਮਾ ਦੇ ਕੇ ਹਮੇਸ਼ਾਂ ਟਾਲ ਮਟੋਲ ਦੀ ਨੀਤੀ ਅਪਣਾ ਰਹੀ ਹੈ।ਮੰਗਾਂ ਸੰਬੰਧੀ ਗਲ ਕਰਦੇ ਹੋਏ ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ 31-12-15 ਤਕ ਸੇਵਾ ਮੁਕਤ ਹੋਏ ਪੈਨਸ਼ਨਰਜ ਸਾਥੀਆਂ ਦੇ ਸਕੇਲ 2.59 ਦਾ ਫੈਕਟਰ ਲਾ ਕੇ ਸੋਧੇ ਜਾਣ, 16% ਡੀ ਏ ਤੁਰੰਤ ਦਿਤਾ ਜਾਵੇ, ਸੋਧੇ ਸਕੇਲਾਂ ਦਾ ਬਕਾਇਆ ਯਕਮੁਸ਼ਤ ਦਿਤਾ ਜਾਵੇ, ਡੀ.ਏ ਦਾ ਬਕਾਇਆ ਦਿਤਾ ਜਾਵੇ, ਕੈਸ਼ਲੈੱਸ ਸਕੀਮ ਲਾਗੂ ਕੀਤੀ ਜਾਵੇ। ਮੰਗਾਂ ਨੂੰ ਮਨਵਾਉਣ ਲਈ ਪੈਨਸ਼ਨਰਜ ਐਸੋਸੀਏਸ਼ਨ ਪੰਜਾਬ ਅਤੇ ਪੰਜਾਬ ਪੈਨਸ਼ਨਰਜ ਸਾਂਝੇ ਫਰੰਟ ਵਲੋਂ ਸੰਘਰਸ਼ ਸੁਰੂ ਕੀਤਾ ਗਿਆ ਜਿਸ ਦੇ ਤਹਿਤ 13 ਫਰਵਰੀ ਨੂੰ ਪੰਜਾਬ ਸਰਕਾਰ ਦੇ ਨਾਂ ਸਾਰੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿਤੇ ਜਾਣਗੇ, ਬਜਟ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਪੰਜਾਬ ਸਰਕਾਰ ਵਿਰੁੱਧ ਮਾਰਚ ਮਹੀਨੇ ਵਿਚ ਸੰਗਰੂਰ ਵਿਖੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਸਾਥੀ ਜੰਗੀਰ ਸਿੰਘ ਸਰਪ੍ਰਸਤ ਨੇ ਦੱਸਿਆ ਕਿ ਪੈਨਸ਼ਨਰਜ ਐਸੋਸੀਏਸ਼ਨ ਪੰਜਾਬ ਵਲੋਂ ਬਿਜਲੀ ਮੰਤਰੀ ਦੇ ਘਰ ਦੇ ਸਾਹਮਣੇ ਲੁਧਿਆਣਾ ਵਿਖੇ ਮਾਰਚ ਮਹੀਨੇ ਵਿੱਚ ਸੂਬਾਈ ਧਰਨਾ ਦਿਤਾ ਜਾਵੇਗਾ। ਮੀਟਿੰਗ ਵਿਚ ਸਾਥੀ ਰੇਸਮ ਸਿੰਘ, ਸਾਥੀ ਰਣਜੀਤ ਸਿੰਘ, ਪਿਆਰਾ ਸਿੰਘ, ਕੁਲਦੀਪ ਕੁਮਾਰ, ਤਰਸੇਮ ਲਾਲ, ਦਲੀਪ ਸਿੰਘ ਆਦਿ ਹਾਜਰ ਸਨ।

# 2027 'ਚ ਕਾਂਗਰਸ ਪਾਰਟੀ ਦੀ ਹੋਵੇਗੀ ਜਿੱਤ : ਠੀਕਰੀਵਾਲ

ਕਾਦੀਆਂ ( ਯਾਦਵਿੰਦਰ ਸਿੰਘ ਮਲਹੋਤਰਾ )- ਵਿਧਾਨ ਸਭਾ 2027 ਦੀਆਂ ਚੋਣਾਂ ਵਿੱਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਅਤੇ ਪੰਜਾਬ ਦੇ ਲੋਕ ਪੰਜਾਬ ਦੇ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਲਿਆਉਣ ਦੇ ਲਈ ਉਤਾਵਲੇ ਹੋਏ ਪਏ ਹਨ।

ਇਸ ਵਾਰ ਕਾਂਗਰਸ ਪਾਰਟੀ ਦੀ ਰਿਕਾਰਡ ਤੋੜ ਜਿੱਤ ਹੋਵੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਬਲਾਕ ਸੰਮਤੀ ਮੈਂਬਰ ਜਰਨੈਲ ਸਿੰਘ ਠੀਕਰੀਵਾਲ ਵੱਲੋਂ ਕੀਤਾ ਗਿਆ। ਉਹਨਾਂ ਦੱਸਿਆ ਕਿ ਕਾਂਗਰਸ ਪਾਰਟੀ ਵੱਲੋਂ ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨੂੰ ਹਰ ਪੱਖ ਤੋਂ ਉੱਪਰ ਰੱਖਿਆ ਅਤੇ ਪੰਜਾਬ ਦੇ ਭਵਿੱਖ ਦੀ ਗੱਲ ਕੀਤੀ ਹੈ ਅਤੇ ਪੰਜਾਬ ਦੇ ਅੰਦਰ ਇਹਨਾਂ ਚੋਣਾਂ ਦੌਰਾਨ ਕਾਂਗਰਸ ਪਾਰਟੀ ਦੇ ਵਿਰੋਧੀ ਧਿਰ ਦੇ ਨੇਤਾ ਹਲਕਾ ਵਿਧਾਇਕ ਕਾਦੀਆਂ ਪ੍ਰਤਾਪ ਸਿੰਘ ਬਾਜਵਾ ਦਾ ਅਹਿਮ ਰੋਲ ਹੋਵੇਗਾ ਅਤੇ ਹਲਕਾ ਕਾਦੀਆਂ ਤੋਂ ਵੀ ਪ੍ਰਤਾਪ ਸਿੰਘ ਬਾਜਵਾ ਦੀ ਇੱਕ ਵੱਡੀ ਜਿੱਤ ਹੋਵੇਗੀ। ਉਹਨਾਂ ਦੱਸਿਆ ਕਿ ਹਲਕਾ ਕਾਦੀਆਂ ਵਿੱਚ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੀਤੇ ਹੋਏ ਕੰਮਾਂ ਨੂੰ ਲੋਕ ਅੱਜ ਵੀ ਯਾਦ ਕਰਦੇ ਹਨ। ਉਨਾਂ ਹਮੇਸ਼ਾ ਲੋਕਾਂ ਦੇ ਨਾਲ ਚੱਲ ਕੇ ਲੋਕਾਂ ਦੇ ਕੰਮ ਕੀਤੇ ਹਨ।

ਉਨਾਂ ਦੱਸਿਆ ਕਿ ਹਲਕਾ ਕਾਦੀਆਂ ਦੇ ਸਮੁੱਚੇ ਬੇਟ ਇਲਾਕੇ ਤੋਂ ਇਲਾਵਾ ਧਾਰੀਵਾਲ ਅਤੇ ਕਾਦੀਆਂ ਸਮੇਤ ਵੱਖ-ਵੱਖ ਥਾਵਾਂ ਦੇ ਵਿੱਚ ਇਸ ਤੋਂ ਇਲਾਵਾ ਜ਼ਿਲ੍ਹਾ ਗੁਰਦਾਸਪੁਰ ਵਿੱਚ ਵੀ ਪ੍ਰਤਾਪ ਸਿੰਘ ਬਾਜਵਾ ਦੀ ਅਜਿਹੀ ਸ਼ਵੀ ਬਣੀ ਹੋਈ ਹੈ ਕਿ ਜਿਸ ਦਾ ਕੋਈ ਵੀ ਤੋੜ ਨਹੀਂ । ਉਹਨਾਂ ਦੱਸਿਆ ਕਿ ਪੰਜਾਬ ਦੇ ਲੋਕ ਵੀ ਇਸ ਵਾਰ ਚਾਹੁੰਦੇ ਹਨ ਕਿ ਵਿਧਾਨ ਸਭਾ 2027 ਦੀਆਂ ਚੋਣਾਂ ਦੇ ਵਿੱਚ ਕਾਂਗਰਸ ਪਾਰਟੀ ਅੱਗੇ ਆਵੇ ਅਤੇ ਕਾਂਗਰਸ ਪਾਰਟੀ ਦਾ ਹੀ ਮੁੱਖ ਮੰਤਰੀ ਬਣੇ।

# ਸਰਕਾਰੀ ਸਕੂਲਾਂ 'ਚ ਸੁਧਾਰ ਕਾਰਨ ਵਿਦਿਆਰਥੀਆਂ ਦੀ ਗਿਣਤੀ 'ਚ ਵਾਧਾ ਹੋਇਆ: ਡਾ. ਅਜੇ ਗੁਪਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਨਵਾਂਕੋਟ ਵੱਲੋਂ ਆਯੋਜਿਤ ਇੱਕ ਸਮਾਰੋਹ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਮਹੱਤਵਪੂਰਨ ਬਦਲਾਅ ਲਿਆਂਦੇ ਹਨ। ਉਨ੍ਹਾਂ ਕਿਹਾ ਕਿ ਨਵਾਂਕੋਟ ਦੇ ਸਰਕਾਰੀ ਸਕੂਲ ਦਾ ਦੌਰਾ ਕਰਨਾ ਸਾਫ਼ ਦਿਖਾਈ ਦਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਕੂਲ ਦੇ ਕਮਰਿਆਂ ਦਾ ਨਵੀਨੀਕਰਨ ਕੀਤਾ ਗਿਆ ਹੈ ਅਤੇ ਵਿਦਿਆਰਥੀ ਕਮਰਿਆਂ ਦੇ ਅੰਦਰ ਐਲ ਈ ਡੀ ਅਤੇ ਕੰਪਿਊਟਰ ਸੈੱਟਾਂ ਰਾਹੀਂ ਸਿੱਖਿਆ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਸਕੂਲਾਂ ਵਿੱਚ ਸੁਧਾਰ ਕਾਰਨ ਹਜ਼ਾਰਾਂ ਵਿਦਿਆਰਥੀ ਪ੍ਰਾਈਵੇਟ ਸਕੂਲ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਸ਼ਾਮਲ ਹੋ ਰਹੇ ਹਨ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ ਸਕੂਲ ਵਿੱਚ ਮੌਜੂਦ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਸਰਕਾਰੀ ਸਕੂਲ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕਰਦੇ ਸੁਣ ਕੇ ਬਹੁਤ ਖੁਸ਼ੀ ਹੋਈ। ਉਨ੍ਹਾਂ ਕਿਹਾ ਕਿ ਅੱਜ ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕ ਆਪਣੇ ਭਾਸ਼ਣਾਂ ਵਿੱਚ ਉਨ੍ਹਾਂ ਨੂੰ ਮੁੱਖ ਮਹਿਮਾਨ ਵਜੋਂ ਪੇਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮਹਿਮਾਨ ਵਿਧਾਇਕ ਨਹੀਂ, ਸਗੋਂ ਸਿਰਫ਼ ਤੁਹਾਡਾ ਸੇਵਕ ਹੈ। ਮੈਂ ਸਕੂਲ ਦੇ ਸਮਾਗਮ ਵਿੱਚ ਸਿਰਫ਼ ਇੱਕ ਵਲੰਟੀਅਰ ਵਜੋਂ ਸ਼ਾਮਲ ਹੋਇਆ ਸੀ। ਉਨ੍ਹਾਂ ਕਿਹਾ ਕਿ ਸਕੂਲ ਦੇ ਸਮਾਗਮ ਵਿੱਚ ਸ਼ਾਮਲ ਹੋਣ ਦਾ ਮਕਸਦ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੀਆਂ ਸ਼ਿਕਾਇਤਾਂ ਸੁਣਨਾ ਸੀ। ਹਾਲਾਂਕਿ, ਮੈਨੂੰ ਸਕੂਲ ਬਾਰੇ ਕੋਈ ਸ਼ਿਕਾਇਤ ਨਹੀਂ ਮਿਲੀ; ਮੈਨੂੰ ਸਿਰਫ਼ ਸਕੂਲ ਪ੍ਰਬੰਧਨ ਦੀ ਪ੍ਰਸ਼ੰਸਾ ਮਿਲੀ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਅੱਜ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦੇਖ ਕੇ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ। ਉਨ੍ਹਾਂ ਇਸ ਲਈ ਵਿਦਿਆਰਥੀਆਂ ਅਤੇ ਸਕੂਲ ਪ੍ਰਬੰਧਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਸਰਕਾਰ ਨੇ 600 ਯੂਨਿਟ ਤੱਕ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਹੈ, ਜਿਸ ਦੇ ਨਤੀਜੇ ਵਜੋਂ 90 ਪ੍ਰਤੀਸ਼ਤ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ। ਮੁਹੱਲਾ ਕਲੀਨਿਕਾਂ ਵਿੱਚ ਮੁਫ਼ਤ ਇਲਾਜ ਉਪਲਬਧ ਹੈ। ਹੁਣ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ, ਪੰਜਾਬ ਦੇ ਹਰ ਪਰਵਾਰ ਨੂੰ ਨਾਮਵਰ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਵੀ ਆਉਣ ਵਾਲੇ ਬਜਟ ਸੈਸ਼ਨ ਵਿੱਚ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹੀ ਬਦਲਾਅ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਨਵਦੀਪ ਗਿੱਲ ਨੇ ਕਿਹਾ ਕਿ ਜਦੋਂ ਵੀ ਵਿਧਾਇਕ ਡਾ. ਅਜੇ ਗੁਪਤਾ ਅੱਗੇ ਸਕੂਲ ਦੀ ਬਿਹਤਰੀ ਲਈ ਕੋਈ ਮੰਗ ਰੱਖੀ ਜਾਂਦੀ ਹੈ, ਤਾਂ ਉਹ ਉਸ ਨੂੰ ਜਲਦੀ ਹੀ ਪੂਰਾ ਕਰ ਦਿੰਦੇ ਹਨ। ਇਸ ਮੌਕੇ ਮਨਜੀਤ ਸਿੰਘ, ਸੁਖਵਿੰਦਰ ਕੌਰ, ਰੇਖਾ, ਹਰਜੀਤ ਕੌਰ, ਸ਼ਿਖਾ ਮਹਾਜਨ, ਵਿਨੋਦ ਕਾਲੀਆ, ਡਾ. ਸੁਨੀਲ ਗੁਪਤਾ, ਨਵਦੀਪ ਜੋਸ਼ੀ, ਪੁਸ਼ਪਿੰਦਰ ਕੌਰ, ਰਾਜੇਸ਼ ਕੁਮਾਰ, ਸਕੂਲ ਪ੍ਰਬੰਧਨ ਅਤੇ ਸਟਾਫ਼ ਵੀ ਮੌਜੂਦ ਸੀ।


**ਬੇਦਖਲੀ ਨੋਟਿਸ**

ਮੈਂ ਅਸ਼ਵਨੀ ਕੁਮਾਰ ਪੁੱਤਰ ਸ਼੍ਰੀ ਜਗਦੀਸ਼ ਚੰਦ ਬਾਸੀ ਪਿੰਡ ਅਟਲਗੜ੍ਹ ਤਹਿਸੀਲ ਮੁਕੇਰੀਆਂ ਜਿਲਾ ਹੁਸ਼ਿਆਰਪੁਰ ਦਾ ਰਹਿਣੇ ਵਾਲਾ ਹਾਂ ਮੇਰਾ ਪੁੱਤਰ ਐਂਡ ਕਾਨੰਗੋ ਤੇ ਉਸ ਦੀ ਪਤਨੀ ਸ਼੍ਰੀ ਰਾਧਿਕਾ ਜੋ ਕਿ ਮੇਰੇ ਕਹਨੇ ਕਾਰ ਵਿੱਚ ਨਹੀਂ ਹਨ ਤੇ ਮੇਰੀ ਸੇਵਾ ਸੰਭਾਲ ਨਹੀਂ ਕਰਦੇ ਤੇ ਮੇਰੇ ਨਾਲ ਹਰ ਸਮੇਂ ਲੜਾਈ ਝਗੜਾ ਰੱਖਦੇ ਹਨ ਇਸ ਲਈ ਮੈਂ ਆਪਣੇ ਪੁੱਤਰ ਐਂਡ ਕਾਨੰਗੋ ਅਤੇ ਉਸ ਦੀ ਪਤਨੀ ਰਾਧਿਕਾ ਨੂੰ ਆਪਣੀ ਚੱਲ/ਅੱਚਲ ਸੰਪੱਤੀ ਤੋਂ ਬੇਦਖਲ ਕਰਦਾ ਹਾਂ ਜੋ ਵੀ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜਗਦੇਵ ਸਿੰਘ ਪੁੱਤਰ ਬੇਅੰਤ ਸਿੰਘ ਵਾਸੀ ਮਕਾਨ ਨੰ. 132/8 ਡੀ ਬੀ ਐੱਨ ਰੋਡ ਪਿੱਛੇ ਸੇਂਟ ਸੋਲਜਰ ਸਕੂਲ, ਡਾਕਖਾਨਾ ਗੁਰਦਾਸਪੁਰ, ਜ਼ਿਲ੍ਹਾ ਗੁਰਦਾਸਪੁਰ। ਮੈਂ ਆਪਣੇ ਪੁੱਤਰ ਇੰਦਰਬੀਰ ਸਿੰਘ ਅਤੇ ਆਪਣੀ ਨੂੰਹ ਤੇਜਿੰਦਰ ਕੌਰ ਅਤੇ ਮੇਰਾ ਪੋਤਰਾ ਜੁਗਾਦ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ੁੰਮੇਵਾਰ ਹੋਵੇਗਾ।

**ਨਾਂਅ ਦੀ ਬਦਲੀ**

ਮੈਂ, ਜਸ਼ਨਪ੍ਰੀਤ ਸਿੰਘ ਪੁੱਤਰ ਸੁਖਵੀਰ ਸਿੰਘ, ਵਾਸੀ ਮਕਾਨ ਨੰਬਰ 41, ਵਾਰਡ ਨੰਬਰ 4, ਧਰਮਪੁਰਾ ਮੁਹੱਲਾ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਜਸ਼ਨਪ੍ਰੀਤ ਸਿੰਘ ਨੰਨੜੇ ਰੱਖ ਲਿਆ ਹੈ। ਸਬੰਧਤ ਨੋਟ ਕਰਨ।



**JEENA SIKHO LIFECARE LIMITED**

CIN: L52601PB2017PLC046545
Reg Off: SCO 11 First Floor, Kalgidhar Enclave, Mohali, Zirakpur, Punjab, India, 140604
Website: www.jeenasikho.com/ | E-mail ID.: cs@jeenasikho.com| Cont.: 91-0172-513185

EXTRACT OF UNAUDITED FINANCIAL RESULTS FOR THE QUARTER ENDED ON 31ST DECEMBER, 2025

(Rs. in Lacs, except as stated otherwise)

| Particulars | Standalone Financial Result | | | Consolidated Financial Result | | |
|---|---|---|---|---|---|---|
| | Quarter ending 31.12.2025 (unaudited) | Nine Months ended 31.12.2025 (unaudited) | Quarter ended 31.12.2024 (unaudited) | Quarter ending 31.12.2025 (unaudited) | Nine Months ended 31.12.2025 (unaudited) | Quarter ended 31.12.2024 (unaudited) |
| Total income from operations (net) | 22,423.15 | 59,087.59 | 11,607.99 | 22,424.65 | 59,089.09 | 11,607.99 |
| Net Profit / (Loss) for the period (before Tax, Exceptional and/or Extraordinary items) | 8,905.97 | 23,637.15 | 1,773.78 | 8,893.09 | 23,616.74 | 1,773.78 |
| Net Profit / (Loss) for the period before tax (after Exceptional and/or Extraordinary items) | 8,905.97 | 23,637.15 | 1,773.78 | 8,893.09 | 23,616.74 | 1,773.78 |
| Net Profit / (Loss) for the period after tax (after Exceptional and/or Extraordinary items) | 6,672.67 | 17,682.39 | 1,321.08 | 6,659.89 | 17,662.04 | 1,321.08 |
| Total comprehensive income for the period (comprising profit for the period after tax and other comprehensive income after tax | 6,675.57 | 17,736.33 | 1,320.64 | 6,662.79 | 17,715.98 | 1,320.64 |
| Equity Share Capital | 2,486.01 | 2,486.01 | 2,486.01 | 2,486.01 | 2,486.01 | 2,486.01 |
| Other equity | 0.00 | 0.00 | 0.00 | 0.00 | 0.00 | 0.00 |
| Earnings Per Share (not annualised) (face value of 10/- each) | | | | | | |
| Basic: | 5.37 | 14.23 | 1.06 | 5.36 | 14.21 | 1.06 |
| Diluted: | 5.36 | 14.21 | 1.06 | 5.35 | 4.19 | 1.06 |

Note: -
1. The above is an extract of the detailed format of unaudited consolidated and standalone finanncial results for the quarter and nine months ended December 31, 2025 filed with the Stock Exchnages under Reg 33 of SEBI(Listing Obligations and Disclosure Requirements) Regulations, 2015. The full format of the unaudited consolidated and standalone finanncial results for the quarter and nine months ended December 31, 2025 are avialable on the websites of the exchanges at **www.bseindia.com, www.nseindia.com** and on company's website **www.jeenasikho.com**.
2. The above unaudited financial results have been reviewed and recommended by the Audit Committee at its meeting held on 07th February, 2026. Further, the Board of Directors at its meeting held on 07th February, 2026 have approved the above results and taken them on record. The same can be accessed by scaning QR code provided below:

Place: Zirakpur, Punjab
Date: 07-02-2026

By Order of the Board of Directors
For, Jeena Sikho Lifecare Limited
Sd/-
Manish Grover
Managing Director
DIN: 07557886



## ਕਲਾਸੀਫਾਈਡ ਇਸ਼ਤਿਹਾਰ

**Change of Name**

I Rajesh Kumar S/O Chhotu Ram R/O Vill Sahbajpur Po Bhaddi Teh Balachaur Distt Sbs Nagar Punjab Have Changed My Name To Kumar Rajesh. Kumar Is My Surname. All Please Note.

I, Sohanpreet Kaur W/o Gurdial Singh R/o 159, New Azad Nagar, Amritsar have changed my name from Sohanpreet Kaur to Sohanpreet Sahil

I, Gurbhej Singh S/o Partap Singh R/o VPO Dhardeo, Tehsil Baba Bakala, Distt. Amritsar Punjab have changed my minor daughter's name from Navseerat Kaur to Navseerat is given name and Kaur is surname. Concerned note please.

I, Gursharn Kaur W/o Gurbhej Singh R/o VPO Dhardeo, Tehsil Baba Bakala, Distt. Amritsar, Punjab, have changed my name from Gursharn Kaur to Gursharn is given name and "Kaur" is surname. Concerned note please.

I, Anjana Kaur alias Anjana W/o Kanwaljit Singh R/o Village Dogranwal, P.O.Hamira, Dhilwan, Kapurthala, Punjab,144802 changed my name Anjana as Given Name and Kaur as Surname.

I, Kanwaljit Singh S/o Gurnam Singh R/o Village Dogranwal,P.O.Hamira, Dhilwan, Kapurthala, Punjab,144802 changed my name Kanwaljit as Given Name and Singh as Surname.

**Change of Name**

I, Kanwaljit Singh S/o Gurnam Singh R/o Village Dogranwal,P.O.Hamira, Dhilwan, Kapurthala, Punjab changed name of my minor daughter Aastha Kaur aged 11 years to Aastha as Given Name and Kaur as Surname.

I, Sudesh Kumar S/o Ram Chand R/o Vill. Safipur, PO. Gakhal, Jalandhar have changed my minor son's name from Deoanish Kumar to Deoanish Kairo. All concerned please note.

I, Junesh Chander son of Paras Ram resident of H.No. 57, Shital Nagar, Jalandhar, Punjab-144008 have changed my name from Junesh Chander to Junesh Malhotra. All concerned please note.

I, Manju Bala W/o Raj Kumar R/o H.No. 1330/4, Lamba Pind, Jalandhar, Punjab, India-144009 have changed the name of my minor son Lovedeep aged 15 years and he shall hereafter be known as Lovedeep Jakhu.

I, Jatinder Kumar S/o Roop Lal R/o H.No. 279, VPO. Wadala, Distt. Jalandhar, Punjab have changed my name to Given name as Jatinder & Surname as Kumar. All Please Note.

I, Madhvi Jain w/o Abhay Kumar Jain r/o W-1, Prem Gali, VPO. Ahiyapur Via Urmar, Teh. Dasuya, Distt. Hoshiarpur have changed my name to Madhavi Jain. All Please Note.

**Change of Name**

I, Sat Paul s/o Banarsi Dass r/o H.No.11/A, Durga Colony, Jalandhar have changed my name from Sat Paul to Sat Paul Prabhakar. All Please Note.

I hitherto known as KASHISH S/o ASHWANI KUMAR R/o HOUSE NO. 7, NEW GOBIND NAGAR, SODAL ROAD, JALANDHAR, DISTRICT JALANDHAR , PUNJAB -144004 INDIA ,have changed my name and shall hereafter be known as KASHISH KUMAR.

I, Yashpreet S/O Madan Lal residing at H. No. 145, Baba Mohan Dass Nagar, Distt. Jalandhar – 144008, Punjab, India have changed my name from Yashpreet Singh to Yashpreet as given name and Singh as Surname. All concerned please note.

I Kuldip kumar s/o Madan lal R/o Chander Nagar murgi mohalla Batala district Gurdaspur have changed my name to Kuldeep kumar, please concerned note

I, Sarvjeet Kaur w/o Surjit Singh r/o VPO. Uggi, Tehsil Nakodar, Distt. Jalandhar, Punjab have changed my name from Sarvjeet Kaur to Sarabjeet Kaur. All Please Note.

I, Gurdeep s/o Balwinder Ram r/o Vill.Narangpur, Po. Athouli, Distt. Kapurthala have changed my name from Gurdeep to Gurdeep Kumar. All Please Note.

I, Sunny s/o Ram Sharan R/o House No. 1874, Pakki Gali, near State Bank of India, Mahan Singh Gate, Amritsar have changed my name to Sunny Dogra.



**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਮੁਫ਼ਤ ਮੈਡੀਕਲ ਕੈਂਪ ਲਾਇਆ




**ਬਿਆਸ (ਪਰਮਜੀਤ ਸਿੰਘ ਰੱਖੜਾ)** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਤਾਬਦੀ ਨੂੰ ਸਮਰਪਿਤ ਸਮਾਜ ਸੇਵਕ ਸਭਾ ਰਈਆ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਤੇ ਗ੍ਰਾਮ ਪੰਚਾਇਤ ਬਾਬਾ ਸਾਵਣ ਸਿੰਘ ਨਗਰ ਦੇ ਸਹਿਯੋਗ ਨਾਲ ਬਾਬਾ ਸਾਵਣ ਸਿੰਘ ਨਗਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਅਕਾਲ ਮਲਟੀ ਸਪੈਸ਼ਲਿਸਟੀ ਹਸਪਤਾਲ ਰਈਆ ਵੱਲੋਂ ਮੁਫ਼ਤ ਜਨਰਲ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਮਾਹਰ ਡਾਕਟਰਾਂ ਨੇ ਲਿਵਰ, ਗੈਸਟਰੋ, ਕਿਡਨੀ ਅਤੇ ਪਿਸ਼ਾਬ ਦੇ ਮਰੀਜ਼ਾਂ ਦਾ ਚੈੱਕਅੱਪ ਕੀਤਾ ਅਤੇ ਈ ਸੀ ਜੀ ਅਤੇ ਸ਼ੂਗਰ ਦੇ ਟੈਸਟ ਮੁਫ਼ਤ ਕੀਤੇ ਗਏ।

ਇਸ ਮੌਕੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ, ਸਰਪੰਚ ਗੁਰਮੁੱਖ ਸਿੰਘ ਢਿੱਲੋਂ, ਐੱਸ ਐੱਮ ਓ ਨੀਰਜ ਭਾਟੀਆ, ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਸਹੋਤਾ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਵਿੰਦਰ ਸਿੰਘ, ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ, ਇੰਸਪੈਕਟਰ ਸਰਦੂਲ ਸਿੰਘ, ਆਸ਼ੂ ਅੰਬ, ਬੌਬੀ ਰਈਆ, ਭਜਨ ਸਿੰਘ, ਮਹਿੰਦਰ ਕੁਮਾਰ, ਅਮਰਜੀਤ ਸਿੰਘ, ਬਲਜੀਤ ਸਿੰਘ ਅਤੇ ਹੋਰ ਪਤਵੰਤੇ ਮੌਜੂਦ ਸਨ।


**Change of Name**

I, Gurinder Ram s/o Gurmail Ram r/o VPO. Mehli, Distt. SBS Nagar have changed my name Read as Given name as Gurinder and Surname as Ram . All Please Note.

I, Paramjit Kaur Bouns w/o Kamaljit Singh r/o Ward No. 1 Hayer Vihar Colony, Jail Road, Gurdaspur, Tehsil/Distt. Gurdaspur, Pin-143521, Punjab, India have changed my name from Paramjit Kaur Bouns to Paramjit Kaur.

I, Paramjit Kaur Chhina w/o Dharminder Singh r/o Village Bhoon, P.O./Distt. Gurdaspur, Pin-143521, Punjab, India have changed my name from Paramjit Kaur Chhina to Paramjit Kaur.

I, Dharminder Singh Chhina s/o Braham Singh r/o Village Bhoon, P.O./Distt. Gurdaspur, Pin-143521, Punjab, India have changed my name from Dharminder Singh Chhina to Dharminder Singh.


## ਵਿਨੈ ਪਤਰਾਲੇ ਦੀ ਅੰਮ੍ਰਿਤਸਰ ਫੇਰੀ 13 ਨੂੰ

ਛੇਹਰਟਾ, (ਮਨੋਜ ਕੁਮਾਰ)-ਭਾਰਤ ਭਾਰਤੀ ਦੇ ਕੌਮੀ ਕਾਰਜਕਾਰੀ ਪ੍ਰਧਾਨ ਵਿਨੈ ਪਤਰਾਲੇ 13 ਫਰਵਰੀ ਨੂੰ ਅੰਮ੍ਰਿਤਸਰ ਆ ਰਹੇ ਹਨ। ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਨੇ ਦੱਸਿਆ ਕਿ ਉਹ ਇਥੇ ਅੰਮ੍ਰਿਤਸਰ ਜ਼ਿਲ੍ਹਾ ਇਕਾਈ ਦੀ ਬੈਠਕ ਵਿਚ ਹਿਸਾ ਲੈਣ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਬੈਠਕ ਵਿਚ ਜਥੇਬੰਦੀ ਨੂੰ ਹੋਰ ਮਜ਼ਬੂਤ ਬਣਾਉਣ ਬਾਰੇ ਚਰਚਾ ਕਰਨਗੇ। ਉਨ੍ਹਾਂ ਦੀ ਜਥੇਬੰਦੀ ਕੇਂਦਰ ਦੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰਾਲੇ ਦੇ ਨਿਰਦੇਸ਼ਾਂ 'ਤੇ ਕੰਮ ਕਰਦੀ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਤਹਿਤ ਬੈਠਕ ਵਿਚ ਪੰਜਾਬ ਦੇ ਸੱਭਿਆਚਾਰ ਜਿਵੇਂ ਭੰਗੜਾ, ਗਿੱਧਾ, ਲੋਕ ਸਾਜ਼ ਆਦਿ ਨੂੰ ਹੋਰ ਪ੍ਰਫੁਲਿਤ ਕਰਨ ਸਬੰਧੀ ਵੀ ਵਿਚਾਰ-ਚਰਚਾ ਹੋਵੇਗੀ। ਉਨ੍ਹਾਂ ਦੱਸਿਆ ਕਿ ਬੈਠਕ ਵਿਚ ਪੰਜਾਬ ਵਿਚ ਰਹਿੰਦੇ 15 ਸੂਬਿਆਂ ਦੇ ਵਾਸੀ ਵੀ ਹਿੱਸਾ ਲੈਣਗੇ, ਤਾਂ ਜੋ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਬੈਠਕ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਨਮਨ ਕੀਤਾ ਜਾਵੇਗਾ। ਲੋਹ ਪੁਰਸ਼ ਵੱਲਭ ਭਾਈ ਪਟੇਲ ਦਾ ਜਨਮ ਦਿਵਸ ਵੀ ਮਨਾਇਆ ਜਾਵੇਗਾ।

# ਹੈਰੋਇਨ ਸਮੇਤ ਇੱਕ ਨੌਜਵਾਨ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਐੱਸ ਐੱਸ ਪੀ ਤੁਸ਼ਾਰ ਗੁਪਤਾ ਵੱਲੋਂ ਮਾੜੇ ਅਨਸਰਾਂ ਤੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਕਾਠਗੜ੍ਹ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਗਸ਼ਤ ਦੌਰਾਨ ਇੱਕ ਨੌਜਵਾਨ ਨੂੰ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ?ਥਾਣਾ ਕਾਠਗੜ੍ਹ ਦੇ ਏ ਐੱਸ ਆਈ ਸੰਦੀਪ ਕੁਮਾਰ ਆਪਣੀ ਪੁਲਸ ਪਾਰਟੀ ਸਮੇਤ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਜਦੋਂ ਪੁਲਿਸ ਪਾਰਟੀ ਜਲਾਲਪੁਰ ਸਾਈਡ ਵੱਲ ਜਾ ਰਹੀ ਸੀ, ਤਾਂ ਬਿਜਲੀ ਘਰ ਦੇ ਨੇੜੇ ਇੱਕ ਸ਼ੱਕੀ ਨੌਜਵਾਨ ਪੁਲਸ ਨੂੰ ਦੇਖ ਕੇ ਘਬਰਾ ਗਿਆ। ਆਪਣੀ ਪਛਾਣ ਛੁਪਾਉਣ ਅਤੇ ਬਚਣ ਦੀ ਕੋਸ਼ਿਸ਼ ਵਿੱਚ ਉਸ ਨੇ ਆਪਣੇ ਹੱਥ ਵਿੱਚ ਫੜਿਆ ਇੱਕ ਪਲਾਸਟਿਕ ਦਾ ਲਿਫਾਫਾ ਨੇੜਲੀਆਂ ਝਾੜੀਆਂ ਵਿੱਚ ਸੁੱਟ ਦਿੱਤਾ। ?ਪੁਲਸ ਵੱਲੋਂ ਸ਼ੱਕ ਦੇ ਆਧਾਰ 'ਤੇ ਨੌਜਵਾਨ ਨੂੰ ਰੋਕ ਕੇ ਜਦੋਂ ਸੁੱਟੇ ਗਏ ਲਿਫਾਫੇ ਦੀ ਤਲਾਸ਼ੀ ਲਈ ਗਈ, ਤਾਂ ਉਸ ਵਿੱਚੋਂ ਹੈਰੋਇਨ ਬਰਾਮਦ ਹੋਈ। ਇਲੈਕਟ੍ਰਾਨਿਕ ਕੰਡੇ ਨਾਲ ਵਜ਼ਨ ਕਰਨ 'ਤੇ ਹੈਰੋਇਨ ਦੀ ਮਾਤਰਾ 4 ਗਰਾਮ ਪਾਈ ਗਈ। ਕਾਬੂ ਕੀਤੇ ਗਏ ਨੌਜਵਾਨ ਦੀ ਪਛਾਣ ਸੁਰਜੀਤ ਸਿੰਘ ਪੁੱਤਰ ਜਸਵੀਰ ਸਿੰਘ, ਨਿਵਾਸੀ ਪਿੰਡ ਬੱਛੂਆਂ ਵਜੋਂ ਹੋਈ ਹੈ।ਨੌਜਵਾਨ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਹੁਣ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਉਹ ਇਹ ਨਸ਼ੀਲਾ ਪਦਾਰਥ ਕਿੱਥੋਂ ਲੈ ਕੇ ਆਇਆ ਸੀ ਤੇ ਅੱਗੇ ਕਿਸ ਨੂੰ ਸਪਲਾਈ ਕਰਨਾ ਸੀ। ਦੋਸ਼ੀ ਖਿਲਾਫ਼ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



# ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਉਤਸ਼ਾਹ ਨਾਲ ਮਨਾਇਆ

**ਖਰੜ (ਹਰਨਾਮ ਸਿੰਘ ਡੱਲਾ)**- ਸਥਾਨਕ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਖਰੜ ਦੀ ਸਮਾਜਿਕ ਜਥੇਬੰਦੀ ਸ੍ਰੀ ਗੁਰੂ ਰਵਿਦਾਸ ਸਭਾ ਖਰੜ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 649ਵਾਂ ਜਨਮ ਪੁਰਬ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਮਾਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਤੋਂ ਇਲਾਵਾ ਅਨਮੋਲ ਗਗਨ ਮਾਨ ਐੱਮ ਐੱਲ ਏ ਖਰੜ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਤੋਂ ਇਲਾਵਾ ਸ. ਕਰਨ ਸਿੰਘ ਸੰਧੂ ਡਿਪਟੀ ਪੁਲਿਸ ਕਪਤਾਨ ਖਰੜ, ਸੁਖਵਿੰਦਰ ਸਿੰਘ ਬਿੱਟੂ ਮਾਰਕੀਟ ਕਮੇਟੀ ਚੇਅਰਮੈਨ,ਜਸਵੀਰ ਸਿੰਘ ਭੋਲਾ, ਮਾਨ ਸਿੰਘ ਸੈਣੀ, ਅਮਨਦੀਪ ਅੰਮੂ, ਸ੍ਰੀ ਗੁਰੂ ਰਵਿਦਾਸ ਸਭਾ ਕੁਰਾਲੀ ਦੇ ਪ੍ਰਧਾਨ ਸਵਰਨ ਸਿੰਘ, ਮੋਰਿੰਡਾ ਦੇ ਪ੍ਰਧਾਨ ਕਰਨੈਲ ਜੀਤ ਸਿੰਘ, ਟਰੇਡ ਯੂਨੀਅਨ ਆਗੂ ਸੁਖਵਿੰਦਰ ਸਿੰਘ ਦੁੱਮਣਾ, ਸਮਰਾਲਾ ਤੋਂ ਨੇਤਰ ਸਿੰਘ ਮੁੱਤੋਂ,ਰੋਪੜ ਤੋਂ ਹਰੀ ਕਿਸ਼ਨ ਪਾਲ ਵੀ ਗੁਰੂ ਗ੍ਰੰਥ ਸਾਹਿਬ ਨੂੰ ਨਤਮਸਤਕ ਹੋਏ। ਇਸ ਮੌਕੇ 'ਤੇ ਬੀਬੀ ਨਿਰਮਲਾ ਦੇਵੀ, ਨਰਿੰਦਰ ਕੌਰ, ਅਮਨਦੀਪ ਸਿੰਘ ਘੜੂੰਆਂ,ਬਲਵਿੰਦਰ ਸਿੰਘ ਬੰਟੀ, ਗਗਨਦੀਪ ਸਿੰਘ ਰੌਕੀ, ਅਰਸ਼ਦੀਪ ਡੱਲਾ, ਸਿਮਰਨ ਸਿੰਘ, ਗੁਰਬਚਨ ਸਿੰਘ ਅਕਾਲ ਪ੍ਰਾਪਰਟੀ,ਗੁਰਵਿੰਦਰ ਸਿੰਘ, ਤੇਜਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਦਸਮੇਸ਼ ਨਗਰ ਖਰੜ, ਦਰਸ਼ਨ ਸਿੰਘ ਰੰਗੀਆਂ,ਰਾਜਿੰਦਰ ਸਿੰਘ ਨੰਬਰਦਾਰ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ 'ਤੇ ਬੀਬੀ ਨਿਰਮਲਾ ਦੇਵੀ, ਨਰਿੰਦਰ ਕੌਰ, ਅਮਨਦੀਪ ਸਿੰਘ ਘੜੂੰਆਂ,ਬਲਵਿੰਦਰ ਸਿੰਘ ਬੰਟੀ, ਗਗਨਦੀਪ ਸਿੰਘ ਰੌਕੀ, ਅਰਸ਼ਦੀਪ ਸਿੰਘ, ਸਿਮਰਨ ਸਿੰਘ, ਗੁਰਬਚਨ ਸਿੰਘ ਅਕਾਲ ਪ੍ਰਾਪਰਟੀ,ਗੁਰਮਿੰਦਰ ਸਿੰਘ,ਸੁਖਵਿੰਦਰ ਸਿੰਘ ਗੁਰੂ, ਤੇਜਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਦਸਮੇਸ਼ ਨਗਰ ਖਰੜ, ਦਰਸ਼ਨ ਸਿੰਘ ਰੰਗੀਆਂ,ਰਾਜਿੰਦਰ ਸਿੰਘ ਨੰਬਰਦਾਰ ਨੂੰ ਸਨਮਾਨਤ ਵੀ ਕੀਤਾ ਗਿਆ।ਸਮਾਗਮ ਦੌਰਾਨ ਕੀਰਤਨ ਦਰਬਾਰ ਵਿੱਚ ਭਾਈ ਬਲਜਿੰਦਰ ਸਿੰਘ ਤੇ ਸਾਥੀ ਹਜ਼ੂਰੀ ਰਾਗੀ ਗੁਰਦੁਆਰਾ ਦਸਮੇਸ਼ ਨਗਰ, ਭਾਈ ਲਵਪ੍ਰੀਤ ਸਿੰਘ ਤੇ ਸਾਥੀ ਹਜ਼ੂਰੀ ਰਾਗੀ ਗੁਰਦੁਆਰਾ ਰਣਜੀਤ ਨਗਰ ਖਰੜ, ਭਾਈ ਗੁਰਪ੍ਰੀਤ ਸਿੰਘ ਬੰਗਾ ਤੇ ਸਾਥੀ ਕੋਟ ਪੱਲੀਆਂ ਵਾਲਿਆਂ ਨੇ ਰਸਭਿੰਨੇ ਸ਼ਬਦ ਗਾਇਨ ਨਾਲ ਸੰਗਤ ਨੂੰ ਨਿਹਾਲ ਕੀਤਾ।



# ਅਧਿਆਪਕ-ਮਾਪੇ ਮਿਲਣੀ ਨੂੰ ਮਿਲਿਆ ਭਰਵਾਂ ਹੁੰਗਾਰਾ

**ਨੰਗਲ (ਸੁਰਜੀਤ ਢੇਰ)**- ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਸਿੱਖਿਆ ਢਾਂਚੇ ਨੂੰ ਹੋਰ ਮਜਬੂਤ ਕਰਨ ਅਤੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਨੰਬਰ ਇੱਕ ਦਾ ਸੂਬਾ ਬਣਾਉਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਵਿਸ਼ੇਸ ਕਦਮ ਪੁੱਟੇ ਗਏ ਹਨ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਸੂਬੇ ਦੇ ਸਾਰੇ ਸਕੂਲਾਂ ਵਿਚ ਕੀਤਾ ਗਿਆ ਹੈ। ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਸਰਕਾਰੀ ਸਕੂਲਾਂ ਵਿੱ ਇਸ ਮਿਲਣੀ ਮੌਕੇ ਮੇਲਿਆ ਵਰਗਾ ਮਾਹੌਲ ਦੇਖਣ ਨੂੰ ਮਿਲਿਆ, ਜਿੱਥੇ ਵੱਡੀ ਗਿਣਤੀ ਵਿੱਚ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀਆਂ ਦੇ ਮਾਪੇ ਅਧਿਆਪਕਾ ਨਾਲ ਬੈਠ ਕੇ ਆਪਣੇ ਬੱਚਿਆਂ ਦੀ ਵਿੱਦਿਆਂ, ਰੁਚੀ ਅਤੇ ਭਵਿੱਖ ਬਾਰੇ ਵਿਚਾਰ ਕਰ ਰਹੇ ਸਨ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਸਰਕਾਰੀ ਹਾਈ ਸਕੂਲ ਮਾਣਕਪੁਰ ਦੇ ਸਲਾਨਾ ਸਮਾਗਮ ਵਿਚ ਸ਼ਾਮਿਲ ਹੋਏ, ਜਿੱਥੇ ਉਨ੍ਹਾਂ ਨੇ ਖੇਡਾਂ ਤੇ ਸਿੱਖਿਆ ਵਿਚ ਪ੍ਰਾਪਤੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਡਾ. ਸੰਜੀਵ ਗੌਤਮ ਜਿਲ੍ਹਾ ਪ੍ਰਧਾਨ, ਦਇਆ ਸਿੰਘ ਸਿੱਖਿਆ ਕੋਆਰਡੀਨੇਟਰ, ਸੁਖਵਿੰਦਰ ਸੇਖੋਂ, ਗੁਰਵਿੰਦਰ ਕੌਰ ਸਰਪੰਚ ਰਾਏਪੁਰ, ਗੋਪਾਲ ਸ਼ਰਮਾ ਸਰਪੰਚ, ਬਬਲੂ ਸਰਪੰਚ, ਕੁਲਵੀਰ ਰਾਣਾ, ਬਲਜੀਤ, ਹਰਜੀਤ ਸੈਣੀ, ਮੋਹਨ ਕਪੂਰ, ਦੀਪਕ, ਰਜਨੀ, ਰੂਪਲ, ਸੋਨੀਆਂ, ਪੂਨਮ, ਰਜਿੰਦਰ, ਸੀਮਾ, ਲਵਲੀਨ, ਮਮਤਾ ਬਲਾਕ ਪ੍ਰਧਾਨ, ਦੀਪਕ ਸ਼ਰਮਾ, ਰਿਟ.ਪ੍ਰਿੰ.ਗੁਰਨਾਮ ਸਿੰਘ, ਠੇਕੇਦਾਰ ਸੁਰਿੰਦਰ ਸਿੰਘ, ਨਿਤਿਨ ਸ਼ਰਮਾ, ਦਲਜੀਤ ਸਿੰਘ ਕਾਕਾ ਹਾਜ਼ਰ ਸਨ।



# ਫਰੀ ਮੈਡੀਕਲ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਸੀਨੀਅਰ ਟਰੱਸਟ ਮੈਂਬਰ ਦਰਸ਼ਨ ਸਿੰਘ ਮਾਹਿਲ ਅਤੇ ਸਮੂਹ ਮਾਹਿਲ ਪਰਿਵਾਰ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਇੰਡੀਆ ਵੱਲੋਂ 21 ਵਾਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਸਰਕਾਰੀ ਐਲੀਮੈਂਟਰੀ ਸਕੂਲ ਮਾਹਿਲ ਗਹਿਲਾਂ ਵਿਖੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਹਿਯੋਗ ਨਾਲ ਲਗਾਇਆ ਗਿਆ । ਉਦਘਾਟਨ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ 188 ਤੋਂ ਵੱਧ ਲੋੜਵੰਦ ਮਰੀਜ਼ਾਂ ਨੇ ਚੈਕਅੱਪ ਕਰਵਾਕੇ ਅਤੇ ਮੁਫ਼ਤ ਦਵਾਈਆਂ ਪ੍ਰਾਪਤ ਕੀਤੀਆਂ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਨੇ ਦਰਸ਼ਨ ਸਿੰਘ ਮਾਹਿਲ ਤੇ ਸਮੂਹ ਮਾਹਿਲ ਪਰਵਾਰ ਵੱਲੋਂ ਹਰ ਸਾਲ ਲੋੜਵੰਦ ਲੋਕਾਂ ਦੀ ਮਦਦ ਕਰਨ ਹਿੱਤ ਫਰੀ ਅੱਖਾਂ ਦਾ ਜਾਂਚ ਅਤੇ ਫਰੀ ਮੈਡੀਕਲ ਜਾਂਚ ਕਰਵਾਉਣ ਦੇ ਨਿਸ਼ਕਾਮ ਸੇਵਾ ਕਾਰਜ ਦੀ ਭਾਰੀ ਸ਼ਲਾਘਾ ਕੀਤੀ। ਦਰਸ਼ਨ ਸਿੰਘ ਮਾਹਿਲ ਨੇ ਦੱਸਿਆ ਕਿ ਸਮੂਹ ਮਾਹਿਲ ਪਰਿਵਾਰ ਕੈਨੇਡਾ, ਯੂ ਐੱਸ ਏ, ਇੰਗਲੈਂਡ ਅਤੇ ਇੰਡੀਆ ਦੇ ਸਹਿਯੋਗ ਨਾਲ ਹਰ ਸਾਲ ਮੁਫਤ ਕੈਂਪ ਲਗਵਾਕੇ ਇਲਾਕਾ ਨਿਵਾਸੀਆਂ ਨੂੰ ਮੁਫਤ ਮੈਡੀਕਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਮੈਡੀਕਲ ਕੈਂਪ ਵਿਚ ਡਾ. ਕੁਲਦੀਪ ਸਿੰਘ ਅਤੇ ਉਪਟੋਮੀਟਰਸ ਮੈਡਮ ਦਲਜੀਤ ਕੌਰ ਵੱਲੋਂ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ ਗਿਆ। ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ ਤੇ ਉਹਨਾਂ ਦੇ ਸ਼ੂਗਰ ਟੈਸਟ ਵੀ ਮੁਫ਼ਤ ਕੀਤੇ ਗਏ। ਦਰਸ਼ਨ ਸਿੰਘ ਮਾਹਿਲ ਅਤੇ ਉਹਨਾਂ ਦੀ ਧਰਮ ਪਤਨੀ ਬੀਬੀ ਸੁਖਵਿੰਦਰ ਕੌਰ ਮਾਹਿਲ ਦੀ ਅਗਵਾਈ ਵਿਚ ਸ਼ਮਸ਼ੇਰ ਸਿੰਘ ਮਾਹਿਲ ਅਤੇ ਦਲਜੀਤ ਕੌਰ ਮਾਹਿਲ ਕੈਨੇਡਾ, ਬਲਜਿੰਦਰ ਸਿੰਘ ਮਾਹਿਲ ਅਤੇ ਹਰਜੀਤ ਕੌਰ ਮਾਹਿਲ ਕੈਨੇਡਾ, ਬੀਬੀ ਦਰਸ਼ਨ ਕੌਰ ਪੁਰੇਵਾਲ ਯੂ ਕੇ ਅਤੇ ਅਵਤਾਰ ਸਿੰਘ ਪੁਰੇਵਾਲ ਯੂ ਕੇ, ਬੀਬੀ ਰਸ਼ਪਾਲ ਕੌਰ ਸੰਧੂ ਕੈਨੇਡਾ,ਨਰਿੰਦਰ ਕੌਰ ਤੱਖਰ ਅਤੇ ਬਲਹਾਰ ਸਿੰਘ ਤੱਖਰ ਕੈਨੇਡਾ, ਮਨਪ੍ਰੀਤ ਕੌਰ ਉੱਪਲ ਅਤੇ ਰਣਵੀਰ ਸਿੰਘ ਉੱਪਲ ਕੈਨੇਡਾ, ਜਸਪ੍ਰੀਤ ਕੌਰ ਗਿੱਲ ਅਮਰੀਕਾ ਅਤੇ ਇੰਦਰਪਾਲ ਗਿੱਲ ਅਮਰੀਕਾ, ਅਮਨਦੀਪ ਕੌਰ ਧਾਲੀਵਾਲ ਅਤੇ ਗੌਰਵਜੀਤ ਧਾਲੀਵਾਲ ਕੈਨੇਡਾ, ਅਮਰਜੀਤ ਕੌਰ ਤੇ ਗੁਰਜੀਤ ਸਿੰਘ ਬਰਾੜ ਕੈਨੇਡਾ, ਗੁਰਿੰਦਰ ਕੌਰ ਮਾਹਿਲ ਤੇ ਸ਼ਰਨਜੀਤ ਸਿੰਘ ਮਾਹਿਲ ਯੂ ਐਸ ਏ, ਰਛਪਾਲ ਕੌਰ ਮਾਹਿਲ ,ਅਵਤਾਰ ਸਿੰਘ ਮਾਹਿਲ ਯੂ.ਐਸ.ਏ, ਸੁਰਜੀਤ ਕੌਰ ਮਾਹਿਲ, ਰਘਬੀਰ ਸਿੰਘ ਮਾਹਿਲ ਕੈਨੇਡਾ, ਸਰਬਜੀਤ ਕੌਰ, ਜਸਵੀਰ ਸਿੰਘ ਮਾਹਿਲ ਅਤੇ ਸਮੂਹ ਪਰਵਾਰ ਵੱਲੋਂ ਹਰ ਸਾਲ ਫਰੀ ਮੈਡੀਕਲ ਸਹਾਇਤਾ ਲੋੜਵੰਦਾਂ ਨੂੰ ਪ੍ਰਦਾਨ ਕਰਨ ਲਈ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਮੌਕੇ ਜਗਜੀਤ ਸਿੰਘ ਸੋਢੀ, ਮਲਕੀਅਤ ਸਿੰਘ ਬਾਹੜੋਵਾਲ, ਪ੍ਰਿੰਸੀਪਲ ਹਰਜੀਤ ਸਿੰਘ ਮਾਹਿਲ, ਢੇਰੂ ਰਾਮ ਦਰਦੀ,ਜਸਵੀਰ ਸਿੰਘ ਰਾਣਾ,ਬਲਦੇਵ ਸਿੰਘ ਮਾਹਿਲ, ਨਿਰਮਲ ਸਿੰਘ ਬੰਗਾ, ਹੈੱਡ ਮਾਸਟਰ ਬਲਵੀਰ ਸਿੰਘ, ਸ਼ਿੰਗਾਰਾ ਸਿੰਘ ਮਾਹਿਲ, ਪ੍ਰਗਟ ਸਿੰਘ ਮੁਕੰਦਪੁਰ ਸਮੂਹ ਮਾਹਿਲ ਪਰਿਵਾਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਦੇ ਜਨਮ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

**ਫਗਵਾੜਾ, (ਡਾ. ਰਮਨ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਜਨਮ ਦਿਹਾੜੇ ਸੰਬੰਧੀ ਵਿਸ਼ਾਲ ਨਗਰ ਕਿਰਤਨ ਇੱਥੋਂ ਲਾਗਲੇ ਪਿੰਡ ਪਲਾਹੀ ਵਿਖੇ ਸਜਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਹਿੱਸਾ ਲਿਆ ਤੇ ਗੁਰੂ ਜੱਸ ਗਾਇਆ। ਰਾਗੀ ਜੱਥਿਆਂ ਨੇ ਗੁਰੂ ਰਵਿਦਾਸ ਜੀ ਦੀ ਬਾਣੀ ਦਾ ਗਾਇਣ ਕੀਤਾ। ਨਗਰ ਕੀਰਤਨ ਪਾਲਕੀ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ 'ਚ ਗੁਰਦੁਆਰਾ ਗੁਰੂ ਰਵਿਦਾਸ ਜੀ ਤੋਂ ਆਰੰਭ ਹੋਇਆ ਅਤੇ ਪਿੰਡ ਦੀ ਪ੍ਰਕਰਮਾ ਕਰਦਿਆਂ ਗੁਰਦੁਆਰਾ ਸਾਹਿਬ 'ਚ ਹੀ ਇਸਦਾ ਸਮਾਧਾਨ ਹੋਇਆ। ਥਾਂ-ਥਾਂ 'ਤੇ ਸੰਗਤਾਂ ਵੱਲੋਂ ਛਬੀਲਾਂ, ਚਾਹ ਦਾ ਲੰਗਰ ਲਗਾਇਆ ਗਿਆ ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਨਗਰ ਕੀਰਤਨ ਸਮੇਂ ਹੋਰਨਾਂ ਤੋਂ ਬਿਨਾਂ ਸਾਬਕਾ ਕੈਬਨਿਟ ਮੰਤਰੀ ਜੋਗਿੰਦਰ ਸਿੰਘ ਮਾਨ, ਸਾਬਕਾ ਸਰਪੰਚ ਦਰਬਾਰਾ ਸਿੰਘ, ਪ੍ਰਧਾਨ ਰਵੀ ਪਾਲ, ਮੀਤ ਪ੍ਰਧਾਨ ਪੀਟਰ ਕੁਮਾਰ, ਸੁਖਵਿੰਦਰ ਸਿੰਘ ਸੱਲ, ਮੱਖਣ ਚੰਦ, ਕੁਲਵਿੰਦਰ ਸਿੰਘ ਸੱਲ, ਨੰਬਰਦਾਰ ਸੁਰਜਨ ਸਿੰਘ, ਗੁਰਚਰਨ ਸਿੰਘ ਬਸਰਾ ਪੰਚ, ਰਵਿੰਦਰ ਸਿੰਘ ਸੱਗੂ ਪੰਚ, ਮਦਨ ਲਾਲ ਸਾਬਕਾ ਪੰਚ, ਹਰਮੇਲ ਸਿੰਘ ਗਿੱਲ, ਜਸਵਿੰਦਰ ਪਾਲ ਸਾਬਕਾ ਪੰਚ, ਠੇਕੇਦਾਰ ਮੇਜਰ ਸਿੰਘ, ਬਲਵਿੰਦਰ ਸਿੰਘ ਫੋਰਮੈਨ, ਗੋਬਿੰਦ ਸਿੰਘ ਵੇਟ ਲਿਫਟਰ ਕੋਚ, ਸੰਨੀ ਚੰਦੜ ਪੰਚ, ਬਲਵਿੰਦਰ ਕੌਰ ਪੰਚ, ਬਲਾਕ ਸੰਮਤੀ ਮੈਂਬਰ ਕਮਲ ਕਲਸੀ, ਗੁਰਬਖ਼ਸ਼ ਕੌਰ ਪੰਚ, ਸਾਬਕਾ ਸਰਪੰਚ ਰਣਜੀਤ ਕੌਰ ਸਾਬਕਾ ਤਹਿਸੀਲਦਾਰ ਜੋਗਿੰਦਰ ਕੁਮਾਰ, ਜਸਬੀਰ ਸਿੰਘ ਬਸਰਾ, ਰਜਿੰਦਰ ਸਿੰਘ ਬਸਰਾ, ਗਿਆਨ ਚੰਦ ਠੇਕੇਦਾਰ, ਸੇਵਾ ਰਾਮ, ਨਿਰਮਲ ਜੱਸੀ, ਤਵਿੰਦਰ ਰਾਮ ਚੇਅਰਨਮੈਨ ਮਾਰਕੀਟ ਕਮੇਟੀ ਤੋਂ ਬਿਨਾਂ ਵੱਡੀ ਗਿਣਤੀ 'ਚ ਸਗੰਤ ਹਾਜ਼ਰ ਸੀ।



## ਯਾਦਗਾਰੀ ਹੋ ਨਿਬੜਿਆ ਸੇਵਾ-ਮੁਕਤ ਅਧਿਕਾਰੀਆਂ/ਕਰਮਚਾਰੀਆਂ ਦਾ ਮੇਲਜੋਲ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਸੇਵਾ ਮੁਕਤ ਆਫੀਸਰ/ਕਰਮਚਾਰੀ ਵੈਲਫੇਅਰ ਐਸੋਸੀਏਸ਼ਨ ਦੀ ਅਗਵਾਈ ਵਿੱਚ ਮੇਲਜੋਲ ਸਮਾਗਮ ਯਾਦਗਾਰੀ ਹੋ ਨਿਬੜਿਆ। ਜਿਸ ਵਿੱਚ ਲੰਬਾਂ ਸਮਾਂ ਇਕੱਠੇ ਰਹੇ ਅਧਿਕਾਰੀਆਂ ਨੇ ਇਕ ਦੂਜੇ ਨੂੰ ਮਿਲਕੇ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ 6 ਸੀਨੀਅਰ ਅਧਿਕਾਰੀਆਂ ਨੂੰ ਸ਼ਾਲ ਤੇ ਸਨਮਾਨ ਚਿੰਨਾ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਗੁਰਮੀਤ ਸਿੰਘ ਰੰਧਾਵਾਂ ਨੇ ਦੱਸਿਆ ਕਿ ਬੋਰਡ ਦੇ ਚੇਅਰਮੈਨ ਡਾ ਅਮਰਪਾਲ ਸਿੰਘ ਨੇ ਦੱਸਿਆ ਕਿ ਸਿੱਖਿਆ ਬੋਰਡ ਵਿੱਚ ਕਿਸੇ ਵੀ ਕਰਮਚਾਰੀ ਦੀ ਐਂਟਰੀ ਰੋਕੀ ਨਹੀਂ ਗਈ ।



## ਏਡਜ਼ ਜਾਗਰੂਕਤਾ ਸੰਬੰਧੀ ਕੁਇਜ਼ ਮੁਕਾਬਲੇ ਕਰਵਾਏ

**ਸੁਲਤਾਨਪੁਰ ਲੋਧੀ (ਹਨੀ)**- ਐੱਸ ਡੀ ਕਾਲਜ ਫਾਰ ਵੂਮੈਨ ਦੇ ਰੈੱਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਐੱਚ ਆਈ ਵੀ (ਏਡਜ਼ ਜਾਗਰੂਕਤਾ) ਸੰਬੰਧੀ ਕੁਇਜ਼ ਮੁਕਾਬਲਾ ਕਰਵਾਇਆ ਗਿਆ ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਐੱਚ ਆਈ ਵੀ/ਏਡਜ਼ ਨਾਲ ਸਬੰਧਤ ਕਾਰਨਾਂ, ਰੋਕਥਾਮ ਅਤੇ ਗਲਤ ਧਾਰਨਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਸਿੱਖਿਅਤ ਕਰਨਾ ਰਿਹਾ। ਇੱਕ ਸਖ਼ਤ ਤੇ ਦਿਲਚਸਪ ਮੁਕਾਬਲੇ ਤੋਂ ਬਾਅਦ ਟੀਮ ਏ ਜੇਤੂ ਬਣ ਕੇ ਉਭਰੀ। ਸ਼ਿਵਾਨੀ, ਮਨਮੀਤ ਕੌਰ, ਅਤੇ ਕਾਜਲ ਜੇਤੂ ਟੀਮ ਦਾ ਹਿੱਸਾ ਰਹੀਆਂ। ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ। ਸਾਰੇ ਭਾਗੀਦਾਰਾਂ ਨੂੰ ਪ੍ਰਸ਼ੰਸਾ ਦੇ ਚਿੰਨ੍ਹ ਵਜੋਂ ਸਰਟੀਫਿਕੇਟ ਦਿੱਤੇ ਗਏ। ਸੁਨੀਤਾ ਕਲੇਰ ਨੇ ਸਮਾਗਮ ਦੀ ਅਗਵਾਈ ਦੇ ਨਾਲ, ਕੁਇਜ਼ ਦਾ ਕੁਸ਼ਲਤਾ ਨਾਲ ਸੰਚਾਲਨ ਵੀ ਕੀਤਾ। ਇਸ ਮੌਕੇ ਮੈਡਮ ਸੋਨਮਪ੍ਰੀਤ ਕੌਰ, ਹਰਲੀਨ ਕੌਰ, ਮੈਡਮ ਰਾਜਵਿੰਦਰ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।



## ਕਾਂਗਰਸ ਆਗੂ ਰਘੁਬੀਰ ਸਿੰਘ ਸਾਥੀਆ ਸਮੇਤ 'ਆਪ' 'ਚ ਸ਼ਾਮਿਲ



**ਦਸੂਹਾ (ਕਰਨੈਲ ਮਾਂਗਟ)**- ਵਿਧਾਨਸਭਾ ਦਸੂਹਾ ਦੇ ਪਿੰਡ ਬੁਧੋਬਰਕਤ ਵਿਖੇ ਆਮ ਆਦਮੀ ਪਾਰਟੀ ਨੂੰ ਹੋਰ ਸਮੇ ਵੱਡਾ ਹੁੰਗਾਰਾ ਮਿਲਿਆ ਜਦੋ ਪਿੰਡ ਦੇ ਸੀਨੀਅਰ ਕਾਂਗਰਸ ਆਗੂ ਰਘੁਬੀਰ ਸਿੰਘ ਨਾਮਧਾਰੀ ਸਾਥੀਆਂ ਸਮੇਤ ਵਿਧਾਇਕ ਕਰਮਬੀਰ ਸਿੰਘ ਘੁੰਮਣ ਤੇ ਜਗਮੋਹਣ ਸਿੰਘ ਬੱਬੂ ਘੁੰਮਣ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ 'ਤੇ ਵਿਧਾਇਕ ਘੁੰਮਣ ਅਤੇ ਬੱਬੂ ਘੁੰਮਣ ਨੇ ਕਿਹਾ ਕਿ ਦਸੂਹਾ ਬੇਟ ਏਰੀਆ ਵਿੱਚ ਕਾਂਗਰਸ ਦਾ ਮੁਕੰਮਲ ਖ਼ਾਤਮਾ ਹੋ ਗਿਆ ਹੈ ਅਤੇ ਵੱਡੀ ਗਿਣਤੀ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆ ਦੇ ਆਗੂ ਆਮ ਆਦਮੀ ਪਾਰਟੀ ਵਿੱਚ ਸਾਮਿਲ ਹੋ ਰਹੇ ਹਨ। ਉਨਾਂ ਦੱਸਿਆ ਕਿ ਵਿਧਾਨ ਸਭਾ 2027 ਦੀ ਚੋਣਾਂ ਵਿੱਚ 'ਆਪ' ਦੀ ਹੂੰਝਾ ਫੇਰ ਜਿੱਤ ਹੋਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਕੰਮਾਂ ਤੋ ਖੁਸ਼ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੱਡੇ ਚਿਹਰੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ । ਇਸ ਮੌਕੇ ਤੇ ਜਗਮੋਹਨ ਸਿੰਘ ਘੁੰਮਣ, ਕੇ ਪੀ ਸੰਧੂ ਚੇਅਰਮੈਨ, ਸਰਪੰਚ ਬਲਦੇਵ ਸਿੰਘ ਬੁਧੋਬਰਕਤ, ਸੁੱਚਾ ਸਿੰਘ ਬੁਧੋਬਰਕਤ, ਸਰਪੰਚ ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ ਪੰਮਾ, ਰਾਣਾ ਸੈਦੋਵਾਲ, ਮਨਜੀਤ ਸਿੰਘ, ਲੱਖਾ ਸਾਬਕਾ ਸਰਪੰਚ, ਸਰਦੂਲ ਸਿੰਘ ਰੰਧਵਾ, ਮੰਨਾ ਕੋਟਲੀ, ਜਗਮੋਹਨ ਸਿੰਘ, ਜਸਵੰਤ ਸਿੰਘ ਜੱਸਾ, ਹਰਜੋਤ ਸਿੰਘ ਗੁਰਾਇਆ, ਮਾਨਜੋਤ ਸਿੰਘ ਗੁਰਾਇਆ ਆਦਿ ਹਾਜ਼ਰ ਸਨ।

## ਸੰਤ ਬਾਬਾ ਨਿਧਾਨ ਦੇ ਜਨਮ ਦਿਹਾੜੇ ਨੂੰ ਸਮਰਪਤ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ ਜੀ-ਸੰਤ ਬਾਬਾ ਬਲਵਿੰਦਰ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਹੇਠ ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਜੋ 25 ਦਿਨਾਂ ਧਾਰਮਿਕ ਜੋੜ ਮੇਲਾ ਪਿੰਡ ਨਡਾਲੋਂ ਵਿਖੇ 11 ਜਨਵਰੀ ਤੋਂ 4 ਫਰਵਰੀ ਤੱਕ ਵੱਡੇ ਪੱਧਰ 'ਤੇ ਮਨਾਇਆ ਗਿਆ। ਉਸ ਸਬੰਧੀ ਸੰਪਰਦਾਇ ਕਾਰ ਸੇਵਾ ਗੁਰਦੁਆਰਾ ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਜਥੇ. ਬਾਬਾ ਗੁਰਮੀਤ ਸਿੰਘ ਜੀ ਨਡਾਲੋਂ ਨੇ ਧਾਰਮਿਕ ਜੋੜ-ਮੇਲੇ ਦੀ ਸੁਚੱਜੇ ਢੰਗ ਤੇ ਚੜ੍ਹਦੀ ਕਲਾ ਨਾਲ ਹੋਈ ਸੰਪੂਰਨਤਾ ਸਬੰਧੀ ਜਿੱਥੇ ਪਹਿਲਾਂ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਜੀ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ ਉੱਥੇ ਉਨ੍ਹਾਂ ਸਮੂਹ ਸੰਤ-ਮਹਾਂਪੁਰਸ਼ਾਂ, ਧਾਰਮਿਕ ਸੇਵਾ ਸੋਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ ਤੇ ਦੇਸ਼-ਵਿਦੇਸ਼ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਤਨ, ਮਨ ਤੇ ਧਨ ਨਾਲ ਵਡਮੁੱਲਾ ਸਹਿਯੋਗ ਦਿੱਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਿਹੜੇ ਵੱਡੇ ਕਾਰਜ ਹਨ ਉਹ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਅਤੇ ਸੰਗਤਾਂ ਦੇ ਸਹਿਯੋਗ ਤੋਂ ਬਿਨਾਂ ਨੇਪਰੇ ਨਹੀਂ ਚੜ੍ਹ ਸਕਦੇ। ਇਸ ਮੌਕੇ ਬਾਬਾ ਜਸਪਾਲ ਸਿੰਘ ਨੈਕੀ ਵਾਲੇ, ਜਥੇਦਾਰ ਇਕਬਾਲ ਸਿੰਘ ਖੇੜਾ, ਦਲਵੀਰ ਸਿੰਘ ਭੱਟੀ ਨਡਾਲੋਂ, ਅਮਰਜੀਤ ਸਿੰਘ ਅਮਰੀਕਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਭਾਈ ਰਣਜੋਧ ਸਿੰਘ ਨਡਾਲੋਂ ਪੜਪੋਤਰੇ ਸੰਤ ਬਾਬਾ ਨਿਧਾਨ ਸਿੰਘ ਜੀ, ਲਖਵਿੰਦਰ ਸਿੰਘ ਵਿੰਦਾ ਨਡਾਲੋਂ, ਧਰਮਿੰਦਰ ਸਿੰਘ ਸੋਨੂੰ ਨਡਾਲੋਂ, ਕਿਰਪਾਲ ਸਿੰਘ ਅਜਨੋਹਾ, ਬਲਜਿੰਦਰ ਸਿੰਘ ਖਾਲਸਾ ਪੰਜੌੜ, ਸੁਖਵਿੰਦਰ ਸਿੰਘ ਲੱਡੂ ਟੋਡਰਪੁਰ, ਕਮਲਜੀਤ ਸਿੰਘ ਰਾਣਾ ਅਜਨੋਹਾ, ਸ਼ੀਨ ਸਿੰਘ ਨਡਾਲੋਂ, ਸਰਬਪ੍ਰੀਤ ਸਿੰਘ ਸਾਬੀ ਨਡਾਲੋਂ, ਪ੍ਰਗਟ ਸਿੰਘ ਹਰਿਆਣਾ, ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ, ਕੀਰਤ ਸਿੰਘ ਹਰਿਆਣਾ, ਕਿਸ਼ਨ ਸਿੰਘ ਲਾਂਗਰੀ, ਦੀਪ ਨਡਾਲੋਂ, ਮਨਵੀਰ ਸਿੰਘ ਹਾਜ਼ਰ ਸਨ।



## ਨਿੰਬੂਆਂ ਤੋਂ ਯਾਤਰੀਆਂ ਦੀ ਬੱਸ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਨਿੰਬੂਆਂ ਤੋਂ ਯਾਤਰੀਆਂ ਦੀ ਬੱਸ ਧਾਰਮਿਕ ਤੇ ਇਤਿਹਾਸਿਕ ਸਥਾਨਾਂ ਅਤੇ ਦੇ ਦਰਸ਼ਨਾਂ ਰਵਾਨਾ ਕੀਤੀ ਗਈ।ਉਨ੍ਹਾਂ ਇਸ ਮੌਕੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਵਾਸਤੇ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਯਾਤਰੀਆਂ ਲਈ ਆਉਣ ਜਾਣ, ਰਹਿਣ-ਸਹਿਣ ਤੇ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਵਿਧਾਇਕ ਰੰਧਾਵਾ ਨੇ ਦੱਸਿਆ ਕਿ ਅੰਮ੍ਰਿਤਸਰ ਦੀ ਤਿੰਨ ਦਿਨਾਂ ਯਾਤਰਾ ਦੌਰਾਨ ਯਾਤਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਿਰ, ਜਲ੍ਹਿਆਂਵਾਲਾ ਬਾਗ਼, ਭਗਵਾਨ ਵਾਲਮੀਕਿ ਤੀਰਥ ਸਥਾਨ ਅਤੇ ਵਾਹਗਾ ਸਰਹੱਦ ਤੇ ਜਾਣਗੇ। ਉਨ੍ਹਾਂ ਕਿਹਾ ਕਿ ਯਾਤਰੀਆਂ ਲਈ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।

## ਐੱਨ ਸੀ ਸੀ ਕੈਡਿਟ ਸਨਮਾਨਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ (ਆਰ ਬੀ ਯੂ) ਨੇ ਰਾਸ਼ਟਰੀ ਪੱਧਰ 'ਤੇ ਆਪਣਾ ਮਾਣ ਵਧਾਇਆ ਹੈ, ਜਿੱਥੇ ਯੂਨੀਵਰਸਿਟੀ ਦੀ ਐੱਨ ਸੀ ਸੀ ਕੈਡਿਟ, ਸੀਨੀਅਰ ਅੰਡਰ ਅਫ਼ਸਰ (ਐੱਸ ਯੂ ਓ) ਅਨੁਰਾਧਾ ਨੂੰ ਨਵੀਂ ਦਿੱਲੀ ਵਿੱਚ ਲੈਫ਼ਟਿਨੈਂਟ ਜਨਰਲ ਵਰਿੰਦਰਾ ਵਤਸ, ਵੀ ਐੱਸ ਐੱਮ, ਵਾਈ ਐੱਸ ਐੱਮ, ਐਸਐਮ ਵੱਲੋਂ ਵੱਕਾਰੀ ਡਾਇਰੈਕਟਰ ਜਨਰਲ ਐਨਸੀਸੀ ਕਮੈਂਡੇਸ਼ਨ ਮੈਡਲ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ 2026 ਦੀ ਗਣਤੰਤਰ ਦਿਵਸ ਪਰੇਡ ਦੌਰਾਨ ਉਨ੍ਹਾਂ ਦੀ ਸ਼ਾਨਦਾਰ ਸੇਵਾ ਤੇ ਉੱਤਮ ਪ੍ਰਦਰਸ਼ਨ ਦੇ ਸਨਮਾਨ ਵਿੱਚ ਪ੍ਰਦਾਨ ਕੀਤਾ ਗਿਆ।



## ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ 12 ਨੂੰ ਹੜਤਾਲ ਕਰੇਗੀ



**ਬੰਗਾ (ਅਵਤਾਰ ਕਲੇਰ)**- 12 ਫਰਵਰੀ ਨੂੰ ਟਰੇਡ ਯੂਨੀਅਨਾਂ ਵੱਲੋਂ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੇ ਸੱਦੇ ਉੱਤੇ ਡੈਮੋਕ੍ਰੇਟਿਕ ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਹੜਤਾਲ ਕਰੇਗੀ। ਇਹ ਫੈਸਲਾ ਸਥਾਨਕ ਬਾਰਾਦਰੀ ਬਾਗ਼ ਵਿਚ ਕੀਤੀ ਗਈ ਯੂਨੀਅਨ ਦੀ ਜਿਲਾ ਕਮੇਟੀ ਦੀ ਮੀਟਿੰਗ ਵਿੱਚ ਕੀਤਾ ਗਿਆ।ਇਸ ਮੀਟਿੰਗ ਨੂੰ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ,ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸ਼ਕੁੰਤਲਾ ਸਰੋਏ ਬਲਵਿੰਦਰ ਕੌਰ ਬਲਾਚੌਰ, ਰਾਜਵਿੰਦਰ ਕੌਰ ਮੁਕੰਦਪੁਰ, ਨੇ ਸੰਬੋਧਨ ਕੀਤਾ।ਇਸ ਮੌਕੇ ਸਰਬਜੀਤ ਕੌਰ, ਪਰਮਿਲਾ , ਗੀਤਾ ਮੁਜ਼ੱਫਰ ਪੁਰ ਬਲਾਕ,ਅਤੇ ਰਾਜਵਿੰਦਰ ਕੌਰ ਮੁਜ਼ੱਫਰ ਪੁਰ ਬਲਾਕ ਵੀ ਮੌਜੂਦ ਸਨ। ਆਗੂਆਂ ਨੇ ਕਿਹਾ ਕਿ ਉਹ 12 ਫਰਵਰੀ ਨੂੰ ਹੜਤਾਲ ਕਰਕੇ ਬੱਸ ਅੱਡਾ ਨਵਾਂਸ਼ਹਿਰ ਵਿਖੇ 11 ਵਜੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

## ਜਲੰਧਰ ਪ੍ਰੀਮੀਅਰ ਲੀਗ ਤਹਿਤ ਹਰ ਸਾਲ ਕਰਵਾਏ ਜਾਣਗੇ ਖੇਡ ਮੁਕਾਬਲੇ : ਡਿਪਟੀ ਕਮਿਸ਼ਨਰ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲਕਦਮੀ ਸਦਕਾ ਕਰਵਾਈ ਗਈ 'ਜਲੰਧਰ ਪ੍ਰੀਮੀਅਰ ਲੀਗ-2025' ਦਾ ਸਮਾਪਨ ਹੋ ਗਿਆ ਹੈ। ਗ੍ਰੈਂਡ ਫਿਨਾਲੇ ਮੈਚ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ 'ਜਲੰਧਰ ਪ੍ਰੀਮੀਅਰ ਲੀਗ' ਦਾ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਹੇਗਾ, ਜਿਸ ਤਹਿਤ ਹਰ ਸਾਲ ਖੇਡ ਮੁਕਾਬਲੇ ਕਰਵਾਏ ਜਾਣਗੇ।ਡਾ. ਅਗਰਵਾਲ ਨੇ ਦੱਸਿਆ ਕਿ ਜਲੰਧਰ ਪ੍ਰੀਮੀਅਰ ਲੀਗ ਵਿੱਚ 16 ਸਕੂਲਾਂ ਦੀਆਂ ਟੀਮਾਂ ਦੇ 240 ਖਿਡਾਰੀਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਕੂਲਾਂ ਵਿੱਚ 3 ਸਰਕਾਰੀ ਅਤੇ 13 ਪ੍ਰਾਈਵੇਟ ਸਕੂਲ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ 28 ਅਕਤੂਬਰ 2025 ਨੂੰ ਸ਼ੁਰੂ ਹੋਈ ਇਸ ਲੀਗ ਦੌਰਾਨ ਵੱਖ-ਵੱਖ ਟੀਮਾਂ ਦਰਮਿਆਨ ਸੀ.ਟੀ. ਸ਼ਾਹਪੁਰ ਕੈਂਪਸ, ਸੇਂਟ ਸੋਲਜਰ, ਡੀ.ਐਮ.ਐਸ. ਅਤੇ ਆਈ.ਵੀ. ਵਰਲਡ ਸਕੂਲ ਸਮੇਤ ਵੱਖ-ਵੱਖ ਥਾਵਾਂ 'ਤੇ ਕੁੱਲ 59 ਮੈਚ ਖੇਡੇ ਗਏ। ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਉਸਾਰੂ ਤੇ ਸਕਾਰਾਤਮਕ ਮਾਹੌਲ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਉਪਰਾਲੇ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਵਾਸਲ ਐਜੂਕੇਸ਼ਨ ਦੇ ਚੇਅਰਮੈਨ ਸੰਜੀਵ ਕੁਮਾਰ ਵਾਸਲ ਨੇ ਖੇਡਾਂ ਨੂੰ ਜ਼ਮੀਨੀ ਪੱਧਰ 'ਤੇ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਾਸਲ ਐਜੂਕੇਸ਼ਨ ਹਰ ਸਮੇਂ ਤਿਆਰ ਹੈ ਅਤੇ ਅਜਿਹੀਆਂ ਪਹਿਲੀਕਦਮੀਆਂ ਲਈ ਭਵਿੱਖ ਵਿੱਚ ਵੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦਿੰਦਾ ਰਹੇਗਾ।

## ਜਿੰਪਾ ਨੇ ਪਾਰਕ ਦੇ ਨਿਰਮਾਣ ਕਾਰਜ ਦਾ ਕੀਤਾ ਸ਼ੁਭ ਆਰੰਭ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਨਗਰ ਨਿਗਮ ਵਾਰਡ ਨੰਬਰ 8 ਵਿੱਚ ਚੌਧਰੀ ਬਿਲਾਸਰਾਮ ਦੇ ਨਾਂਅ 'ਤੇ ਇੱਕ ਪਾਰਕ ਦੇ ਨਿਰਮਾਣ ਕਾਰਜ ਦੀ ਰਸਮੀ ਸ਼ੁਰੂਆਤ ਕੀਤੀ। ਇਸ ਪਾਰਕ ਦਾ ਨਿਰਮਾਣ 14 ਲੱਖ 80 ਹਜ਼ਾਰ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ, ਜਿਸ ਵਿਚ ਇਲਾਕੇ ਦੇ ਵਸਨੀਕਾਂ ਨੂੰ ਹਰਾ-ਭਰਾ ਵਾਤਾਵਰਣ, ਸੈਰ-ਸਪਾਟਾ ਅਤੇ ਬੱਚਿਆਂ ਲਈ ਸੁਰੱਖਿਅਤ ਖੇਡ ਸੁਵਿਧਾ ਉਪਲਬੱਧ ਹੋਵੇਗੀ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਸੂਬਾ ਸਰਕਾਰ ਸ਼ਹਿਰੀ ਵਿਕਾਸ ਅਤੇ ਨਾਗਰਿਕ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਵਾਰਡ ਪੱਧਰ 'ਤੇ ਵਿਕਾਸ ਨੂੰ ਤਰਜੀਹ ਦਿੰਦੇ ਹੋਏ, ਪਾਰਕਾਂ, ਸੜਕਾਂ, ਸਟਰੀਟ ਲਾਈਟਾਂ, ਪੀਣ ਵਾਲੇ ਪਾਣੀ ਅਤੇ ਸੀਵਰੇਜ ਵਰਗੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪਾਰਕ ਨਾ ਸਿਰਫ਼ ਇਲਾਕੇ ਦੀ ਸੁੰਦਰਤਾ ਨੂੰ ਵਧਾਏਗਾ ਬਲਕਿ ਬਜ਼ੁਰਗਾਂ, ਨੌਜਵਾਨਾਂ ਅਤੇ ਬੱਚਿਆਂ ਲਈ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਵੀ ਉਤਸ਼ਾਹਿਤ ਕਰੇਗਾ। ਵਿਧਾਇਕ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਨਿਰਮਾਣ ਕਾਰਜ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਅਤੇ ਉੱਚ ਗੁਣਵੱਤਾ ਵਾਲੇ ਮਾਪਦੰਡਾਂ ਦੇ ਅਨੁਸਾਰ ਪੂਰਾ ਕੀਤਾ ਜਾਵੇ, ਤਾਂ ਜੋ ਜਨਤਾ ਨੂੰ ਤੁਰੰਤ ਲਾਭ ਮਿਲ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਪਾਰਦਰਸ਼ਤਾ ਅਤੇ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਮੁਖੀ ਰਾਮ, ਕੁਲਵੰਤ ਸਿੰਘ, ਵਰਿੰਦਰ ਵੈਦ, ਕੁਲਵਿੰਦਰ ਸਿੰਘ ਹੁੰਦਲ, ਸੋਹਣ ਸਿੰਘ ਅਤੇ ਪਰਮਜੀਤ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਸਾਰਿਆਂ ਨੇ ਇਸ ਵਿਕਾਸ ਪ੍ਰੋਜੈਕਟ ਲਈ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਇਸਨੂੰ ਵਾਰਡ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਦੱਸਿਆ। ਪ੍ਰੋਗਰਾਮ ਦੇ ਅੰਤ ਵਿੱਚ ਸਥਾਨਕ ਨਿਵਾਸੀਆਂ ਨੇ ਵੀ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਪਾਰਕ ਦੇ ਨਿਰਮਾਣ ਨਾਲ ਇਲਾਕੇ ਵਿੱਚ ਸਾਫ਼-ਸੁਥਰੇ ਵਾਤਾਵਰਣ ਅਤੇ ਭਾਈਚਾਰਕ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ।



## ਵਿਦਿਆਰਥੀਆਂ ਨੇ ਅੰਤਰ ਸਕੂਲ ਮੁਕਾਬਲਿਆਂ 'ਚ ਕੀਤੀ ਵਧੀਆ ਕਾਰਗੁਜ਼ਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਦੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵੱਲੋਂ ਰੋਟਰੀ ਕਲੱਬ ਰੂਪਨਗਰ ਦੇ ਸਹਿਯੋਗ ਨਾਲ ਕਰਵਾਏ ਗਏ ਅੰਤਰ ਸਕੂਲ ਵਿੱਦਿਅਕ ਮੁਕਾਬਲਿਆਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾ ਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ । ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਇਹਨਾਂ ਵਿਦਿਆਰਥੀਆਂ ਦਾ ਸਕੂਲ ਵਿਖੇ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ । ਦੱਸਣਯੋਗ ਹੈ ਕਿ ਖਾਲਸਾ ਕਾਲਜ ਵਿਖੇ ਹੋਏ ਇਹਨਾਂ ਅੰਤਰ ਸਕੂਲ ਮੁਕਾਬਲਿਆਂ ਵਿੱਚ ਜਿਲਾ ਰੂਪਨਗਰ ਤੋ ਇਲਾਵਾ ਹਿਮਾਚਲ ਪ੍ਰਦੇਸ਼ ਦੇ ਊਨਾ ਤੇ ਨਾਲਾਗੜ ਨਾਲ ਸੰਬੰਧਿਤ 35 ਸਕੂਲਾਂ ਦੇ ਤਕਰੀਬਨ 800 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ ਸੀ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਇਹਨਾਂ ਵਿਦਿਆਰਥੀਆਂ ਨੂੰ ਟਰਾਫੀ ਅਤੇ ਸਰਟੀਫਿਕੇਟ ਦੇਖ ਕੇ ਸਨਮਾਨਤ ਕੀਤਾ ਅਤੇ ਅੱਗੋਂ ਹੋਰ ਜਿਆਦਾ ਮਿਹਨਤ ਕਰਕੇ ਹੋਰ ਵਧੇਰੇ ਪੁਜੀਸ਼ਨਾਂ ਹਾਸਲ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਦੇ ਨਾਲ ਨਾਲ ਸਹਿ ਪਾਠਕ੍ਰਮ ਦੀਆਂ ਗਤੀਵਿਧੀਆਂ ਵਿੱਚ ਵੀ ਭਾਗ ਲੈਣਾ ਯਕੀਨੀ ਬਣਾਉਣ ਕਿਉਂਕਿ ਇਹਨਾਂ ਗਤੀਵਿਧੀਆਂ ਨਾਲ ਵਿਦਿਆਰਥੀ ਦੀ ਵਧੀਆ ਸ਼ਖਸ਼ੀਅਤ ਦੀ ਉਸਾਰੀ ਹੁੰਦੀ ਹੈ। ਉਹਨਾਂ ਇਹਨਾਂ ਵਿਦਿਆਰਥੀਆਂ ਨੂੰ ਤਿਆਰ ਕਰਨ ਵਾਲੇ ਅਧਿਆਪਕਾਂ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਬਲਦੀਪ ਕੌਰ, ਨਰਿੰਦਰ ਕੌਰ, ਨਿਸ਼ਾ ਦੇਵੀ ਅਧਿਆਪਕ ਵੀ ਹਾਜ਼ਰ ਸਨ।





ਸਰਕਾਰੀ ਹਾਈ ਸਕੂਲ ਵਜ਼ੀਰ ਭੁੱਲਰ (ਅੰਮ੍ਰਿਤਸਰ) ਵਿਚ ਕਰਵਾਈ ਗਈ 'ਮਾਪੇ-ਅਧਿਆਪਕ ਵਰਕਸ਼ਾਪ' ਦੌਰਾਨ ਸਕੂਲ ਵਿਦਿਆਰਥੀਆਂ ਨਾਲ ਨਜ਼ਰ ਆ ਰਹੇ ਹਨ ਮੁੱਖ ਅਧਿਆਪਕ ਮਧੂ ਬਾਲਾ, ਸਾਇੰਸ ਅਧਿਆਪਕ ਸੰਤੋਸ਼ ਕੁਮਾਰ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਖਬੀਰ ਸਿੰਘ ਤੇ ਰਾਜਦੀਪ ਕੌਰ ਪੱਡਾ।

# ਕਿਰਤੀ ਕਿਸਾਨ ਯੂਨੀਅਨ ਨੇ ਪੰਜਾਬ ਸਰਕਾਰ ਦੀ ਅਰਥੀ ਫੂਕੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਕਿਰਤੀ ਕਿਸਾਨ ਯੂਨੀਅਨ ਵੱਲੋਂ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਅਤੇ ਸੰਘਰਸ਼ ਕਰ ਰਹੀ ਬੀ ਕੇ ਯੂ ਉਗਰਾਹਾਂ ਜਥੇਬੰਦੀ ਦੇ ਸੰਘਰਸ਼ ਦੀ ਹਮਾਇਤ ਕੀਤੀ ਗਈ ਤੇ ਪੰਜਾਬ ਪੁਲਸ ਦੇ ਜਬਰ ਦੀ ਨਿਖੇਧੀ ਕੀਤੀ ਗਈ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਕਿਸਾਨਾਂ ਨੂੰ ਕੋਈ ਇਨਸਾਫ਼ ਨਹੀਂ ਦਿੱਤਾ ਗਿਆ ਤਾਂ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ। ਕੇਂਦਰ ਸਰਕਾਰ ਵੱਲੋ ਲਿਆਂਦੇ ਜਾ ਰਹੇ ਬਿਜਲੀ ਸੋਧ ਬਿੱਲ 2025 ਨੂੰ ਰੱਦ ਕਰਨ ਲਈ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਲੋਕਾਂ ਨੂੰ ਅਪੀਲ ਕੀਤੀ ਗਈ। ਇਸ ਪ੍ਰਦਰਸ਼ਨ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ ਅਤੇ ਜ਼ਿਲ੍ਹਾ ਜਨਰਲ ਸਕੱਤਰ ਗੁਰਕਮਲ ਸਿੰਘ ਤੋਂ ਇਲਾਵਾ ਖਜ਼ਾਨਚੀ ਸੁਰਿੰਦਰ ਸਿੰਘ ਕੰਦੋਲਾ, ਜ਼ਿਲਾ ਆਗੂ ਮੱਖਣ ਸਿੰਘ ਕੰਦੋਲਾ, ਗੁਰਨਾਮ ਸਿੰਘ ਤੱਗੜ, ਅਵਤਾਰ ਸਿੰਘ ਸੰਧੂ, ਰਸ਼ਪਾਲ ਸਿੰਘ ਉਮਰਪੁਰ, ਅਮਰੀਕ ਸਿੰਘ ਸਾਗਰਪੁਰ, ਦਰਸ਼ਨ ਸਿੰਘ ਡੱਲਾ ਤੇ ਹੋਰ ਬਹੁਤ ਸਾਰੇ ਕਿਸਾਨ ਹਾਜ਼ਰ ਸਨ।



# ਸਤਿਗੁਰੂ ਰਵਿਦਾਸ ਪ੍ਰਕਾਸ਼ ਉਤਸਵ 'ਤੇ ਵਿਦਿਆਰਥੀ ਸਨਮਾਨਤ

**ਅਲਾਵਲਪੁਰ, (ਮਦਨ ਬੰਗੜ)**- ਡਾ.ਬੀ.ਆਰ. ਅੰਬੇਡਕਰ ਪਬਲਿਕ ਸਕੂਲ ਬੁਲੰਦਪੁਰ (ਜਲੰਧਰ) ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਉਤਸਵ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ। ਸਤਿਗੁਰੂ ਰਵਿਦਾਸ ਮਹਾਰਾਜ ਦੀ ਤਸਵੀਰ 'ਤੇ ਸਕੂਲ ਦੇ ਪ੍ਰਿੰਸੀਪਲ, ਸਮੂਹ ਟੀਚਿੰਗ ਸਟਾਫ਼ ਤੇ ਵਿਦਿਆਰਥੀਆਂ ਨੇ ਫੁੱਲ ਮਾਲਾਵਾਂ ਪੂਰੇ ਸਤਿਕਾਰ ਨਾਲ ਭੇਟ ਕੀਤੀਆਂ ਗਈਆਂ।ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਪਰਮਜੀਤ ਜੱਸਲ ਨੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਆਗਮਨ ਪੁਰਬ 'ਤੇ ਵਧਾਈ ਦਿੰਦਿਆ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਵਿਸ਼ਵ ਦੀ ਸਮੁੱਚੀ ਮਨੁੱਖਤਾ ਨੂੰ ਜਾਤ- ਪਾਤ, ਊਚ -ਨੀਚ, ਲਿੰਗ ਭੇਦ ਤੋਂ ਉੱਪਰ ਉੱਠ ਕੇ 'ਬੇਗਮਪੁਰਾ' ਵਸਾਉਣ ਦਾ ਸੁਨੇਹਾ ਦਿੱਤਾ। ਗੁਰੂ ਜੀ ਅਜਿਹਾ ਆਦਰਸ਼ ਸਮਾਜ ਬਣਾਉਣਾ ਚਾਹੁੰਦੇ ਜਿੱਥੇ ਹਰ ਮਨੁੱਖ ਨੂੰ ਬੁਨਿਆਦੀ ਸਹੂਲਤਾਂ ਪ੍ਰਾਪਤ ਹੋਣ। ਐਜੂਕੇਸ਼ਨ 'ਤੇ ਪਹਿਲਕਦਮੀ ਕਰਦਿਆਂ ਕਿਹਾ ਸੀ ਕਿ ਚੰਗੀ ਤੇ ਮਿਆਰੀ ਐਜੂਕੇਸ਼ਨ ਹਾਸਿਲ ਕਰਨ ਨਾਲ ਮਨੁੱਖ ਦੀਆਂ ਸਾਰੀਆਂ ਸਮੱਸਿਆਵਾਂ ਹੱਲ ਹੋ ਸਕਦੀਆਂ ਹਨ। ਸਕੂਲ ਵੱਲੋਂ ਸਵੇਰ ਦੀ ਸਭਾ 'ਚ ਲੜੀਵਾਰ ਵਿਚਾਰ ਚਰਚਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਵਿਚਾਰਧਾਰਾ ਵਿਸ਼ੇ 'ਤੇ 21 ਜਨਵਰੀ ਤੋਂ 30 ਜਨਵਰੀ ਤੱਕ ਕੀਤੀ ਗਈ। ਇਸ ਵਿਚਾਰ ਚਰਚਾ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਪਰਮਜੀਤ ਜੱਸਲ ਤੇ ਮੈਡਮ ਸਤਵਿੰਦਰ ਕੌਰ ਵਾਇਸ ਪ੍ਰਿੰਸੀਪਲ ਵੱਲੋਂ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਜਿਹਨਾਂ 'ਚ ਸ਼ਰੂਤੀ, ਪਾਇਲ, ਪ੍ਰਿੰਸ, ਸਾਕੂਨ, ਖੁਸ਼ੀ, ਸ਼ਿਵਾਂਸ਼, ਜੈ ਵਰਮਾ, ਪਰਿਅੰਸ਼ੂ , ਨਿਸ਼ਚਲ ਕੁਮਾਰ ਅਤੇ ਨਿਸ਼ੂ ਕੁਮਾਰੀ ਆਦਿ ਵਿਦਿਆਰਥੀ ਸ਼ਾਮਿਲ ਸਨ। ਪ੍ਰਿੰਸੀਪਲ ਨੇ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ।ਆਗਮਨ ਪੁਰਬ ਦੀ ਖੁਸ਼ੀ 'ਚ ਜੂਸ ਦਾ ਲੰਗਰ ਵੀ ਵਰਤਾਇਆ ਗਿਆ।




# ਕਰਮਚਾਰੀਆਂ ਦੀਆਂ ਤਨਖਾਹਾਂ 50000 ਤੋਂ 19000 ਕਰਨ ਦੀ ਤਜਵੀਜ਼ ਦਾ ਕੀਤਾ ਜਾਵੇਗਾ ਵਿਰੋਧ : ਨਵਪ੍ਰੀਤ

**ਜਲੰਧਰ, ਮਹਿਤਪੁਰ (ਰਾਜੇਸ਼ ਥਾਪਾ, ਰਾਜਾ)**- ਸਮੱਗਰਾ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਦਫ਼ਤਰੀ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸੰਬੰਧੀ ਕੈਬਨਿਟ ਮੀਟਿੰਗ ਵਿੱਚ ਫੈਸਲਾ ਲੈਣ ਦੇ ਬਾਵਜੂਦ ਵੀ ਛੇ ਮਹੀਨਿਆਂ ਵਿੱਚ ਸਿੱਖਿਆ ਵਿਭਾਗ ਦੀ ਅਫ਼ਸਰਸ਼ਾਹੀ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਦੇ ਨਾਲ ਹੀ ਕੈਬਨਿਟ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਤੇ ਕੈਬਨਿਟ ਮੀਟਿੰਗ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਕਈ ਵਾਰ ਅਧਿਕਾਰੀਆ ਨੂੰ ਤਨਖਾਹਾਂ ਨਾ ਘਟਾਉਣ ਅਤੇ ਠੋਸ ਫੈਸਲਾ ਲੈਣ ਦੀ ਹਦਾਇਤ ਕੀਤੀ ਪ੍ਰੰਤੂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਰਕਾਰ ਦੇ ਹੁਕਮਾਂ ਨੂੰ ਅਣਗੌਲਿਆ ਕੀਤਾ ਗਿਆ। ਤਤਕਾਲੀ ਸਕੱਤਰ ਸਕੂਲ ਸਿੱਖਿਆ ਵੱਲੋਂ ਸਬੰਧਤ ਕਰਮਚਾਰੀਆਂ ਦੀ ਜਥੇਬੰਦੀ ਨਾਲ ਮਿਤੀ 10/10/2025 ਨੂੰ ਮੀਟਿੰਗ ਕੀਤੀ ਗਈ ਜਿਸ ਦੌਰਾਨ ਉਨ੍ਹਾ ਨਾਲ ਹੋਈ ਵਿਚਾਰ ਚਰਚਾ ਅਨੁਸਾਰ ਕਰਮਚਾਰੀਆ ਨੂੰ 01.04.2018 ਤੋਂ ਅਧਿਆਪਕਾਂ ਦੀ ਤਰਜ਼ 'ਤੇ ਰੈਗੂਲਰ ਕਰਨ ਅਤੇ ਤਨਖਾਹਾਂ ਨਾ ਘਟਾਉਣ ਸੰਬੰਧੀ ਗੱਲਬਾਤ ਹੋਈ ਸੀ ਜਿਸ ਦੌਰਾਨ ਉਨ੍ਹਾ ਨੂੰ ਬੇਨਤੀ ਪੱਤਰ ਵੀ ਦਿੱਤਾ ਗਿਆ ਸੀ ਪ੍ਰੰਤੂ 5 ਮਹੀਨੇ ਬੀਤਣ ਤੇ 01.04.2018 ਤੋਂ ਆਰਡਰ ਦੇਣ ਜਾਂ ਤਨਖਾਹਾਂ ਸੰਬੰਧੀ ਫੈਸਲਾ ਲੈਣ ਦੀ ਫਾਈਲ ਸਿੱਖਿਆ ਸਕੱਤਰ ਦਫਤਰ ਦੇ ਇਕ ਟੇਬਲ ਤੋਂ ਦੂਜੇ ਟੇਬਲ ਤੇ ਹੀ ਘੁੰਮ ਰਹੀ ਹੈ। ਸਾਲ 2018 ਦੌਰਾਨ ਸਿੱਖਿਆ ਵਿਭਾਗ ਦੇ 8886 ਅਧਿਆਪਕਾਂ ਨੂੰ ਸਰਕਾਰ ਵੱਲੋਂ ਰੈਗੂਲਰ ਕੀਤਾ ਗਿਆ ਸੀ ਉਸ ਸਮੇਂ ਦਫ਼ਤਰੀ ਕਰਮਚਾਰੀਆਂ ਨੂੰ ਅਣਗੌਲਿਆ ਕੀਤਾ ਗਿਆ ਸੀ ।ਦਫ਼ਤਰੀ ਮੁਲਾਜ਼ਮਾਂ ਵੱਲੋਂ ਸਰਕਾਰ ਦੇ ਵਿਤਕਰੇ ਖਿਲਾਫ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਇਆ ਗਿਆ ਅਤੇ ਅਦਾਲਤ ਵੱਲੋਂ ਸਰਕਾਰ ਨੂੰ ਮੁਲਾਜ਼ਮਾਂ ਨਾਲ ਕੀਤੇ ਵਿਤਕਰੇ ਤੇ ਪੂਰੀ ਝਾੜ ਪਾਈ ਤੇ ਉਸ ਸਮੇਂ ਦੇ ਤਤਕਾਲੀ ਸਕੱਤਰ ਸਕੂਲ ਸਿੱਖਿਆ ਵੱਲੋਂ ਅਦਾਲਤ ਵਿੱਚ ਪੇਸ਼ ਹੋ ਕੇ ਮੰਨਿਆ ਕਿ ਇਹ ਵਿਭਾਗੀ ਗਲਤੀ ਹੈ ਇਸ ਨੂੰ ਦਰੁਸਤ ਕਰਕੇ ਅਧਿਆਪਕਾਂ ਦੀ ਤਰਜ ਤੇ ਸਮਾਨਤਾ ਦੇ ਅਧਿਕਾਰ ਅਨੁਸਾਰ ਦਫ਼ਤਰੀ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇਗਾ ਪਰ ਫਿਰ ਰੈਗੂਲਰ ਦਾ ਨੋਟੀਫ਼ਿਕੇਸ਼ਨ ਕਰਨ ਸਮੇਂ ਅਦਾਲਤ ਦੀਆ ਕੀਤੀਆਂ ਟਿੱਪਣੀਆਂ ਨੂੰ ਦਰਕਿਨਾਰ ਕਰਦੇ ਹੋਏ ਫੈਸਲੇ ਨੂੰ ਤੋੜ ਮਰੋੜ ਕੇ ਕੀਤਾ ਗਿਆ ਜੋ ਕਿ ਅੱਜ ਤੱਕ ਲਾਗੂ ਨਹੀਂ ਹੋਇਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ, ਜਨਰਲ ਸਕੱਤਰ ਸੁਰਿੰਦਰ ਕੰਬੋਜ, ਪ੍ਰੈਸ ਸਕੱਤਰ ਐਨ.ਡੀ.ਤਿਵਾੜੀ, ਵਿੱਤ ਸਕੱਤਰ ਸੋਮ ਸਿੰਘ, ਸੀਨੀਅਰ ਮੀਤ ਪ੍ਰਧਾਨ ਪਰਗਟ ਸਿੰਘ ਜੰਬਰ, ਕੰਵਲਜੀਤ ਸੰਗੋਵਾਲ, ਜਤਿੰਦਰ ਸਿੰਘ ਸੋਨੀ, ਗੁਰਜੀਤ ਸਿੰਘ ਮੋਹਾਲੀ, ਸੁੱਚਾ ਸਿੰਘ ਚਾਹਲ, ਲਾਲ ਚੰਦ, ਗੁਰਮੀਤ ਸਿੰਘ ਖਾਲਸਾ ਆਦਿ ਆਗੂਆਂ ਨੇ ਕਿਹਾ ਕਿ ਦਫ਼ਤਰੀ ਮੁਲਾਜ਼ਮ 01-04-2018 ਤੋਂ ਰੈਗੂਲਰ ਆਰਡਰ ਦੇਣ ਦੀ ਮੰਗ, ਤਨਖਾਹਾਂ ਨਾ ਘਟਾਉਣ ਦੀ ਮੰਗ ਅਤੇ ਮਿਡ ਡੇ ਮੀਲ ਦਫ਼ਤਰੀ ਮੁਲਾਜ਼ਮਾਂ ਨੂੰ ਵੀ ਨਾਲ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ 17 ਫਰਵਰੀ ਨੂੰ ਸਮੂਹਿਕ ਛੁੱਟੀ ਲੈ ਕੇ ਸਿੱਖਿਆ ਭਵਨ ਮੋਹਾਲੀ ਤੇ ਡੀ.ਪੀ.ਆਈ ਦਫਤਰ ਦਾ ਘਿਰਾਓ ਕਰ ਰਹੇ ਹਨ ਅਤੇ ਮੰਗਾਂ ਤੇ ਠੋਸ ਕਾਰਵਾਈ ਨਾ ਹੋਣ ਦੀ ਸੂਰਤ ਵਿਚ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵੱਲ ਮਾਰਚ ਕਰ ਰਹੇ ਹਨ ।



## 12 ਦੀ ਹੜਤਾਲ ਸੰਬੰਧੀ ਐੱਸ ਕੇ ਐੱਮ ਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੱਟੀ)**- ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਮਜ਼ਦੂਰ ਜਥੇਬੰਦੀਆਂ ਦੀ ਇੱਕ ਅਹਿਮ ਮੀਟਿੰਗ ਜੈਮਲ ਸਿੰਘ ਭੜੀ ਦੀ ਪ੍ਰਧਾਨਗੀ ਹੇਠ ਪੈਨਸ਼ਨਰੀ ਭਵਨ ਵਿਖੇ ਹੋਈ। ਮੀਟਿੰਗ ਵਿੱਚ 12 ਫਰਵਰੀ ਨੂੰ ਭਾਰਤ ਦੀਆਂ ਟਰੇਡ ਯੂਨੀਅਨਾਂ ਵੱਲੋਂ ਮਜ਼ਦੂਰ, ਮੁਲਾਜ਼ਮ,ਕਿਸਾਨ ਵਿਰੋਧੀ ਫੈਸਲਿਆਂ ਖਿਲਾਫ ਮੁਕੰਮਲ ਹੜਤਾਲ ਕੀਤੀ ਜਾ ਰਹੀ ਹੈ ਜਿਸ ਨੂੰ ਕਾਮਯਾਬ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਭਾਰਤ ਡੱਟ ਕੇ ਹਮਾਇਤ ਕਰ ਰਿਹਾ ਹੈ। ਹੜਤਾਲ ਦੀਆਂ ਪ੍ਰਮੁੱਖ ਮੰਗਾਂ ਵਿੱਚ ਚਾਰ ਲੇਬਰ ਕੋਡ ਰੱਦ ਕਰਕੇ ਮਜ਼ਦੂਰ ਪੱਖੀ ਕਾਨੂੰਨ ਲਾਗੂ ਕੀਤੇ ਜਾਣ,ਨਿੱਜੀਕਰਨ ਬੰਦ ਕੀਤਾ ਜਾਵੇ, ਅਮਰੀਕਾ ਨਾਲ ਕੀਤਾ ਗਿਆ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ,ਘੱਟੋ ਘੱਟ ਉਜਰਤ 26 ਹਜ਼ਾਰ ਰੁਪਏ ਦਿੱਤੀ ਜਾਵੇ,ਘੱਟੋ ਘੱਟ ਪੈਨਸ਼ਨ ਸਭ ਲਈ 10 ਹਜ਼ਾਰ ਰੁਪਏ ਕੀਤੀ ਜਾਵੇ, ਵੀ ਬੀ ਜੀ ਰਾਮ ਜੀ ਰੱਦ ਕਰਕੇ ਮਗਨਰੇਗਾ ਨੂੰ ਲਾਗੂ ਕੀਤਾ ਜਾਵੇ,ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮਾਫ ਕੀਤੇ ਜਾਣ,ਸਾਰੀਆਂ ਫਸਲਾਂ ਤੇ ਐੱਮ ਐੱਸ ਪੀ ਦਿੱਤਾ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਖਾਲੀ ਅਸਾਮੀਆਂ ਤੇ ਪੱਕੀ ਭਰਤੀ ਕੀਤੀ ਜਾਵੇ ਆਦਿ ਹਨ। ਮੀਟਿੰਗ ਵਿੱਚ ਹੜਤਾਲ ਦੇ ਪ੍ਰੋਗਰਾਮ ਤੈਅ ਕਰਕੇ ਇਹਨਾਂ ਨੂੰ ਕਾਮਯਾਬ ਕਰਨ ਲਈ ਆਮ ਲੋਕਾਂ ਨਾਲ ਸੰਪਰਕ ਕਰਨ ਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਗਈ। ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ 12 ਫਰਵਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਤਹਿਸੀਲ ਦੇ ਮਜ਼ਦੂਰ ਕਿਸਾਨ ਅਤੇ ਹੋਰ ਯੂਨੀਅਨਾਂ 11 ਵਜੇ ਬੱਸ ਸਟੈਂਡ ਵਿਖੇ ਇਕੱਤਰ ਹੋਣਗੀਆਂ।ਮੀਟਿੰਗ ਵਿੱਚ ਕਾਮਰੇਡ ਸੁਰਜੀਤ ਸਿੰਘ ਢੇਰ,ਕਾਮਰੇਡ ਗੁਰਨਾਮ ਸਿੰਘ ਔਲਖ, ਦਰਸ਼ਨ ਸਿੰਘ ਬੜਵਾ, ਰਾਮ ਪਾਲ ਤਾਰਾਪੁਰ,ਵੀਰ ਸਿੰਘ ਅਤੇ ਕਮਲ ਕ੍ਰਿਸ਼ਨ ਆਗੂ ਆਦਿ ਹਾਜ਼ਰ ਸਨ।



## ਦਿਹਾਤੀ ਮਜ਼ਦੂਰ ਸਭਾ 8 ਅਪ੍ਰੈਲ ਨੂੰ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਕਰੇਗੀ : ਨਾਹਰ

**ਜਲੰਧਰ (ਰਾਜੇਸ਼ ਥਾਪਾ)**- ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਜਲੰਧਰ ਵਿਖੇ ਹੋਈ। ਮੀਟਿੰਗ ਦੇ ਫੈਸਲੇ ਨੂੰ ਪ੍ਰੈੱਸ ਲਈ ਜਾਰੀ ਕਰਦਿਆਂ ਸੂਬਾ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ ਤੇ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਬਟਾਲਾ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਥੋਪਣਾ, ਪ੍ਰਸਤਾਵਤ ਬਿਜਲੀ ਸੋਧ ਬਿੱਲ 2025 ਲਿਆਉਣ,ਕਿਰਤ ਕਾਨੂੰਨਾਂ ਵਿੱਚ ਸੋਧਾਂ ਕਰਕੇ ਚਾਰ ਕੋਡ ਬਣਾਉਣ, ਪਬਲਿਕ ਸੈਕਟਰ ਦੇ ਅਦਾਰਿਆਂ ਦਾ ਨਿੱਜੀਕਰਨ ਵਿਰੁੱਧ ਅਤੇ ਹੱਕੀ ਤੇ ਜਾਇਜ਼ ਮੰਗਾਂ ਬੁਢਾਪਾ, ਵਿਧਵਾ ਅਤੇ ਅੰਗਹੀਣ ਪੈਨਸ਼ਨਾਂ ਪੰਜ ਹਜ਼ਾਰ ਰੁਪਏ ਕਰਨ, ਔਰਤਾਂ ਲਈ ਐਲਾਨ ਕੀਤਾ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ,ਬੇਘਰਿਆਂ ਨੂੰ 10 -10 ਮਰਲੇ ਦੇ ਪਲਾਟ ਤੇ ਮਕਾਨ ਬਣਾਉਣ ਲਈ 5 ਲੱਖ ਰੁਪਏ ਦੀ ਗਰਾਂਟ ਦੇਣ, ਮਜ਼ਦੂਰਾਂ ਸਿਰ ਚੜ੍ਹਿਆ ਸਰਕਾਰੀ ਤੇ ਗੈਰ ਸਰਕਾਰੀ ਕਰਜ਼ਾ ਮੁਆਫ ਕਰਨ,ਜਨਤਕ ਵੰਡ ਪ੍ਰਣਾਲੀ ਰਾਹੀਂ ਸਰਕਾਰੀ ਡਿਪੂਆਂ ਤੋਂ ਜ਼ਰੂਰੀ ਵਸਤਾਂ ਸਸਤੇ ਭਾਅ ਤੇ ਮੁਹੱਈਆ ਕਰਵਾਉਣ ਅਤੇ ਲੋੜਵੰਦਾਂ ਦੇ ਕੱਟੇ ਰਾਸ਼ਨ ਕਾਰਡ ਬਹਾਲ ਕੀਤੇ, ਪੀਣ ਵਾਲੇ ਸਾਫ ਸੁਥਰੇ ਪਾਣੀ ਦਾ ਪ੍ਰਬੰਧ ਕਰਨ, ਸੰਘਰਸ਼ਾਂ ਦੌਰਾਨ ਮਜ਼ਦੂਰਾਂ ਕਿਸਾਨਾਂ ਤੇ ਬਣਾਏ ਸਾਰੇ ਕੇਸ ਖਤਮ ਕਰਨ, ਭੂਮੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਜ਼ਮੀਨ ਬੇਜ਼ਮੀਨੇ ਕਿਰਤੀਆਂ ਵਿੱਚ ਵੰਡਣ ,ਪੰਚਾਇਤੀ ਜ਼ਮੀਨ ਵਿਚੋਂ ਤੀਸਰਾ ਹਿੱਸਾ ਸਮੁੱਚੇ ਐੱਸ ਸੀ ਭਾਈਚਾਰੇ ਨੂੰ ਘੱਟ ਰੇਟ ਤੇ ਦੇਣਾ ਯਕੀਨੀ ਬਣਾਉਣ ਆਦਿ ਦੀ ਪ੍ਰਾਪਤੀ ਲਈ 8 ਅਪ੍ਰੈਲ ਜਲੰਧਰ ਵਿੱਚ ਸੂਬਾ ਪੱਧਰੀ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਜਿਸ ਦੀ ਤਿਆਰੀ ਲਈ 13 ਫਰਵਰੀ ਤੋਂ 10 ਮਾਰਚ ਤੱਕ ਜ਼ਿਲਿਆਂ ਵਿਚ ਜਨਰਲ ਬਾਡੀ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ 26 ਮਾਰਚ ਤੋਂ 31 ਮਾਰਚ ਤੱਕ ਸਮੁੱਚੇ ਪੰਜਾਬ ਅੰਦਰ ਜਥਾ ਮਾਰਚ ਕਰਕੇ ਸੂਬਾਈ ਰੈਲੀ ਦੀ ਤਿਆਰੀਆਂ ਕਰਨ ਲਈ ਮੁਹਿੰਮ ਤੇਜ਼ ਕਰਨ ਦਾ ਸੱਦਾ ਦਿੱਤਾ ਗਿਆ ਅਤੇ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਦਿਹਾਤੀ ਮਜ਼ਦੂਰ ਸਭਾ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ।ਇੱਕ ਮਤੇ ਰਾਹੀਂ ਫਰੀਦਕੋਟ ਦੇ ਨੇੜਲੇ ਪਿੰਡ ਲਹਿਰਾ ਸੋਧਾ ਦੇ ਦਲਿਤ ਪਰਵਾਰ ਦੇ ਨੌਜਵਾਨ ਗੋਰਾ ਸਿੰਘ ਦੀ ਖੇਤ 'ਚ ਗੰਨਾ ਪੁੱਟਣ ਕਰਕੇ ਖੇਤ ਮਾਲਕ ਵੱਲੋਂ ਕੀਤੀ ਕੁੱਟਮਾਰ ਕਰਨ ਹੋਈ ਦੁਖਦਾਈ ਮੌਤ ਤੇ ਅਫ਼ਸੋਸ ਪ੍ਰਗਟ ਕਰਦੇ ਹੋਏ ਦੋਸ਼ੀ ਖਿਲਾਫ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਅਤੇ ਕਿਸਾਨਾਂ ਉਪਰ ਕੀਤੇ ਲਾਠੀਚਾਰਜ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ।ਮੀਟਿੰਗ ਦੇ ਆਰੰਭ ਵਿੱਚ ਪਿਛਲੇ ਦਿਨੀਂ ਵਿਛੋੜਾ ਦੇ ਸਾਥੀ ਪ੍ਰਿੰਸੀਪਲ ਪਿਆਰਾ ਸਿੰਘ ਹੁਸ਼ਿਆਰਪੁਰ, ਸਾਥੀ ਜਸਪਾਲ ਸਿੰਘ ਢਿੱਲੋਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।



## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ



**ਦਸੂਹਾ (ਕਰਨੈਲ ਮਾਂਗਟ)**- [illegible] ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਦਸੂਹਾ ਵੱਲੋਂ ਬਲਾਕ ਪ੍ਰਧਾਨ ਜਸਵੀਰ ਕੌਰ ਪੰਧੇਰ ਦੀ ਅਗਵਾਈ ਹੇਠ ਬਲਾਕ ਪੱਧਰ ਤੇ ਰੋਸ ਪ੍ਰਦਰਸ਼ਨ ਕੀਤਾ ਤੇ ਪੇਸ਼ ਕੀਤੇ ਬਜਟ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਸੰਬੰਧੀ ਪ੍ਰਧਾਨ ਜਸਵੀਰ ਕੌਰ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਬਜਟ ਪੇਸ਼ ਕਰਨ ਸਮੇਂ ਆਗਣਵਾੜੀ ਵਰਕਰਾਂ /ਹੈਲਪਰਾਂ ਨੂੰ ਅਣਗੌਲਿਆ ਕੀਤਾ ਤੇ ਵਰਕਰਾਂ/ ਹੈਲਪਰਾਂ ਦੇ ਮਾਣ ਭੱਤੇ ਵਿੱਚ ਕੋਈ ਵੀ ਵਾਧਾ ਨਹੀਂ ਕੀਤਾ ਗਿਆ। ਇਸ ਲਈ ਵਰਕਰਾਂ/ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਗਿਆ । ਉਨ੍ਹਾਂ ਕਿਹਾ ਕਿ 2 ਅਕਤੂਬਰ 2025 ਨੂੰ ਆਈ ਸੀ ਡੀ ਐੱਸ ਸਕੀਮ ਚਲਦੀ ਨੂੰ ਪੂਰੇ 50 ਸਾਲ ਹੋ ਗਏ ਹਨ ਪਰ ਵਰਕਰਾਂ/ਹੈਲਪਰਾਂ ਨੂੰ ਅਜੇ ਵੀ ਕੇਂਦਰ ਸਰਕਾਰ ਵੱਲੋਂ ਦਿੱਤੇ ਜਾਂਦੇ ਵਰਕਰਾਂ ਨੂੰ 4500 ਰੁਪਏ ਤੇ ਹੈਲਪਰਾਂ ਨੂੰ 2250 ਰੁਪਏ ਮਾਣ ਭੱਤੇ ਤੇ ਹੀ ਕੰਮ ਕਰ ਰਹੀਆਂ ਹਨ। ਜਿਸਦੇ ਬਦਲੇ ਵਿੱਚ ਸੈਂਟਰ ਸਰਕਾਰ ਵਰਕਰਾਂ / ਹੈਲਪਰਾਂ ਵੱਲੋਂ ਪੋਸ਼ਣ ਟਰੈਕਰ ਤੇ ਬਹੁਤ ਜਿਆਦਾ ਕੰਮ ਕਰਵਾ ਰਹੀ ਹੈ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਸਾਨੂੰ ਗ੍ਰੇਡ ਦੇਵੇ ਅਤੇ ਸਾਨੂੰ ਪੱਕਾ ਕੀਤਾ ਜਾਵੇ। ਇਸ ਮੌਕੇ ਤੇ ਨਰਿੰਦਰ ਕੌਰ, ਪਰਵਿੰਦਰ ਕੌਰ, ਕੁਲਵੰਤ ਕੌਰ, ਹਰਜੀਤ ਕੌਰ, ਜਸਵੀਰ ਕੌਰ, ਸਰੂਪ ਕੌਰ, ਸੈਰੀ ਸਰਮਾਂ, ਅਮਨਦੀਪ ਕੌਰ, ਲਖਵਿੰਦਰ ਕੌਰ ਆਦਿ ਹਾਜਰ ਸਨ।

## ਬਾਜਵਾ ਦੀ ਟਿੱਪਣੀ ਪੂਰੇ ਦਲਿਤ ਭਾਈਚਾਰੇ ਦਾ ਅਪਮਾਨ : ਚੀਮਾ

ਚੰਡੀਗੜ੍ਹ, (ਗੁਰਜੀਤ ਬਿੱਲਾ)- ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਬਾਰੇ ਕੀਤੀ ਗਈ ਮੰਦਭਾਗੀ ਤੇ ਆਪੱਤੀਜਨਕ ਟਿੱਪਣੀ ਦੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚਕ ਅਤੇ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸਾਂਝੇ ਤੌਰ 'ਤੇ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਤਿੰਨਾਂ ਆਗੂਆਂ ਨੇ ਕਾਂਗਰਸ ਪਾਰਟੀ ਨੂੰ ਦਲਿਤ-ਵਿਰੋਧੀ ਮਾਨਸਿਕਤਾ ਵਾਲੀ ਪਾਰਟੀ ਕਰਾਰ ਦਿੰਦਿਆਂ ਬਾਜਵਾ ਅਤੇ ਕਾਂਗਰਸ ਨੂੰ 24 ਘੰਟਿਆਂ ਦੇ ਅੰਦਰ-ਅੰਦਰ ਮੁਆਫ਼ੀ ਮੰਗਣ ਦੀ ਸਖ਼ਤ ਤਾੜਨਾ ਕੀਤੀ ਹੈ, ਨਹੀਂ ਤਾਂ ਸਖ਼ਤ ਕਾਨੂੰਨੀ ਤੇ ਰਾਜਨੀਤਿਕ ਐਕਸ਼ਨ ਦੀ ਚਿਤਾਵਨੀ ਦਿੱਤੀ ਹੈ।

## ਇਨੋਸੈਂਟ ਹਾਰਟਸ ਲੋਹਾਰਾਂ ਤੇ ਨੂਰਪੁਰ ਕੈਂਪਸ 'ਚ ਵਿਦਾਇਗੀ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲਾਂ, ਲੋਹਾਰਾਂ ਅਤੇ ਨੂਰਪੁਰ ਕੈਂਪਸ ਵਿੱਚ ਜਮਾਤ 12 ਦੇ ਵਿਦਿਆਰਥੀਆਂ ਲਈ ਹਾਸਤਾ ਲਾ ਵਿਸਤਾ ਇੱਕ ਸ਼ਾਨਦਾਰ ਤੇ ਭਾਵਨਾਤਮਕ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਹ ਸਮਾਰੋਹ ਵਿਦਿਆਰਥੀਆਂ ਦੀ ਮਹੱਤਵਪੂਰਨ ਅਕਾਦਮਿਕ ਯਾਤਰਾ ਦੇ ਸਮਾਪਨ ਦਾ ਪ੍ਰਤੀਕ ਸੀ, ਜਿਸ ਵਿੱਚ ਗੌਰਵ, ਯਾਦਾਂ ਅਤੇ ਉਤਸਵ ਦਾ ਸੁੰਦਰ ਮਿਲਾਪ ਵੇਖਣ ਨੂੰ ਮਿਲਿਆ। ਇਸ ਸਮਾਰੋਹ ਦੀ ਸ਼ੋਭਾ ਮਾਣਯੋਗ ਮਹਿਮਾਨਾਂ ਦੀ ਹਾਜ਼ਰੀ ਨਾਲ ਵਧੀ, ਜਿਨ੍ਹਾਂ ਵਿੱਚ ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ, ਕਲਚਰਲ ਅਫੇਅਰਸ), ਰਾਹੁਲ ਜੈਨ (ਡਿਪਟੀ ਡਾਇਰੈਕਟਰ, ਸਕੂਲ ਅਤੇ ਕਾਲਜ), ਹਰਲੀਨ ਗੁਲੇਰੀਆ (ਟਰੱਸਟੀ, ਬੋਰਡ ਆਫ ਮੈਂਬਰਜ਼ ਅਤੇ ਇੰਚਾਰਜ, ਪ੍ਰਾਈਮਰੀ ਵਿੰਗ), ਮੀਨਾਕਸ਼ੀ ਸ਼ਰਮਾ (ਡਾਇਰੈਕਟਰ, ਨੂਰਪੁਰ), ਜਸਮੀਤ ਬਖ਼ਸ਼ੀ (ਪ੍ਰਿੰਸੀਪਲ, ਨੂਰਪੁਰ), ਮਿਸ ਸ਼ੈਲੂ ਸਹਿਗਲ (ਪ੍ਰਿੰਸੀਪਲ, ਲੋਹਾਰਾਂ) ਤੇ ਮਿਸਟਰ ਨਵੀਨ ਧਵਨ (ਵਾਈਸ ਪ੍ਰਿੰਸੀਪਲ) ਸ਼ਾਮਲ ਸਨ। ਇਨ੍ਹਾਂ ਸਭ ਨੇ ਵਿਦਿਆਰਥੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦੇ ਕੇ ਇਮਾਨਦਾਰੀ, ਆਤਮ-ਵਿਸ਼ਵਾਸ ਅਤੇ ਉਤਕ੍ਰਿਸ਼ਟਤਾ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਮਨਮੋਹਕ ਸੱਭਿਆਚਾਰਕ ਪ੍ਰਸਤੁਤੀਆਂ ਤੇ ਇੱਕ ਸ਼ਕਤੀਸ਼ਾਲੀ ਮਾਡਲਿੰਗ ਰਾਊਂਡ ਪੇਸ਼ ਕੀਤਾ ਗਿਆ, ਜਿਸ ਦੀ ਜਜਮੈਂਟ ਮਿਸ ਜਸਦੀਪ ਕੌਰ, ਹਰਿਸ਼ ਕੁਮਾਰ ਵਰਮਾ, ਡਾ. ਆਸਥਾ ਬੋਰੀ ਅਤੇ ਮਿਸ ਪਾਹੁਲ ਵੱਲੋਂ ਕੀਤੀ ਗਈ। ਲੋਹਾਰਾਂ ਕੈਂਪਸ ਵਿੱਚ ਪ੍ਰਣਵ ਅਤੇ ਸਰਗੁਨ ਨੂੰ ਮਿਸਟਰ ਅਤੇ ਮਿਸ ਇੰਨੋਸੈਂਟ ਦੇ ਖਿਤਾਬ ਨਾਲ ਨਿਵਾਜਿਆ ਗਿਆ, ਜਦਕਿ ਨੂਰਪੁਰ ਕੈਂਪਸ ਵਿੱਚ ਵਿਵੇਕ ਜੁਗਜਾਲੀ (ਮਿਸਟਰ ਇੰਨੋਸੈਂਟ) ਅਤੇ ਨਵਲੀਨ ਕੌਰ (ਮਿਸ ਇੰਨੋਸੈਂਟ) ਨੂੰ ਇਹ ਸਨਮਾਨ ਪ੍ਰਾਪਤ ਹੋਇਆ। ਇਸ ਤੋਂ ਇਲਾਵਾ ਅਨੁਸ਼ਾਸਨ, ਉਤਕ੍ਰਿਸ਼ਟਤਾ, ਸ਼ਖ਼ਸੀਅਤ ਅਤੇ ਲਗਨ ਲਈ ਕਈ ਹੋਰ ਵਿਸ਼ੇਸ਼ ਇਨਾਮ ਵੀ ਦਿੱਤੇ ਗਏ।



## ਸੰਤ ਬਾਬਾ ਉਦੈ ਸਿੰਘ ਦੀ ਸਾਲਾਨਾ ਬਰਸੀ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੌਜੋਮਜਾਰਾ ਗੁਰਦੁਆਰਾ ਹਰਿਫੁੱਲਵਾੜੀ ਡੱਬਰੀ ਸਾਹਿਬ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਉਦੈ ਸਿੰਘ ਦੀ ਸਲਾਨਾ 73ਵੀਂ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜ਼ਿੰਦਾ ਸ਼ਹੀਦ ਜਥੇਦਾਰ ਬਾਬਾ ਨਿਹਾਲ ਸਿੰਘ ਜੀ ਮਿਸ਼ਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਸੇਵਾਦਾਰ ਦੁੱਖ ਭੰਜਨ ਸਿੰਘ ਹਾਰਟਾ, ਜਸਵਿੰਦਰ ਸਿੰਘ ਮੁੱਖਲਿਆਣਾ, ਭਾਗ ਸਿੰਘ ਹਾਰਟਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਬਰਸੀ ਸਮਾਗਮ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਜਿੰਦਾ ਸ਼ਹੀਦ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਭਾਈ ਅਵਤਾਰ ਸਿੰਘ ਮੋਮੀ ਕਵੀਸ਼ਰੀ ਜੱਥਾ, ਭਾਈ ਮੇਜਰ ਸਿੰਘ ਖਾਲਸਾ ਸੁਲਤਾਨਪੁਰ ਲੋਧੀ ਢਾਡੀ ਜੱਥਾ, ਬਾਬਾ ਕੁਲਦੀਪ ਸਿੰਘ ਮਜਾਰੀ ਆਦਿ ਗੁਰਬਾਣੀ, ਗੁਰਇਤਿਹਾਸ, ਕਥਾ ਕੀਰਤਨ, ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰੀ। ਪ੍ਰਬੰਧਕਾਂ ਵੱਲੋਂ ਆਏ ਰਾਗੀ ਜੱਥੇ, ਪ੍ਰਮੁੱਖ ਸ਼ਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਸੰਤ ਬਾਬਾ ਉਦੈ ਸਿੰਘ ਦੀ ਸਲਾਨਾ 73ਵੀਂ ਬਰਸੀ ਮੌਕੇ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ। ਇਸ ਮੌਕੇ ਸੇਵਾਦਾਰ ਦੁੱਖ ਭੰਜਨ ਸਿੰਘ ਹਾਰਟਾ, ਭਾਗ ਸਿੰਘ ਹਾਰਟਾ, ਜਸਵਿੰਦਰ ਸਿੰਘ ਮੁੱਖਲਿਆਣਾ, ਪਰਮਜੀਤ ਸਿੰਘ, ਅਵਤਾਰ ਸਿੰਘ, ਤੀਰਥ ਸਿੰਘ, ਜੋਰਾਵਰ ਸਿੰਘ ਗ੍ਰੰਥੀ, ਲੰਬੜਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਸਰਪੰਚ ਰਣਜਿੰਦਰ ਸਿੰਘ ਮੌਜੋਮਜਾਰਾ, ਸਿਮਰਨਜੀਤ ਸਿੰਘ ਅਮਰੀਕਾ, ਜਸਵਿੰਦਰ ਸਿੰਘ ਲੱਕੀ ਦਿਹਾਣਾ, ਜਸਪ੍ਰੀਤ ਸਿੰਘ ਅਮਰੀਕਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਪ੍ਰਕਾਸ਼ ਪੁਰਬ 'ਚ ਸ਼ਾਮਲ ਹੋਣ ਲਈ ਸਾਈ ਗੀਤਾ ਸ਼ਾਹ ਕਾਦਰੀ ਨੂੰ ਦਿੱਤਾ ਸੱਦਾ ਪੱਤਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੋਸਾਇਟੀ ਪੰਜਾਬ ਦੇ ਅਹੁਦੇਦਾਰਾਂ ਵੱਲੋਂ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 13 ਫਰਵਰੀ ਨੂੰ ਮਨਾਏ ਜਾ ਰਹੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੇ ਪਵਿੱਤਰ ਦਿਹਾੜੇ ਸਬੰਧੀ ਤਿਆਰੀਆਂ ਜ਼ੋਰਾਂ-ਸ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਸਬੰਧੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੋੜੇ ਤੇ ਸੁਸਾਇਟੀ ਦੇ ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ ਵੱਲੋਂ ਸਾਈ ਗੀਤਾ ਸ਼ਾਹ ਕਾਦਰੀ ਨਾਲ ਇਕ ਵਿਸ਼ੇਸ਼ ਮੁਲਾਕਾਤ ਕੀਤੀ ਗਈ ਤੇ ਉਨ੍ਹਾਂ ਨੂੰ ਇਸ ਇਤਿਹਾਸਕ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਸੱਦਾ ਪੱਤਰ ਭੇਟ ਕੀਤਾ ਗਿਆ। ਉਹਨਾ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਕਰਵਾਏ ਜਾ ਰਹੇ ਪ੍ਰਕਾਸ਼ ਪੁਰਬ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਰਧਾ ਅਤੇ ਉਤਸ਼ਾਹ ਨਾਲ ਹਿੱਸਾ ਲੈਣਗੀਆਂ। ਸਾਈ ਗੀਤਾ ਸ਼ਾਹ ਨੇ ਸੱਦਾ ਪੱਤਰ ਸਵੀਕਾਰ ਕਰਦਿਆਂ ਸਮੂਹ ਪ੍ਰਬੰਧਕਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਇਸ ਮੌਕੇ ਬਿਲਡਿੰਗ ਇੰਚਾਰਜ ਭੈਣ ਸੰਤੋਸ਼ ਕੁਮਾਰੀ ਜੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਇਤਿਹਾਸਕ ਦਿਹਾੜੇ 'ਤੇ ਵੱਡੀ ਗਿਣਤੀ ਵਿੱਚ ਸ੍ਰੀ ਗੁਰੂ ਰਵਿਦਾਸ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ।

## ਕੈਬਨਿਟ ਮੰਤਰੀ ਨੇ ਮਾਪਿਆਂ ਦੀ ਵਰਕਸ਼ਾਪ 'ਚ ਕੀਤੀ ਸ਼ਿਰਕਤ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਧਾਮੀਆਂ ਕਲਾਂ ਵਿਖੇ ਆਯੋਜਿਤ ਮਾਪਿਆਂ ਦੀ ਵਰਕਸ਼ਾਪ ਵਿੱਚ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਅਸਲ ਅਤੇ ਸਥਾਈ ਤਬਦੀਲੀ ਤਾਂ ਹੀ ਸੰਭਵ ਹੈ ਜਦੋਂ ਸਰਕਾਰ, ਅਧਿਆਪਕ ਅਤੇ ਮਾਪੇ ਮਿਲ ਕੇ ਕੰਮ ਕਰਨ। ਪੰਜਾਬ ਸਰਕਾਰ ਸਿੱਖਿਆ ਨੂੰ ਨਵੀਂ ਦਿਸ਼ਾ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰ ਰਹੀ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਨੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ ਲਈ ਸਮਾਰਟ ਕਲਾਸਰੂਮ, ਆਧੁਨਿਕ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ, ਖੇਡ ਸਹੂਲਤਾਂ ਅਤੇ ਸਕੂਲਾਂ ਵਿੱਚ ਸਿਖਲਾਈ ਪ੍ਰਾਪਤ ਅਧਿਆਪਕਾਂ ਦੀ ਨਿਯੁਕਤੀ ਸਮੇਤ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਨਾਲ ਨਿਯਮਤ ਸੰਪਰਕ ਬਣਾਈ ਰੱਖਣ।ਇਸ ਮੌਕੇ ਸੰਜੀਵ ਕੁਮਾਰ ਸਰਪੰਚ ਧਾਮੀਆਂ ਕਲਾਂ, ਭੁਪਿੰਦਰਪਾਲ ਸਿੰਘ, ਕੈਪਟਨ ਗੁਰਦੀਪ ਸਿੰਘ, ਮਾਸਟਰ ਅਮਰਜੀਤ ਸਿੰਘ ਧਾਮੀ, ਸੋਨੀਆ, ਓਂਕਾਰ ਸਿੰਘ ਸੂਸ, ਓਮ ਪ੍ਰਕਾਸ਼, ਸੁਖਵਿੰਦਰ ਸਿੰਘ ਸਹੋਤਾ, ਸੁਖਦੇਵ ਕੁਮਾਰ, ਗੁਰਪ੍ਰੀਤ, ਜਤਿੰਦਰ ਕੁਮਾਰ, ਦੇਸ ਰਾਜ ਵਿਰਦੀ, ਨਰੇਸ਼ ਕੁਮਾਰ, ਸੁਰਿੰਦਰ ਕੌਰ, ਬਲਜੀਤ, ਪਰਮਜੀਤ, ਪਰਮਜੀਤ, ਕੰਵਰ ਸਿੰਘ, ਪਰਮਜੀਤ ਕੌਰ ਸਹੋਤਾ, ਸਾਇਨਾ, ਕੁਲਵਿੰਦਰ ਕੌਰ, ਗੁਰਵਿੰਦਰ ਕੌਰ ਅਤੇ ਬਲਜੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਮਾਪੇ ਅਤੇ ਪਤਵੰਤੇ ਹਾਜ਼ਰ ਸਨ।

## ਅਕਾਲੀ ਸਿਆਸਤ 'ਚ ਨਵੀਂ ਰੂਹ ਫੂਕਣਗੇ ਪੰਜ ਸਿੰਘ ਸਾਹਿਬਾਨ ਦੇ ਫੈਸਲੇ : ਪੀਰ ਮੁਹੰਮਦ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਤੇ ਪੰਥਕ ਆਗੂ ਕਰਨੈਲ ਸਿੰਘ ਪੀਰਮੁਹੰਮਦ ਨੇ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤਾਂ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਅਕਾਲੀ ਦਲ ਦੇ ਅੰਦਰ ਚੱਲ ਰਹੀ ਹਲਚਲ ਮਹਿਜ਼ ਧੜੇਬੰਦੀ ਨਹੀਂ, ਸਗੋਂ ਪਾਰਟੀ ਦੇ ਪੁਨਰ-ਗਠਨ ਦਾ ਇੱਕ ਅਹਿਮ ਪੜਾਅ ਹੈ। ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਨੇ ਜੇਲ੍ਹ ਤੋਂ ਬਾਹਰ ਆਉਂਦਿਆਂ ਹੀ ਜਿਸ ਤਰ੍ਹਾਂ 'ਅਕਾਲੀ ਏਕਤਾ' ਦਾ ਨਾਅਰਾ ਬੁਲੰਦ ਕੀਤਾ ਹੈ, ਉਸ ਨੇ ਨਿਰਾਸ਼ਾ ਵਿੱਚ ਬੈਠੇ ਵਰਕਰਾਂ ਨੂੰ ਮੁੜ ਜਥੇਬੰਦ ਹੋਣ ਦਾ ਸੁਨੇਹਾ ਦਿੱਤਾ ਹੈ। ਮਜੀਠੀਆ ਵੱਲੋਂ ਸਾਰੇ ਧੜਿਆਂ ਨੂੰ ਇਕੱਠਾ ਕਰਨ ਦੀ ਪਹਿਲਕਦਮੀ ਪਾਰਟੀ ਦੇ ਉੱਜਵਲ ਭਵਿੱਖ ਦੀ ਨੀਂਹ ਰੱਖੇਗੀ ਪਰ ਇਹ ਏਕਤਾ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਹੋਇਆ ਹੁਕਮਨਾਮੇ ਦੀ ਰੋਸ਼ਨੀ ਅਕਾਲੀ ਦਲ ਦੀ ਹੋਣੀ ਬਦਲ ਦੇਵੇਗਾ। ਸ੍ਰੀ ਪੀਰਮੁਹੰਮਦ ਨੇ ਕਿਹਾ ਕਿ ਇਹ ਹੁਕਮਨਾਮਾ ਸਿਰਫ਼ ਇੱਕ ਧਾਰਮਿਕ ਆਦੇਸ਼ ਨਹੀਂ ਸੀ ਸਗੋਂ ਇਹ ਉਨ੍ਹਾਂ ਸਾਰੀਆਂ ਸਿਆਸੀ ਉਲਝਣਾਂ ਦਾ ਜਵਾਬ ਸੀ ਜਿੰਨ੍ਹਾਂ ਕਾਰਨ ਅਕਾਲੀ ਦਲ ਅੱਜ ਸੰਕਟ ਵਿੱਚ ਹੈ। ਇਸ ਦੀ ਤਾਸੀਰ ਪਾਰਟੀ ਨੂੰ ਪਰਵਾਰਵਾਦ ਤੋਂ ਮੁਕਤ ਕਰਕੇ ਮੁੜ ਪੰਥਕ ਸਿਧਾਂਤਾਂ ਨਾਲ ਜੋੜੇਗੀ। ਉਨ੍ਹਾਂ ਕਿਹਾ ਕਿ ਜੋ ਪਾਰਟੀਆਂ (ਆਪ, ਕਾਂਗਰਸ ਤੇ ਭਾਜਪਾ) ਇਹ ਸੋਚ ਰਹੀਆਂ ਸਨ ਕਿ ਅਕਾਲੀ ਦਲ ਇਤਿਹਾਸ ਦਾ ਹਿੱਸਾ ਬਣ ਗਿਆ ਹੈ, ਉਨ੍ਹਾਂ ਨੂੰ ਅਕਾਲੀ ਦਲ ਦੀ ਲੀਡਰਸ਼ਿਪ ਏਕੇ ਰਾਹੀਂ ਸਪੱਸ਼ਟ ਤੌਰ ਤੇ ਜੁਆਬ ਦੇਵੇ।



## ਐੱਨ ਸੀ ਸੀ 'ਬੀ' ਸਰਟੀਫਿਕੇਟ ਪ੍ਰੈਕਟੀਕਲ ਪ੍ਰੀਖਿਆ ਕਰਵਾਈ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਨੇ ਆਪਣੇ ਕਾਲਜ ਦੇ ਮੈਦਾਨ ਵਿੱਚ ਐੱਨ ਸੀ ਸੀ 'ਬੀ' ਸਰਟੀਫਿਕੇਟ ਪ੍ਰੈਕਟੀਕਲ ਪ੍ਰੀਖਿਆ ਸਫਲਤਾਪੂਰਵਕ ਕਰਵਾਈ, ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਕੈਡਿਟਾਂ ਨੇ ਅਨੁਸ਼ਾਸਨ, ਹੁਨਰ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਪ੍ਰੈਸ ਨੂੰ ਜਾਰੀ ਆਪਣੇ ਬਿਆਨ ਵਿੱਚ ਦੱਸਿਆ ਕਿ 2 ਪੰਜਾਬ ਐਨ.ਸੀ.ਸੀ. ਬਟਾਲੀਅਨ, 8 ਪੰਜਾਬ ਐਨ.ਸੀ.ਸੀ. ਬਟਾਲੀਅਨ, ਅਤੇ 2 ਪੰਜਾਬ ਗਰਲਜ਼ ਐਨ.ਸੀ.ਸੀ. ਬਟਾਲੀਅਨ ਦੇ ਕੁੱਲ 594 ਕੈਡਿਟਾਂ ਨੇ, ਜੋ ਵੱਖ-ਵੱਖ ਕਾਲਜਾਂ ਤੋਂ ਆਏ ਸਨ, ਨੇ ਪ੍ਰੀਖਿਆ ਵਿੱਚ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਪ੍ਰੈਕਟੀਕਲ ਪ੍ਰੀਖਿਆ 150 ਅੰਕਾਂ ਦੀ ਸੀ। ਪ੍ਰੀਖਿਆ ਦੌਰਾਨ ਮੈਪ ਰੀਡਿੰਗ, ਫੀਲਡ ਕਰਾਫ਼ਟ ਅਤੇ ਬੈਟਲ ਕਰਾਫ਼ਟ, ਡ੍ਰਿਲ ਤੇ ਹਥਿਆਰ ਸਿਖਲਾਈ ਵਰਗੇ ਮੁੱਖ ਖੇਤਰਾਂ ਵਿੱਚ ਕੈਡਿਟਾਂ ਦਾ ਮੁਲਾਂਕਣ ਕੀਤਾ ਗਿਆ। ਇਹ ਪ੍ਰੀਖਿਆ 8 ਪੰਜਾਬ ਐੱਨ ਸੀ ਸੀ ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਅਜੈ ਲੂੰਬਾ ਦੀ ਅਗਵਾਈ ਹੇਠ ਕਰਵਾਈ ਗਈ, ਜਿਨ੍ਹਾਂ ਨੇ ਪ੍ਰੀਜ਼ਾਈਡਿੰਗ ਅਫਸਰ ਵਜੋਂ ਸੇਵਾ ਨਿਭਾਈ। ਲਾਇਲਪੁਰ ਖ਼ਾਲਸਾ ਕਾਲਜ ਦੇ ਐਸੋਸੀਏਟ ਐੱਨ.ਸੀ.ਸੀ. ਅਫਸਰ ਡਾ. ਕਰਨਬੀਰ ਸਿੰਘ ਅਤੇ ਦੋਆਬਾ ਕਾਲਜ ਦੇ ਲੈਫਟੀਨੈਂਟ ਰਾਹੁਲ ਭਾਰਦਵਾਜ ਪ੍ਰੀਖਿਆ ਬੋਰਡ ਦੇ ਮੈਂਬਰ ਸਨ। ਪ੍ਰੀਖਿਆ ਦੇ ਪ੍ਰਬੰਧ ਦੀ ਜ਼ਿੰਮੇਵਾਰੀ 2 ਪੰਜਾਬ ਐੱਨ ਸੀ ਸੀ ਦੇ ਸੂਬੇਦਾਰ ਮੇਜਰ ਗੁਲਜ਼ਾਰ ਸਿੰਘ ਦੁਆਰਾ ਨਿਭਾਈ ਗਈ।

## ਗੰਦਗੀ ਤੇ ਸੀਵਰੇਜ ਵਾਟਰ ਕੁਦਰਤੀ ਸਰੋਤਾਂ ਨੂੰ ਪਹੁੰਚਾ ਰਿਹਾ ਨੁਕਸਾਨ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਕੁਦਰਤੀ ਸਰੋਤਾਂ ਪ੍ਰਤੀ ਅਣਗਹਿਲੀਆਂ ਅਤੇ ਸਵਾਰਥੀ ਨੀਤੀਆਂ ਨੇ ਦੇਸ਼ ਅੰਦਰ ਲੋਕਾਂ ਦਾ ਜੀਵਨ ਤੇ ਆਰਥਿਕਤਾ ਲਈ ਅਨੇਕਾਂ ਬੀਮਾਰੀਆਂ ਵਿਚ ਖੜੀਆਂ ਕਰ ਦਿਤੀਆਂ ਹਨ।ਇਸ ਸਬੰਧ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਥਾਂ ਥਾਂ ਫੈਲੀ ਗੰਦਗੀ ਅਤੇ ਧਰਤੀ ਉਤੇ ਸੀਵਰੇਜ਼ ਵਾਟਰ ਦਾ ਖੁਲ੍ਹੇਆਮ ਜਮਾਂ ਹੋਣ ਅਤੇ ਉਸ ਤੋਂ ਨਿਕਲਣ ਵਾਲੇ ਨਤੀਜਿਆਂ ਨੂੰ ਇਕ ਗੰਭੀਰ ਸ਼ੂਗਰ ਦੀ ਬੀਮਾਰੀ ਦਸਿਆ ਕਿ ਤੇ ਇਸ ਪ੍ਰਤੀ ਸਰਕਾਰਾਂ ਦੇ ਅਵੇਸਲੇਪਨ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਸ਼ੂਗਰ ਮਨੁੱਖ ਨੂੰ ਖੋਖਲਾ ਕਰ ਦਿਤੀ ਹੈ ਤੇ ਉਸੇ ਤਰ੍ਹਾਂ ਗੰਦਗੀ ਅਤੇ ਸੀਵਰੇਜ ਵਾਟਰ ਤਰ੍ਹਾਂ ਤਰ੍ਹਾਂ ਦੀਆਂ ਬੀਮਾਰੀਆਂ ਵਿਚ ਜਕੜ ਚੁੱਕਾ ਹੈ ਤੇ ਦੇਸ਼ ਨੂੰ ਵਿਨਾਸ਼ਕਾਰੀ ਸਥਿਤੀ ਵੱਲ ਲਿਜਾ ਰਿਹਾ ਹੈ। ਧੀਮਾਨ ਨੇ ਕਿਹਾ ਕਿ ਗੰਦਗੀ ਤੇ ਥਾਂ ਥਾਂ ਖਿਲਰੀ ਪਲਾਸਟਿਕ,ਘਰਾਂ ਦਾ ਕੂੜਾ,ਉਸ ਦੇ ਲੱਗੇ ਢੇਰ ਅਤੇ ਸੀਵਰੇਜ਼ ਵਾਟਰ ਨਾਲ ਪਿੰਡਾਂ ਵਿਚ ਭਰੇ ਛੱਪੜ,ਨਾਲੇ ਅਤੇ ਸ਼ਹਿਰਾਂ ਅੰਦਰ ਫੈਲਿਆ ਗੰਦਗੀ ਦਾ ਸਾਮਰਾਜ ਤੇ ਚੋਆਂ ਵਿਚ ਸੁਟਿਆ ਜਾ ਰਿਹਾ ਸੀਵਰੇਜ਼ ਵਾਟਰ ਸਾਡੇ ਸਭ ਲਈ ਅਤੇ ਕੁਦਰਤੀ ਸਰੋਤਾਂ ਲਈ ਸੰਤਾਪ ਬਣ ਚੁੱਕਾ ਤੇ ਅਪਣਾ ਬੁਰਾ ਪ੍ਰਭਾਵ ਮਨੁੱਖੀ ਜੀਵਨ,ਜੀਵ ਜੰਤੂਆਂ,ਭੋਜਨ ਪਦਾਰਥਾਂ,ਸਾਹ ਲੈਣ ਵਾਲੀ ਹਵਾ,ਪੀਣ ਵਾਲੇ ਪਾਣੀ ਅਤੇ ਧਰਤੀ ਆਦਿ ਨੂੰ ਪਲੀਤ ਕਰ ਰਿਹਾ ਹੈ।



## ਨਾਨਕ ਚੰਦ ਰੱਤੂ ਦੇ ਜਨਮ ਦਿਨ 'ਤੇ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੁਆਰਾ ਬਣਾਈ ਗਈ ਪਾਰਟੀ ਰਿਪਬਲੀਕਨ ਪਾਰਟੀ ਆਫ ਇੰਡੀਆ ਵੱਲੋ ਪਿੰਡ ਸਕਰੂਲੀ ਅਤੇ ਇਲਾਕਾ ਨਿਵਾਸੀਆ ਦੇ ਸਹਿਯੋਗ ਨਾਲ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੈਕਟਰੀ ਰਹੇ ਨਾਨਕ ਚੰਦ ਰੱਤੂ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਪਿੰਡ ਸਕਰੂਲੀ ਨੇੜੇ ਮਾਹਿਲਪੁਰ ਜ਼ਿਲਾ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਇਸ ਮੌਕੇ ਅਮਰਜੀਤ ਸਿੰਘ ਧਨੌਲਾ ਰਾਸ਼ਟਰੀ ਪ੍ਰਧਾਨ, ਪ੍ਰੋਫੈਸਰ ਡਾਕਟਰ ਅਜੀਤ ਸਿੰਘ ਉੱਪ ਪ੍ਰਧਾਨ, ਡਾਕਟਰ ਦਵਿੰਦਰ ਗੁਗਲਾਨੀ ਪੰਜਾਬ ਪ੍ਰਧਾਨ, ਰਾਮ ਸਿੰਘ ਸੋਹਲ ਚੰਦਰਪੁਰ ਸਮੇਤ ਸਮਾਗਮ ਵਿੱਚ ਸ਼ਾਮਿਲ ਹੋਈਆਂ ਸਨਮਾਨਯੋਗ ਸ਼ਖਸ਼ੀਅਤਾਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਤੇ ਨਾਨਕ ਚੰਦ ਰੱਤੂ ਦੇ ਜੀਵਨ ਤੇ ਚਾਨਣਾ ਪਾਇਆ। ਬੁਲਾਰਿਆਂ ਨੇ ਕਿਹਾ ਕਿ ਨਾਨਕ ਚੰਦ ਰਤੂ ਨੇ ਹਮੇਸ਼ਾ ਹੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਦੀ ਸਿਹਤ ਦਾ ਖਿਆਲ ਰੱਖਦੇ ਹੋਏ ਬਾਬਾ ਸਾਹਿਬ ਵੱਲੋਂ ਲਿਖੀਆਂ ਲਿਖਤਾਂ ਨੂੰ ਟਾਈਪ ਮਸ਼ੀਨ ਰਾਹੀਂ ਟਾਈਪ ਕੀਤਾ ਤੇ 1956 ਵਿੱਚ ਬਾਬਾ ਸਾਹਿਬ ਦੇ ਮਹਾਂ ਪ੍ਰੀਨਿਰਵਾਣ ਤੋਂ ਬਾਅਦ ਉਹਨਾਂ ਦੇ ਲਿਖੇ ਹੋਏ ਵਿਚਾਰਾਂ ਨੂੰ ਕਲਮਬੱਧ ਅਤੇ ਪੁਸਤਕ ਦੇ ਰੂਪ ਵਿੱਚ ਪ੍ਰਕਾਸ਼ਿਤ ਕੀਤਾ ਤੇ ਕਰਵਾਇਆ। ਇਸ ਮੌਕੇ ਮੈਡਮ ਨਿਮਿਸ਼ਾ ਮੇਹਤਾ, ਸੁੱਚਾ ਸਿੰਘ ਰੱਤੂ, ਬਲਵੀਰ ਸਿੰਘ ਸਰਪੰਚ ਪਿੰਡ ਸਕਰੂਲੀ, ਬਲਕਾਰ ਸਿੰਘ ਸੰਘਾ, ਚਰਨਜੀਤ ਸਿੰਘ, ਤਰਲੋਚਨ ਸਿੰਘ, ਰੇਖਾ ਰਾਣੀ ਮਾਹਿਲਪੁਰ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜ਼ਿ. ਮਾਹਿਲਪੁਰ, ਹਰਜਿੰਦਰ ਕੌਰ ਸਕਰੂਲੀ, ਅਨਮੋਲ ਸਿੰਘ, ਡਾਕਟਰ ਸਤਪਾਲ ਸਿੰਘ, ਸਰਦਾਰ ਮਹਿੰਦਰ ਸਿੰਘ, ਸੁਰਜੀਤ ਸਿੰਘ ਜੀਤ, ਡਾਕਟਰ ਗੁਰਦਾਵਰ ਸਿੰਘ, ਮਹਿੰਦਰ ਸਿੰਘ ਸੰਘਾ, ਸੁਰਿੰਦਰ ਸਿੰਘ, ਅਵਤਾਰ ਸਿੰਘ, ਬਲਵੀਰ ਅੰਬੇਡਕਰ, ਹੰਸ ਰਾਜ ਰੱਤੂ, ਦੀਦਾਰ ਸਿੰਘ, ਰਜਿੰਦਰ ਕੁਮਾਰ, ਸੁਰਿੰਦਰ ਸਿੰਘ ਰੱਤੂ, ਸਤਪਾਲ, ਮਾਸਟਰ ਧਰਮ ਚੰਦ, ਹਰਬਿਲਾਸ, ਰੂਪ ਲਾਲ, ਦੇਵ ਰਾਜ, ਤੇਜ ਕੌਰ, ਬਿਮਲਾ ਰੱਤੂ, ਸੁਖਦੇਵ ਸਿੰਘ, ਸੁਖਵਿੰਦਰ ਕੁਮਾਰ, ਸੀਮਾ ਰਾਣੀ, ਗਿਆਨ ਚੰਦ ਬਾੜੀਆਂ, ਨਿਰਮਲ ਸਿੰਘ ਮੁੱਗੋਵਾਲ, ਕੌਸ਼ਲ ਸਾਹਿਬ ਬਾੜੀਆਂ ਸਮੇਤ ਪਿੰਡ ਸਕਰੂਲੀ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸਮਾਗਮ ਦੇ ਪ੍ਰਬੰਧਕਾਂ ਵੱਲੋਂ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਵੀ ਲਗਾਇਆ ਗਿਆ।



## ਸਤਿਗੁਰ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ ਮਨਾਇਆ

**ਅਲਾਵਲਪੁਰ (ਮਦਨ ਬੰਗੜ)**- ਬੀਤੇ ਦਿਨੀ ਨਜ਼ਦੀਕੀ ਪਿੰਡ ਰਾਏਪੁਰ ਰਸੂਲਪੁਰ ਦੇ ਮਹੱਲਾ ਖੂਹੀ ਵਾਲਾ 'ਚ ਸਤਿਗੁਰੂ ਰਵਿਦਾਸ ਮਹਾਰਾਜ ਦਾ 649 ਵਾਂ ਪਾਵਨ ਪ੍ਰਕਾਸ਼ ਪੁਰਬ ਸਮੂਹ ਮਹੱਲਾ ਨਿਵਾਸੀ ਸੰਗਤਾਂ, ਨੌਜਵਾਨ ਵੀਰਾਂ ਅਤੇ ਵਿਸ਼ੇਸ਼ ਕਰਕੇ ਸਤਿਗੁਰੂ ਰਵਿਦਾਸ ਗੁਰੂ ਘਰ ਪ੍ਰਬੰਧਕ ਕਮੇਟੀ ਵੱਲੋਂ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਜੁਗੋ ਜੁਗ ਅਟੱਲ ਧੰਨ- ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਅਰਦਾਸ ਉਪਰੰਤ ਗੁਰਸੇਵਕ ਕੀਰਤਨੀ ਜਥਾ ਰਾਏਪੁਰ-ਰਸੂਲ ਪੁਰ ਵਾਲੀਆ ਬੀਬੀਆਂ ਦੇ ਕੀਰਤਨੀ ਜਥੇ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਰਚਿਤ ਪਾਵਨ ਬਾਣੀ 'ਤੇ ਅਧਾਰਤ ਸ਼ਬਦ ਕੀਰਤਨ ਕਰਦਿਆਂ ਹਾਜ਼ਰੀਨ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਦਿਆਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਬਖਸ਼ੇ ਪਾਵਨ ਉਪਦੇਸ਼ਾਂ 'ਤੇ ਚੱਲਣ ਲਈ ਪੁਰਜ਼ੋਰ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਇਸ ਉਕਤ ਗੁਰੂਘਰ ਦੇ ਪ੍ਰਧਾਨ ਅਮਰੀਕ ਸਿੰਘ ਮਦਾੜ ਨੇ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਪਾਵਨ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੰਦੇ ਆਖਿਆ ਆਖਿਆ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬਾਨਾਂ ਦੇ ਬਖਸ਼ੇ ਮਾਨਵਵਾਦੀ ਉਪਦੇਸ਼ਾਂ ਨੂੰ ਆਪਣੇ ਅਮਲੀ ਜੀਵਨ 'ਚ ਅਪਣਾ ਕੇ ਆਪਸੀ ਭਾਈਚਾਰਕ ਸਾਂਝ ਸਦੀਵੀ ਕਾਇਮ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਇਸ ਮੌਕੇ ਪ੍ਰਬੰਧਕਾਂ ਵੱਲੋਂ ਪ੍ਰਭਾਤ ਫੇਰੀਆਂ ਦੌਰਾਨ ਲੰਗਰ ਦੀਆਂ ਸੇਵਾਵਾਂ ਕਰਨ ਵਾਲੇ ਪਰਿਵਾਰਾਂ ਵਿੱਚੋਂ ਹਰਬੰਸ ਲਾਲ ਸੋਨੂ, ਰਾਮ ਸਰੂਪ ਮਦਾੜ ਯੂਐਸਏ, ਸਵ. ਸੂਬੇਦਾਰ ਪਿਆਰਾ ਸਿੰਘ ਮਦਾੜ, ਮਨਦੀਪ ਸਿੰਘ ਵਿਰਦੀ, ਕਮਲਜੀਤ ਸਿੰਘ ਆਦਿ ਦੇ ਨਾਲ-ਨਾਲ ਦਾਨੀ ਸੱਜਣਾਂ, ਸੇਵਾਦਾਰਾਂ ਤੇ ਆਏ ਹੋਏ ਕੀਰਤਨੀਏ ਜਥਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਅਮਰੀਕ ਸਿੰਘ ਮਦਾੜ, ਸੰਦੀਪ ਮਹਿਤਾ ਪ੍ਰਧਾਨ ਸ੍ਰੀ ਅਖੰਡ ਜੋਤੀ ਮੰਦਰ ਰਾਏਪੁਰ ਰਸੂਲਪੁਰ, ਉੱਘੇ ਵਾਤਾਵਰਨ ਪ੍ਰੇਮੀ ਬਲਦੇਵ ਸਿੰਘ ਹੇਠੀ ਸੇਵਾ ਮੁਕਤ ਜੇਈ, ਸਾਬਕਾ ਪੰਚ ਹਰੀ ਰਾਮ, ਸ਼ੰਕਰ ਦਾਸ, ਸੰਗੀਵ, ਪਾਲ ਸ਼ਰਮਾ, ਬਲਦੇਵ ਰਾਜ, ਮਨੋਹਰ ਲਾਲ, ਰਣਜੀਤ ਸਿੰਘ, ਮਾਸਟਰ ਸੋਮਨਾਥ, ਅਭੀਜੀਤ ਸਿੰਘ, ਨਵਦੀਪ ਸਿੰਘ, ਜਗਦੀਪ ਸਿੰਘ, ਮਨਪ੍ਰੀਤ ਸਿੰਘ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਮੁੱਚੇ ਸਮਾਗਮ ਦੌਰਾਨ ਮੰਚ ਸੰਚਾਲਨ ਦੀਆਂ ਸੇਵਾਵਾਂ ਉੱਘੇ ਵਾਤਾਵਰਨ ਪ੍ਰੇਮੀ ਬਲਦੇਵ ਸਿੰਘ ਹੇਠੀ ਸੇਵਾਮੁਕਤ ਜੇ ਈਵੱਲੋਂ ਬਾਖੂਬੀ ਨਿਭਾਈਆਂ ਗਈਆਂ। ਉਪਰੰਤ ਸਮੁੱਚੇ ਖੂਹੀ ਵਾਲੇ ਮਹੱਲੇ ਵੱਲੋਂ ਗੁਰੂ ਦੇ ਲੰਗਰ ਅਤੁੱਟ ਭੰਡਾਰੇ ਲਗਾਏ ਗਏ।



## ਗੰਨਾ ਕਾਸ਼ਤਕਾਰਾਂ ਲਈ ਦੋ ਰੋਜ਼ਾ ਸਿਖ਼ਲਾਈ ਕੈਂਪ ਲਗਾਇਆ

**ਜਲੰਧਰ, (ਸੁਰਿੰਦਰ ਕੁਮਾਰ)**- ਉੱਨਤ ਕ੍ਰਿਸ਼ੀ ਯੋਜਨਾ ਤਹਿਤ ਪਿੰਡ ਮੰਡੀਆਲਾ ਵਿਖੇ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਦੋ ਰੋਜ਼ਾ ਕਿਸਾਨ ਟ੍ਰੇਨਿੰਗ ਲਗਾਈ ਗਈ।ਕੇਨ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਾਜੈਕਟ ਅਫ਼ਸਰ ਜਲੰਧਰ ਡਾ. ਮਨਧੀਰ ਸਿੰਘ ਦੀ ਅਗਵਾਈ ਹੇਠ ਲਗਾਏ ਗਏ ਇਸ ਸਿਖ਼ਲਾਈ ਕੈਂਪ ਵਿੱਚ ਸਹਾਇਕ ਗੰਨਾ ਵਿਕਾਸ ਅਫ਼ਸਰ ਜਲੰਧਰ ਡਾ. ਗੁਰਚਰਨ ਸਿੰਘ , ਡਾਇਰੈਕਟਰ ਕੀਟ ਵਿਗਿਆਨੀ ਡਾ. ਯੁਵਰਾਜ ਸਿੰਘ, ਫ਼ਸਲ ਵਿਗਿਆਨੀ ਡਾ. ਜਸ਼ਨਜੋਤ ਕੌਰ, ਗੰਨਾ ਖੋਜ ਕੇਂਦਰ ਕਪੂਰਥਲਾ ਤੋਂ ਡਾ. ਅਨੁਰਾਧਾ, ਪ੍ਰਿੰਸੀਪਲ ਸਾਇੰਸਟਿਸਟ ਪੀ.ਏ. ਯੂ. ਲੁਧਿਆਣਾ ਡਾ. ਮਨਿੰਦਰ ਸਿੰਘ ਨੇ ਗੰਨੇ ਦੀਆਂ ਕਾਸ਼ਤਕਾਰੀ ਤਕਨੀਕਾਂ, ਕੀੜੇ-ਮਕੌੜਿਆਂ ਦੀ ਰੋਕਥਾਮ , ਰੋਗ ਪ੍ਰਬੰਧਨ, ਗੰਨੇ ਦੀ ਅੰਤਰ-ਫਸਲੀ ਅਤੇ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਗੁਰਚਰਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਨੇ ਦੀ ਪ੍ਰਤੀ ਹੈਕਟੇਅਰ ਪੈਦਾਵਾਰ ਵਧਾ ਕੇ ਆਮਦਨ ਵਧਾਉਣ ਲਈ ਪੰਜਾਬ ਵਿੱਚ ਗੰਨੇ ਦੀ ਫ਼ਸਲ ਵਿਚ ਅੰਤਰ ਫ਼ਸਲਾਂ ਹੇਠ ਰਕਬਾ ਵਧਾਉਣ ਲਈ ਪ੍ਰਦਰਸ਼ਨੀ ਪਲਾਟ ਲਗਾਏ ਜਾ ਰਹੇ ਹਨ ਤਾਂ ਜੋ ਗੰਨਾ ਕਾਸ਼ਤਕਾਰਾਂ ਦੀ ਆਰਥਿਕਤਾ ਮਜ਼ਬੂਤ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਕ੍ਰਿਸ਼ੀ ਉੱਨਤੀ ਯੋਜਨਾ ਮਕਸਦ ਫ਼ਸਲ ਉਤਪਾਦਨ, ਤਕਨਾਲੋਜੀ ਅਤੇ ਬੀਜਾਂ ਲਈ ਸਹਾਇਤਾ ਪ੍ਰਦਾਨ ਕਰਕੇ ਅਨਾਜ ਉਤਪਾਦਨ ਨੂੰ ਵਧਾਉਣਾ, ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ, ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਨਾ ਅਤੇ ਪੋਸ਼ਣ ਸੁਰੱਖਿਆ ਨੂੰ ਵਧਾਉਣਾ ਹੈ। ਇਸ ਸਕੀਮ ਤਹਿਤ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਜਾਗਰੂਕਤਾ ਕੈਂਪ ਅਤੇ ਟ੍ਰੇਨਿੰਗ ਵੀ ਲਗਾਏ ਜਾ ਰਹੇ ਹਨ।





## ਸੌਰਵ ਸ਼ਰਮਾ ਨੂੰ ਹੰਝੂਆਂ ਭਰੀਆਂ ਸ਼ਰਧਾਂਜਲੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)**- ਮਲਸੀਆਂ ਦੀ ਦਾਣਾ ਮੰਡੀ ਅੰਦਰ ਚਿੱਟੇ ਸ਼ਾਮਿਆਨੇ ਨਾਲ ਬਣੇ ਵੱਡੇ ਪੰਡਾਲ ਵਿੱਚ ਹੋਕੇ, ਸਿਸਕੀਆਂ ਤੇ ਬਹੁਤ ਸਾਰੇ ਲੋਕਾਂ ਦੀਆਂ ਅੱਖਾਂ ਵਿੱਚ ਤੈਰਦੇ ਅੱਥਰੂਆਂ ਨਾਲ ਬਣੇ ਗ਼ਮਗੀਨ ਆਲਮ ਦੌਰਾਨ ਭਰ ਜਵਾਨੀ ਵਿੱਚ ਮਾਪਿਆਂ ਨੂੰ ਦੁੱਖਾਂ ਦੇ ਸਮੁੰਦਰ ਵਿੱਚ ਸੁੱਟ ਗਏ ਸੌਰਵ ਸ਼ਰਮਾ ਨੂੰ ਹੰਝੂਆਂ ਭਰੀਆਂ ਸ਼ਰਧਾਜਲੀਆਂ ਭੇਟ ਕੀਤੀਆਂ ਗਈਆਂ। ਭਾਰਤੀ ਜਨਤਾ ਪਾਰਟੀ ਦੇ ਹਲਕਾ ਸ਼ਾਹਕੋਟ ਦੇ ਇੰਚਾਰਜ ਐਡਵੋਕੇਟ ਦੀਪਕ ਸ਼ਰਮਾ ਦੇ ਬੇਟੇ ਐਡਵੋਕੇਟ ਸੌਰਵ ਸ਼ਰਮਾ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਸਿਆਸੀ, ਸਮਾਜੀ ਤੇ ਧਾਰਮਿਕ ਖੇਤਰ ਤੋਂ ਇਲਾਵਾ ਸੱਭਿਆਚਾਰਕ ਖੇਤਰ ਦੀਆਂ ਹਸਤੀਆਂ ਬੁੱਧੀਜੀਵੀ, ਲੇਖਕ ਤੇ ਰੰਗ ਕਰਮੀ ਸ਼ਾਮਿਲ ਸਨ। ਸੌਰਵ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵੇਲੇ ਬੁਲਾਰਿਆਂ ਦੇ ਅੰਦਰੋਂ ਨਿਕਲਦੀਆਂ ਭਾਵਨਾਵਾਂ ਨੂੰ ਉਹਨਾਂ ਦੀ ਜੁਬਾਨ ਸ਼ਬਦਾਂ ਦਾ ਰੂਪ ਦੇਣੋ ਇਨਕਾਰੀ ਹੁੰਦੀ ਨਜ਼ਰ ਆਈ। ਐਡਵੋਕੇਟ ਦੀਪਕ ਸ਼ਰਮਾ ਦੇ ਦੋਸਤ ਸਾਥੀ ਬਲਵੰਤ ਮਲਸੀਆਂ ਜਦੋਂ ਸੌਰਵ ਦੇ ਤੁਰ ਜਾਣ ਤੋਂ ਦੋ ਤਿੰਨ ਪਹਿਲਾਂ ਮੌਤ ਨੂੰ ਹਰਾਉਣ ਲਈ ਕੀਤੀਆਂ ਗਈਆਂ ਚਾਰਾਜੋਈਆਂ ਬਾਰੇ ਦੱਸਣ ਲੱਗਿਆਂ ਭਾਵਨਾਵਾਂ ਦੇ ਵਹਿਣ ਵਿੱਚ ਵਹਿੰਦੇ ਰਹੇ ਤੇ ਅੱਥਰੂਆਂ ਨੂੰ ਰੋਕ ਸਕਣ ਤੋਂ ਉਹ ਬੇਵੱਸ ਨਜ਼ਰ ਆਏ। ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਸਾਥੀ ਹਰਮੇਸ਼ ਮਾਲੜੀ, ਆਪ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ, ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸਕੱਤਰ ਜਨਰਲ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਭਾਜਪਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮਨੀਸ਼ ਧੀਰ ਨੇ ਭਾਵਪੂਰਤ ਸ਼ਬਦਾਂ ਵਿੱਚ ਸੌਰਵ ਸ਼ਰਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਬਹੁਤ ਸਾਰੀਆਂ ਸੰਸਥਾਵਾਂ ਵੱਲੋਂ ਆਏ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ ਗਏ। ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਤੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ ਵੱਲੋਂ ਵੀ ਸ਼ੋਕ ਸੰਦੇਸ਼ ਆਏ। ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਸਾਥੀ ਅਮੋਲਕ ਸਿੰਘ ਨੇ ਆਪਣੇ ਸ਼ੋਕ ਸੁਨੇਹੇ ਵਿੱਚ ਕਿਹਾ ਕਿ ਸਮੂਹ ਬੁੱਧੀਜੀਵੀਆਂ, ਲੇਖਕਾਂ, ਸਾਹਿਤਕਾਰਾਂ, ਕਵੀਆਂ ਅਤੇ ਰੰਗਕਰਮੀਆਂ ਵੱਲੋਂ ਪਰਿਵਾਰ ਨੂੰ ਭਰੋਸਾ ਦਿੱਤਾ ਹੈ ਕਿ ਉਹ ਐਡਵੋਕੇਟ ਸੌਰਵ ਸ਼ਰਮਾ ਦੇ ਵਿਛੋੜੇ ਕਾਰਨ ਕਦੇ ਨਾ ਭਰੇ ਜਾ ਸਕਣ ਵਾਲੇ ਸੱਖਣੇਪਣ ਦੀ ਪੀੜ ਵੰਡਾਉਣ ਲਈ ਹਮੇਸ਼ਾ ਪਰਵਾਰ ਦੇ ਅੰਗ ਸੰਗ ਰਹਿਣਗੇ। ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਨੇ ਆਪਣੀ ਜਨਰਲ ਬਾਡੀ ਦੀ ਮੀਟਿੰਗ ਵਿੱਚ ਵਿਸ਼ੇਸ਼ ਮਤੇ ਰਾਹੀਂ ਐਡਵੋਕੇਟ ਸੌਰਵ ਸ਼ਰਮਾ ਦੀ ਮੌਤ 'ਤੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਕਾਂਗਰਸ ਪਾਰਟੀ ਜਲੰਧਰ (ਦਿਹਾਤੀ) ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸ਼ੋਕ ਸਮਾਗਮ ਵਿੱਚ ਸ਼ਾਮਿਲ ਸਭ ਲੋਕਾਂ ਦਾ ਧੰਨਵਾਦ ਕਰਦੇ ਹੋਏ ਸ਼ਰਮਾ ਪਰਵਾਰ ਨਾਲ ਆਪਣੀਆਂ ਪੀੜੀਆਂ ਸਾਂਝਾ ਦਾ ਵੀ ਜ਼ਿਕਰ ਕੀਤਾ। ਐਡਵੋਕੇਟ ਸੌਰਵ ਸ਼ਰਮਾ ਦੇ ਵਿਛੋੜੇ ਦੀ ਗੱਲ ਕਰਦਿਆਂ ਸ਼ੇਰੋਵਾਲੀਆ ਦੀਆਂ ਅੱਖਾਂ ਵਿੱਚ ਵੀ ਅੱਥਰੂ ਛਲਕ ਪਏ। ਇਸ ਮੌਕੇ ਅਕਾਲੀ ਦਲ (ਬਾਦਲ) ਦੇ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ, ਭਾਜਪਾ ਹਲਕਾ ਸ਼ਾਹਕੋਟ ਦੇ ਕੈਂਪ ਇਨਚਾਰਜ ਰਾਣਾ ਹਰਦੀਪ ਸਿੰਘ, ਭਾਜਪਾ ਆਗੂ ਨਰਿੰਦਰਪਾਲ ਸਿੰਘ ਚੰਦੀ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ, ਰਵਿੰਦਰ ਸਿੰਘ ਟੁਰਨਾ ਓਐਸਡੀ ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ, ਚੇਅਰਮੈਨ ਅਸ਼ਵਿੰਦਰਪਾਲ ਸਿੰਘ ਨੀਟੂ, ਭਾਕਿਯੂ (ਏਕਤਾ ਉਗਰਾਹਾਂ) ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਚਰਨ ਸਿੰਘ ਚਾਹਲ, ਆਗੂ ਪ੍ਰਿੰਸੀਪਲ ਮਨਜੀਤ ਸਿੰਘ, ਜ਼ਿਲ੍ਹਾ ਅਟਾਰਨੀ ਅਨਿਲ ਬੋਪਾਰਾਏ, ਸਹਾਇਕ ਜ਼ਿਲ੍ਹਾ ਅਟਾਰਨੀ ਰਿਸ਼ੀ ਭਾਰਦਵਾਜ, ਸਾਬਕਾ ਜ਼ਿਲ੍ਹਾ ਅਟਾਰਨੀ ਬਲਤੇਜ ਸਿੰਘ ਢਿੱਲੋਂ, ਰੈੱਡ ਰਿਬਨ ਕਲੱਬ ਸ਼ਾਹਕੋਟ ਦੇ ਪ੍ਰਧਾਨ ਰਮਨ ਗੁਪਤਾ,ਸਤੀਸ਼ ਰਿਹਾਨ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਬੂਟਾ ਸਿੰਘ ਕਲਸੀ ਮੈਂਬਰ ਨਗਰ ਪੰਚਾਇਤ ਸ਼ਾਹਕੋਟ,ਡਾ. ਬੀ.ਆਰ. ਅੰਬੇਡਕਰ ਆਰਮੀ ਪੰਜਾਬ ਦੇ ਪ੍ਰਧਾਨ ਵੀਰ ਕੁਲਵੰਤ ਸਿੰਘ ਕੰਤਾ, ਬਲਵਿੰਦਰ ਸਿੰਘ ਆਲੇਵਾਲੀ, ਜਗਤਾਰ ਸਿੰਘ ਚੰਦੀ, ਤਰਸੇਮ ਸਿੰਘ ਸ਼ੇਖੇਵਾਲ, ਪਰਮਜੀਤ ਸਿੰਘ ਸਿਬੀਆ, ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਬੀ.ਪੀ.ਈ.ਓ. ਰਮੇਸ਼ਵਰ ਚੰਦਰ ਸ਼ਰਮਾ, ਪ੍ਰਿੰਸੀਪਲ ਪ੍ਰੇਮ ਸਾਗਰ ਸ਼ਰਮਾ ਨਕੋਦਰ, ਮਾਸਟਰ ਦੀਪਕ ਚੋਪੜਾ ਨਕੋਦਰ, ਸਾਬਕਾ ਐਮ.ਸੀ. ਕਮਲ ਨਾਹਰ, ਮਨਜੀਤ ਸਿੰਘ ਸੈਦਪੁਰ, ਅੰਮ੍ਰਿਤਪਾਲ ਸਿੰਘ ਜੋਨਾ, ਨਰਿੰਦਰ ਸਿੰਘ ਬਹੁਗੁਣ, ਮਾਸਟਰ ਗੁਰਮੁੱਖ ਸਿੰਘ ਸਿੱਧੂ, ਦੀਪਕ ਸੋਬਤੀ ਆਰ.ਏ., ਬਲਵਿੰਦਰ ਸਿੰਘ ਪੈਂਤੀ, ਭਾਜਪਾ ਦੇ ਮੰਡਲ ਪ੍ਰਧਾਨ ਦਲਬੀਰ ਸਿੰਘ ਸਭਰਵਾਲ, ਸਾਬਕਾ ਐਮ.ਸੀ. ਜਤਿੰਦਰਪਾਲ ਸਿੰਘ ਬੱਲਾ, 'ਆਪ' ਦੇ ਸ਼ਹਿਰੀ ਪ੍ਰਧਾਨ ਨਿਰਮਲ ਸਿੰਘ ਸਰਾਭਾ, ਏ ਪੀ ਐੱਸ ਕਾਲਜ ਦੇ ਟਰੱਸਟੀ ਰਾਮ ਮੂਰਤੀ, ਅਕਾਉਟੈਂਟ ਹਰਜੀਤ ਸਿੰਘ, ਸਾਬਕਾ ਐਮ.ਸੀ. ਪਵਨ ਅਗਰਵਾਲ, ਗੁਰਪਾਲ ਸਿੰਘ ਢੋਟ, ਬਲਵਿੰਦਰ ਸਿੰਘ ਬਿੰਦੂ, ਜਸਵੀਰ ਸਿੰਘ ਸ਼ੀਰਾ ਸਾਬਕਾ ਸਰਪੰਚ ਸਾਹਲਾ ਨਗਰ, ਅਜ਼ੀਜ ਮਸੀਹ ਸੀਨੀਅਰ ਕਾਂਗਰਸੀ ਆਗੂ, ਕਮਲ ਕੁਮਾਰ ਨਾਹਰ, ਅੰਮ੍ਰਿਤ ਲਾਲ ਕਾਕਾ, ਡਾ. ਨਰੇਸ਼ ਸੱਗੂ, ਮਲਕੀਤ ਗੁਪਤਾ, ਰਵਿੰਦਰਨਾਥ ਗੁਪਤਾ, ਅਸ਼ਵਨੀ ਭੁੱਟੋ, ਰਾਜਾ ਅਰੋੜਾ ਆਦਿ ਸਮੇਤ ਵੱਡੀ ਗਿਣਤੀ 'ਚ ਲੋਕ ਅਤੇ ਬਾਰ ਐਸੋਸੀਏਸ਼ਨ ਜਲੰਧਰ ਤੇ ਨਕੋਦਰ ਦੇ ਮੈਂਬਰ ਹਾਜ਼ਰ ਸਨ।



## ਖ਼ੂਨਦਾਨ ਤੇ ਮੁਫ਼ਤ ਮੈਡੀਕਲ ਕੈਂਪ ਲਗਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਗਰੀਬ ਦਾ ਮੂੰਹ,ਗੁਰੂ ਦੀ ਗੋਲਕ ਸੰਸਥਾ ਅਜਨੋਹਾ ਅਤੇ ਸ਼ਹੀਦ ਬਾਬਾ ਦੀਪ ਸਿੰਘ ਸਿੱਖ ਵੈਲਫੇਅਰ ਸੋਸਾਇਟੀ ਪਾਸ਼ਟਾਂ ਵਲੋਂ ਗੁਰਦੁਆਰਾ ਸ਼ਹੀਦ ਗੰਜ ਪਿੰਡ ਪਾਸ਼ਟਾਂ ਵਿਖੇ ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਾਲਾਨਾ ਗੁਰਮਤਿ ਸਮਾਗਮ ਤੇ 42 ਵਾਂ ਸਵੈ ਇੱਛਕ ਖ਼ੂਨਦਾਨ ਅਤੇ 170 ਵਾਂ ਮੁਫ਼ਤ ਮੈਡੀਕਲ ਕੈਂਪ 8 ਫਰਵਰੀ ਨੂੰ ਸਵੇਰੇ 10 ਵਜੇ ਤੋਂ 3 ਵਜੇ ਤੱਕ ਲਗਾਇਆ ਗਿਆ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਭਾਈ ਜਸਵਿੰਦਰ ਸਿੰਘ ਬਿੱਟੂ ਖਾਲਸਾ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਕਮੇਟੀ ਮੈਂਬਰ ਸੰਤੋਖ ਸਿੰਘ ਖਾਲਸਾ ਪਾਸ਼ਟਾਂ, ਗੁਰਪ੍ਰੀਤ ਸਿੰਘ, ਸਿਮਰਨ ਸਿੰਘ ਖਾਲਸਾ ,ਇੰਦਰਜੀਤ ਸਿੰਘ, ਪਰਮਜੀਤ ਸਿੰਘ ,ਆਜ਼ਾਦਬਿੰਦਰ ਸਿੰਘ, ਪਿਆਰਾ ਸਿੰਘ ਸੋਹਣ ਸਿੰਘ ਅਜਨੋਹਾ ਪਰਮਜੀਤ ਸਿੰਘ ਪਰਮਾਰ ਠੇਕੇਦਾਰਾਂ ਅਤੇ ਮਨਪ੍ਰੀਤ ਸਿੰਘ ਅਜਨੋਹਾ ਆਦਿ ਹਾਜ਼ਰ ਸਨ।



9-FEB-PAGE-10.qxd 2/8/2026 9:51 PM Page 1



## ਗਣਿਤ, ਕਲਾ ਤੇ ਸਿਰਜਣਾਤਮਕਤਾ ਵਿਸ਼ੇ 'ਤੇ ਬਹੁ-ਵਿਭਾਗੀ ਸੈਮੀਨਾਰ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖਾਲਸਾ ਕਾਲਜ, ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਸਾਹਿਬ) ਦੇ ਗਣਿਤ, ਵਿਗਿਆਨ, ਸੰਗੀਤ ਅਤੇ ਕੰਪਿਊਟਰ ਸਾਇੰਸ ਵਿਭਾਗਾਂ ਵੱਲੋਂ ਮਹਾਨ ਗਣਿਤ ਵਿਦਵਾਨ ਸ੍ਰੀਨਿਵਾਸ ਰਾਮਾਨੁਜਨ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਰਾਸ਼ਟਰੀ ਗਣਿਤ ਦਿਵਸ ਮਨਾਇਆ ਗਿਆ। ਗਣਿਤ, ਕਲਾ ਤੇ ਸਿਰਜਣਾਤਮਕਤਾ ਵਿਸ਼ੇ ਅਧੀਨ ਇੱਕ ਬਹੁ-ਵਿਭਾਗੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਵਿੱਚ ਵਿਦਿਆਰਥੀਆਂ ਵੱਲੋਂ ਭਰਪੂਰ ਉਤਸ਼ਾਹ ਨਾਲ ਭਾਗ ਲਿਆ ਗਿਆ।ਕੁੱਲ 15 ਵਿਦਿਆਰਥੀਆਂ ਨੇ ਪਾਵਰਪੁਆਇੰਟ ਪ੍ਰੈਜ਼ੈਂਟੇਸ਼ਨ, ਪੋਸਟਰ ਤੇ ਮੌਖਿਕ ਪ੍ਰਸਤੁਤੀਆਂ ਰਾਹੀਂ ਆਪਣੇ ਸ਼ੋਧ ਪੱਤਰ ਪੇਸ਼ ਕੀਤੇ।ਇਨ੍ਹਾਂ ਪ੍ਰਸਤੁਤੀਆਂ ਵਿੱਚ ਬਾਇਓਟੈਕਨੋਲੋਜੀ, ਸੰਗੀਤ, ਸੂਚਨਾ ਪ੍ਰੌਦਯੋਗਿਕੀ, ਮੈਡੀਕਲ ਇਮੇਜਿੰਗ, ਇਕਨੌਮਿਕਸ, ਰਿਸਕ ਮੈਨੇਜਮੈਂਟ, ਬਿਜ਼ਨਸ ਮੈਨੇਜਮੈਂਟ, ਖਗੋਲ ਵਿਗਿਆਨ, ਗਤੀ ਤੇ ਮਸ਼ੀਨ ਲਰਨਿੰਗ ਵਰਗੇ ਵੱਖ-ਵੱਖ ਖੇਤਰਾਂ ਵਿੱਚ ਗਣਿਤ ਦੀ ਵਰਤੋਂ ਨੂੰ ਦਰਸਾਇਆ ਗਿਆ।ਸੈਮੀਨਾਰ ਨੇ ਇਹ ਵੀ ਉਜਾਗਰ ਕੀਤਾ ਕਿ ਗਣਿਤ ਕਿਵੇਂ ਕੁਦਰਤ ਦੇ ਪੈਟਰਨਾਂ, ਵਾਸਤੂਕਲਾ ਦੇ ਡਿਜ਼ਾਈਨਾਂ, ਸੰਗੀਤ ਦੀ ਸੁਰ ਤਾਲ ਅਤੇ ਮਨੁੱਖੀ ਸੋਚ ਦੀ ਸਿਰਜਣਾਤਮਕਤਾ ਵਿੱਚ ਰਚਿਆ-ਵਸਿਆ ਹੋਇਆ ਹੈ।ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸਾਰੇ ਵਿਦਿਆਰਥੀਆਂ ਦੁਆਰਾ ਪ੍ਰਸਤੁਤ ਕਾਰਜ ਕਲਾਵਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਪੱਤਰ ਗਿਆਨ ਅਤੇ ਸਿਰਜਣਾਤਮਕਤਾ ਦੇ ਮੇਲ ਨੂੰ ਦਰਸਾਉਂਦੇ ਹਨ, ਜੋ ਸਿੱਖਿਆ ਦਾ ਅਸਲ ਮਕਸਦ ਹੈ।ਉਨ੍ਹਾਂ ਨੇ ਵਿਦਿਆਰਥੀਆਂ ਅਤੇ ਵਿਭਾਗਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਅਕਾਦਮਿਕ ਸਮਾਗਮ ਆਯੋਜਿਤ ਕਰਨ ਲਈ ਪ੍ਰੇਰਿਤ ਕੀਤਾ।ਗਣਿਤ ਵਿਭਾਗ ਦੇ ਮੁਖੀ, ਪ੍ਰੋ. ਹਰਿੰਦਰ ਕੌਰ ਨੇ ਧੰਨਵਾਦ ਪ੍ਰਸਤਾਵ ਪੇਸ਼ ਕਰਦੇ ਹੋਏ ਪ੍ਰਿੰਸੀਪਲ ਸਾਹਿਬ, ਮੌਜੂਦ ਫੈਕਲਟੀ ਮੈਂਬਰਾਂ ਅਤੇ ਸੰਗੀਤ, ਭੌਤਿਕ ਵਿਗਿਆਨ, ਜੀਵ ਵਿਗਿਆਨ ਅਤੇ ਕੰਪਿਊਟਰ ਸਾਇੰਸ ਵਿਭਾਗਾਂ ਦੇ ਮੁਖੀਆਂ ਦਾ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨ ਅਤੇ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਚੋਰਾਂ ਨੂੰ ਜਲਦ ਕੀਤਾ ਜਾਵੇਗਾ ਕਾਬੂ : ਡੀ ਐੱਸ ਪੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਮੁੱਖ ਹਨੇਰੇ ਭੀਮ ਚੰਦ ਜਿੰਦਲ ਦੀ ਤੇਲ ਫੈਕਟਰੀ ਵਿੱਚ ਲੱਖਾਂ ਦੀ ਚੋਰੀ, ਇਕ ਲਾਇਸੰਸੀ ਪਿਸਤੌਲ ਤੇ ਡੀਵੀਆਰ ਲੈ ਕੇ ਚੋਰ ਫਰਾਰ ਹੋਣ ਦੀ ਖ਼ਬਰ ਸਾਹਮਣੇ ਆਈ ਹੈ।ਇਹ ਜਾਣਕਾਰੀ ਤੇਲ ਫੈਕਟਰੀ ਦੇ ਮਾਲਕ ਭੀਮ ਸੈਨ ਜਿੰਦਲ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਹੀ।ਉਨ੍ਹਾਂ ਕਿਹਾ ਕਿ ਚੋਰਾਂ ਨੇ 6 ਮਿੰਟਾਂ ਵਿੱਚ ਇਹ ਵਾਰਦਾਤ ਕੀਤੀ, ਜਿਸ ਵਿੱਚ 15.50 ਲੱਖ ਰੁਪਏ ਦੀ ਨਕਦੀ, ਇੱਕ ਪਿਸਤੌਲ ਤੇ ਸੀਸੀਟੀਵੀ ਸਿਸਟਮ ਦਾ ਡੀਵੀਆਰ ਚੋਰੀ ਹੋ ਗਿਆ ਹੈ।ਫੈਕਟਰੀ ਮਾਲਕ ਭੀਮ ਸੈਨ ਜਿੰਦਲ ਨੇ ਆਪਣੇ ਹੀ ਚੌਕੀਦਾਰ 'ਤੇ ਸ਼ੱਕ ਜਤਾਇਆ ਹੈ ਤੇ ਇਹ ਘਟਨਾ ਦੀ ਸਾਰੀ ਜਾਣਕਾਰੀ ਜੈਤੋ ਪੁਲਸ ਨੂੰ ਦਿੱਤੀ ਗਈ ਹੈ।ਪੁਲਸ ਵੱਲੋਂ ਮਾਮਲਾ ਦਰਜ ਕਰਕੇ ਚੌਕੀਦਾਰ ਸਮੇਤ ਹੋਰ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।ਇਸ ਘਟਨਾ ਦੀ ਸੂਚਨਾ ਮਿਲਦੇ ਹੀ ਜੈਤੋ ਡੀਐਸਪੀ ਇਕਬਾਲ ਸਿੰਘ ਸੰਧੂ ਆਪਣੀ ਪੁਲਸ ਟੀਮ ਸਮੇਤ ਪਹੁੰਚੇ ਪੀੜਤ ਫੈਕਟਰੀ ਮਾਲਕ ਦੇ ਬਿਆਨ ਲਏ ਗਏ ਅਤੇ ਚੋਰੀ ਦੀ ਘਟਨਾ ਸਬੰਧੀ ਮੌਕੇ 'ਤੇ ਜਾਣਕਾਰੀ ਇਕੱਤਰ ਕੀਤੀ ਗਈ।ਡੀਐਸਪੀ ਇਕਬਾਲ ਸਿੰਘ ਸੰਧੂ ਨੇ ਕਿਹਾ ਕਿ ਜਲਦੀ ਹੀ ਚੋਰੀ ਕਰਨ ਵਾਲਿਆਂ ਨੂੰ ਪੁਲਸ ਦੀ ਹਿਰਾਸਤ ਵਿੱਚ ਲਿਆ ਜਾਵੇਗਾ ਤੇ ਚੋਰਾਂ ਦੀ ਭਾਲ ਅਤੇ ਅਗਲੇਰੀ ਕਾਰਵਾਈ ਚੱਲ ਰਹੀ ਹੈ।

# ਥਾਣਾ ਸ਼ੰਭੂ ਵੱਲੋਂ ਹੈਰੋਇਨ ਸਮੇਤ ਤਸਕਰ ਕਾਬੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਐਸ.ਐਸ.ਪੀ. ਸ੍ਰੀ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤੇ ਗੁਰਬੰਸ ਸਿੰਘ ਬੈਂਸ, ਪੀ.ਪੀ.ਐਸ ਕਪਤਾਨ ਪੁਲਸ ਇਨਵੈਸਟੀਗੇਸ਼ਨ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਹਰਮਨਪ੍ਰੀਤ ਸਿੰਘ, ਉਪ ਕਪਤਾਨ ਪੁਲਸ ਘਨੌਰ ਦੀ ਰਹਿਨੁਮਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਐਸ.ਆਈ. ਸਵਰਨ ਸਿੰਘ ਮੁੱਖ ਅਫਸਰ ਥਾਣਾ ਸ਼ੰਭੂ ਸਮੇਤ ਪੁਲਸ ਪਾਰਟੀ ਦੇ ਬਾਬਤ ਕਰਨੇ ਨਾਕਾਬੰਦੀ ਪੁਲਸ ਪਿਕਟ ਮਹਿਮਦਪੁਰ ਬੈਰੀਅਰ ਮੌਜੂਦ ਸੀ ਤਾਂ 05.02.2026 ਨੂੰ ਅੰਬਾਲਾ ਸਾਈਡ ਵੱਲੋਂ ਆ ਰਹੇ ਵਹੀਕਲਾਂ ਦੀ ਚੈਕਿੰਗ ਚੱਲ ਰਹੀ ਸੀ ਤਾਂ ਦੌਰਾਨੇ ਚੈਕਿੰਗ ਇੱਕ ਮੋਨਾ ਵਿਅਕਤੀ ਅੰਬਾਲਾ ਸਾਈਡ ਵੱਲੋਂ ਸੜਕ ਦੇ ਕਿਨਾਰੇ ਕਿਨਾਰੇ ਪੈਦਲ ਆਉਂਦੇ ਵਿਅਕਤੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਜਿਸ ਨੇ ਆਪਣੇ ਹੱਥ ਵਿਚ ਇੱਕ ਵਜ਼ਨਦਾਰ ਲਿਫ਼ਾਫ਼ਾ ਫੜਿਆ ਹੋਇਆ ਸੀ, ਜੋ ਐਸ.ਆਈ. ਸਵਰਨ ਸਿੰਘ ਮੁੱਖ ਅਫ਼ਸਰ ਥਾਣਾ ਸ਼ੰਭੂ ਨੂੰ ਸ਼ੱਕ ਪੈਣ 'ਤੇ ਉਸ ਨੂੰ ਆਵਾਜ਼ ਮਾਰ ਕੇ ਰੋਕਣਾ ਚਾਹਿਆ, ਪ੍ਰੰਤੂ ਜਿਸ ਨੇ ਆਵਾਜ਼ ਸੁਣਦੇ ਸਾਰ ਹੀ ਆਪਣੇ ਹੱਥ ਵਿੱਚ ਫੜੇ ਮੋਮੀ ਲਿਫਾਫਾ ਵਜ਼ਨਦਾਰ ਨੂੰ ਸੜਕ ਕਿਨਾਰੇ ਖੱਬੇ ਪਾਸੇ ਸੁੱਟ ਕੇ ਪਿੱਛੇ ਨੂੰ ਮੁੜਨ ਲੱਗਾ, ਜਿਸ ਨੂੰ ਐਸ.ਆਈ. ਸਵਰਨ ਸਿੰਘ ਮੁੱਖ ਅਫਸਰ ਥਾਣਾ ਸ਼ੰਭੂ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਿਆ, ਜਿਸ ਨੇ ਆਪਣਾ ਨਾਂਅ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਲੇਟ ਸ਼ੇਰ ਸਿੰਘ ਵਾਸੀ ਮਕਾਨ ਨੰਬਰ 1060 ਗਲੀ ਨੰਬਰ 6 ਕ੍ਰਿਸ਼ਨਾ ਕਲੋਨੀ ਨਵੀਂ ਹੱਦ ਲੁਧਿਆਣਾ ਥਾਣਾ ਜੋਧੇਵਾਲ ਬਸਤੀ ਜ਼ਿਲ੍ਹਾ ਲੁਧਿਆਣਾ ਦੱਸਿਆ, ਜਿਸ ਦੇ ਮੋਮੀ ਲਿਫਾਫਾ ਨੂੰ ਖੋਲ੍ਹ ਕੇ ਚੈੱਕ ਕੀਤਾ, ਜਿਸ ਵਿੱਚੋਂ 01 ਕਿਲੋਗ੍ਰਾਮ ਹੈਰੋਇਨ (ਚਿੱਟਾ) ਬਰਾਮਦ ਹੋਇਆ, ਜਿਸ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ।ਗ੍ਰਿਫਤਾਰ ਕੀਤੇ ਗਏ ਦੋਸ਼ੀ ਹਰਪ੍ਰੀਤ ਸਿੰਘ ਉਰਫ ਹੈਪੀ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕਰਕੇ ਉਸ ਵੱਲੋਂ ਇਸ ਨੈੱਟਵਰਕ ਦੇ ਬੈਕਵਰਡ ਤੇ ਫਾਰਵਰਡ ਲਿੰਕ ਦਾ ਪਤਾ ਕਰਕੇ ਇਸ ਹੈਰੋਇਨ ਦੀ ਸਮਗਲਿੰਗ ਦੇ ਨੈੱਟਵਰਕ ਵਿਚ ਪਾਏ ਜਾਣ ਵਾਲੇ ਦੋਸ਼ੀਆਂ ਖਿਲਾਫ਼ ਵੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤੇ ਦੋਰਾਨੇ ਪੁਲਿਸ ਰਿਮਾਂਡ ਇਸ ਗੱਲ ਦੀ ਵੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਕਿ ਉਹ ਇਹ ਹੈਰੋਇਨ ਕਿੱਥੋਂ ਲੈ ਕੇ ਆਇਆ ਸੀ ਤੇ ਅੱਗੇ ਕਿੱਥੇ ਲੈ ਕੇ ਜਾਣੀ ਸੀ ਤੇ ਇਸ ਨਾਲ ਹੋਰ ਕਿਹੜੇ-ਕਿਹੜੇ ਸਾਥੀ ਹਨ।

## ਧਾਰਮਿਕ ਪ੍ਰੀਖਿਆ 'ਚ ਜੀ ਟੀ ਬੀ ਕੈਂਬਰਿਜ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ ਜੀ ਪੀ ਸੀ) ਵੱਲੋਂ ਕਰਵਾਏ ਗਏ ਧਾਰਮਿਕ ਪ੍ਰਚਾਰ ਦੇ ਪਹਿਲੇ ਦਰਜੇ ਦੇ ਇਮਤਿਹਾਨ ਵਿੱਚ ਜੀ.ਟੀ.ਬੀ. ਕੈਂਬਰਿਜ ਵਰਲਡ ਸਕੂਲ ਦੇ ਤਿੰਨ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕਾਲਰਸ਼ਿਪ ਹਾਸਲ ਕਰ ਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਤਾਪ ਸਿੰਘ ਵਿਰਕ ਨੇ ਦੱਸਿਆ ਕਿ ਹਰਸਿਮਰਨ ਕੌਰ ਪੁੱਤਰੀ ਮੰਗਲ ਸਿੰਘ, ਕਲਾਸ-ਅੱਠਵੀਂ, ਅਨਮੋਲ ਸਸੂਜਾ ਪੁੱਤਰ ਸੰਦੀਪ ਕੁਮਾਰ, ਕਲਾਸ-ਅੱਠਵੀਂ ਤੇ ਸੁਖਮਨਪ੍ਰੀਤ ਸਿੰਘ ਪੁੱਤਰ ਮੰਗਲ ਸਿੰਘ, ਕਲਾਸ-ਸੱਤਵੀਂ ਨੇ ਇਸ ਧਾਰਮਿਕ ਪ੍ਰੀਖਿਆ ਦੇ ਪੱਧਰ ਵਿੱਚ ਹਿੱਸਾ ਲਿਆ ਅਤੇ ਸਕਾਲਰਸ਼ਿਪ ਹਾਸਿਲ ਕੀਤੀ।ਇਨ੍ਹਾਂ ਵਿਦਿਆਰਥੀਆਂ ਨੇ ਗੁਰਬਾਣੀ, ਸਿੱਖ ਇਤਿਹਾਸ ਅਤੇ ਧਾਰਮਿਕ ਗਿਆਨ ਵਿੱਚ ਉੱਤਮ ਨਤੀਜੇ ਪ੍ਰਾਪਤ ਕਰਕੇ ਆਪਣੀ ਮਿਹਨਤ ਅਤੇ ਲਗਨ ਦਾ ਪ੍ਰਮਾਣ ਦਿੱਤਾ ਹੈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਦਰਸ਼ਨ ਸਿੰਘ ਬਰਾੜ ਨੇ ਸਕੂਲ ਪਹੁੰਚ ਕੇ ਬੱਚਿਆਂ ਨੂੰ ਸਨਮਾਨਿਤ ਕੀਤਾ।

## ਕਲਾਕ੍ਰਿਤੀ ਦੇ ਅਹੁਦੇਦਾਰਾਂ ਦੇ ਜਨਮ ਦਿਨ ਮਨਾਏ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਲਾਕ੍ਰਿਤੀ ਵਿਸ਼ਵ ਮਹਿਲਾ ਦਿਵਸ ਦੇ ਮੌਕੇ 'ਤੇ 8 ਮਾਰਚ 2026 ਨੂੰ ਸਮਾਗਮ ਆਯੋਜਿਤ ਕਰਕੇ ਇਸਤਰੀਆਂ ਦੇ ਬਰਾਬਰੀ ਦੇ ਹੱਕਾਂ ਅਤੇ ਉਨ੍ਹਾਂ 'ਤੇ ਹੋ ਰਹੇ ਅਤਿਆਚਾਰਾਂ ਬਾਰੇ ਵਿਚਾਰ ਚਰਚਾ ਕਰਕੇ ਉਨ੍ਹਾਂ ਨੂੰ ਜਾਗਰੂਕ ਕਰੇਗੀ। ਇਹ ਪ੍ਰਗਟਾਵਾ ਕਰਦਿਆਂ ਕਲਾਕ੍ਰਿਤੀ ਦੇ ਚੇਅਰਮੈਨ ਮਨਜੀਤ ਸਿੰਘ ਨਾਰੰਗ ਅਤੇ ਪ੍ਰਧਾਨ ਅਵਤਾਰ ਸਿੰਘ ਅਰੋੜਾ ਨੇ ਕਿਹਾ ਕਿ ਕਲਾਕ੍ਰਿਤੀ ਹਮੇਸ਼ਾ ਪੰਜਾਬੀਆਂ ਅਤੇ ਖਾਸ ਤੌਰ 'ਤੇ ਔਰਤਾਂ ਦੇ ਹੱਕਾਂ ਸੰਬੰਧੀ ਨਾਟਕ ਅਤੇ ਹੋਰ ਸਭਿਆਚਾਰਕ ਸਰਗਰਮੀਆਂ ਰਾਹੀਂ ਲੋਕਾਂ ਨੂੰ ਜਾਗ੍ਰਿਤ ਕਰਨ ਦੀ ਕੋਸ਼ਿਸ਼ ਕਰਦੀ ਹੈ।ਇਸ ਸਬੰਧੀ ਹੋਈ ਮੀਟਿੰਗ ਵਿੱਚ ਕਲਾਕ੍ਰਿਤੀ ਦੇ ਚੇਅਰਮੈਨ ਮਨਜੀਤ ਸਿੰਘ ਨਾਰੰਗ, ਡਾਇਰੈਕਟਰ ਪਰਮਿੰਦਰ ਪਾਲ ਕੌਰ ਅਤੇ ਵਾਈਸ ਪ੍ਰੈਜ਼ੀਡੈਂਟ ਸਤਿੰਦਰਪਾਲ ਕੌਰ ਵਾਲੀਆ ਦੇ ਜਨਮ ਦਿਨ ਕੇਕ ਕੱਟ ਕੇ ਮਨਾਏ ਗਏ।ਮੀਟਿੰਗ ਵਿੱਚ ਐਮ.ਐਮ.ਸਿਆਲ, ਮੰਜੂ ਅਰੋੜਾ, ਜੀਵਨ ਵਾਲਾ ਅਤੇ ਉਜਾਗਰ ਸਿੰਘ ਸ਼ਾਮਲ ਹੋਏ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਗ਼ਰੀਬ ਜਾਂ ਮੱਧ ਵਰਗੀ ਪਰਵਾਰ ਦਾ ਇਲਾਜ ਨਹੀਂ ਰੁਕੇਗਾ : ਵੀਨੂੰ ਸ਼ਾਹ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਹੋਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਅੱਜ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵੀਨੂੰ ਸ਼ਾਹ ਐੱਮਸੀ ਵੱਲੋਂ ਵਾਰਡ ਨੰਬਰ 1 'ਚ ਜਾਗਰੂਕਤਾ ਕੈਂਪ ਲਾ ਕੇ ਲੋਕਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਮੌਕੇ ਵੀਨੂੰ ਸ਼ਾਹ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਉਸ ਵਕਤ ਤੋਂ ਆਮ ਲੋਕਾਂ ਦੀ ਸਿਹਤ ਨੂੰ ਸਭ ਤੋਂ ਉੱਚੀ ਤਰਜੀਹ ਦਿੱਤੀ ਜਾ ਰਹੀ ਹੈ।ਪਹਿਲਾਂ ਸੂਬੇ ਭਰ ਵਿੱਚ ਮੁਹੱਲਾ ਕਲੀਨਿਕਾਂ ਰਾਹੀਂ ਘਰ ਘਰ ਇਲਾਜ ਦੀ ਸਹੂਲਤ ਪਹੁੰਚਾਉਣ ਦਾ ਕੰਮ ਕੀਤਾ ਗਿਆ ਤੇ ਹੁਣ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲਗਭਗ 65 ਲੱਖ ਪਰਵਾਰਾਂ ਨਾਲ ਸਬੰਧਤ ਤਕਰੀਬਨ 3 ਕਰੋੜ ਤੋਂ ਵੱਧ ਨਾਗਰਿਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਡਾਕਟਰੀ ਇਲਾਜ ਕਰਾਉਣ ਦਾ ਸਿੱਧਾ ਲਾਭ ਮਿਲੇਗਾ।ਮਹਿੰਗੇ ਇਲਾਜ, ਪ੍ਰਾਈਵੇਟ ਹਸਪਤਾਲਾਂ ਦੇ ਭਾਰੀ ਬਿੱਲਾਂ ਤੇ ਕਰਜ਼ੇ ਤੋਂ ਲੋਕਾਂ ਨੂੰ ਰਾਹਤ ਦਿਵਾਉਣ ਵੱਲ ਇਹ ਯੋਜਨਾ ਇੱਕ ਮੀਲ ਪੱਥਰ ਸਾਬਤ ਹੋਵੇਗੀ ਅਤੇ ਹੁਣ ਪੈਸੇ ਦੀ ਘਾਟ ਕਾਰਨ ਕਿਸੇ ਵੀ ਗਰੀਬ ਜਾਂ ਮੱਧ ਵਰਗੀ ਪਰਿਵਾਰ ਦਾ ਇਲਾਜ ਨਹੀਂ ਰੁਕੇਗਾ।ਉਨ੍ਹਾਂ ਇਲਾਕਾ ਵਾਸੀਆਂ ਨੂੰ ਇਸ ਮੁੱਖ ਮੰਤਰੀ ਸਿਹਤ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

# ਰਾਜਪਾਲ ਦੀ ਨਸ਼ਾ ਵਿਰੋਧੀ ਪਦ ਯਾਤਰਾ ਨੂੰ ਪੁੱਕਾ ਨੇ ਦਿੱਤਾ ਸਮਰਥਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਵਿੱਚ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ 9 ਤੋਂ 12 ਫ਼ਰਵਰੀ ਤੱਕ ਆਯੋਜਤ ਕੀਤੀ ਜਾ ਰਹੀ ਨਸ਼ਾ ਵਿਰੋਧੀ ਪਦ ਯਾਤਰਾ ਨੂੰ ਪੰਜਾਬ ਅਨਏਡਿਡ ਕਾਲਜ ਐਸੋਸੀਏਸ਼ਨ (ਪੁੱਕਾ) ਵੱਲੋਂ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਇਹ ਪਦਯਾਤਰਾ ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ ਤੇ ਅਬੋਹਰ ਵਿੱਚੋਂ ਕੱਢੀ ਜਾਵੇਗੀ, ਜਿਸ ਵਿੱਚ ਨੌਜਵਾਨਾਂ ਤੇ ਆਮ ਜਨਤਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ ਜਾਵੇਗਾ। ਆਨਲਾਈਨ ਮੀਟਿੰਗ ਦੌਰਾਨ ਪੁੱਕਾ ਦੇ ਪ੍ਰਧਾਨ ਅਤੇ ਆਰਯਨਸ ਗਰੁੱਪ ਆਫ ਕਾਲਜਜ਼ ਦੇ ਕੁਲਪਤੀ ਡਾ. ਅੰਸ਼ੂ ਕਟਾਰੀਆ ਨੇ ਰਾਜਪਾਲ ਨੂੰ ਭਰੋਸਾ ਦਿਵਾਇਆ ਕਿ ਸਬੰਧਤ ਖੇਤਰਾਂ ਦੇ ਸਾਰੇ ਸਿੱਖਿਆ ਸੰਸਥਾਨ ਇਸ ਸਮਾਜਿਕ ਮੁਹਿੰਮ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਗੇ ਤੇ ਵਿਦਿਆਰਥੀਆਂ ਨੂੰ ਵੀ ਇਸ ਅਭਿਆਨ ਨਾਲ ਜੋੜਿਆ ਜਾਵੇਗਾ। ਡਾ. ਕਟਾਰੀਆ ਨੇ ਦੱਸਿਆ ਕਿ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਨੂੰ ਸਫਲ ਬਣਾਉਣ ਲਈ ਵੱਖ-ਵੱਖ ਜ਼ਿਲ੍ਹਿਆਂ ਵਿਚ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ ਹਨ। ਇਸ ਮੁਹਿੰਮ ਵਿੱਚ ਫਿਰੋਜ਼ਪੁਰ ਇੰਜਨੀਅਰਿੰਗ ਕਾਲਜ ਤੇ ਟੈਕਨੀਕਲ ਕਾਲਜ ਦੇ ਚੇਅਰਮੈਨ ਡਾ. ਹੀਰਾ ਲਾਲ ਸ਼ਰਮਾ ਨੂੰ ਵਿਸ਼ੇਸ਼ ਜ਼ਿੰਮੇਵਾਰੀ ਦਿੱਤੀ ਗਈ ਹੈ, ਜੋ ਇਸ ਜਾਗਰੂਕਤਾ ਮੁਹਿੰਮ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਡਾ. ਹੀਰਾ ਲਾਲ ਸ਼ਰਮਾ ਲੰਮੇ ਸਮੇਂ ਤੋਂ ਸਿੱਖਿਆ ਦੇ ਖੇਤਰ ਵਿਚ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਦੇਣ ਤੇ ਸਮਾਜ ਸੇਵਾ ਨਾਲ ਜੁੜੇ ਕੰਮਾਂ ਵਿੱਚ ਸਰਗਰਮ ਯੋਗਦਾਨ ਪਾਉਂਦੇ ਆ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਫਿਰੋਜ਼ਪੁਰ ਇੰਜੀਨੀਅਰਿੰਗ ਕਾਲਜ ਤੇ ਟੈਕਨੀਕਲ ਕਾਲਜ ਦੇ ਵਿਦਿਆਰਥੀ ਵੀ ਇਸ ਪਦਯਾਤਰਾ ਨੂੰ ਸਫਲ ਬਣਾਉਣ ਵਿੱਚ ਵਧ-ਚੜ੍ਹ ਕੇ ਭਾਗ ਲੈਣਗੇ।

ਇਸ ਤੋਂ ਇਲਾਵਾ ਅਨਿਰੁੱਧ ਗੁਪਤਾ (ਡੀਸੀਐਮ ਸਕੂਲ), ਦੇਵਿੰਦਰ ਪਾਲ ਸਿੰਘ ਢਿੱਲੋਂ (ਦੇਸ਼ ਭਗਤ ਕਾਲਜ, ਮੋਗਾ), ਪ੍ਰਵੀਣ ਗਰਗ (ਆਈਐਸਐਫ ਕਾਲਜ, ਮੋਗਾ), ਰਾਜੇਸ਼ ਭਾਰਦਵਾਜ (ਐਸਬੀਐਸ ਕਾਲਜ, ਪੱਟੀ) ਅਤੇ ਜਗਜੀਤ ਸਿੰਘ (ਪੰਜਾਬ ਕਾਲਜ ਆਫ ਲਾਅ, ਤਰਨਤਾਰਨ) ਨੂੰ ਵੀ ਵੱਖ-ਵੱਖ ਖੇਤਰਾਂ ਦੇ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫਾਜ਼ਿਲਕਾ ਸਥਿਤ ਕਰਨ ਗਰਗੋਵਰਨ ਫਾਊਂਡੇਸ਼ਨ ਵੀ ਇਸ ਜਾਗਰੂਕਤਾ ਅਭਿਆਨ ਨੂੰ ਆਪਣਾ ਸਹਿਯੋਗ ਪ੍ਰਦਾਨ ਕਰੇਗੀ, ਜਿਸ ਨਾਲ ਇਹ ਮੁਹਿੰਮ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵੱਧ ਸਕੇਗੀ। ਪਦਯਾਤਰਾ ਦਾ ਸਮਾਪਨ ਸਮਾਗਮ ਅਬੋਹਰ ਵਿੱਚ ਕਰਵਾਇਆ ਜਾਵੇਗਾ, ਜਿਸ ਦੀ ਮੇਜ਼ਬਾਨੀ ਪੁੱਕਾ ਵੱਲੋਂ ਕੀਤੀ ਜਾਵੇਗੀ।

## ਮਲੇਸ਼ੀਆ 'ਚੋਂ ਮ੍ਰਿਤਕ ਨੌਜਵਾਨ ਦੀ ਲਾਸ਼ ਇੱਕ ਮਹੀਨੇ ਬਾਅਦ ਭਾਰਤ ਪੁੱਜੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਚੌਂਤਾ ਦੇ ਨੌਜਵਾਨ ਸਮਸ਼ੇਰ ਸਿੰਘ (29) ਜੋ ਕਿ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਲਈ ਮਲੇਸ਼ੀਆ ਗਿਆ ਸੀ ਜਿੱਥੇ ਉਹ ਹੋਅਰ ਡਰੈੱਸਰ ਵਜੋਂ ਕੰਮ ਕਰਦਾ ਸੀ। ਇੱਕ ਮਹੀਨੇ ਪਹਿਲਾਂ ਉਸ ਦੀ ਸ਼ੱਕੀ ਹਾਲਾਤ ਵਿਚ ਮੌਤ ਹੋ ਗਈ ਸੀ। ਭਾਰਤ ਵਿਚ ਪਰਿਵਾਰ ਵੱਲੋਂ ਖਦਸ਼ਾ ਕੀਤਾ ਗਿਆ ਕਿ ਉਸ ਦਾ ਕਤਲ ਕੀਤਾ ਗਿਆ ਹੈ ਜਿਸ ਦੀ ਜਾਂਚ ਕੀਤੀ ਜਾਵੇ ਅਤੇ ਨਾਲ ਹੀ ਉਸ ਦੀ ਮ੍ਰਿਤਕ ਦੇਹ ਭਾਰਤ ਲਿਆਉਣ ਦੇ ਪ੍ਰਬੰਧ ਕੀਤੇ ਜਾਣ। ਪਰਿਵਾਰ ਗਰੀਬ ਹੋਣ ਕਾਰਨ ਮਲੇਸ਼ੀਆ ਤੋਂ ਲਾਸ਼ ਲਿਆਉਣ ਲਈ ਖਰਚਾ ਕਰਨ ਦੇ ਅਸਮਰੱਥ ਸੀ ਜਿਸ 'ਤੇ ਉਨ੍ਹਾਂ ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਐੱਮ.ਪੀ. ਅਮਰ ਸਿੰਘ ਨਾਲ ਰਾਬਤਾ ਕਾਇਮ ਕੀਤਾ। ਉਨ੍ਹਾਂ ਵੱਲੋਂ ਤੁਰੰਤ ਪਰਿਵਾਰ ਦੀ ਸਥਿਤੀ ਨੂੰ ਸਮਝਦਿਆਂ ਮਲੇਸ਼ੀਆ ਤੇ ਭਾਰਤ ਸਰਕਾਰ ਨੂੰ ਪੱਤਰ ਲਿਖ ਕੇ ਨੌਜਵਾਨ ਸਮਸ਼ੇਰ ਸਿੰਘ ਦੀ ਲਾਸ਼ ਉਸ ਦੇ ਪਰਿਵਾਰ ਨੂੰ ਸੌਂਪਣ ਲਈ ਯਤਨ ਕੀਤੇ। ਕਰੀਬ 1 ਮਹੀਨੇ ਬਾਅਦ ਐੱਮ.ਪੀ. ਅਮਰ ਸਿੰਘ ਦੇ ਯਤਨਾਂ ਸਦਕਾ ਸਮਸ਼ੇਰ ਸਿੰਘ ਦੀ ਲਾਸ਼ ਅੰਮ੍ਰਿਤਸਰ ਏਅਰਪੋਰਟ 'ਤੇ ਪੁੱਜ ਗਈ ਹੈ। ਐਤਵਾਰ ਨੂੰ ਪਿੰਡ ਚੌਂਤਾ ਵਿਖੇ ਸਮਸ਼ੇਰ ਸਿੰਘ ਦਾ ਅੰਤਿਮ ਸਸਕਾਰ ਕਰ ਦਿੱਤਾ ਗਿਆ।

## ਭਗਪੁਰ ਗਗੜਾ ਵਿਖੇ ਫਰੀ ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਲਗਾਇਆ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਅਤੇ ਆਯੂਸ਼ ਵਿਭਾਗ ਪੰਜਾਬ ਅਤੇ ਡਾਇਰੈਕਟਰ ਆਯੁਰਵੇਦਾ ਪੰਜਾਬ ਡਾਕਟਰ ਰਮਨ ਖੰਨਾ ਅਤੇ ਹੋਮਿਓਪੈਥੀ ਵਿਭਾਗ ਦੇ ਡਾਇਰੈਕਟਰ ਡਾਕਟਰ ਹਰਿੰਦਰ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਜਿਲਾ ਆਯੁਰਵੈਦਿਕ ਅਫਸਰ ਡਾਕਟਰ ਪਲਵਿੰਦਰ ਸਿੰਘ ਅਤੇ ਜਿਲਾ ਹੋਮਿਓਪੈਥੀਕ ਅਫਸਰ ਡਾਕਟਰ ਗੁਰਦਰਸ਼ਨ ਕੌਰ ਦੀ ਯੋਗ ਅਗਵਾਈ ਤਹਿਤ ਅਤੇ ਸਰਬੱਤ ਦਾ ਭਲਾ ਟਰੱਸਟ ਦੇ ਸਹਿਯੋਗ ਨਾਲ ਪਿੰਡ ਭਗਪੁਰ ਗਗੜਾ ਵਿਖੇ ਫਰੀ ਆਯੁਰਵੈਦਿਕ ਅਤੇ ਹੋਮਿਓਪੈਥਿਕ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਲਗਭਗ 952 ਮਰੀਜ਼ਾਂ ਦਾ ਚੈੱਕ ਅਪ ਕੀਤਾ ਗਿਆ ਜਿਸ ਵਿੱਚ ਆਯੁਰਵੈਦਿਕ ਵਿਭਾਗ ਵੱਲੋਂ 490 ਅਤੇ ਹੋਮਿਓਪੈਥੀ ਵਿਭਾਗ ਵੱਲੋਂ 462 ਮਰੀਜ਼ਾਂ ਦਾ ਚੈੱਕ ਮਾਹਰ ਡਾਕਟਰਾਂ ਵੱਲੋਂ ਕੀਤਾ ਗਿਆ ਅਤੇ ਫ਼ਰੀ ਦਵਾਈਆਂ ਵੰਡੀਆਂ ਗਈਆਂ ਕੈਂਪ ਦੌਰਾਨ ਆਯੁਰਵੈਦਿਕ ਵਿਭਾਗ ਤੋਂ ਡਾਕਟਰ ਸਿਮਰਜੀਤ ਕੌਰ ਏ ਐੱਮ ਓ ਡਾਕਟਰ ਸੁਰੇਸ਼ ਕੁਮਾਰ ਏ ਐੱਮ ਓ ਅਤੇ ਹੋਮਿਓਪੈਥੀ ਵਿਭਾਗ ਤੋਂ ਡਾਕਟਰ ਇੰਦਰਦੀਪ ਕੌਰ ਐੱਚ ਐੱਮ ਓ ਅਤੇ ਸ੍ਰੀ ਗੁਰਜਿੰਦਰ ਸਿੰਘ ਉਪਵੈਦ ਸ੍ਰੀ ਅਮਨਦੀਪ ਸਿੰਘ ਉਪਵੈਦ ਸ੍ਰੀ ਰਾਜਵਿੰਦਰ ਸਿੰਘ ਡਿਸਪੈਂਸਰ ਸ੍ਰੀਮਤੀ ਲਖਵੰਤ ਕੌਰ ਟ੍ਰੇਡ ਦਾਈ ਸ੍ਰੀ ਪ੍ਰਿਤਪਾਲ ਸਿੰਘ ਸ੍ਰੀਮਤੀ ਮਨਦੀਪ ਕੌਰ ਸ੍ਰੀਮਤੀ ਮਨਜੀਤ ਕੌਰ ਵੱਲੋਂ ਡਿਊਟੀ ਨਿਭਾਈ ਗਈ। ਅੰਤ ਵਿੱਚ ਰੂਲਰ ਐਨ ਜੀ ਓ ਕਲਬ ਐਸੋਸੀਏਸ਼ਨ ਜਿਲਾ ਮੋਗਾ ਦੇ ਪ੍ਰਧਾਨ ਸ੍ਰੀ ਹਰਭਿੰਦਰ ਸਿੰਘ ਜਾਨੀਆ ਅਤੇ ਸ੍ਰੀ ਜਗਤਾਰ ਸਿੰਘ ਜਾਨੀਆ ਖਜਾਨਚੀ ਸ੍ਰੀ ਰਾਮ ਸਿੰਘ ਜੱਥੇਬੰਦਕ ਸਕੱਤਰ ਅਤੇ ਸਰਪੰਚ ਬਲਵੀਰ ਸਿੰਘ ਅਤੇ ਸਮੂਹ ਪੰਚਾਇਤ ਪਿੰਡ ਭਾਗਪੁਰ ਗਗੜਾ ਅਤੇ ਗੁਰਦੁਆਰਾ ਬਾਬਾ ਮੋਤੀ ਰਾਮ ਪਿੰਡ ਭਾਗਪੁਰ ਗਗੜਾ ਦੀ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਪਹੁੰਚੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ ਗਿਆ ਅਤੇ ਸਰੋਪੇ ਦੇ ਕੇ ਸਨਮਾਨ ਕੀਤਾ ਗਿਆ।

## ਕਹਾਣੀਕਾਰ ਸੁਖਜੀਤ ਯਾਦਗਾਰੀ ਐਵਾਰਡ ਜੇ ਬੀ ਗੋਇਲ ਨੂੰ ਦਿੱਤਾ ਜਾਵੇਗਾ



**ਸਮਰਾਲਾ (ਸੁਰਜੀਤ ਸਿੰਘ)**-ਸਾਹਿਤ ਸਭਾ (ਰਜਿ.) ਸਮਰਾਲਾ ਵੱਲੋਂ ਆਪਣੀ ਪਿਰਤ ਨੂੰ ਨਿਰੰਤਰ ਜਾਰੀ ਰੱਖਦੇ ਹੋਏ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਵਿਜੇਤਾ ਕਹਾਣੀਕਾਰ ਸੁਖਜੀਤ ਯਾਦਗਾਰੀ ਸਨਮਾਨ ਸਮਾਰੋਹ 14 ਫ਼ਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਸਾਹਿਤ ਸਭਾ ਦੇ ਜਨਰਲ ਸਕੱਤਰ ਦੀਪ ਦਿਲਬਰ ਅਤੇ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਕੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਵਾਰ ਕਹਾਣੀਕਾਰ ਸੁਖਜੀਤ ਯਾਦਗਾਰੀ ਐਵਾਰਡ ਉੱਘੇ ਲੇਖਕ ਅਤੇ ਅਨੁਵਾਦਕ ਜੰਗ ਬਹਾਦੁਰ ਗੋਇਲ (ਆਈ ਏ ਐੱਸ) ਨੂੰ ਦਿੱਤਾ ਜਾਵੇਗਾ।ਪਿਛਲੇ ਸਾਲ ਇਹ ਐਵਾਰਡ ਕਹਾਣੀਕਾਰ ਕਿਰਪਾਲ ਕਜ਼ਾਕ ਨੂੰ ਦਿੱਤਾ ਗਿਆ ਸੀ।ਦੀਪ ਦਿਲਬਰ ਨੇ ਦੱਸਿਆ ਕਿ ਲੇਖਕ ਦੀ ਚੋਣ ਸਾਹਿਤ ਸਭਾ ਦੀ ਕਾਰਜਕਾਰਨੀ ਦੁਆਰਾ ਕੀਤੀ ਜਾਂਦੀ ਹੈ। ਉਹਨਾਂ ਇਹ ਵੀ ਦੱਸਿਆ ਕਿ ਸਭਾ ਦੀ ਪਿਰਤ ਮੁਤਾਬਕ ਐਵਾਰਡ ਪਹਿਲੇ ਐਵਾਰਡ ਜੇਤੂ ਹੱਥੋਂ ਮੌਜੂਦਾ ਨੂੰ ਪ੍ਰਦਾਨ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਨਗਰ ਕੌਂਸਲ ਸ੍ਰੀ ਮਾਛੀਵਾੜਾ ਸਾਹਿਬ ਦੇ ਪ੍ਰਧਾਨ ਮੋਹਿਤ ਕੁੰਦਰਾ (ਸੋਨੂੰ) ਦਾ ਉਹਨਾਂ ਦੇ ਸਾਹਿਤਕ ਅਤੇ ਮਾਨਵਵਾਦੀ ਕੰਮਾਂ ਨੂੰ ਦੇਖਦੇ ਹੋਏ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਇਸ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਪ੍ਰੋ. ਗੁਰਭਜਨ ਗਿੱਲ ਕਰਨਗੇ। ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਡਾ. ਸੁਰਿੰਦਰ ਕੁਮਾਰ ਦਵੇਸ਼ਵਰ (ਪੰਜਾਬ ਯੂਨੀਵਰਸਿਟੀ ਚੰਡੀਗੜ੍ਹ) ਸਮਾਗਮ ਦੇ ਮੁੱਖ ਮਹਿਮਾਨ ਹੋਣਗੇ। ਉੱਘੇ ਕਹਾਣੀਕਾਰ ਕਿਰਪਾਲ ਕਜ਼ਾਕ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਮੂਲੀਅਤ ਕਰਨਗੇ।

## ਬੌਰੀਆ ਸਿੱਖਾਂ ਦਾ ਕਬੱਡੀ ਟੂਰਨਾਮੈਂਟ 21 ਤੋਂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਜੈ ਮਾਂ ਨੈਣਾਂ ਦੇਵੀ ਵੈੱਲਫੇਅਰ ਐਂਡ ਸਪੋਰਟਸ ਕਲੱਬ ਵੱਲੋਂ 15ਵਾਂ ਨਿਰੋਲ ਬੌਰੀਆ ਸਿੱਖਾਂ ਦਾ ਕਬੱਡੀ ਦਾ ਸ਼ਾਨਦਾਰ ਟੂਰਨਾਮੈਂਟ 21 ਤੇ 22 ਫ਼ਰਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਕੇ ਦੀਆਂ ਗਰਾਊਂਡਾ ਵਿੱਚ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਉੱਪਨ ਨਿਰੋਲ ਬੌਰੀਆ ਸਿੱਖਾਂ ਦਾ ਕਬੱਡੀ 60 ਕਿਲੋ, ਕਬੱਡੀ 55 ਕਿਲੋ, ਕਬੱਡੀ 48 ਕਿਲੋ, ਕਬੱਡੀ 42 ਕਿਲੋ ਦੇ ਮੁਕਾਬਲੇ ਕਰਾਏ ਜਾ ਰਹੇ ਹਨ, ਜਿਸ ਵਿੱਚ 21 ਫ਼ਰਵਰੀ ਨੂੰ ਕਬੱਡੀ 30, 42, 48 ਕਿਲੋ ਨਿਰੋਲ ਬੌਰੀਆ ਸਿੱਖਾਂ ਦਾ ਟੂਰਨਾਮੈਂਟ ਹੋਵੇਗਾ ਤੇ 22 ਫਰਵਰੀ ਨੂੰ 26 ਨੂੰ 55, 60 ਕਿਲੋ ਦੇ ਮੈਚ 11 ਵਜੇ ਕਰਾਏ ਜਾਣਗੇ। ਓਪਨ ਦੇ ਮੈਚ 2 ਵਜੇ ਸ਼ੁਰੂ ਕਰਾਏ ਜਾਣਗੇ। ਉਸ ਤੋਂ ਇਲਾਵਾ ਕਬੱਡੀ ਖੇਡ ਰਹੇ ਖਿਡਾਰੀਆਂ ਨੂੰ ਚੰਗੇ ਇਨਾਮਾਂ ਨਾਲ ਨਿਵਾਜਿਆ ਜਾਵੇਗਾ।

ਜਾਣਕਾਰੀ ਜੈ ਮਾਂ ਨੈਣਾਂ ਦੇਵੀ ਵੈੱਲਫੇਅਰ ਐਂਡ ਸਪੋਰਟਸ ਕਲੱਬ ਭਾਗੀਕੇ ਦੇ ਅਹੁਦੇਦਾਰਾਂ ਵੱਲੋਂ ਦਿੱਤੀ ਗਈ।

# ਗਲੋਬਲ ਪ੍ਰੋਗਰਾਮਾਂ ਲਈ ਐਜੂਇੰਟੈਕਸ ਲਰਨਿੰਗ ਸਲਿਊਸ਼ਨਜ਼ ਨਾਲ ਸਮਝੌਤਾ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਐਜੂਇੰਟੈਕਸ ਲਰਨਿੰਗ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ, ਕੇਰਲਾ ਨਾਲ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ ਹਨ, ਤਾਂ ਜੁ ਉਦਯੋਗ-ਅਨੁਕੂਲ ਤੇ ਅੰਤਰਰਾਸ਼ਟਰੀ ਪੱਧਰ 'ਤੇ ਬੈਂਚਮਾਰਕ ਕੀਤੇ ਪ੍ਰੋਗਰਾਮਾਂ ਰਾਹੀਂ ਆਪਣੀਆਂ ਵਿਸ਼ਵਵਿਆਪੀ ਅਕਾਦਮਿਕ ਪੇਸ਼ਕਸ਼ਾਂ ਨੂੰ ਮਜ਼ਬੂਤ ਕੀਤਾ ਜਾ ਸਕੇ।ਇਸ ਸਮਝੌਤੇ 'ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਅਤੇ ਐਜੂਇੰਟੈਕਸ ਲਰਨਿੰਗ ਸਲਿਊਸ਼ਨਜ਼ ਪ੍ਰਾਈਵੇਟ ਲਿਮ: ਦੇ ਸੀਈਓ ਸ਼੍ਰੀ ਸ਼ਾਹੁਲ ਹਮੀਦ ਐਮਡੀ, ਸ਼੍ਰੀ ਖਲੀਲ ਰਹਿਮਾਨ ਦੀ ਮੌਜੂਦਗੀ ਵਿੱਚ ਹਸਤਾਖਰ ਕੀਤੇ ਗਏ, ਜੋ ਕਿ ਡੀਬੀਯੂ ਦੇ ਗਲੋਬਲ ਐਜੂਕੇਸ਼ਨ ਈਕੋਸਿਸਟਮ ਦੇ ਵਿਸਥਾਰ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਸ ਸਹਿਯੋਗ ਦੇ ਤਹਿਤ, ਡੀਬੀਯੂ ਗਲੋਬਲ ਪ੍ਰੋਗਰਾਮ ਪੇਸ਼ ਕਰੇਗਾ, ਜਿਸ ਵਿੱਚ ਏਸੀਸੀਏ ਨਾਲ ਏਕੀਕ੍ਰਿਤ ਬੈਚਲਰ ਆਫ਼ ਕਾਮਰਸ (ਬੀ.ਕਾਮ-ਗਲੋਬਲ), ਬੀਬੀਏ-ਗਲੋਬਲ, ਐਮ.ਕਾਮ-ਗਲੋਬਲ ਤੇ ਐਮਬੀਏ-ਗਲੋਬਲ ਸ਼ਾਮਲ ਹਨ।ਇਸ ਸਾਂਝੇਦਾਰੀ ਦਾ ਉਦੇਸ਼ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਅਕਾਦਮਿਕ ਐਕਸਪੋਜ਼ਰ, ਪੇਸ਼ੇਵਰ ਪ੍ਰਮਾਣੀਕਰਣ ਮਾਰਗ ਤੇ ਵਿਸ਼ਵ ਬਾਜ਼ਾਰਾਂ ਵਿੱਚ ਵਧੀ ਹੋਈ ਰੁਜ਼ਗਾਰਯੋਗਤਾ ਪ੍ਰਦਾਨ ਕਰਨਾ ਹੈ।ਐਜੂਇੰਟੈਕਸ ਲਰਨਿੰਗ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ, ਅਧਿਕਾਰਤ ਆਨਲਾਈਨ ਲਰਨਿੰਗ ਪਾਰਟਨਰ ਦੇ ਤੌਰ 'ਤੇ, ਵਿਦਿਆਰਥੀਆਂ ਤੱਕ ਪਹੁੰਚ, ਦਾਖਲਾ ਸਹਾਇਤਾ, ਸਲਾਹ, ਅਕਾਦਮਿਕ ਡਿਲੀਵਰੀ ਸਹੂਲਤ, ਮੁਲਾਂਕਣ ਲੌਜਿਸਟਿਕਸ ਤੇ ਪਲੇਸਮੈਂਟ ਸਹਾਇਤਾ ਸਮੇਤ ਅਕਾਦਮਿਕ ਅਤੇ ਸੰਚਾਲਨ ਸੇਵਾਵਾਂ ਦਾ ਸਮਰਥਨ ਕਰੇਗਾ।ਡੀਬੀਯੂ ਚਾਂਸਲਰ ਡਾ. ਜ਼ੋਰਾ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਹਿਯੋਗ ਯੂਨੀਵਰਸਿਟੀ ਦੀ ਐਨਈਪੀ-2020, ਵਿਸ਼ਵਵਿਆਪੀ ਯੋਗਤਾ-ਅਧਾਰਤ ਸਿੱਖਿਆ ਤੇ ਉਦਯੋਗ-ਏਕੀਕ੍ਰਿਤ ਸਿਖਲਾਈ ਮਾਡਲਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜੋ ਵਿਦਿਆਰਥੀਆਂ ਨੂੰ ਵਣਜ, ਵਿੱਤ ਅਤੇ ਪ੍ਰਬੰਧਨ ਵਿੱਚ ਅੰਤਰਰਾਸ਼ਟਰੀ ਕਰੀਅਰ ਲਈ ਤਿਆਰ ਕਰਦੇ ਹਨ।

## ਵਿਧਾਇਕਾ ਵੱਲੋਂ ਸਕੂਲਾਂ 'ਚ ਮਾਪਿਆਂ ਨਾਲ ਸਿੱਧੀ ਗੱਲਬਾਤ




**ਰਾਜਪੁਰਾ (ਰਮੇਸ਼ ਕਟਾਰੀਆ)**-ਸਰਕਾਰੀ ਸਕੂਲਾਂ ਵਿੱਚ ਮਾਪਿਆਂ ਨਾਲ ਸੰਵਾਦ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪੇਰੈਂਟਸ ਵਰਕਸ਼ਾਪ ਕਰਵਾਉਣ ਦੀ ਲੜੀ ਤਹਿਤ ਰਾਜਪੁਰਾ ਦੇ ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਮਿਡਲ ਸਕੂਲਾਂ ਵਿਖੇ ਮਾਪਿਆਂ ਲਈ ਇਕ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ।ਇਸ ਦੌਰਾਨ ਹਲਕਾ ਰਾਜਪੁਰਾ ਦੀ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਰਾਜਪੁਰਾ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਪਹੁੰਚ ਕੇ ਮਾਪਿਆਂ ਨਾਲ ਸਿੱਧੀ ਗੱਲਬਾਤ ਕੀਤੀ।ਮਾਪਿਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨੀਨਾ ਮਿੱਤਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਰਕਾਰੀ ਸਕੂਲ ਹੁਣ ਦੇਸ਼ ਦੇ ਬਿਹਤਰ ਸਕੂਲ ਬਣ ਗਏ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਕੇਵਲ ਸਰਕਾਰ ਜਾਂ ਸਕੂਲ ਹੀ ਨਹੀਂ, ਸਗੋਂ ਮਾਪਿਆਂ ਦੀ ਭੂਮਿਕਾ ਵੀ ਬਹੁਤ ਅਹਿਮ ਹੈ।ਜਦੋਂ ਸਰਕਾਰ, ਅਧਿਆਪਕ ਅਤੇ ਮਾਪੇ ਇਕਜੁੱਟ ਹੋ ਕੇ ਇਕ ਦਿਸ਼ਾ ਵਿੱਚ ਕੰਮ ਕਰਦੇ ਹਨ, ਤਦ ਹੀ ਵਿਦਿਆਰਥੀਆਂ ਦਾ ਭਵਿੱਖ ਮਜ਼ਬੂਤ ਅਤੇ ਸੁਰੱਖਿਅਤ ਬਣਦਾ ਹੈ।ਨੀਨਾ ਮਿੱਤਲ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਸਾਲਾਨਾ ਪ੍ਰੀਖਿਆਵਾਂ ਦੀ ਤਿਆਰੀ ਦੌਰਾਨ ਉਨ੍ਹਾਂ ਲਈ ਸਕਾਰਾਤਮਕ ਵਾਤਾਵਰਨ, ਨਿਯਮਤ ਸਮਾਂ-ਸਾਰਣੀ ਅਤੇ ਨੈਤਿਕ ਸਹਿਯੋਗ ਪ੍ਰਦਾਨ ਕਰਨ।ਸਕੂਲ ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਸੰਜੀਵ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਈਆਂ ਗਈਆਂ ਇਹ ਵਰਕਸ਼ਾਪਾਂ ਲਾਹੇਵੰਦ ਸਾਬਤ ਹੋਣਗੀਆਂ ਇਸ ਮੌਕੇ ਵਿਜੈ ਮੈਨਰੋ ਤੋਂ ਇਲਾਵਾ ਹੋਰ ਪੰਤਵਤੇ ਮੌਜੂਦ ਸਨ।

## ਨਸ਼ਿਆਂ ਦੇ ਖਾਤਮੇ ਲਈ ਸਾਰੇ ਵਰਗਾਂ ਦਾ ਸਹਿਯੋਗ ਜ਼ਰੂਰੀ : ਖੁੱਡੀਆਂ



**ਸ਼੍ਰੀ ਮੁਕਤਸਰ ਸਾਹਿਬ/ਮਲੋਟ/ਲੰਬੀ (ਸ਼ਮਿੰਦਰ ਪਾਲ, ਪੂਜਾ, ਓਮ ਪ੍ਰਕਾਸ਼ ਸ਼ੇਖੂ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਜੰਗੀ ਪੱਧਰ 'ਤੇ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਫੇਜ਼-2 ਦੌਰਾਨ ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਲੰਬੀ ਹਲਕੇ ਵਿਖੇ ਬਣਾਈਆਂ ਗਈਆਂ ਵੀ.ਡੀ.ਸੀ. ਕਮੇਟੀਆਂ, ਅਹੁਦੇਦਾਰਾਂ, ਸਿਵਲ ਪ੍ਰਸ਼ਾਸ਼ਨ ਅਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀਆਂ ਨਾਲ ਮਾਰਕਿਟ ਕਮੇਟੀ ਮਲੋਟ ਦੇ ਦਫ਼ਤਰ ਵਿਖੇ ਮੀਟਿੰਗ ਕੀਤੀ ਗਈ।ਇਸ ਮੌਕੇ ਸ. ਖੁੱਡੀਆਂ ਨੇ ਕਿਹਾ ਕਿ ਨਸ਼ਾ ਵਿਸ਼ਵ ਵਿਆਪੀ ਸਮੱਸਿਆ ਹੈ ਜੋ ਕੇ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸਾਰੇ ਵਰਗਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਾਰਡ ਜਾਂ ਪਿੰਡ ਵਿੱਚ ਕਿਸੇ ਨੂੰ ਵੀ ਨਸ਼ੇ ਸਬੰਧੀ ਜਾਂ ਨਸ਼ਾ ਤਸਕਰ ਸਬੰਧੀ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਇਸ ਸਬੰਧੀ ਪੁਲਿਸ ਨੂੰ ਸੂਚਿਤ ਕਰਨ ਅਤੇ ਸੂਚਨਾ ਦੇਣ ਵਾਲੇ ਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ।ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ ਵੱਡੀਆਂ ਕਾਰਵਾਈਆਂ ਹੋਈਆਂ ਹਨ, ਵੱਡੀਆਂ ਬ੍ਰਾਮਾਦਗੀਆਂ ਹੋਈਆਂ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਨਸ਼ਿਆਂ ਨੂੰ ਨੱਥ ਪਾਉਣ ਲਈ ਇਸ ਮੁਹਿੰਮ ਤਹਿਤ ਡੀ.ਐਸ.ਪੀ. ਲੰਬੀ ਤੇ ਡੀ.ਐਸ.ਪੀ. ਮਲੋਟ ਵੱਲੋਂ ਇਕੱਤਰ ਜਾਣਕਾਰੀ ਸਾਂਝੀ ਕਰਦਿਆਂ ਪੁਲਿਸ ਵੱਲੋਂ ਬਰਾਮਦ ਨਸ਼ੇ ਤੇ ਦਰਜ ਮਾਮਲਿਆਂ ਦਾ ਵੇਰਵਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਜੰਗੀ ਪੱਧਰ 'ਤੇ ਜਾਰੀ ਹੈ, ਜਿਸ ਦੇ ਵਧੀਆ ਸਿੱਟੇ ਸਾਹਮਣੇ ਆ ਰਹੇ ਹਨ। ਉਨ੍ਹਾਂ ਸ੍ਰੀ ਮੁਕਤਸਰ ਸਾਹਿਬ ਪ੍ਰਸ਼ਾਸ਼ਨ, ਪੁਲਿਸ ਪ੍ਰਸ਼ਾਸ਼ਨ ਤੇ ਜ਼ਿਲ੍ਹੇ ਦੀਆਂ ਪੇਂਡੂ ਰੱਖਿਆ ਕਮੇਟੀਆਂ, ਵਾਰਡ ਰੱਖਿਆ ਕਮੇਟੀਆਂ ਦੀ ਪ੍ਰਸ਼ੰਸਾ ਕੀਤੀ, ਜਿੰਨ੍ਹਾਂ ਨੇ ਇਸ ਮੁਹਿੰਮ ਵਿੱਚ ਉਸਾਰੂ ਰੋਲ ਅਦਾ ਕਰਕੇ ਨਸ਼ਿਆਂ ਦੇ ਖਾਤਮੇ ਵੱਲ ਕਦਮ ਚੁੱਕਿਆ ਹੈ, ਜਿਸ ਤਹਿਤ ਵੱਡੀ ਪੱਧਰ 'ਤੇ ਗ੍ਰਿਫਤਾਰੀਆਂ, ਨਸ਼ਿਆਂ ਦੀ ਰਿਕਵਰੀ, ਨਸ਼ਾ ਤਸਕਰਾਂ ਦੇ ਘਰ ਢਾਹੁਣ ਵਰਗੀਆਂ ਕਾਰਵਾਈਆਂ ਤੋਂ ਇਲਾਵਾ ਨਸ਼ਿਆਂ ਦੇ ਸ਼ਿਕਾਰ ਲੋਕਾਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਰੁਜ਼ਗਾਰ ਦੇ ਕਾਬਲ ਬਣਾਉਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।


# 'ਸਾਡੇ ਬਜ਼ੁਰਗ ਸਾਡਾ ਮਾਣ' ਤਹਿਤ ਮੈਗਾ ਸਿਹਤ ਚੈੱਕਅੱਪ ਕੈਂਪ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ 13 ਫਰਵਰੀ ਤੋਂ 15 ਫਰਵਰੀ ਤੱਕ ਆਯੋਜਤ ਹੋਣ ਵਾਲੇ ਤਿੰਨ ਰੋਜ਼ਾ ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਦੌਰਾਨ ਪੰਜਾਬ ਸਰਕਾਰ ਦੀ ਮਹੱਤਵਾਕਾਂਕਸ਼ੀ ਮੁਹਿੰਮ ਸਾਡੇ ਬਜ਼ੁਰਗ, ਸਾਡਾ ਮਾਣ ਤਹਿਤ 13 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਮੁਫ਼ਤ ਮੈਗਾ ਸਿਹਤ ਚੈੱਕਅਪ ਕੈਂਪ ਦਾ ਆਯੋਜਨ ਕੀਤਾ ਜਾਵੇਗਾ।ਇਸਦੇ ਨਾਲ ਹੀ ਮੇਲੇ ਦੌਰਾਨ ਵਿਸ਼ਾਲ ਖ਼ੂਨਦਾਨ ਕੈਂਪ ਵੀ ਲਾਇਆ ਜਾਵੇਗਾ।ਡਿਪਟੀ ਕਮਿਸ਼ਨਰ ਸ਼੍ਰੀ ਵਿਰਾਜ ਐਸ.ਤਿੜਕੇ ਨੇ ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਦੇ ਅਗੇਤੇ ਪ੍ਰਬੰਧਾਂ ਦੀ ਸਮੀਖਿਆ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ, ਸੁਰੱਖਿਆ ਤੇ ਸਨਮਾਨ ਲਈ ਵਚਨਬੱਧ ਹੈ ਤੇ ਇਹ ਮੈਗਾ ਸਿਹਤ ਕੈਂਪ ਇਸ ਦਿਸ਼ਾ ਵਿੱਚ ਇਕ ਅਹਿਮ ਕਦਮ ਹੈ।ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮੈਗਾ ਸਿਹਤ ਚੈੱਕਅਪ ਕੈਂਪ, ਖ਼ੂਨਦਾਨ ਕੈਂਪ ਤੇ ਮੇਲੇ ਦੇ ਸਫਲ ਆਯੋਜਨ ਲਈ ਆਪਸੀ ਤਾਲਮੇਲ ਤੇ ਸਮਰਪਣ ਭਾਵਨਾ ਨਾਲ ਕੰਮ ਕੀਤਾ ਜਾਵੇ, ਤਾਂ ਜੁ ਬਜ਼ੁਰਗਾਂ ਨੂੰ ਸਿਹਤਮੰਦ, ਸੁਰੱਖਿਅਤ ਤੇ ਸਨਮਾਨਤ ਜੀਵਨ ਪ੍ਰਦਾਨ ਕੀਤਾ ਜਾ ਸਕੇ।ਉਨ੍ਹਾਂ ਹੋਰ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਮੁੱਖ ਉਦੇਸ਼ ਪੰਜਾਬੀ ਵਿਰਸੇ ਨਾਲ ਜੁੜੀਆਂ ਉਨ੍ਹਾਂ ਕਲਾਵਾਂ ਨੂੰ ਮੁੜ ਜੀਵੰਤ ਕਰਨਾ ਹੈ, ਜੋ ਸਮੇਂ ਦੇ ਨਾਲ ਅੱਖੋਂ-ਪਰੋਖੀਆਂ ਹੋ ਰਹੀਆਂ ਹਨ।ਇਹ ਮੇਲਾ ਕੇਵਲ ਮਨੋਰੰਜਨ ਤੱਕ ਸੀਮਤ ਨਹੀਂ, ਸਗੋਂ ਕਲਾਕਾਰਾਂ ਦੀ ਮਿਹਨਤ, ਹੁਨਰ ਤੇ ਰਚਨਾਤਮਕਤਾ ਨੂੰ ਲੋਕਾਂ ਤੱਕ ਪੁਚਾਉਣ ਦਾ ਇੱਕ ਵੱਡਾ ਮੰਚ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫੈਸਟੀਵਲ ਦੌਰਾਨ ਨਾਮਵਰ ਕਲਾਕਾਰਾਂ ਵੱਲੋਂ ਸੂਫ਼ੀਆਨਾ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ, ਜਦਕਿ ਜੰਮੂ-ਕਸ਼ਮੀਰ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ (ਕਲਕੱਤਾ), ਰਾਜਸਥਾਨ ਆਦਿ ਰਾਜਾਂ ਤੋਂ ਆਉਣ ਵਾਲੀਆਂ ਮਹਿਲਾ ਉੱਦਮੀਆਂ ਤੇ ਸ਼ਿਲਪਕਾਰਾਂ ਦੀਆਂ ਵਿਲੱਖਣ ਰਚਨਾਵਾਂ ਦਰਸ਼ਕਾਂ ਲਈ ਖਾਸ ਆਕਰਸ਼ਣ ਦਾ ਕੇਂਦਰ ਬਣਨਗੀਆਂ।

## ਵਾਧੂ ਕੰਮਾਂ 'ਤੇ ਡਿਊਟੀਆਂ ਨਾਲ ਹੋਈਆਂ ਸਿਹਤ ਸੇਵਾਵਾਂ ਪ੍ਰਭਾਵਤ : ਰਮਨ ਅੱਤਰੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਦਮ ਗਿਜੀਆ ਦੀ ਪੋਲ ਖੋਲ੍ਹ ਗਈ ਹੈ। ਸਰਕਾਰ ਵੱਲੋਂ ਕਰੋੜਾਂ ਰੁਪਏ ਦੇ ਇਸ਼ਤਿਹਾਰ ਦੇ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਜਦਕਿ ਸਿਹਤ ਵਿਭਾਗ ਵਿਚ ਸਮੂਹ ਪੈਰਾਂ ਮੈਡੀਕਲ ਕਾਮਿਆਂ ਦੀਆਂ ਵੱਡੀ ਗਿਣਤੀ ਵਿਚ ਅਸਾਮੀਆਂ ਖਾਲੀ ਪਈਆਂ ਹਨ। ਉਨ੍ਹਾਂ ਅਸਾਮੀਆਂ ਨੂੰ ਭਰਨ ਦੀ ਬਜਾਏ ਪੇਂਡੂ ਖੇਤਰ ਤੇ ਸ਼ਹਿਰੀ ਇਲਾਕਿਆਂ ਵਿਚ ਡੇਂਗੂ, ਮਲੇਰੀਆਂ ਅਤੇ ਵੈਕਟਰ ਬੋਰਨ ਡਜੀਜ ਵਰਗੀਆਂ ਬਿਮਾਰੀਆਂ ਦੀ ਰੋਕਥਾਮ ਲਈ ਮਲਟੀਪਰਪਜ ਹੈੱਲਥ ਕਾਮਿਆਂ ਦੀਆਂ ਡਿਊਟੀਆਂ ਮੁੱਖ ਮੰਤਰੀ ਸਿਹਤ ਯੋਜਨਾ ਵਿਚ ਸਰਕਾਰ ਵੱਲੋਂ ਤੁਗਲਕੀ ਫਰਮਾਨ ਜਾਰੀ ਕਰਕੇ ਲਗਾ ਦਿੱਤੀਆਂ ਗਈਆਂ ਹਨ। ਮਲਟੀਪਰਪਜ ਕਾਮਿਆਂ ਦੀਆਂ ਇਹ ਡਿਊਟੀਆਂ ਲੱਗਣ ਨਾਲ ਲੋਕਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਪ੍ਰਭਾਵਤ ਹੋਣਗੀਆਂ। ਮਲਟੀਪਰਪਜ਼ ਹੈੱਲਥ ਇੰਪਲਾਈਜ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦੀ ਹੈ ਕਿ ਇਨ੍ਹਾਂ ਡਿਊਟੀਆਂ ਨੂੰ ਤਰੁੰਤ ਰੱਦ ਕੀਤਾ ਜਾਵੇ, ਨਹੀਂ ਤਾਂ ਇਹ ਮਸਲਾ ਲੋਕਾਂ ਦੀ ਕਚਹਿਰੀ ਵਿਚ ਲਿਜਾ ਕੇ ਵੱਡੇ ਸੰਘਰਸ਼ ਉਲੀਕੇ ਜਾਣਗੇ।

## ਮਯੰਕ ਫਾਊਂਡੇਸ਼ਨ ਵੱਲੋਂ ਸੜਕ ਸੁਰੱਖਿਆ ਜਾਗਰੂਕਤਾ ਲਈ ਨੁੱਕੜ ਨਾਟਕ




**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਮਯੰਕ ਫਾਊਂਡੇਸ਼ਨ ਵੱਲੋਂ ਐਚ.ਕੇ.ਐਲ. ਗਰੁੱਪ ਵਿੱਚ ਸੜਕ ਸੁਰੱਖਿਆ ਨਿਯਮਾਂ ਤੇ ਜ਼ਿੰਮੇਵਾਰ ਆਵਾਜਾਈ ਵਰਤਾਰੇ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਐਚ.ਕੇ.ਐਲ. ਗਰੁੱਪ ਦੇ ਵਿਦਿਆਰਥੀਆਂ ਤੇ ਕਰਮਚਾਰੀਆਂ ਵੱਲੋਂ ਮਯੰਕ ਫਾਊਂਡੇਸ਼ਨ ਦੀ ਟੀਮ ਦਾ ਸਨੇਹ ਭਰਿਆ ਸਵਾਗਤ ਕੀਤਾ ਗਿਆ।ਇਹ ਸਮਾਗਮ ਐਚ.ਕੇ.ਐਲ. ਗਰੁੱਪ ਦੇ ਚੇਅਰਮੈਨ ਡਾਕਟਰ ਪਰਵੀਨ ਗੁਪਤਾ, ਸੀ ਈ ਓ ਸਮਿਕਸ਼ਾ ਗੁਪਤਾ, ਪ੍ਰਿੰਸੀਪਲ ਅਨੁਗ੍ਰਹਿ ਇਬਰਾਹਿਮ ਤੇ ਪ੍ਰਿੰਸੀਪਲ ਡਾਕਟਰ ਨੀਰਜ ਕੁਮਾਰ ਗੌਰ ਦੀ ਯੋਗ ਅਗਵਾਈ ਤੇ ਸਹਿਯੋਗ ਨਾਲ ਸਫਲਤਾਪੂਰਵਕ ਕਰਵਾਇਆ ਗਿਆ। ਸਮਾਗਮ ਦਾ ਮੁੱਖ ਆਕਰਸ਼ਣ ਬਚ ਕੇ ਮੋੜ ਤੋਂ ਨਾਮਕ ਨੁੱਕੜ ਨਾਟਕ ਰਿਹਾ, ਜਿਸ ਨੂੰ ਕ੍ਰਾਂਤੀ ਕਲਾ ਮੰਚ ਵੱਲੋਂ ਬਲਜੀਤ ਮੋਗਾ ਦੀ ਨਿਰਦੇਸ਼ਨਾ ਹੇਠ ਪੇਸ਼ ਕੀਤਾ ਗਿਆ।ਇਸ ਨਾਟਕ ਰਾਹੀਂ ਬੇਧਿਆਨੀ ਨਾਲ ਵਾਹਨ ਚਲਾਉਣ ਦੇ ਨੁਕਸਾਨ ਅਤੇ ਸੜਕ ਨਿਯਮਾਂ ਦੀ ਪਾਲਣਾ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਇਸ ਮੌਕੇ ਮੁੱਖ ਵਕਤਾ ਦੀਪਕ ਸ਼ਰਮਾ ਅਤੇ ਹਰਨਾਮ ਸਿੰਘ ਨੇ ਸੜਕ ਸੁਰੱਖਿਆ ਬਾਰੇ ਭਾਵੁਕ ਅੰਦਾਜ਼ ਵਿੱਚ ਗੱਲ ਕਰਦਿਆਂ ਆਪਣੇ ਪੁੱਤਰ ਮਯੰਕ ਨੂੰ ਸੜਕ ਹਾਦਸੇ ਵਿੱਚ ਗੁਆਉਣ ਦਾ ਦੁੱਖ ਸਾਂਝਾ ਕੀਤਾ। ਉਨ੍ਹਾਂ ਦੇ ਸ਼ਬਦਾਂ ਨੇ ਹਾਜ਼ਰ ਲੋਕਾਂ ਨੂੰ ਗਹਿਰਾਈ ਨਾਲ ਪ੍ਰਭਾਵਿਤ ਕੀਤਾ ਅਤੇ ਸੜਕ ਸੁਰੱਖਿਆ ਦੀ ਅਹਿਮੀਅਤ ਨੂੰ ਉਜਾਗਰ ਕੀਤਾ। ਵਿਦਿਆਰਥੀਆਂ ਵੱਲੋਂ ਸੜਕ ਨਿਯਮਾਂ 'ਤੇ ਆਧਾਰਿਤ ਇੱਕ ਛੋਟਾ ਨਾਟਕ ਵੀ ਪੇਸ਼ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਹਾਜ਼ਰ ਸਾਰੇ ਲੋਕਾਂ ਨੂੰ ਸੜਕ ਸੁਰੱਖਿਆ ਦੀ ਸਹੁੰ ਚੁਕਵਾਈ ਗਈ ਕਿ ਉਹ ਆਵਾਜਾਈ ਨਿਯਮਾਂ ਦੀ ਪਾਲਣਾ ਕਰਨਗੇ। ਮਯੰਕ ਫਾਊਂਡੇਸ਼ਨ ਦੇ ਲਗਾਤਾਰ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਐਚ.ਕੇ.ਐਲ. ਗਰੁੱਪ ਦੇ ਪ੍ਰਿੰਸੀਪਲ ਡਾਕਟਰ ਨੀਰਜ ਕੁਮਾਰ ਗੌਰ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਸਮਾਗਮ ਸਮਾਜ ਲਈ ਬਹੁਤ ਲਾਭਕਾਰੀ ਹਨ ਅਤੇ ਭਵਿੱਖ ਵਿੱਚ ਮਯੰਕ ਫਾਊਂਡੇਸ਼ਨ ਦੇ ਸੜਕ ਸੁਰੱਖਿਆ ਨਾਲ ਸੰਬੰਧਿਤ ਉਪਰਾਲਿਆਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ।

## ਪੰਜਾਬ ਸਰਕਾਰ ਨੇ ਸੂਬੇ ਦੀ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ : ਅਜੀਤਪਾਲ ਸਿੰਘ ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਸਰਕਾਰ ਦੀ 'ਪੰਜਾਬ ਸਿੱਖਿਆ ਕ੍ਰਾਂਤੀ' ਅਧੀਨ 'ਮਾਪਿਆਂ ਦੀ ਵਰਕਸ਼ਾਪ-2' ਪ੍ਰੋਗਰਾਮ ਅਧੀਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਿਊ ਪਾਵਰ ਹਾਊਸ ਕਲੋਨੀ ਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੁਰਾਣੀ ਪੁਲਸ ਲਾਈਨ ਵਿਖੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਿੱਧੀ ਗੱਲਬਾਤ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੀ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ ਹੈ।ਵਿਧਾਇਕ ਕੋਹਲੀ ਦੇ ਨਾਲ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕੌਂਸਲਰ ਰਾਜੇਸ਼ ਕੁਮਾਰ ਰਾਜੂ ਸਾਹਨੀ, ਹਰਮਨ ਸੰਧੂ, ਰਮਨਪ੍ਰੀਤ ਕੌਰ ਕੋਹਲੀ, ਐਸ.ਐਮ.ਸੀ.ਕਮੇਟੀ ਦੇ ਸਿੱਖਿਆ ਮਾਹਿਰ ਰਵਿੰਦਰਪਾਲ ਕੋਹਲੀ ਜੋਨੀ ਤੇ ਹਰਜੀਤ ਕੌਰ ਸਮੇਤ ਸਿੱਖਿਆ ਕੁਆਰਡੀਨੇਟਰ ਯੋਗੇਸ਼ ਸ਼ਰਮਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸਿੰਘ ਵੀ ਮੌਜੂਦ ਸਨ।ਮਾਪਿਆਂ ਤੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਵਿਸ਼ਵ ਪੱਧਰੀ ਬਣਾ ਦਿੱਤਾ ਹੈ ਅਤੇ ਸਾਡੇ ਸਰਕਾਰੀ ਸਕੂਲ ਕਿਸੇ ਪ੍ਰਾਈਵੇਟ ਸਕੂਲ ਤੋਂ ਪਿੱਛੇ ਨਾ ਰਹਿ ਕੇ ਸਗੋਂ ਦੋ ਕਦਮ ਅੱਗੇ ਆ ਗਏ ਹਨ।ਉਨ੍ਹਾਂ ਕਿਹਾ ਕਿ ਅੱਜ ਸਾਡੇ ਬੱਚੇ ਅਤੇ ਮਾਪੇ ਸਰਕਾਰੀ ਸਕੂਲਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਸਿੱਖਿਆ ਕ੍ਰਾਂਤੀ ਨੂੰ ਸਫ਼ਲ ਬਣਾਉਣ ਲਈ ਸਰਕਾਰ ਦੇ ਨਾਲ ਮਾਪਿਆਂ ਨੂੰ ਵੀ ਇਕਜੁਟ ਹੋਣ ਦਾ ਸੱਦਾ ਦਿੱਤਾ।ਸਮਾਗਮਾਂ ਦੌਰਾਨ ਦੋਵੇਂ ਸਕੂਲਾਂ ਦੇ ਪ੍ਰਿੰਸੀਪਲ ਸਤੀਸ਼ ਕੁਮਾਰ ਗੋਇਲ ਅਤੇ ਪ੍ਰਿੰਸੀਪਲ ਮਨਦੀਪ ਕੌਰ ਅੰਟਾਲ ਨੇ ਆਏ ਮਹਿਮਾਨਾਂ ਤੇ ਮਾਪਿਆਂ ਦਾ ਧੰਨਵਾਦ ਕੀਤਾ।

## ਅਗਵਾੜ ਲਧਾਈ ਵਾਸੀਆਂ ਨੇ ਕੁਲਚੇ-ਛੋਲੇ ਦਾ ਲੰਗਰ ਲਾਇਆ

**ਜਗਰਾਉਂ (ਸੰਜੀਵ ਅਰੋੜਾ)**-ਮਾਘ ਦੇ ਮਹੀਨੇ ਲੋਕ ਪੁੰਨ ਦਾਨ ਕਰਦੇ ਹੁੰਦੇ ਹਨ। ਮਾਘ ਮਹੀਨੇ ਕਰਕੇ ਅਗਵਾੜ ਲਧਾਈ ਨਿਵਾਸੀਆਂ ਨੇ ਕੁਲਚੇ, ਛੋਲੇ ਤੇ ਕੌਫੀ ਦਾ ਲੰਗਰ ਲਾਇਆ।

ਲੰਗਰ ਪ੍ਰਬੰਧਕਾਂ ਨੇ ਬੜੇ ਪਿਆਰ ਤੇ ਸਤਿਕਾਰ ਨਾਲ ਰਾਹਗੀਰਾਂ ਨੂੰ ਲੰਗਰ ਛਕਾਇਆ। ਇਸ ਮੌਕੇ ਮੋਹਨ ਸਿੰਘ ਸਪੇਨ ਤੇ ਹਰਬਖਸ਼ ਸਿੰਘ ਕੈਨੇਡਾ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਸਮਾਜ ਸੇਵੀ ਸੁੱਖ ਜਗਰਾਉਂ, ਹੈਰੀ, ਗੁਰਵਿੰਦਰ, ਸੁੱਖੀ, ਜਿੰਦਰ, ਯਸ਼ ਤੇ ਰਿੰਕੂ ਆਦਿ ਹਾਜ਼ਰ ਸਨ।



# ਰਾਏਸਰ 'ਚ ਸਾਲਾਨਾ ਮੇਲਾ ਤੇ ਭੰਡਾਰਾ ਸ਼ਰਧਾਪੂਰਵਕ ਕਰਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਪਿੰਡ ਰਾਏਸਰ ਪੰਜਾਬ ਵਿਖੇ ਪੀਰ ਗਿਆਰ੍ਹਵੀਂ ਵਾਲੇ ਦੀ ਦਰਗਾਹ ਕਾਲਸਾਂ ਪੱਤੀ 'ਚ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤਾਂ ਤੇ ਐਨ. ਆਰ. ਆਈ ਵੀਰਾਂ ਦੇ ਸਹਿਯੋਗ ਨਾਲ 52ਵਾਂ ਸਾਲਾਨਾ ਮੇਲਾ ਤੇ ਭੰਡਾਰਾ ਸ਼ਰਧਾ ਤੇ ਧੂਮਧਾਮ ਨਾਲ ਕਰਾਇਆ ਗਿਆ। ਪੀਰਾਂ ਦੀ ਦਰਗਾਹ 'ਤੇ ਫੁੱਲਾਂ ਦੀ ਵਰਖਾ ਨਾਲ ਚਾਦਰ ਦੀ ਰਸਮ ਕੀਤੀ ਗਈ।ਇਸ ਮੌਕੇ ਪਹੁੰਚੇ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪ੍ਰਬੰਧਕਾਂ ਨੂੰ ਇਸ ਉੱਦਮ ਦੀ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਸਾਨੂੰ ਮਿਲ ਬੈਠ ਕੇ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਤਕੜਾ ਕਰਨ ਦਾ ਸੰਦੇਸ਼ ਦਿੰਦੇ ਹਨ।ਮਸ਼ਹੂਰ ਕੱਵਾਲੀ ਰਫ਼ੀ ਹਿੰਮਤਪੁਰਾ ਐਂਡ ਪਾਰਟੀ ਨੇ 'ਉੱਥੇ ਅਮਲਾਂ ਦੇ ਹੋਣ ਨੇ ਨਿਬੇੜੇ ਕਿਸੇ ਨਾ ਤੇਰੀ ਜਾਤ ਪੁੱਛਣੀ', 'ਵੰਗਾਂ ਇਸ਼ਕ ਦੀਆਂ' ਆਦਿ ਕੱਵਾਲੀਆਂ ਗਾ ਕੇ ਦਰਸ਼ਕਾਂ ਨੂੰ ਝੂੰਮਣ ਲਾ ਦਿੱਤਾ।ਗਾਇਕ ਸਿਦਕਵੀਰ, ਚੰਨੀ ਚੱਕ ਵਾਲਾ, ਮਨਦੀਪ ਮੰਨੂੰ ਰਾਏਕੋਟੀ, ਅਸੀਮ ਖ਼ਾਨ ਨੇ ਵੀ ਧਾਰਮਿਕ ਗੀਤਾਂ ਨਾਲ ਆਪਣੀ ਹਾਜ਼ਰੀ ਲਵਾਈ।ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਸਰਬਜੀਤ ਸਿੰਘ ਰੰਗੀਆਂ, ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ, ਰਿੰਕਾ ਕੁਤਬਾ ਬਾਹਮਣੀਆ, ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਸਰਪੰਚ ਬੀਬੀ ਸੁਰਿੰਦਰ ਕੌਰ, ਬਾਬਾ ਨੀਲੇ ਸ਼ਾਹ, ਬਾਬਾ ਨੇਕ ਸ਼ਾਹ, ਬਾਬਾ ਲੱਧੇ ਸ਼ਾਹ, ਬਾਬਾ ਜੰਗ ਸਿੰਘ, ਬਾਬਾ ਸਰਦਾਰਾ ਸ਼ਾਹ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ, ਹਰਮੰਦਰ ਸਿੰਘ ਕਾਲਾ, ਜਸਵਿੰਦਰ ਸਿੰਘ ਕਾਕਾ ਆਦਿ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਮੇਲੇ 'ਚ ਪਹੁੰਚੀਆਂ ਸ਼ਖ਼ਸੀਅਤਾਂ ਨੂੰ ਪ੍ਰਬੰਧਕ ਕਮੇਟੀ ਆਗੂਆਂ ਗੁਰਦੀਸ਼ ਸਿੰਘ ਦੁੱਲਾ, ਲਖਵਿੰਦਰ ਲੱਖੀ, ਬਲਬੀਰ ਬੀਰਾ, ਇੰਦਰਜੀਤ ਗਿੱਲ, ਹਾਕਮ ਸਿੰਘ ਭੋਲਾ, ਸਰਬਾ ਸਿੱਧੂ, ਸੋਖਾ ਖਾਨ, ਮਾਣਕ ਤਾਰੀ, ਗੁਰਪ੍ਰੀਤ ਗਿੱਲ, ਜਗਦੀਸ਼ ਗਿੱਲ, ਹੈਪੀ ਗਿੱਲ, ਹਰਮਨ ਗਿੱਲ, ਬੰਟੀ ਸਿੰਘ, ਰੇਸ਼ਮ ਧਾਲੀਵਾਲ, ਤਰਸੇਮ ਸਿੰਘ, ਲਾਲੀ ਖ਼ਾਨ, ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਸਟੇਜ ਦੀ ਜ਼ਿੰਮੇਵਾਰੀ ਜਗਮੋਹਣ ਸ਼ਾਹ ਨੇ ਬਾਖੂਬੀ ਨਿਭਾਈ।ਆਖੀਰ ਸਤਨਾਮ ਸਿੰਘ ਗਿੱਲ ਤੇ ਲਖਵੀਰ ਸਿੰਘ ਕਾਕਾ ਨੇ ਪ੍ਰੋਗਰਾਮ ਦੀ ਸਫਲਤਾ ਲਈ ਸਹਿਯੋਗ ਦੇਣ 'ਤੇ ਸਮੂਹ ਸੰਗਤਾਂ ਦਾ ਉਚੇਚਾ ਧੰਨਵਾਦ ਕੀਤਾ।

# ਕੇਂਦਰ ਸਰਕਾਰ ਨੇ ਸਿੱਖਿਆ ਦੇ ਖੇਤਰ 'ਚ ਪੰਜਾਬ ਨੂੰ ਐਲਾਨਿਆ ਨੰਬਰ ਇੱਕ ਸੂਬਾ : ਕਟਾਰੂ ਚੱਕ



**ਪਠਾਨਕੋਟ (ਦਵਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ, ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਅਧਾਰ 'ਤੇ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਅਤੇ ਗੁਣਵੱਤਾ ਵਾਲੀ ਸਿੱਖਿਆ ਪ੍ਰਣਾਲੀ ਪ੍ਰਦਾਨ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ, ਸਰਕਾਰ ਦੇ ਉਪਰਾਲਿਆਂ ਸਦਕਾ ਹੀ ਅੱਜ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਹੋਈ ਹੈ ਅਤੇ ਪੰਜਾਬ ਵਿੱਚ ਆਈ ਸਿੱਖਿਆ ਕ੍ਰਾਂਤੀ ਕਾਰਨ 79263 ਵਿਦਿਆਰਥੀਆਂ ਨੇ ਪ੍ਰਾਈਵੇਟ ਸਕੂਲਾਂ ਨੂੰ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਲਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਸਰਕਾਰੀ ਹਾਈ ਸਕੂਲ ਬਾਰਠ ਸਾਹਿਬ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ/ ਐਲੀਮੈਂਟਰੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡੀ.ਜੀ. ਸਿੰਘ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਮਾਪਿਆਂ ਦੀ ਵਰਕਸ਼ਾਪ -2 ਪਰੀਖਿਆ ਦੀ ਤਿਆਰੀ, ਸਾਂਝੀ ਜ਼ਿੰਮੇਵਾਰੀ ਸਬੰਧੀ ਰੱਖੇ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ੍ਰੀ ਸਾਹਿਬ ਸਿੰਘ ਸਾਬਾ ਜ਼ਿਲ੍ਹਾ ਪਰਿਸ਼ਦ ਮੈਂਬਰ, ਰਵੀ ਸਰਪੰਚ, ਸਰਪੰਚ ਬਲਦੇਵ ਬਾਰਠ ਸਾਹਿਬ, ਰਾਜੀਵ ਕੁਮਾਰ ਸਰਪੰਚ ਬਾਵਿਆਂ ਲਾਹੜੀ, ਸੁਨੀਤਾ ਦੇਵੀ ਬਲਾਕ ਸੰਮਤੀ ਮੈਂਬਰ, ਪ੍ਰਮੋਦ, ਦੀਪਕ ਕੁਮਾਰ ਸਰਪੰਚ ਖੋਬਾ, ਐਡਵੋਕੇਟ ਰਮੇਸ਼ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਕਾਰਜਕਰਤਾ ਵੀ ਹਾਜ਼ਰ ਸਨ। ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਅੰਦਰ ਕ੍ਰਾਂਤੀ ਲਿਆ ਕੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ, ਜਿਸ ਦੇ ਚਲਦਿਆਂ ਹੁਣ ਸਰਕਾਰੀ ਸਕੂਲ ਨਿੱਜੀ ਸਕੂਲਾਂ ਨਾਲੋਂ ਬਹੁਤ ਚੰਗੀ ਹਾਲਤ ਵਿੱਚ ਹਨ ਅਤੇ ਵਧੀਆ ਸਿੱਖਿਅਤ ਢਾਂਚੇ ਦੇ ਨਾਲ ਨਾਲ ਸਿੱਖਿਅਤ ਸਟਾਫ ਅਤੇ ਹੋਰ ਸੁਵਿਧਾਵਾਂ ਦੇ ਨਾਲ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦੀ ਸੰਖਿਆ ਵਿੱਚ ਭਾਰੀ ਵਾਧਾ ਹੋਇਆ ਹੈ।

# ਸਕੂਲ ਆਫ ਐਮੀਨੈਂਸ 'ਚ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਰਕਸ਼ਾਪ-2 ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਕੂਲ ਆਫ ਐਮੀਨੈਂਸ ਫ਼ਾਰ ਗਰਲਜ਼ ਮਾਲ ਰੋਡ, ਅੰਮ੍ਰਿਤਸਰ ਵਿਖੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਮਾਪਿਆਂ ਦੀ ਵਰਕਸ਼ਾਪ-2 ਆਯੋਜਿਤ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਕਰਮਜੀਤ ਸਿੰਘ ਰਿੰਟੂ ਚੇਅਰਮੈਨ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ, ਵਿਸ਼ੇਸ਼ ਮਹਿਮਾਨ ਰਾਜੇਸ਼ ਖੰਨਾ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ.) ਅੰਮ੍ਰਿਤਸਰ, ਗੁਰਪ੍ਰੀਤ ਕਟਾਰੀਆ ਸਕੂਲ ਐਸ.ਐਮ.ਸੀ. ਚੇਅਰਮੈਨ, ਡੌਲੀ ਭਾਟੀਆ ਕੌਂਸਲਰ ਪ੍ਰਤੀਨਿਧੀ ਅਤੇ ਸਕੂਲ ਐਸ.ਐਮ.ਸੀ. ਮੈਂਬਰ ਹਾਜ਼ਰ ਸਨ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਬੱਚਿਆਂ ਦੀ ਪਰੀਖਿਆਤਮਕ ਤਿਆਰੀ ਵਿੱਚ ਮਾਪਿਆਂ ਦੀ ਭੂਮਿਕਾ ਨੂੰ ਮਜ਼ਬੂਤ ਕਰਨਾ ਅਤੇ ਘਰ ਵਿੱਚ ਸ਼ਾਂਤ, ਸੁਰੱਖਿਅਤ ਤੇ ਸਹਾਇਕ ਮਾਹੌਲ ਸਿਰਜਣਾ ਹੈ। ਵਰਕਸ਼ਾਪ ਦੌਰਾਨ ਮਾਪਿਆਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਬੱਚਿਆਂ ਨਾਲ ਗੁੱਸੇ, ਡਰ ਜਾਂ ਦਬਾਅ ਦੀ ਥਾਂ ਪਿਆਰ, ਭਰੋਸੇ ਅਤੇ ਧੀਰਜ ਨਾਲ ਗੱਲਬਾਤ ਕਰਨ, ਉਨ੍ਹਾਂ ਦੀ ਕੋਸ਼ਿਸ਼ ਦੀ ਪ੍ਰਸ਼ੰਸਾ ਕਰਨ ਅਤੇ ਤੁਲਨਾ ਤੋਂ



ਬਚਣ। ਇਸ ਮੌਕੇ ਮੁੱਖ ਮਹਿਮਾਨ ਕਰਮਜੀਤ ਸਿੰਘ ਰਿੰਟੂ ਚੇਅਰਮੈਨ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਨੇ ਕਿਹਾ ਕਿ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਸਰਕਾਰ ਵਲੋਂ ਸਿੱਖਿਆ ਅਤੇ ਬੁਨਿਆਦੀ ਢਾਂਚੇ 'ਤੇ ਖ਼ਾਸ ਧਿਆਨ ਦਿੱਤਾ ਜਾ ਰਿਹਾ ਹੈ। ਸਮਾਗਮ ਦੌਰਾਨ ਸਕੂਲ ਦੀ ਪ੍ਰਿੰਸੀਪਲ ਮਨਦੀਪ ਕੌਰ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਅਤੇ ਸਾਰੇ ਮਾਪਿਆਂ ਦਾ ਸਵਾਗਤ ਕੀਤਾ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਜੀਵਨ ਅਪਣਾਉਣ, ਕਿਸੇ ਵੀ ਕਿਸਮ ਦਾ ਤਣਾਅ ਨਾ ਲੈਣ, ਰੋਜ਼ਾਨਾ ਅਦਰਸ ਕਰਨ ਅਤੇ ਮਨ ਲਗਾ ਕੇ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਦਾ ਸਤਿਕਾਰ ਕਰਨ, ਆਪਣੇ ਆਪ 'ਤੇ ਭਰੋਸਾ ਰੱਖਣ ਅਤੇ ਆਪਣੇ ਪਰਵਾਰ ਤੇ ਸਕੂਲ ਦਾ ਨਾਮ ਰੋਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸਭਿਆਚਾਰਕ ਪ੍ਰੋਗਰਾਮ ਅਧੀਨ ਵਿਦਿਆਰਥਣਾਂ ਵਲੋਂ ਸ਼ਲਾਘਾਯੋਗ ਪੇਸ਼ਕਾਰੀ ਕੀਤੀ ਗਈ। ਮੰਚ ਸੰਚਾਲਨ ਕਵਲਦਿੰਦਰ ਕੌਰ ਵਲੋਂ ਕੀਤਾ ਗਿਆ। ਸਮਾਰੋਹ ਦੇ ਆਯੋਜਨ ਵਿਚ ਸੰਜੇ ਕੁਮਾਰ, ਰਾਜਵਿੰਦਰ ਸਿੰਘ, ਸੰਦੀਪ ਕੁਮਾਰ, ਮਹਿੰਦਰਪਾਲ ਸਿੰਘ, ਹਰਿੰਦਰਬੀਰ ਸਿੰਘ, ਸੁਖਪ੍ਰੀਤ ਸਿੰਘ, ਪਰਮ ਆਫਤਾਬ ਸਿੰਘ, ਮਨਦੀਪ ਕੌਰ ਬੱਲ, ਆਦਰਸ਼ ਸ਼ਰਮਾ, ਪਰਮਿੰਦਰ ਕੌਰ, ਮਨਦੀਪ ਕੌਰ, ਮਨਿੰਦਰ ਕੌਰ, ਨਵਦੀਪ ਕੌਰ, ਪਰਮਜੀਤ ਕੌਰ, ਪ੍ਰੀਤਇੰਦਰ ਕੌਰ, ਨੀਨਾ ਕੁਮਾਰੀ, ਬਿੰਦੂ ਬਾਲਾ, ਸ਼ਾਲੂ ਚਤਰਥ, ਮਿਨਾਕਸ਼ੀ ਸ਼ਰਮਾ, ਸਿਕੰਦਰ ਸਿੰਘ ਨੇ ਉਚੇਚੀ ਭੂਮਿਕਾ ਨਿਭਾਈ।

# ਸੁਸ਼ੀਲ ਦੇਵਗਨ ਵੱਲੋਂ ਪੰਜਾਬ 'ਚ ਅਮਨ-ਕਾਨੂੰਨ ਦੀ ਵਿਗੜ ਰਹੀ ਹਾਲਤ 'ਤੇ ਚਿੰਤਾ ਪ੍ਰਗਟ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**- ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸੁਸ਼ੀਲ ਦੇਵਗਨ ਨੇ ਪੰਜਾਬ ਵਿਚ ਅਮਨ-ਕਾਨੂੰਨ ਦੀ ਦਿਨੋ-ਦਿਨ ਵਿਗੜ ਰਹੀ ਹਾਲਤ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਸੂਬਾ ਸਰਕਾਰ ਨੂੰ ਨਸ਼ਿਆਂ 'ਤੇ ਗੈਂਗਸਟਰਵਾਦ 'ਤੇ ਨੱਥ ਪਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਜਾਰੀ ਬਿਆਨ ਵਿਚ ਜਲੰਧਰ ਵਿਚ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਦੀ ਗੋਲੀਆਂ ਮਾਰ ਕੇ ਕੀਤੀ ਗਈ ਹੱਤਿਆ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਦੇ ਨੌਜਵਾਨ ਰੁਜ਼ਗਾਰ ਨਸ਼ਿਆਂ ਤੇ ਗੈਂਗਸਟਰਵਾਦ ਦੀ ਭੇਟ ਚੜ੍ਹ ਰਹੇ ਹਨ। ਇਸ ਤੋਂ ਦੁੱਖੀ ਹੋ ਕੇ ਮਾਪੇ ਆਪਣੇ ਪੁੱਤਰਾਂ-ਧੀਆਂ ਨੂੰ ਵਿਦੇਸ਼ ਭੇਜ ਰਹੇ ਹਨ ਅਤੇ ਪੰਜਾਬ ਨੌਜਵਾਨੀ ਤੋਂ ਖਾਲੀ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਅਮਨ-ਕਾਨੂੰਨ ਦੀ ਹਾਲਤ ਬਹੁਤ ਮਾੜੀ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਾ, ਗੈਂਗਸਟਰਵਾਦ, ਭ੍ਰਿਸ਼ਟਾਚਾਰ, ਰੇਤ ਤੇ ਬੂ ਮਾਫ਼ੀਆ ਨੂੰ ਖ਼ਤਮ ਕਰਨ ਵਿਚ ਅਸਫ਼ਲ ਰਹੀ ਹੈ।



ਵਾਰਡ ਨੰਬਰ 46, ਹਲਕਾ ਦੱਖਣੀ 'ਚ ਨੌਜਵਾਨ ਹਮਦਰਦ ਸਭਾ ਦੇ ਮਹੰਤ ਅਸ਼ੋਕ ਕੁਮਾਰ ਤੇ ਕਮੇਟੀ ਲਾਲ ਦੀ ਅਗਵਾਈ ਹੇਠ ਮਾਤਾ ਵੈਸ਼ਨੋ ਦੇਵੀ ਦਾ ਜਗਰਾਤਾ ਕਰਵਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ.ਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਤੇ ਮਿੱਕੀ ਖੋਜ਼ੀ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਮਾਤਾ ਵੈਸ਼ਣੋ ਦੇਵੀ ਦਾ ਅਸ਼ੀਰਵਾਦ ਲਿਆ। ਨੌਜਵਾਨ ਹਮਦਰਦ ਸਭਾ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਰੌਣਕੀ, ਸ਼ੁਭਮ, ਸੰਨੀ ਬਿੱਟੂ, ਜੱਸ, ਪੰਮਾ, ਰਾਜੂ ਪ੍ਰਧਾਨ ਤੇ ਮੁਹੱਲਾ ਵਾਸੀ ਵੀ ਹਾਜ਼ਰ ਸਨ। **(ਤਸਵੀਰ ਤੇ ਵੇਰਵਾ - ਮਨੋਜ ਕੁਮਾਰ, ਛੇਹਰਟਾ)**

# 12 ਦੀ ਦੇਸ਼ ਵਿਆਪੀ ਹੜਤਾਲ 'ਚ ਮਿਡ ਡੇ ਮੀਲ ਵਰਕਰ ਹੋਣਗੇ ਸ਼ਾਮਲ : ਪੱਟੀ



**ਪੱਟੀ (ਬਲਦੇਵ ਸਿੰਘ ਸੰਧੂ)**- ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਬੀਰ ਕੌਰ ਦੀ ਪ੍ਰਧਾਨਗੀ ਹੇਠ ਸਿਵਲ ਹਸਪਤਾਲ ਪੱਟੀ ਵਿਖੇ ਹੋਈ ਜਿਸ ਦੇ ਫੈਸਲੇ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਜਸਵੰਤ ਕੌਰ ਮਰਹਾਣਾ ਨੇ ਦੱਸਿਆ ਕਿ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਜੋ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਕੀਤੀ ਜਾ ਰਹੀ ਹੈ 12 ਫਰਵਰੀ ਨੂੰ ਮਿਡ ਡੇ ਮੀਲ ਯੂਨੀਅਨ ਪੰਜਾਬ ਦੇ ਫੈਸਲੇ ਮੁਤਾਬਿਕ ਜ਼ਿਲ੍ਹਾ ਤਰਨ ਤਾਰਨ ਦੇ ਸਕੂਲਾਂ ਵਿੱਚ ਇਸ ਦਿਨ ਮਿਡ ਡੇ ਮੀਲ ਦਾ ਕੰਮ ਮਿਡ ਡੇ ਮੀਲ ਵਰਕਰ ਨਹੀਂ ਕਰਨਗੇ, ਉਸ ਦਿਨ ਜ਼ਿਲ੍ਹਾ ਕੇਂਦਰ ਤਰਨ ਤਾਰਨ ਗਾਂਧੀ ਪਾਰਕ ਰੈਲੀ ਵਿੱਚ ਸ਼ਾਮਲ ਹੋਣਗੇ ਕਿਉਂਕਿ ਕੇਂਦਰ ਸਰਕਾਰ ਨੇ ਮਿਡ ਡੇ ਮੀਲ ਵਰਕਰਾਂ ਨੂੰ ਨਾ ਤਾਂ ਉਜਰਤਾਂ ਦੇ ਘੇਰੇ ਦੇ ਅੰਦਰ ਲਿਆਂਦਾ ਹੈ ਨਾ ਹੀ ਕੋਈ ਪੈਸਾ ਵਧਾਇਆ ਹੈ, ਵਰਕਰਾਂ ਦੇ ਬੀਮੇ ਵੀ ਨਹੀਂ ਕੀਤੇ ਗਏ। ਇਸ ਦੇ ਵਿਰੋਧ ਵਿੱਚ 12 ਫਰਵਰੀ ਨੂੰ ਵਰਕਰ ਪੂਰਨ ਤੌਰ 'ਤੇ ਹੜਤਾਲ ਕਰਨਗੀ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਨਜੀਤ ਕੌਰ, ਪਰਵੀਨ ਰਾਣੀ, ਬੇਅੰਤ ਕੌਰ, ਸਰਬਜੀਤ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ ਆਸਲ, ਸਿਮਰਜੀਤ ਕੌਰ ਆਸਲ, ਰਾਜ ਸਿੰਘ, ਗੁਰਜੀਤ ਕੌਰ, ਇਸਤਰੀ ਮੁਕਤੀ ਮੋਰਚੇ ਦੀ ਜ਼ਿਲ੍ਹਾ ਸਕੱਤਰ ਨਰਿੰਦਰ ਕੌਰ, ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਯੂਨੀਅਨ ਦੀ ਜ਼ਿਲ੍ਹਾ ਸਕੱਤਰ ਰਣਜੀਤ ਕੌਰ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਧਰਮ ਸਿੰਘ ਪੱਟੀ, ਪੈਨਸ਼ਨਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਜਗਤਾਰ ਸਿੰਘ ਆਸਲ, ਮਜ਼ਦੂਰਾਂ ਦੇ ਆਗੂ ਜਸਵੰਤ ਸਿੰਘ ਆਦਿ ਹਾਜ਼ਰ ਸਨ।

# ਭਾਰਤ-ਅਮਰੀਕਾ ਦੇ ਵਪਾਰ ਸਮਝੌਤੇ ਵਿਰੁੱਧ ਮੋਦੀ ਤੇ ਟਰੰਪ ਦੇ ਪੁਤਲੇ ਸਾੜੇ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)** ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਐਤਵਾਰ ਇਥੇ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਅਗਵਾਈ 'ਚ ਅਜਨਾਲਾ - ਫਤਿਹਗੜ੍ਹ ਚੂੜੀਆਂ ਰੋਡ 'ਤੇ ਕੌਨਵੈਂਟ ਸਕੂਲ ਦੇ ਸਾਹਮਣੇ ਭਾਰਤ-ਅਮਰੀਕਾ ਦੇ ਕਰ ਮੁਕਤ ਵਪਾਰ ਸਮਝੌਤੇ ਵਿਰੁੱਧ ਮੋਦੀ ਤੇ ਟਰੰਪ ਦੇ ਪ੍ਰਤੀਕਤ ਪੁਤਲੇ ਸਾੜੇ ਗਏ ਤੇ ਜ਼ੋਰਦਾਰ ਪਿੱਟ ਸਿਆਪਾ ਕੀਤਾ ਗਿਆ । ਇਸ ਮੌਕੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਆਰ. ਐਸ.ਐਸ. ਦੀ ਵਿਚਾਰਧਾਰਾ ਤੇ ਕੰਮ ਕਰਦੀ ਬੀਜੇਪੀ ਦੀ ਮੋਦੀ ਸਰਕਾਰ ਨੇ ਅਮਰੀਕਾ ਨਾਲ ਜ਼ੀਰੋ ਟੈਰਿਫ ਲਗਾਉਣ ਦਾ ਅਮਰੀਕਾ ਨਾਲ ਸਮਝੌਤਾ ਕਰਕੇ ਦੇਸ਼ ਧ੍ਰੋਹ ਕੀਤਾ ਹੈ ਜਿਸ ਨਾਲ ਸਾਡੀ ਸਮੁੱਚੀ ਖੇਤੀ, ਪਸ਼ੂ ਪਾਲਣ ਤੇ ਮੱਛੀ ਪਾਲਣ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ। ਖੇਤੀ ਮਾਹਰ ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਸਾਡੇ ਦੇਸ਼ 'ਚ 14. 3 ਕਰੋੜ ਕਿਸਾਨ ਜਦ ਕਿ ਅਮਰੀਕਾ 'ਚ ਸਿਰਫ 18.8 ਲੱਖ ਕਿਸਾਨ ਖੇਤੀ ਕਰਦੇ ਹਨ। ਡਾ. ਅਜਨਾਲਾ ਨੇ ਫਰੀ ਟਰੇਡ 'ਤੇ ਸਖ਼ਤੀ ਨਾਲ ਟਿੱਪਣੀ ਕਰਦਿਆਂ ਕਿਹਾ ਕਿ ਭਾਰਤ 'ਚ ਅਜੇ ਵੀ 50 ਪ੍ਰਿਸ਼ਦ ਤੋਂ ਉੱਪਰ ਲੋਕ ਖੇਤੀ 'ਤੇ ਨਿਰਭਰ ਹਨ ਜਦੋਂ ਕਿ ਅਮਰੀਕਾ 'ਚ ਸਿਰਫ ਤੇ ਸਿਰਫ 2 ਪ੍ਰਿਸ਼ਦ ਹੀ ਖੇਤੀ 'ਤੇ ਨਿਰਭਰ ਹਨ। ਅਜਿਹੀ ਅਵਸਥਾ 'ਚ ਕਰ ਮੁਕਤ ਵਪਾਰ ਨਾਲ ਸਾਡੇ ਦੇਸ਼ ਵਿੱਚ ਹੋਰ ਬੇਰੁਜ਼ਗਾਰੀ ਵਧੇਗੀ ਤੇ ਵੱਡੇ ਪੱਧਰ 'ਤੇ ਕਿਸਾਨ



ਖੇਤੀ ਛੱਡਣ ਲਈ ਮਜਬੂਰ ਹੋਣਗੇ ਜਦੋਂ ਕਿ ਮੋਦੀ ਸਰਕਾਰ ਪਹਿਲਾਂ ਹੀ ਕਾਰਪੋਰੇਟ ਦੇ ਪੱਖ ਵਿੱਚ ਕੰਮ ਕਰਦੀ ਕਿਸਾਨਾਂ ਕੋਲੋਂ ਜ਼ਮੀਨਾਂ ਖੋਹ ਕੇ ਕਾਰਪੋਰੇਟੀਆਂ ਨੂੰ ਦੇਣਾ ਚਾਹੁੰਦੀ ਹੈ। ਉਹਨਾਂ ਅੱਗੇ ਕਿਹਾ ਕਿ ਅਜਿਹਾ ਅਮਰੀਕਾ ਨਾਲ ਭਾਰਤ ਦਾ ਵਪਾਰ ਸਮਝੌਤਾ ਹੋਣ ਨਾਲ ਅਮਰੀਕਾ ਦੇ 2 ਪ੍ਰਿਸ਼ਦ ਖੇਤੀ 'ਤੇ ਨਿਰਭਰ ਲੋਕਾਂ ਨੂੰ 500 ਮਿਲੀਅਨ ਡਾਲਰ ਦਾ ਫ਼ਾਇਦਾ ਹੋਵੇਗਾ। ਇਸੇ ਕਰਕੇ ਅਮਰੀਕਾ ਦੇ ਖੇਤੀਬਾੜੀ ਸੈਕਟਰੀ (ਮੰਤਰੀ ) ਤੇ ਟਰੰਪ ਵਾਰ ਵਾਰ ਕਹਿ ਰਹੇ ਹਨ ਕਿ ਅਸੀਂ ਅਮਰੀਕੀ ਕਿਸਾਨਾਂ ਦੇ ਹਿੱਤ ਵਿੱਚ ਭਾਰਤ ਨਾਲ ਅਜਿਹਾ ਫੈਸਲਾ ਕਰ ਲਿਆ ਹੈ ਜਦੋਂ ਕਿ ਸਾਡੇ ਦੇਸ਼ ਦੇ ਵਣਜ ਮੰਤਰੀ ਪਿਊਸ਼ ਗੋਇਲ ਲਗਾਤਾਰ ਇਹ ਕਹੀ ਜਾ ਰਿਹਾ ਹੈ ਕਿ ਅਸੀਂ ਕਿਸਾਨਾਂ ਦੇ ਹਿੱਤ ਸੁਰੱਖਿਅਤ ਰੱਖੇ ਹਨ ਪ੍ਰੰਤੂ ਅਜਿਹਾ ਨਹੀਂ ਹੈ। ਵਣਜ ਮੰਤਰੀ ਗੋਲਮੋਲ ਗੱਲਾਂ ਕਰ ਰਹੇ ਹਨ। ਡਾ.ਅਜਨਾਲਾ ਨੇ ਕਿਸਾਨਾਂ - ਮਜ਼ਦੂਰਾਂ ਤੇ ਦੇਸ਼ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਆਉ ਇਕੱਠੇ ਹੋ ਕੇ ਇਸ ਇੱਕਪਾਸੜ ਕਰ ਮੁਕਤ ਸਮਝੌਤੇ ਨੂੰ ਰੱਦ ਕਰਵਾਈਏ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਿਸਾਨ ਸਭਾ ਦੇ ਸੀਨੀਅਰ ਆਗੂ ਤਰਸੇਮ ਸਿੰਘ ਕਾਮਲਪੁਰਾ, ਸਾ. ਸਰਪੰਚ ਹਰਦਿਆਲ ਸਿੰਘ ਡਿਆਲ ਭੱਟੀ, ਪ੍ਰੋਫੈਸਰ ਮਾਲਕ ਸਿੰਘ ਗੁਰਾਲਾ, ਜਥੇਦਾਰ ਤਸਬੀਰ ਸਿੰਘ ਹਾਸ਼ਮਪੁਰ, ਔਰਤ ਕਿਸਾਨ ਆਗੂ ਸਰਬਜੀਤ ਕੌਰ ਜਸਰਾਊਰ, ਵਿਦਿਆਰਥਣ ਹਰਪ੍ਰੀਤ ਕੌਰ, ਜੰਗ ਬਹਾਦਰ ਸਿੰਘ ਮਟੀਆਂ, ਕੁਲਦੀਪ ਸਿੰਘ ਤੇ ਸੰਤੋਖ ਸਿੰਘ ਅਜਨਾਲਾ, ਗਾਇਕ ਗੁਰਪਾਲ ਗਿੱਲ ਸੈਦਪੁਰ, ਜੱਗਪ੍ਰੀਤ ਸਿੰਘ ਤੇ ਵਰਿਆਮ ਸਿੰਘ ਜੋਸ਼ ਮੁਹਾਰ, ਜਾ. ਸਰਪੰਚ ਰਘਬੀਰ ਸਿੰਘ ਜੋਸ਼, ਬਾਬਾ ਮੰਗਲ ਸਿੰਘ ਫੱਤੇਵਾਲ, ਹਰਨੇਕ ਸਿੰਘ ਨੇਪਾਲ, ਹਰਦਿਆਲ ਸਿੰਘ ਤੇ ਬਲਕਾਰ ਸਿੰਘ ਮਟੀਆਂ ਆਦਿ ਸ਼ਾਮਲ ਹਨ।

# ਕਿਸਾਨ ਆਗੂਆਂ, ਵਰਕਰਾਂ 'ਤੇ ਲਾਠੀਚਾਰਜ ਕਰਨਾ ਅਤਿ ਨਿੰਦਣਯੋਗ

**ਅਜਨਾਲਾ (ਸੁੱਖਜਿੰਦਰ ਸਿੰਘ ਰਾਜੂ)**- ਬੀਤੇ ਕੱਲ੍ਹ ਬਠਿੰਡਾ 'ਚ ਪੰਜਾਬ ਪੁਲਸ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ ਵਰਕਰਾਂ 'ਤੇ ਅੱਥਰੂ ਗੈਸ ਦੇ ਗੋਲੇ ਸੁੱਟਣੇ, ਲਾਠੀਚਾਰਜ ਕਰਨਾ ਅਤੇ ਹਿਰਾਸਤ 'ਚ ਲੈਣ ਉਪਰੰਤ ਝੂਠੇ ਪਰਚੇ ਦਰਜ ਕਰਨੇ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੀ ਅਤਿ ਨਿੰਦਣਯੋਗ ਕਾਰਵਾਈ ਹੈ। ਇਹ ਪ੍ਰਗਟਾਵਾ ਇੱਥੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਆਗੂ ਧੰਨਵੰਤ ਸਿੰਘ ਖ਼ਤਰਾਏ ਕਲਾਂ ਅਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਬਾਠ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਜਾਰੀ ਬਿਆਨ 'ਚ ਕੀਤਾ। ਉਹਨਾਂ ਕਿਹਾ ਕਿ ਕਿਸਾਨੀ ਧਰਨਿਆਂ ਚੋਂ ਹੀ ਪੰਜਾਬ ਦੀ ਸੱਤਾ ਪ੍ਰਾਪਤ ਕਰਨ ਵਾਲੀ ਆਮ ਆਦਮੀ ਪਾਰਟੀ ਵੱਲੋਂ ਹੀ ਕਿਸਾਨਾਂ ਉੱਤੇ ਸਰਕਾਰੀ ਜਬਰ ਢਾਹਿਆ ਜਾ ਰਿਹਾ ਅਤੇ ਪਹਿਲਾਂ ਲੈਂਡ ਪੂਲਿੰਗ ਪਾਲਸੀ ਤਹਿਤ ਕਿਸਾਨਾਂ ਦੀਆਂ ਜ਼ਮੀਨਾਂ ਸਿੱਧੇ ਰੂਪ 'ਚ ਖੋਹਣ ਦੀ ਕੋਸ਼ਿਸ਼ ਕੀਤੀ ਗਈ ਤੇ ਹੁਣ ਹੱਕ ਮੰਗਦੇ ਕਿਸਾਨਾਂ ਉੱਤੇ ਪਰਚੇ ਦਰਜ ਕਰਕੇ ਉਹਨਾਂ ਨੂੰ ਜੇਲ੍ਹਾਂ ਅੰਦਰ ਬਿਨਾਂ ਕਸੂਰੋਂ ਡੱਕਿਆ ਜਾ ਰਿਹਾ ਹੈ ਅਤੇ ਕਿਸਾਨ ਯੂਨੀਅਨਾਂ ਵੱਲੋਂ ਆਪਣੇ ਬੇਕਸੂਰ ਇਹਨਾਂ ਆਗੂਆਂ ਵਰਕਰਾਂ ਨੂੰ ਇਨਸਾਫ ਦਵਾਉਣ ਲਈ ਡੀ ਸੀ ਦਫਤਰ ਬਠਿੰਡਾ ਵੱਲ ਕੀਤੇ ਜਾ ਰਹੇ ਰੋਸ ਮਾਰਚ ਨੂੰ ਸਰਕਾਰੀ ਡੰਡੇ ਦੇ ਜ਼ੋਰ ਨਾਲ ਦਬਾਉਣਾ ਅਤੇ ਸਾਡੀਆਂ ਮਾਵਾਂ ਭੈਣਾਂ ਤੇ ਧੀਆਂ ਦੇ ਉੱਤੇ ਵੀ ਜਬਰ ਕਰਕੇ ਜ਼ਖਮੀ ਕਰਨਾ ਪੰਜਾਬ ਸਰਕਾਰ ਵੱਲੋਂ ਸੂਬੇ 'ਚ ਹਿਟਲਰਸ਼ਾਹੀ ਨੀਤੀ ਅਪਣਾਈ ਜਾ ਰਹੀ ਹੈ। ਜਿਸ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੀ ਹਰੇਕ ਕਾਲ ਦਾ ਸਵਾਗਤ ਕਰਕੇ ਸਰਕਾਰ ਤੇ ਪੁਲਸ ਪ੍ਰਸ਼ਾਸਨ ਵਿਰੁੱਧ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਬਾਜਵਾ ਵੱਲੋਂ ਵਰਤੀ ਗਈ ਭੱਦੀ ਸ਼ਬਦਾਵਲੀ ਅਤਿ-ਨਿੰਦਣਯੋਗ : ਸੁਨੀਲ ਪਾਸੀ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਬੀਤੇ ਕੱਲ੍ਹ ਜੋ ਕਾਂਗਰਸ ਪਾਰਟੀ ਵਲੋਂ ਮੰਡੀ ਜੰਡਿਆਲਾ ਗੁਰੂ ਵਿੱਚ ਰੈਲੀ ਰੱਖੀ ਗਈ ਸੀ ਉਸ ਰੈਲੀ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵਲੋਂ ਮੰਤਰੀ ਹਰਭਜਨ ਸਿੰਘ ਈਟੀਓ ਦੇ ਪਰਵਾਰਕ ਪਿਛੋਕੜ ਅਤੇ ਓਹਨਾ ਦੇ ਕੰਮਕਾਰ ਬਾਰੇ ਭੱਦੀ ਸ਼ਬਦਾਵਲੀ ਵਰਤੀ ਗਈ ਹੈ, ਮੈਂ ਓਹਨਾ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਾ ਹਾਂ ਅਤੇ ਬਾਜਵਾ ਨੂੰ ਨਸੀਹਤ ਦਿੰਦਾ ਹਾਂ ਕਿ ਕੋਈ ਵੀ ਕਾਰੋਬਾਰ ਵੱਡਾ ਛੋਟਾ ਨਹੀਂ ਹੁੰਦਾ, ਭਾਰਤ ਇਕ ਲੋਕਤੰਤਰਕ ਦੇਸ਼ ਹੈ ਅਤੇ ਕਿਸੇ ਵੀ ਗਰੀਬ ਜਾਂ ਅਮੀਰ ਘਰ ਦਾ ਮੈਂਬਰ ਇਥੇ ਚੋਣ ਲੜ ਸਕਦਾ ਹੈ, ਜਨਤਾ ਕਿਸੇ ਵੀ ਬੰਦੇ ਦੇ ਹੱਕ ਵਿੱਚ ਫਤਵਾ ਦੇ ਸਕਦੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਆੜ੍ਹਤੀ ਐਸੋਸੀਏਸ਼ਨ ਜੰਡਿਆਲਾ ਗੁਰੂ ਦੇ ਪ੍ਰਧਾਨ ਸੁਨੀਲ ਪਾਸੀ ਨੇ ਕਿਹਾ ਕਿ ਮੈਂ ਬਾਜਵਾ ਸਾਹਿਬ ਨੂੰ ਦੱਸਣਾ ਚਾਹੁੰਦਾ ਹਾਂ ਕਿ ਉਹਨਾਂ ਦੇ ਪਿਤਾ ਨੇ ਬੈਂਡ ਵਜਾ ਕੇ ਆਪਣੇ ਹੱਥਾਂ ਨਾਲ ਮਿਹਨਤ ਕਰਕੇ ਆਪਣੇ ਬੱਚਿਆਂ ਨੂੰ ਪੜ੍ਹਾ ਲਿਖਾ ਕੇ ਇਸ ਕਾਬਲ ਬਣਾਇਆ ਹੈ ਕਿ ਅੱਜ ਉਹ ਵਿਧਾਨ ਸਭਾ ਵਿੱਚ ਬੈਠ ਕੇ ਜੰਡਿਆਲਾ ਹਲਕੇ ਦੇ ਵਿਕਾਸ ਬਾਰੇ ਕੰਮ ਕਰ ਰਹੇ ਹਨ। ਮੈ ਬਾਜਵਾ ਸਾਹਿਬ ਨੂੰ ਦੱਸਣਾ ਚਾਹੁੰਦੇ ਹਾਂ ਕਿ ਉਹਨਾਂ ਦੇ ਪਿਤਾ ਨੇ ਕੋਈ ਚੋਰੀ ਠੱਗੀ ਨਹੀਂ ਕੀਤੀ ਸਗੋਂ ਮਿਹਨਤ ਕੀਤੀ ਹੈ ਤੇ ਅੱਗੇ ਤੋਂ ਕਿਸੇ ਵੀ ਖਾਸ ਕਰਕੇ ਕਿਸੇ ਛੋਟੇ ਕੰਮਕਾਰ ਵਾਲੇ ਜਾਂ ਗਰੀਬ ਘਰ ਦੇ ਮੁੰਡਿਆਂ ਬਾਰੇ ਗੱਲ ਕਰਨ ਤੋਂ ਪਰਹੇਜ਼ ਕਰਨ ਕਿਉਂਕਿ ਉਹ ਇੱਕ ਪੁਰਾਣੇ ਸੁਲਝੇ ਹੋਏ ਸਿਆਸਤਦਾਨ ਹਨ ਅਤੇ ਉਹਨਾਂ ਦੇ ਮੂੰਹੋ ਇਹੋ ਜਿਹੀਆਂ ਗੱਲਾਂ ਚੰਗੀਆਂ ਨਹੀਂ ਲੱਗਦੀਆਂ।

# ਪ੍ਰੈੱਸ ਦੀ ਆਜ਼ਾਦੀ ਬਹਾਲ ਕਰੋ ਸੰਘਰਸ਼ ਕਮੇਟੀ ਵੱਲੋਂ ਪੰਜਾਬ ਸਰਕਾਰ ਖਿਲਾਫ ਜਨਤਕ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪ੍ਰੈੱਸ ਦੀ ਆਜ਼ਾਦੀ ਬਹਾਲ ਕਰੋ ਸੰਘਰਸ਼ ਕਮੇਟੀ ਵੱਲੋਂ ਆਰ ਟੀ ਆਈ ਐਕਟਿਵਿਸਟ ਮਾਨਿਕ ਗੋਇਲ, ਪੱਤਰਕਾਰ ਮਨਿੰਦਰ ਸਿੱਧੂ, ਮਨਦੀਪ ਮੱਕੜ ਸਮੇਤ ਦਸ ਲੋਕਾਂ ਉੱਤੇ ਗੈਰ-ਜ਼ਮਾਨਤੀ ਧਾਰਾਵਾਂ ਤਹਿਤ ਦਰਜ ਕੀਤੇ ਗਏ ਪਰਚਿਆਂ ਅਤੇ ਪੰਜਾਬ ਸਰਕਾਰ ਵੱਲੋਂ ਆਜ਼ਾਦ ਮੀਡੀਆ ਚੈਨਲਾਂ ਨੂੰ ਬੰਦ ਕਰਵਾਉਣ ਦੀਆਂ ਕੋਸ਼ਿਸ਼ਾਂ ਖ਼ਿਲਾਫ਼ ਅੰਮ੍ਰਿਤਸਰ ਦੇ ਵਿਰਸਾ ਵਿਹਾਰ ਵਿੱਚ ਇੱਕ ਵਿਸ਼ਾਲ ਜਨਤਕ ਮੀਟਿੰਗ ਸੱਦੀ ਗਈ।ਇਸ ਮੀਟਿੰਗ ਵਿੱਚ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ, ਪੱਤਰਕਾਰ ਭਾਈਚਾਰੇ ਅਤੇ ਸਮਾਜਿਕ ਕਾਰਕੁੰਨਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੀਟਿੰਗ ਦੌਰਾਨ ਪੰਜਾਬ ਵਿੱਚ ਲਗਾਤਾਰ ਦਬਾਅ ਹੇਠ ਆ ਰਹੀ ਪ੍ਰੈੱਸ ਦੀ ਆਜ਼ਾਦੀ ਉੱਤੇ ਗੰਭੀਰ ਚਰਚਾ ਕੀਤੀ ਗਈ ਅਤੇ ਸਰਕਾਰ ਵੱਲੋਂ ਅਸਹਿਮਤ ਆਵਾਜ਼ਾਂ ਨੂੰ ਦਬਾਉਣ ਦੀ ਨੀਤੀ ਦੀ ਤਿੱਖੀ ਆਲੋਚਨਾ ਕੀਤੀ ਗਈ। ਮਾਝੇ ਦੀਆਂ ਕਰੀਬ 60 ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਇਸ ਮੀਟਿੰਗ ਵਿੱਚ ਹਿੱਸਾ ਲਿਆ।ਗੱਲ ਮੁੱਖ ਮੰਤਰੀ ਦੀ ਗੈਰ-ਮੌਜੂਦਗੀ ਵਿੱਚ ਸਰਕਾਰੀ ਹੈਲੀਕਾਪਟਰ ਦੀ ਵਰਤੋਂ ਦੇ ਸਵਾਲ ਤੋਂ ਹੋਈ ਸੀ, ਜਿਸ ਸਵਾਲ ਕਰਕੇ ਭਗਵੰਤ ਮਾਨ ਸਰਕਾਰ ਨੇ ਦਸ ਲੋਕਾਂ 'ਤੇ ਪਰਚੇ ਪਾ ਦਿੱਤੇ। ਸੈਂਟਰ ਸਰਕਾਰ ਦੀ ਤਰਜ਼ 'ਤੇ ਆਪ ਸਰਕਾਰ ਵੀ ਜੁਬਾਨਬੰਦੀ ਤੇ ਉੱਤਰ ਆਈ ਹੈ।ਮੀਟਿੰਗ ਵਿੱਚ ਮਾਲਵੇ ਦੀ ਤਰਜ਼ 'ਤੇ ਮਾਝੇ ਵਿੱਚ ਵੀ ਵੱਡੇ ਪੱਧਰ 'ਤੇ ਰੋਸ ਮੁਜ਼ਾਹਰਿਆਂ ਦੀ ਰੂਪ-ਰੇਖਾ ਤਿਆਰ ਕੀਤੀ ਗਈ। ਇਸ ਮੀਟਿੰਗ ਵਿੱਚ 27 ਫਰਵਰੀ ਨੂੰ ਡੀ ਸੀ ਦਫ਼ਤਰ, ਅੰਮ੍ਰਿਤਸਰ ਸਾਹਿਬ ਵਿਖੇ ਪ੍ਰੈੱਸ ਦੀ





ਜੁਬਾਨਬੰਦੀ ਅਤੇ ਝੂਠੇ ਪਰਚਿਆਂ ਦੇ ਖ਼ਿਲਾਫ਼ ਇੱਕ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਸੰਘਰਸ਼ ਕਮੇਟੀ ਵੱਲੋਂ ਸਾਰੀਆਂ ਜਥੇਬੰਦੀਆਂ, ਪੱਤਰਕਾਰ ਸਾਥੀਆਂ ਅਤੇ ਕਾਰਕੁੰਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਭ ਨੂੰ ਅਪੀਲ ਕੀਤੀ ਗਈ ਕਿ 27 ਫਰਵਰੀ ਦੇ ਰੋਸ ਪ੍ਰੋਗਰਾਮ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋ ਕੇ ਪ੍ਰੈੱਸ ਦੀ ਆਜ਼ਾਦੀ ਦੇ ਹੱਕ ਵਿੱਚ ਆਪਣੀ ਆਵਾਜ਼ ਬੁਲੰਦ ਕੀਤੀ ਜਾਵੇ। ਇਸ ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਕਿਸਾਨ ਮਜਦੂਰ ਸੰਘਰਸ਼ ਕਮੇਟੀ, ਭਾਕਿਯੂ ਡਕੌਂਦਾ (ਧਨੇਰ), ਭਾਕਿਯੂ ਡਕੌਂਦਾ (ਬੁਰਜਗਿੱਲ), ਨੌਜਵਾਨ ਭਾਰਤ ਸਭਾ, ਪੰਜਾਬ ਸਟੂਡੈਂਟਸ ਯੂਨੀਅਨ, ਜਮਹੂਰੀ ਅਧਿਕਾਰ ਸਭਾ, ਤਰਕਸ਼ੀਲ ਸੋਸਾਇਟੀ, ਪੀ ਆਰ ਟੀ ਸੀ ਪਨਬਸ ਕੰਟਰੈਕਟ ਵਰਕਰਜ ਯੂਨੀਅਨ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਡੈਮੋਕ੍ਰੇਟਿਕ ਟੀਚਰਜ਼ ਯੂਨੀਅਨ, ਡੈਮੋਕ੍ਰੇਟਿਕ ਮੁਲਾਜ਼ਮ ਮੋਰਚਾ, ਆਸ਼ਾ ਵਰਕਰਜ ਯੂਨੀਅਨ,ਇਫਟੂ, ਸੀ ਟੀ ਯੂ ਪੰਜਾਬ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਬੇਰੁਜਗਾਰ ਸਾਂਝਾ ਮੋਰਚਾ, ਤਰਕਸ਼ੀਲ ਸੋਸਾਇਟੀ, ਟੈਕਨੀਕਲ ਸਰਵਿਸਿਜ਼ ਯੂਨੀਅਨ, ਭਾਕਿਯੂ ਕ੍ਰਾਂਤੀਕਾਰੀ ਪੰਜਾਬ, ਗੁਰੂਨਾਨਕ ਦੇਵ ਯੂਨੀਵਰਸਿਟੀ ਪੈਨਸ਼ਨਰਜ਼ ਐਸੋਸੀਏਸ਼ਨ, ਕੁੱਲ ਹਿੰਦ ਕਿਸਾਨ ਸਭਾ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਸ਼ਹੀਦ ਭਗਤ ਸਿੰਘ ਪ੍ਰੈੱਸ ਐਸੋਸੀਏਸ਼ਨ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਐਸੋਸੀਏਸ਼ਨ, ਗੁਰੂ ਰਾਮਦਾਸ ਸਿੰਘ ਸਭਾ, ਕਿਸਾਨ ਮਜਦੂਰ ਨੌਜਵਾਨ ਏਕਤਾ, ਭੀਮ ਐਕਸ਼ਨ ਕਮੇਟੀ, ਮਜ਼ਦੂਰ ਐਕਸ਼ਨ ਕਮੇਟੀ , ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ, ਡੈਮੋਕ੍ਰੇਟਿਕ ਆਸ਼ਾ ਵਰਕਰਜ਼ ਯੂਨੀਅਨ, ਮਿਡ ਡੇ ਮੀਲ ਵਰਕਰਜ਼ ਯੂਨੀਅਨ, ਟੈਕਨੀਕਲ ਅਤੇ ਮਕੈਨੀਕਲ ਮੁਲਾਜ਼ਮ ਯੂਨੀਅਨ, ਡੈਮੋਕ੍ਰੇਟਿਕ ਜਲ ਸਰੋਤ ਵਰਕਰਜ਼ ਯੂਨੀਅਨ, ਐਪਸੋ ਅੰਮ੍ਰਿਤਸਰ, ਡੈਮੋਕ੍ਰੇਟਿਕ ਮੁਲਾਜ਼ਮ ਫੋਰਮ, ਏਟਕ ਡੀ ਐਮ ਐੱਫ, ਮਿਸਲ ਸਤਲੁਜ, ਪੀ ਐਸ ਐਸ ਐੱਫ, ਚੰਡੀਗੜ੍ਹ, ਪੈਰਾ ਮੈਡੀਕਲ ਐਸਸੀਏਸ਼ਨ, ਪੰਜਾਬ ਰੋਡਵੇਜ਼ ਜਥੇਬੰਦੀ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਆਦਿ ਹਾਜ਼ਰ ਸਨ।

# ਪੀ ਡਬਲਿਊ ਐੱਸ ਅਰਲੀ ਯੀਅਰਜ਼ ਸਾਲਾਨਾ ਖੇਡ ਦਿਵਸ ਜੋਸ਼ ਤੇ ਉਤਸ਼ਾਹ ਨਾਲ ਮਨਾਇਆ



**ਪਠਾਨਕੋਟ (ਦਵਿੰਦਰ ਸਿੰਘ)**- ਪੀ ਡਬਲਿਊ ਐੱਸ ਅਰਲੀ ਯੀਅਰਜ਼ ਪਠਾਨਕੋਟ ਨੇ ਆਪਣਾ ਸਾਲਾਨਾ ਖੇਡ ਦਿਵਸ ਬੜੀ ਖੁਸ਼ੀ, ਉਰਜਾ ਅਤੇ ਜੀਵੰਤ ਭਾਗੀਦਾਰੀ ਨਾਲ ਮਨਾਇਆ। ਇਹ ਸਮਾਗਮ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਲਈ ਇੱਕ ਯਾਦਗਾਰ ਅਨੁਭਵ ਬਣ ਗਿਆ। ਇਸ ਕਾਰਜਕ੍ਰਮ ਵਿੱਚ ਪ੍ਰੀ-ਨਰਸਰੀ ਤੋਂ ਪਹਿਲੀ ਜਮਾਤ ਤੱਕ ਦੇ 200 ਤੋਂ ਵੱਧ ਵਿਦਿਆਰਥੀਆਂ ਅਤੇ ਮਾਪਿਆਂ ਨੇ ਜੋਸ਼ ਨਾਲ ਭਾਗ ਲਿਆ ਅਤੇ ਉਮਰ ਅਨੁਸਾਰ ਤਿਆਰ ਕੀਤੀਆਂ ਗਈਆਂ ਮਨੋਰੰਜਕ ਖੇਡ ਗਤੀਵਿਧੀਆਂ ਵਿੱਚ ਸ਼ਾਮਲ ਹੋਏ।ਜਦੋਂ ਨੰਨ੍ਹੇ-ਮੁੰਨੇ ਬੱਚਿਆਂ ਨੇ ਸਰੀਰਕ ਵਿਕਾਸ ਅਤੇ ਟੀਮ ਵਰਕ ਨੂੰ ਉਤਸ਼ਾਹਿਤ ਕਰਨ ਲਈ ਖਾਸ ਤੌਰ 'ਤੇ ਤਿਆਰ ਕੀਤੀਆਂ ਗਈਆਂ ਗਤੀਵਿਧੀਆਂ ਰਾਹੀਂ ਆਪਣੀ ਫੁਰਤੀ, ਸਮਨਵੇ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ, ਤਾਂ ਸਕੂਲ ਪ੍ਰੰਗਣ ਖੁਸ਼ੀ ਅਤੇ ਉਤਸ਼ਾਹ ਨਾਲ ਗੂੰਜ ਉਠਿਆ। ਮਾਪਿਆਂ ਨੇ ਵੀ ਆਪਣੇ ਬੱਚਿਆਂ ਨਾਲ ਮਿਲ ਕੇ ਵੱਖ-ਵੱਖ ਖੇਡਾਂ ਵਿੱਚ ਸਰਗਰਮ ਭਾਗ ਲਿਆ ਅਤੇ ਛੋਟੀ ਉਮਰ ਤੋਂ ਹੀ ਫਿਟਨੈੱਸ ਅਤੇ ਸਰਗਰਮ ਜੀਵਨਸ਼ੈਲੀ ਦੀ ਮਹੱਤਤਾ ਨੂੰ ਉਭਾਰਿਆ ਗਿਆ।ਇਹ ਰੰਗੀਨ ਸਮਾਗਮ ਸਕੂਲ ਦੀ ਸਮੂਹਿਕ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿੱਥੇ ਸਰੀਰਕ ਸਿੱਖਿਆ ਨੂੰ ਖੁਸ਼ਮਿਜਾਜ਼ ਸਿੱਖਣ ਦੇ ਨਾਲ ਬਰਾਬਰ ਮਹੱਤਤਾ ਦਿੱਤੀ ਜਾਂਦੀ ਹੈ। ਅਧਿਆਪਕਾਂ ਅਤੇ ਸਟਾਫ ਨੇ ਇਹ ਯਕੀਨੀ ਬਣਾਇਆ ਕਿ ਹਰ ਬੱਚਾ ਪ੍ਰੋਤਸਾਹਿਤ ਅਤੇ ਸਨਮਾਨਤ ਮਹਿਸੂਸ ਕਰੇ, ਜਿਸ ਨਾਲ ਇਹ ਦਿਨ ਸਾਰੇ ਭਾਗੀਦਾਰਾਂ ਲਈ ਸਮਾਵੇਸ਼ੀ ਅਤੇ ਅਨੰਦਮਈ ਬਣ ਸਕਿਆ।ਇਸ ਮੌਕੇ ਨਿਰਦੇਸ਼ਕ ਓਸ਼ਿਨ ਮਹਾਜਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਕ੍ਰਮ ਛੋਟੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸਮਨਵੇ ਅਤੇ ਸਰੀਰਕ ਗਤਿਵਿਧੀਆਂ ਪ੍ਰਤੀ ਰੁਚੀ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਖੇਡਾਂ ਨਾਲ ਸ਼ੁਰੂਆਤੀ ਜਾਣ-ਪਛਾਣ ਬੱਚਿਆਂ ਵਿੱਚ ਅਨੁਸ਼ਾਸਨ ਅਤੇ ਟੀਮ ਵਰਕ ਨੂੰ ਇੱਕ ਖੁਸ਼ਮਿਜਾਜ਼ ਅਤੇ ਪਿਆਰ ਭਰੇ ਮਾਹੌਲ ਵਿੱਚ ਵਿਕਸਤ ਕਰਦੀ ਹੈ।ਨਿਰਦੇਸ਼ਕ ਸਨੀ ਮਹਾਜਨ ਨੇ ਕਿਹਾ ਕਿ ਖੇਡਾਂ ਸਿੱਖਿਆ ਦਾ ਅਟੁੱਟ ਅੰਗ ਹਨ ਅਤੇ ਬੱਚੇ ਦੇ ਸਰਵਾਂਗੀਣ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ।

# ਆਪਣੀਆਂ ਬੇਨਿਯਮੀਆਂ ਛੁਪਾਉਣ ਲਈ ਕੁਝ ਸਟਾਫ ਮੈਂਬਰ ਕਰ ਰਹੇ ਰੋਸ ਪ੍ਰਦਰਸ਼ਨ : ਕਾਲਜ ਪ੍ਰਬੰਧਕ ਕਮੇਟੀ

**ਧਾਰੀਵਾਲ (ਮਨਦੀਪ ਵਿੱਕੀ)**- ਹਿੰਦੂ ਕੰਨਿਆ ਮਹਾ-ਵਿਦਿਆਲਿਆ ਕਾਲਜ ਧਾਰੀਵਾਲ ਵਿੱਚ ਅਸਿਸਟੈਂਟ ਪ੍ਰੋਫੈਸਰ ਡਾ. ਹਰਜਿੰਦਰ ਕੌਰ ਦੀ ਅਗਵਾਈ ਵਿੱਚ ਕੁੱਝ ਸਟਾਫ ਮੈਂਬਰਾਂ ਵਲੋਂ ਦਿੱਤੇ ਜਾ ਰਹੇ ਰੋਸ ਧਰਨੇ ਨੂੰ ਬੇਬੁਨਿਆਦ ਦੱਸਦਿਆਂ ਕਾਲਜ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਕਿਹਾ ਕਿ ਕਾਲਜ 'ਚ ਕੁਝ ਸਟਾਫ ਮੈਂਬਰਾਂ ਵਲੋਂ ਆਪਣੀਆਂ ਬੇਨਿਯਮੀਆਂ ਛਪਾਉਣ ਅਤੇ ਕਾਲਜ ਵਿੱਚ ਬੇਨਿਯਮੀਆਂ ਕਾਰਨ ਵੱਡੀ ਪੱਧਰ 'ਤੇ ਹੋਈ ਵਿੱਤੀ ਘਪਲੇਬਾਜ਼ੀ ਦੀ ਗੰਭੀਰਤਾ ਨਾਲ ਕੀਤੀ ਜਾ ਰਹੀ ਜਾਂਚ ਵਿੱਚ ਰੁਕਾਵਟ ਪਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ.ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ, ਰਜਨੀਸ਼ ਗੁਪਤਾ, ਕਾਰਜਕਾਰੀ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਕਮੇਟੀ ਮੈਂਬਰਾਂ ਸਮੇਤ ਗੱਲਬਾਤ ਕਰਦਿਆਂ ਦੱਸਿਆ ਕਾਲਜ ਕਮੇਟੀ ਵਲੋਂ ਸ਼ੱਕ ਦੇ ਅਧਾਰ 'ਤੇ ਜਦੋਂ ਕਾਲਜ ਦੇ ਵਿੱਤੀ ਲੇਖਾ ਜੋਖੇ ਦੀ ਸਾਲ 2016-17 ਤੋਂ ਲੈ ਕੇ ਜਾਂਚ ਕੀਤੀ ਤਾਂ ਭਾਰੀ



ਬੇਨਿਯਮੀਆਂ ਅਤੇ ਵੱਡੀ ਵਿੱਤੀ ਘਪਲੇਬਾਜ਼ੀ ਸਾਹਮਣੇ ਆਈ। ਇਸ ਕਾਰਨ ਉਸ ਸਮੇਂ ਦੇ ਸਬੰਧਤ ਪ੍ਰਿੰਸੀਪਲ ਨੂੰ ਅਹੁਦੇ ਤੋਂ ਹਟਾ ਕੇ ਅਤੇ ਇੱਕ ਕਲਰਕ ਨੂੰ ਮੁਅੱਤਲ ਕਰਕੇ ਕਾਲਜ ਦੇ ਵਿੱਤੀ ਲੇਖੇ ਜੋਖੇ ਦੀ ਹੋਰ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਤੀ ਬੇਨਿਯਮੀਆਂ ਦੀ ਗੰਭੀਰਤਾ ਨਾਲ ਜਾਂਚ ਕਰਨ ਵਿੱਚ ਰੁਕਾਵਟ ਪਾਉਣ ਅਤੇ ਹੋਈਆਂ ਬੇਨਿਯਮੀਆਂ ਤੋਂ ਧਿਆਨ ਹਟਾਉਣ ਲਈ ਕੁਝ ਸਟਾਫ ਮੈਂਬਰਾਂ ਵਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪ੍ਰਬੰਧਕਾਂ ਦੱਸਿਆ ਉਕਤ ਏਡਿਡ ਅਧਿਆਪਕਾਂ ਵਲੋਂ ਵਿਦਿਆਰਥੀਆਂ ਦੇ ਦਾਖਲੇ ਪ੍ਰਤੀ ਤਵੱਜੋ ਨਾ ਦੇਣ ਕਾਰਨ ਕਾਲਜ ਵਿੱਚ ਵਿਦਿਆਰਥੀਆਂ ਦੀ ਗਿਣਤੀ ਵੀ ਕਾਫੀ ਘਟ ਗਈ ਹੈ। ਇਸ ਕਾਰਨ ਸਬੰਧਤ ਵਿਭਾਗ ਦੇ ਨਿਯਮਾਂ ਇਨ੍ਹਾਂ ਏਡਿਡ ਅਧਿਆਪਕਾਂ ਦਾ ਵਰਕਲੋਡ ਪੂਰਾ ਨਹੀਂ ਹੈ, ਜਦਕਿ ਇਹ ਪੂਰੀਆਂ ਤਨਖਾਹਾਂ ਲੈ ਰਹੇ ਹਨ, ਜਿਸ ਦਾ ਕਾਲਜ ਅਤੇ ਸਰਕਾਰ 'ਤੇ ਵਾਧੂ ਵਿੱਤੀ ਬੋਝ ਪੈ ਰਿਹਾ ਹੈ। ਕਾਲਜ ਕਮੇਟੀ ਨੇ ਕਿਹਾ ਕਿ ਕਾਲਜ ਦੇ ਵਿੱਤੀ ਘਪਲੇਬਾਜ਼ੀ ਵਿੱਚ ਸ਼ਾਮਲ ਕਿਸੇ ਵੀ ਸਟਾਫ ਮੈਂਬਰ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਕਮੇਟੀ ਸੋਨੂ ਚੋਪੜਾ ਜੋਤੀ ਮਹਾਜਨ, ਕਰੁਣ ਕੁੰਦਰਾ, ਅਮਿਤ ਸੂਦ, ਅਸਵਨੀ ਮਹਾਜਨ, ਰਾਜਨ ਗੋਇਲ, ਕੁਲਭੂਸ਼ਣ ਅਤੇ ਸਾਕਸ਼ੀ ਮਹਾਜਨ ਆਦਿ ਕਾਲਜ ਕਮੇਟੀ ਮੈਂਬਰ ਹਾਜ਼ਰ ਸਨ।

# ਆਰ ਐੱਸ ਐੱਸ ਸ਼ਤਕ ਧਵੱਜ ਯਾਤਰਾ ਦਾ ਪੰਜਾਬ 'ਚ ਭਰਪੂਰ ਸਵਾਗਤ

**ਲੁਧਿਆਣਾ** : ਫਿਲਮ 'ਸ਼ਤਕ: ਸੰਘ ਦੇ 100 ਸਾਲ' ਦੇ ਮੌਕੇ ਆਯੋਜਿਤ ਰਾਸ਼ਟਰੀ ਧਵਜ ਯਾਤਰਾ ਸ੍ਰੀਨਗਰ ਅਤੇ ਜੰਮੂ ਵਿੱਚ ਵਿਆਪਕ ਸਵਾਗਤ ਤੋਂ ਬਾਅਦ ਅੱਜ ਲੁਧਿਆਣਾ ਪਹੁੰਚੀ। ਸ਼ਹਿਰ ਵਿੱਚ ਇਸ ਯਾਤਰਾ ਦਾ ਗਰਮਜੋਸ਼ੀ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਢੋਲ-ਨਗਾੜਿਆਂ ਦੀ ਗੂੰਜ, ਕੇਸਰੀਆ ਧਵਜ ਅਤੇ ਲੋਕਾਂ ਦੀ ਵੱਡੀ ਭਾਗੀਦਾਰੀ ਨੇ ਪੂਰੇ ਮਾਹੌਲ ਨੂੰ ਤਿਉਹਾਰੀ ਰੰਗ ਵਿੱਚ ਰੰਗ ਦਿੱਤਾ। ਲੁਧਿਆਣਾ ਵਿੱਚ ਧਵਜ ਯਾਤਰਾ ਦੀ ਸ਼ੁਰੂਆਤ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੋਂ ਹੋਈ।ਇਸ ਤੋਂ ਬਾਅਦ ਆਰ ਐਸ ਐਸ ਦੇ 100 ਸਾਲਾਂ ਦੀ ਪ੍ਰਤੀਕ ਵਜੋਂ 100 ਬਾਈਕਰਾਂ ਦੀ ਇੱਕ ਵਿਸ਼ਾਲ ਬਾਈਕ ਰੈਲੀ ਕੱਢੀ ਗਈ। ਰੈਲੀ ਨੇ ਸ਼ਹਿਰ ਭਰ ਵਿੱਚ ਏਕਤਾ, ਮਾਣ ਅਤੇ ਸਾਂਝੇ ਉਤਸਵ ਦਾ ਸੁਨੇਹਾ ਦਿੱਤਾ। ਜਿੱਥੇ-ਜਿੱਥੇ ਰੈਲੀ ਗੁਜ਼ਰੀ, ਉੱਥੇ ਲੋਕਾਂ ਵੱਲੋਂ ਫੁੱਲਾਂ ਦੀ ਵਰਖਾ ਅਤੇ ਭਾਰਤ ਮਾਤਾ ਕੀ ਜੈ ਦੇ ਨਾਅਰਿਆਂ ਨਾਲ ਭਰਪੂਰ ਸਵਾਗਤ ਕੀਤਾ ਗਿਆ।ਕਾਰਜਕ੍ਰਮ ਦਾ ਸਮਾਪਨ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਨਾਲ ਹੋਇਆ, ਜਿੱਥੇ ਸਮਾਜ ਦੇ ਉਹ ਨਿਸ਼ਕਾਮ ਸੰਘ ਸਵੈਸੇਵਕ ਸਨਮਾਨਤ ਕੀਤੇ ਗਏ, ਜਿਨ੍ਹਾਂ ਨੇ ਬਿਨਾਂ ਕਿਸੇ ਉਮੀਦ ਦੇ ਸਮਾਜ ਸੇਵਾ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਇਸ ਮੌਕੇ ਸੰਘ ਦੇ ਕਾਰਕੁਨ ਅਤੇ ਫਿਲਮ ਦੇ ਨਿਰਮਾਤਾ ਵੀਰ ਕਪੂਰ ਨੇ ਕਿਹਾ, ਸ੍ਰੀਨਗਰ ਤੋਂ ਜੰਮੂ ਅਤੇ ਹੁਣ ਲੁਧਿਆਣਾ ਤੱਕ, ਹਰ ਸ਼ਹਿਰ ਨੇ ਸ਼ਤਕ ਦੀ ਧਵਜ ਯਾਤਰਾ ਨੂੰ ਦਿਲੋਂ ਸਵੀਕਾਰਿਆ ਹੈ। 100 ਬਾਈਕਰਾਂ ਦੀ ਇਹ ਰੈਲੀ ਸਿਰਫ਼ ਇੱਕ ਆਯੋਜਨ ਨਹੀਂ, ਸਗੋਂ ਸੰਘ ਦੇ 100 ਸਾਲਾਂ ਦੀ ਸੇਵਾ, ਸਮਰਪਣ ਅਤੇ ਰਾਸ਼ਟਰ ਨਿਰਮਾਣ ਦੀ ਜੀਵੰਤ ਅਭਿਵਿਅਕਤੀ ਹੈ। 'ਸ਼ਤਕ' ਰਾਹੀਂ ਅਸੀਂ ਉਹਨਾਂ ਅਣਗਿਣਤ ਗੁਮਨਾਮ ਨਾਇਕਾਂ ਨੂੰ ਸਨਮਾਨ ਦੇ ਰਹੇ ਹਾਂ, ਜਿਨ੍ਹਾਂ ਨੇ ਚੁੱਪਚਾਪ ਰਾਸ਼ਟਰ ਦੀ ਆਤਮਾ ਨੂੰ ਮਜ਼ਬੂਤ ਕੀਤਾ ਹੈ। ਪੈਨੋਰਮਾ ਸਟੂਡੀਓਜ਼ ਦੇ ਸਹਿਯੋਗ ਨਾਲ ਬਣੀ, ਅਨਿਲ ਡੀ. ਅਗਰਵਾਲ ਦੀ ਪਰਿਕਲਪਨਾ 'ਤੇ ਆਧਾਰਿਤ ਇਹ ਫਿਲਮ ਆਸ਼ੀਸ਼ ਮੱਲ ਦੇ ਨਿਰਦੇਸ਼ਨ ਵਿੱਚ ਤਿਆਰ ਹੋਈ ਹੈ ਅਤੇ ਆਸ਼ੀਸ਼ ਤਿਵਾਰੀ ਵੱਲੋਂ ਸਹਿ-ਨਿਰਮਿਤ ਹੈ। ਇਸ ਦੇ ਐਸੋਸੀਏਟ ਪ੍ਰੋਡਿਊਸਰ ਪਵਨ ਸਿੰਧੀ ਅਤੇ ਕਬੀਰ ਸਦਾਨੰਦ ਹਨ। ਫਿਲਮ 'ਸ਼ਤਕ: ਸੰਘ ਦੇ 100 ਸਾਲ' 19 ਫਰਵਰੀ ਨੂੰ ਦੇਸ਼ ਭਰ ਦੇ ਸਿਨੇਮਾਘਰਾਂ ਵਿੱਚ ਰਿਲੀਜ਼ ਕੀਤੀ ਜਾਵੇਗੀ।

# ਕਾਰ ਤੇ ਟਰੈਕਟਰ-ਟਰਾਲੀ ਵਿਚਾਲੇ ਟੱਕਰ 'ਚ ਇੱਕੋ ਪਰਵਾਰ ਦੇ ਦੋ ਜੀਆਂ ਦੀ ਮੌਤ, ਇੱਕ ਗੰਭੀਰ ਜ਼ਖ਼ਮੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ, ਰਣਬੀਰ ਸਿੰਘ ਗੋਲਣ)**- ਅੰਮ੍ਰਿਤਸਰ-ਖੇਮਕਰਨ ਹਾਈਵੇ 'ਤੇ ਸੈਕਰਡ ਹਾਰਡ ਸਕੂਲ ਨਜ਼ਦੀਕ ਕਾਰ ਤੇ ਟਰੈਕਟਰ-ਟਰਾਲੀ ਵਿਚਕਾਰ ਭਿਆਨਕ ਟੱਕਰ ਹੋ ਗਈ। ਹਾਦਸੇ ਦੌਰਾਨ ਕਾਰ ਵਿੱਚ ਸਵਾਰ ਮਾਂ-ਪੁੱਤ ਦੀ ਮੌਕੇ 'ਤੇ ਮੌਤ ਹੋ ਗਈ ਜਦਕਿ ਕਾਰ ਚਾਲਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਮ੍ਰਿਤਕਾਂ ਦੀ ਪਛਾਣ ਪ੍ਰਭਜੀਤ ਕੌਰ ਤੇ ਫ਼ਤਿਹ ਸਿੰਘ ਵਾਸੀ ਪਿੰਡ ਆਸਲ ਉਤਾੜ ਵਜੋਂ ਹੋਈ ਹੈ। ਦੁਖਦਾਈ ਘਟਨਾ ਮਗਰੋਂ ਇਲਾਕੇ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਜਾਣਕਾਰੀ ਅਨੁਸਾਰ ਦਵਿੰਦਰ ਸਿੰਘ (30) ਪੁੱਤਰ ਕੁਲਦੀਪ ਸਿੰਘ, ਜੋ ਚੰਡੀਗੜ੍ਹ 'ਚ ਟੈਕਸੀ ਚਲਾਉਂਦਾ ਹੈ, ਬੀਤੀ ਰਾਤ ਡਿਜ਼ਾਇਰ ਕਾਰ ਤੇ ਪਤਨੀ ਪ੍ਰਭਜੀਤ ਕੌਰ ਤੇ ਲੜਕੇ ਫ਼ਤਹਿ ਸਿੰਘ (5) ਨਾਲ ਸਹੁਰੇ ਪਿੰਡ ਫਤਾਹਪੁਰ 'ਚ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਜਾ ਰਿਹਾ ਸੀ। ਇਸ ਦੌਰਾਨ ਉਸ ਦੀ ਕਾਰ ਅੱਗੇ ਜਾ ਰਹੇ ਟਰੈਕਟਰ-ਟਰਾਲੀ ਨਾਲ ਜਾ ਟਕਰਾਈ। ਹਾਦਸੇ 'ਚ ਪ੍ਰਭਜੀਤ ਕੌਰ



ਤੇ ਫ਼ਤਿਹ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਦਵਿੰਦਰ ਸਿੰਘ ਨੂੰ ਨਾਜ਼ੁਕ ਹਾਲਤ ਵਿੱਚ ਇਲਾਜ ਲਈ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਮ੍ਰਿਤਕਾਂ ਦੇ ਰਿਸ਼ਤੇਦਾਰ ਸਰਪੰਚ ਸੁਖਵਿੰਦਰ ਸਿੰਘ ਬੱਬੂ ਨੇ ਦੱਸਿਆ ਕਿ ਦਵਿੰਦਰ ਸਿੰਘ ਆਪਣੀ ਪਤਨੀ ਤੇ ਪੁੱਤਰ ਨਾਲ ਕਾਰ ਵਿੱਚ ਸਵਾਰ ਹੋ ਕੇ ਸਹੁਰੇ ਪਿੰਡ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਜਾ ਰਿਹਾ ਸੀ। ਰਸਤੇ ਵਿੱਚ ਉਸ ਦੀ ਕਾਰ ਮਿੱਟੀ ਨਾਲ ਭਰੇ ਟਰੈਕਟਰ-ਟਰਾਲੀ ਨਾਲ ਟਕਰਾ ਗਈ।ਹਾਦਸੇ ਵਿੱਚ ਪ੍ਰਭਜੀਤ ਕੌਰ ਤੇ ਉਸ ਦੇ ਪੰਜ ਸਾਲ ਦੇ ਪੁੱਤਰ ਫਤਿਹ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਦਵਿੰਦਰ ਸਿੰਘ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

# ਐੱਸ ਐੱਲ ਬਾਵਾ ਡੀ ਏ ਵੀ ਕਾਲਜ ਬਟਾਲਾ ਵੱਲੋਂ ਸਾਹਿਤਕ ਤੇ ਸੱਭਿਆਚਾਰਕ ਮੇਲਾ-2026

**ਧਾਰੀਵਾਲ/ਬਟਾਲਾ (ਮਨਦੀਪ ਵਿੱਕੀ, ਤਰਲੋਕ ਬੱਗਾ)**- ਸਥਾਨਕ ਐੱਸ. ਐੱਲ. ਬਾਵਾ ਬਾਵਾ ਡੀ.ਏ. ਵੀ ਕਾਲਜ ਬਟਾਲਾ ਦੇ ਪ੍ਰਿੰਸੀਪਲ ਪ੍ਰੋ.(ਡਾ.) ਵਰਿੰਦਰ ਭਾਟੀਆ ਦੀ ਅਗਵਾਈ ਹੇਠ ਅਤੇ ਵਿਸ਼ਵ ਵਿਰਾਸਤੀ ਅਕਾਦਮੀ (ਯੂਐੱਸਏ, ਕੈਨੇਡਾ, ਯੂ.ਕੇ., ਭਾਰਤ, ਦੁਬਈ, ਜਰਮਨ, ਆਸਟਰੇਲੀਆ) ਦੇ ਸਹਿਯੋਗ ਨਾਲ ਕਾਲਜ ਵਿੱਚ ਸਾਹਿਤਕ ਤੇ ਸੱਭਿਆਚਾਰਕ ਮੇਲਾ 2026 ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਡਾ. ਰਵਿੰਦਰ (ਸ਼੍ਰੋਮਣੀ ਪੰਜਾਬੀ ਕਵੀ, ਪ੍ਰਸਿੱਧ ਲੇਖਕ ਤੇ ਬੱਚਿਆਂ ਦੇ ਮਾਹਰ) ਅਤੇ ਪੀ.ਸੀ. ਪਿਆਸਾ (ਸਾਬਕਾ ਐਕਸਾਈਜ਼ ਕਮਿਸ਼ਨਰ, ਪੰਜਾਬ) ਸ਼ਾਮਲ ਹੋਏ ਜਦੋਂ ਕਿ ਵਿਸ਼ੇਸ਼ ਮਹਿਮਾਨਾਂ ਵਿੱਚ ਪੰਜਾਬੀ ਜਗਤ ਦੇ ਨਾਮੀ ਕਹਾਣੀਕਾਰ ਤੇ ਨਿਬੰਧਕਾਰ ਦੇਵਿੰਦਰ ਦੀਦਾਰ, ਪ੍ਰੋਫ਼ੈਸਰ ਸੁਨੀਲ ਜੇਤਲੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾਕਟਰ ਆਂਚਲ ਅਰੋੜਾ ਅਤੇ ਡਾਕਟਰ ਬਿਕਰਮਜੀਤ ਸਿੰਘ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਜ਼ਿਲ੍ਹਾ ਭਾਸ਼ਾ ਅਫ਼ਸਰ (ਸਾ.) ਅੰਮ੍ਰਿਤਸਰ ਤੇ ਗੁਰਦਾਸਪੁਰ, ਵਿਦਵਾਨ ਆਲੋਚਕ ਤੇ ਭਾਸ਼ਾ-ਵਿਗਿਆਨੀ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਨੇ ਕੀਤੀ।ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦਾ ਆਗ਼ਾਜ਼ ਕਰਨ ਉਪਰੰਤ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਵੱਲੋਂ ਨਾਮੀ ਲੇਖਕ



ਦਵਿੰਦਰ ਦੀਦਾਰ ਦੀਆਂ ਤਿੰਨ ਕਿਤਾਬਾਂ 'ਕੁਝ ਅਣਕਹੇ ਕਥਨ', 'ਸਮੀਖਿਆ ਸੰਸਾਰ' ਤੇ 'ਅਨਮੋਲ ਰਤਨ' ਪੁਸਤਕਾਂ ਅਤੇ ਦਵਿੰਦਰ ਦੀਦਾਰ ਵੱਲੋਂ ਗੁਰਮੁਖੀ ਲਿਪੀ ਦਾ ਤਿਆਰ ਕੀਤਾ ਗਿਆ ਸਲਾਨਾ ਕੈਲੰਡਰ ਲੋਕ-ਅਰਪਣ ਕੀਤਾ ਗਿਆ। ਇਹਨਾਂ ਪੁਸਤਕਾਂ 'ਤੇ ਵਿਦਵਤਾ ਭਰਪੂਰ ਵਿਚਾਰ-ਗੋਸ਼ਟੀ ਕਰਨ ਲਈ ਮੁੱਖ ਬੁਲਾਰੇ ਦੇ ਤੌਰ 'ਤੇ ਡਾ. ਹਰਿੰਦਰ ਕੌਰ ਸੋਹਲ (ਅਸਿਸਟੈਂਟ ਪ੍ਰੋਫ਼ੈਸਰ, ਪੰਜਾਬੀ ਅਧਿਐਨ ਸਕੂਲ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ) ਤੇ ਡਾ. ਆਤਮਾ ਸਿੰਘ ਗਿੱਲ (ਅਸਿਸਟੈਂਟ ਪ੍ਰੋਫ਼ੈਸਰ, ਪੰਜਾਬੀ ਵਿਭਾਗ, ਬਾਬਾ ਅਜੈ ਸਿੰਘ ਖ਼ਾਲਸਾ ਕਾਲਜ, ਗੁਰਦਾਸ ਨੰਗਲ) ਪਹੁੰਚੇ । ਇਸ ਮੌਕੇ ਵਿਸ਼ਵ ਵਿਰਾਸਤੀ ਅਕਾਦਮੀ ਨੂੰ ਡਾਕਟਰ ਰਵਿੰਦਰ ਅਤੇ ਪੀ.ਸੀ. ਪਿਆਸਾ ਵੱਲੋਂ ਸਹਿਯੋਗ ਕੀਤੀ ਗਈ 21 ਹਜ਼ਾਰ ਤੇ 11 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਵਾਲੇ ਕ੍ਰਮਵਾਰ ਸ਼ਿਵ ਕੁਮਾਰ ਬਟਾਲਵੀ ਯਾਦਗਾਰੀ ਪੁਰਸਕਾਰ ਪ੍ਰਸਿੱਧ ਲੋਕ-ਗਾਇਕ ਅਨੋਖ ਸਿੰਘ ਔਜਲਾ ਨੂੰ ਦਿੱਤਾ ਗਿਆ ਅਤੇ ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਪੁਰਸਕਾਰ ਪੰਜਾਬੀ ਦੇ ਪ੍ਰਸਿੱਧ ਲੇਖਕ ਦੇਵਿੰਦਰ ਦੀਦਾਰ ਨੂੰ ਦਿੱਤਾ ਗਿਆ। ਗੁੱਤ-ਪਰਾਂਦਾ ਮੁਕਾਬਲੇ ਵਿੱਚ ਡਾ. ਰੂਪਕਿਰਨਪ੍ਰੀਤ ਕੌਰ ਤੇ ਪ੍ਰੋ. ਸੁਮਨਪ੍ਰੀਤ ਕੌਰ, ਸੁੰਦਰ ਦਸਤਾਰ ਮੁਕਾਬਲੇ ਵਿੱਚ ਪ੍ਰੋ. ਸੁਖਵਿੰਦਰ ਸਿੰਘ ਤੇ ਡਾ. ਬਰਿੰਦਰਪਾਲ ਸਿੰਘ ਨੇ ਨਿਰਣਾਇਕ ਦੀ ਭੂਮਿਕਾ ਨਿਭਾਈ; ਜਦੋਂ ਕਿ ਮੰਚ ਸੰਚਾਲਨ ਦੀ ਭੂਮਿਕਾ ਡਾ. ਰੂਪਕਿਰਨਪ੍ਰੀਤ ਕੌਰ, ਡਾ: ਗੁਰਵੰਤ ਸਿੰਘ ਅਤੇ ਪ੍ਰੋ ਕੁਲਵਿੰਦਰ ਕੌਰ ਨੇ ਬਾਖੂਬੀ ਨਿਭਾਈ। ਇਸ ਸਮਾਰੋਹ ਵਿੱਚ ਮੈਨੇਜਰ ਅਤਰ ਸਿੰਘ, ਪ੍ਰੋਫੈਸਰ ਸਤਨਾਮ ਸਿੰਘ ਬਾਜਵਾ, ਪ੍ਰੋ. ਰਾਮ ਸਿੰਘ, ਸਟੇਟ ਅਵਾਰਡੀ ਗੁਰਮੀਤ ਸਿੰਘ ਭੋਮਾ, ਡਾ. ਸਤਿੰਦਰਜੀਤ ਕੌਰ ਬੁੱਟਰ ਸਟੇਟ ਐਵਾਰਡੀ, ਨੈਸ਼ਨਲ ਐਵਾਰਡੀ ਸਿਮਰਤ ਸਮੈਰਾ, ਭੰਗੜਾ ਕੋਚ ਹਰਪਾਲ ਸਿੰਘ, ਬਲਜੀਤ ਕੌਰ ਲੈਕਚਰਾਰ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਤੇ ਅਧਿਆਪਕ ਅਤੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਹੋਏ।

# ਸੀਨੀਅਰ ਸੈਕੰਡਰੀ ਸਕੂਲ ਖੋਜਕੀ ਚੱਕ ਨੇ ਮਨਾਇਆ ਸਾਲਾਨਾ ਸਮਾਰੋਹ

**ਪਠਾਨਕੋਟ (ਦਵਿੰਦਰ ਸਿੰਘ)**- ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਖੋਜਕੀ ਚੱਕ ਵਿਖੇ ਸਲਾਨਾ ਸਮਾਰੋਹ ਆਯੋਜਿਤ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਪ੍ਰਿੰਸੀਪਲ ਸੰਜੇ ਕੁਮਾਰ ਸ਼ਰਮਾ ਨੇ ਕੀਤੀ। ਸਮਰੋਹ ਦੌਰਾਨ ਸ਼੍ਰੀ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ੍ਰੀ ਬਬਲੀ ਕੁਮਾਰ ਬੱਬੀ ਪ੍ਰਧਾਨ ਨਗਰ ਪੰਚਾਇਤ ਨਰੋਟ ਜੈਮਲ ਸਿੰਘ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਲੱਖਾ ਸਿੰਘ, ਰਾਣੋ ਦੇਵੀ ਲੈਕਚਰਾਰ, ਸ਼ਕਤੀ ਸਿੰਘ, ਮੀਨਾ ਸ਼ਰਮਾ, ਕੁਲਦੀਪ ਰਾਜ, ਪੰਕਜ ਕੁਮਾਰ, ਰਵਿੰਦਰ ਸਿੰਘ, ਅਮਿਤ ਕੁਮਾਰ, ਦਲਜੀਤ ਸਿੰਘ ਫਰਵਾਲ, ਪਰਸ਼ੋਤਮ ਲਾਲ ਸਰਪੰਚ ਤਲੂਰ, ਸੋਹਨਾ ਕੁੰਡਲ, ਚੰਪਾ ਦੇਵੀ, ਜੋਤੀ ਸਰਪੰਚ ਖੋਜਕੀ ਚੱਕ, ਅਰਜੁਨ ਕੁਮਾਰ ਸਰਪੰਚ ਬਲੋਤਰ, ਵਿਪਨ ਭਾਰਤੀ ਸਰਪੰਚ ਕੋਟਲੀ ਜਵਾਹਰ, ਰਜਿੰਦਰ ਸਿੰਘ ਸਰਪੰਚ ਢੀਂਡਾ, ਗੀਤੂ ਦੇਵੀ ਸਰਪੰਚ ਗੋਲਾ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਸਮਾਰੋਹ ਦੌਰਾਨ ਸਕੂਲ ਪ੍ਰਬੰਧਨ ਵੱਲੋਂ ਮੁੱਖ ਮਹਿਮਾਨ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਦਾ ਸਵਾਗਤ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਕੀਤਾ ਗਿਆ। ਮੁੱਖ ਮਹਿਮਾਨ ਵੱਲੋਂ ਰਿਬਨ



ਕੱਟ ਕੇ ਸਮਰੋਹ ਦਾ ਸ਼ੁਭ ਆਰੰਭ ਕੀਤਾ ਗਿਆ।ਸਮਾਰੋਹ ਦੌਰਾਨ ਸਕੂਲੀ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਪ੍ਰਬੰਧਕ ਵੱਲੋਂ ਸਿੱਖਿਆ ਦੇ ਖੇਤਰ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਕੂਲ ਦੇ ਕਰੀਬ 24 ਵਿਦਿਆਰਥੀ ਜਿਹਨਾਂ ਵੱਖ ਵੱਖ ਵਿਭਾਗਾਂ ਅੰਦਰ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ, ਨੂੰ ਵੀ ਯਾਦਗਾਰ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਨੇ ਕਿਹਾ ਕਿ ਅੱਜ ਸਰਕਾਰੀ ਸਕੂਲਾਂ ਦੀ ਨੁਹਾਰ ਪੂਰੀ ਤਰ੍ਹਾਂ ਨਾਲ ਬਦਲ ਚੁੱਕੀ ਹੈ ਅਤੇ ਸਰਕਾਰੀ ਸਕੂਲਾਂ ਨੂੰ ਦੇਖ ਕੇ ਇਹ ਅੰਦਾਜ਼ਾ ਨਹੀਂ ਲਗਾਇਆ ਜਾ ਸਕਦਾ ਕਿ ਇਹ ਸਰਕਾਰੀ ਸਕੂਲ ਹਨ ਜਾਂ ਕਿ ਪ੍ਰਾਈਵੇਟ ਸਕੂਲ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇੱਕ ਵਧੀਆ ਸਿੱਖਿਆ ਪ੍ਰਣਾਲੀ ਦੇਣ ਦੇ ਉਦੇਸ਼ ਨਾਲ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕੀਤੀ ਹੈ ਅਤੇ ਹੁਣ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦੀਆਂ ਸੰਖਿਆ ਵਿੱਚ ਵਾਧਾ ਹੋਇਆ ਹੈ। ਉਹਨਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਤੁਸੀਂ ਵੀ ਆਪਣੇ ਵੱਧ ਤੋਂ ਵੱਧ ਜਾਣਕਾਰ ਲੋਕਾਂ ਨੂੰ ਇਹ ਸੰਦੇਸ਼ ਦੇਵੋ ਕਿ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਦਾਖਲ ਕਰਵਾਉਣ।ਸਮਰੋਹ ਦੇ ਅੰਤ ਵਿੱਚ ਸਕੂਲ ਸਟਾਫ ਵੱਲੋਂ ਮੁੱਖ ਮਹਿਮਾਨ ਨੂੰ ਇੱਕ ਯਾਦਗਾਰ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।

9 Feb Page 12.qxd 2/8/2026 10:09 PM Page 1



# 22 ਤੋਂ ਮੁੜ ਲੱਗੇਗਾ ਧਰਮ ਯੁੱਧ ਮੋਰਚਾ : ਭਾਈ ਗੁਰਪ੍ਰੀਤ ਸਿੰਘ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਮੋਰਚਾ ਦੇ ਤਹਿਤ ਪਿਛਲੇ 16 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ ਤੇ ਬੈਠ ਕੇ ਜਾਗਤਿ ਜੋਤਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਤੇ ਹੋਰ ਪਵਿੱਤਰ ਧਾਰਮਿਕ ਗ੍ਰੰਥਾਂ ਦੀ ਪੰਜਾਬ ਵਿਚ ਬਾਰ ਬਾਰ ਕਰਵਾਈ ਜਾ ਰਹੀ ਬੇਅਦਬੀ ਰੋਕਣ ਲਈ ਬੇਮਿਸਾਲ ਸਜ਼ਾ ਦਾ ਕਾਨੂੰਨ ਲਾਗੂ ਕਰਵਾਉਣ ਦੀ ਮੰਗ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਸੰਘਰਸ਼ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦ ਪੰਜਾਬ ਅਤੇ ਹਰਿਆਣਾ ਦੀਆਂ 21 ਜੁਝਾਰੂ ਜਥੇਬੰਦੀਆਂ ਨੇ ਸਰਬ ਸੰਮਤੀ ਨਾਲ ਪੱਕੇ ਤੌਰ ਤੇ 22 ਫਰਵਰੀ ਤੋਂ ਧਰਮ ਯੁੱਧ ਮੋਰਚਾ ਮੁੜ ਲਾਉਣ ਦਾ ਐਲਾਨ ਕੀਤਾ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਆਨ ਸ਼ਾਨ ਨੂੰ ਸਮਰਪਿਤ ਇਸ ਦੂਜੇ ਧਰਮ ਯੁੱਧ ਮੋਰਚੇ ਵਿੱਚ ਪਿੰਡਾਂ ਸ਼ਹਿਰਾਂ ਤੋਂ ਟਰੈਕਟਰ ਟਰਾਲੀਆਂ ਤੇ ਸਵਾਰ ਹੋ ਕੇ ਜੁਝਾਰੂ ਪੰਜਾਬੀ ਸਮਾਣਾ ਮੋਰਚਾ ਪਾਰਕ ਤੇ 22 ਨੂੰ ਪੱਕਾ ਡੇਰਾ ਲਗਾਉਣਗੇ ਜਿਥੋਂ ਕਿ 24 ਫਰਵਰੀ ਨੂੰ ਅਣਮਿਥੇ ਸਮੇਂ ਲਈ ਹਾਈਵੇ ਰੋਕਣ ਲਈ ਕੂਚ ਕੀਤਾ ਜਾਏਗਾ। ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਭਾਈ ਗੁਰਪ੍ਰੀਤ ਸਿੰਘ ਮੋਰਚਾ



ਕੋਆਰਡੀਨੇਟਰ, ਸੀਨੀਅਰ ਆਗੂ ਅਜਤੇਜ ਸਿੰਘ ਮਾਨ, ਕਿਸਾਨ ਆਗੂ ਇੰਦਰਜੀਤ ਸਿੰਘ ਘਣੀਆ, ਬਾਬਾ ਭੁਪਿੰਦਰ ਸਿੰਘ, ਗੁਰਦੁਆਰਾ ਰਾਮਪੁਰ ਖੇੜਾ ਸਾਹਿਬ, ਸੀਨੀਅਰ ਪੱਤਰਕਾਰ ਜਗਦੀਪ ਸਿੰਘ ਥਲੀ, ਮੁੱਖ ਸਲਾਹਕਾਰ ਤਲਵਿੰਦਰ ਸਿੰਘ ਔਲਖ ਅਤੇ ਹੋਰ ਜੁਝਾਰੂ ਜਥੇਬੰਦੀਆਂ ਦੇ ਆਗੂਆਂ ਨੇ ਸਾਂਝੇ ਤੌਰ ਤੇ ਇਹ ਐਲਾਨ ਕੀਤਾ। ਇਕੱਤਰਤਾ ਵਿੱਚ ਦਿੱਲੀ ਕਿਸਾਨੀ ਮੋਰਚੇ ਦੇ ਆਗੂ ਭਾਈ ਗੁਰਦੀਪ ਸਿੰਘ ਸਿੱਧੂ ਭੋਗਪੁਰ, ਮਨਜੀਤ ਸਿੰਘ ਨਿਆਲ, ਬਲਜਿੰਦਰ ਸਿੰਘ ਚੰਡਿਆਲਾ, ਮਨਜੀਤ ਸਿੰਘ ਮਛੋਵਾ, ਕੁਲਦੀਪ ਸਿੰਘ ਮੋਹਰੀ, ਸੁਰਜੀਤ ਸਿੰਘ ਭੰਨੇਖੇੜੀ, ਗੁਰਸ਼ਾਦ ਸਿੰਘ ਉਗਰਾ, ਗੁਰਦੇਵ ਸਿੰਘ ਗੱਜੂ ਮਾਜਰਾ, ਪਰਵਿੰਦਰ ਸਿੰਘ ਸਰਪੰਚ ਰਤਨ ਹੇੜੀ, ਚਤਰ ਸਿੰਘ, ਗੁਰਦੀਪ ਸਿੰਘ ਭੰਡਾਲ, ਨਰਿੰਦਰ ਸਿੰਘ ਖੁਸ਼ੇਹਪੁਰ, ਕੁਲਦੀਪ ਸਿੰਘ ਕੱਸਰਪੁਰ, ਬਾਬਾ ਸੁਖਦੇਵ ਸਿੰਘ ਨਾਨਕਸਰ ਸੰਪ੍ਰਦਾਇ, ਵਿਦਿਆਰਥੀ ਆਗੂ ਸੁਖਮਨਪਾਲ ਸਿੰਘ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਗੁਰਮੀਤ ਸਿੰਘ ਥਲੀ ਸਿੱਖ ਸਦਭਾਵਨਾ ਦਲ, ਜਗਵਿੰਦਰ ਸਿੰਘ ਸਵਰਾਜਪੁਰ, ਸ਼ੇਰੇ ਪੰਜਾਬ ਦਲ, ਕੁਲਵੰਤ ਸਿੰਘ ਖਟੜਾ, ਗੁਰਪ੍ਰੀਤ ਸਿੰਘ ਭਰਾਜ, ਸੁਖਬੀਰ ਸਿੰਘ, ਸਿਮਰਨਜੀਤ ਸਿੰਘ, ਕਮਲਜੀਤ ਸਿੰਘ, ਬਾਬਾ ਗੁਰਦੀਪ ਸਿੰਘ ਭੁੱਲਰ, ਭਾਈ ਸਾਹਿਬ ਸਿੰਘ, ਭਾਈ ਰਣਜੀਤ ਸਿੰਘ, ਰੰਮੀ ਸਹਿਗਲ, ਚੇਅਰਮੈਨ ਹਰਿੰਦਰ ਸਿੰਘ, ਕੁਲਵਿੰਦਰ ਸਿੰਘ ਸਿੱਧੂ, ਜਿੰਦਰ ਸਿੰਘ, ਬਾਬਾ ਜੱਸਾ ਸਿੰਘ, ਭਾਈ ਜਸਵਿੰਦਰ ਸਿੰਘ, ਬੀਬੀ ਰੁਪਿੰਦਰ ਕੌਰ, ਬਲਜੀਤ ਕੌਰ ਭਿੰਡਰ ਹਰਜਿੰਦਰ ਕੌਰ, ਮਨਵਿੰਦਰ ਸਿੰਘ, ਲਾਭ ਸਿੰਘ, ਸੁਖਜਿੰਦਰ ਸਿੰਘ ਸਮੇਤ ਨਾਮਵਰ ਆਗੂਆਂ ਨੇ ਸ਼ਿਰਕਤ ਕੀਤੀ ਅਤੇ ਸਰਕਾਰ ਨੂੰ ਕਾਨੂੰਨ ਲਾਗੂ ਕਰਨ ਲਈ ਮਜਬੂਰ ਕਰਨ ਲਈ ਪਿੰਡਾਂ ਵਿੱਚ ਪ੍ਰਚਾਰ ਕੀਤਾ ਜਾਏਗਾ।ਇਸ ਕਾਰਜ ਲਈ ਗੁੰਥੀ ਸਿੰਘਾਂ ਦਾ ਸਹਿਯੋਗ ਲਿਆ ਜਾਏਗਾ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ 12 ਦੀ ਹੜਤਾਲ ਦਾ ਸਮਰਥਨ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਇਕਾਈ ਜ਼ੋਨ ਗੜ੍ਹਸ਼ੰਕਰ ਦੀ ਮਾਸਿਕ ਮੀਟਿੰਗ ਬਾਬੂ ਪਰਮਾ ਨੰਦ ਦੀ ਪ੍ਰਧਾਨਗੀ ਹੇਠ ਲਾਇਬ੍ਰੇਰੀ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ। ਸਭ ਤੋਂ ਪਹਿਲਾਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਪੈਨਸ਼ਨਰ ਐਸੋਸੀਏਸ਼ਨ ਦੇ ਸੂਬਾਈ ਆਗੂ ਪਿਆਰਾ ਸਿੰਘ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਬੇਵਕਤ ਸਦੀਵੀ ਵਿਛੋੜੇ ਤੇ ਗਹਿਰੇ ਸਦਮੇ ਦਾ ਇਜ਼ਹਾਰ ਕੀਤਾ ਗਿਆ ਤੇ ਉਹਨਾਂ ਦੀਆਂ ਮੁਲਾਜ਼ਮ ਲਹਿਰ ਤੇ ਪੈਨਸ਼ਨਰ ਐਸੋਸੀਏਸ਼ਨ ਲਈ ਨਿਭਾਈਆਂ ਵਡਮੁੱਲੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ।ਇਸ ਸਮੇਂ ਪੈਨਸ਼ਨਰ ਆਗੂ ਬਲਵੰਤ ਰਾਮ, ਜਗਦੀਸ਼ ਰਾਇ ਅਤੇ ਸ਼ਾਮ ਸੁੰਦਰ ਕਪੂਰ ਨੇ ਕਿਹਾ ਕੇਂਦਰ ਤੇ ਰਾਜ ਸਰਕਾਰਾਂ ਦੀਆਂ ਮਜ਼ਦੂਰ,ਮੁਲਾਜ਼ਮ ਤੇ ਲੋਕ ਵਿਰੋਧੀ ਨੀਤੀਆਂ ਅਤੇ ਖਾਸ ਤੌਰ ਤੇ ਕੇਂਦਰ ਵਲੋਂ ਕਿਰਤ ਕਾਨੂੰਨਾਂ ਦੀ ਥਾਂ ਤੇ ਲਿਆਂਦੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡਾਂ ਦੇ ਵਿਰੋਧ ਵਿੱਚ ਦੇਸ਼ ਦੀਆਂ ਪ੍ਰਮੁੱਖ ਟ੍ਰੇਡ ਯੂਨੀਅਨਾਂ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਵਲੋਂ 12 ਫਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਪੂਰਨ ਸਮਰਥਨ ਕਰਦੀ ਹੈ।ਪੈਨਸ਼ਨਰ ਸਾਥੀ ਵੱਡੀ ਗਿਣਤੀ ਵਿੱਚ 12 ਫਰਵਰੀ ਨੂੰ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕਰਕੇ ਮਜ਼ਦੂਰ ਜਮਾਤ ਨਾਲ ਆਪਣੀ ਇਕਮੁੱਠਤਾ ਪ੍ਰਗਟ ਕਰਨਗੇ। ਮੀਟਿੰਗ ਵਿੱਚ ਬੈਂਕ ਮੁਲਾਜ਼ਮ ਆਗੂ ਮਹਿੰਦਰ ਸਿੰਘ ਸਿੱਧੂ ਨੇ ਵਿਸ਼ੇਸ਼ ਤੌਰ ਪਹੁੰਚ ਕੇ ਬੈਂਕ ਮੁਲਾਜ਼ਮਾਂ ਵਲੋਂ 12 ਫਰਵਰੀ ਨੂੰ ਕੀਤੀ ਜਾ ਰਹੀ ਵੱਡੀ ਸ਼ਮੂਲੀਅਤ ਵਾਰੇ ਜਾਣਕਾਰੀ ਦਿੱਤੀ। ਇਸ ਸਮੇਂ ਦਲਬੀਰ ਸਿੰਘ,ਸਤਪਾਲ ਸਿੰਘ, ਰਤਨ ਸਿੰਘ, ਜੋਗਾ ਰਾਮ, ਰਾਮ ਗੋਪਾਲ, ਰੌਸ਼ਨ ਲਾਲ ਵਰਮਾ, ਰੂਪ ਲਾਲ, ਮਹਿੰਗਾ ਰਾਮ, ਸ਼ਿੰਦਰ ਪਾਲ, ਗੁਰਮੀਤ ਰਾਮ, ਕੁਲਵਿੰਦਰ ਸਿੰਘ ਹਾਜ਼ਰ ਸਨ।

# ਮੁਫ਼ਤ ਸਿਹਤ ਬੀਮਾ ਯੋਜਨਾ ਲਈ ਵੱਡੀ ਗਿਣਤੀ 'ਚ ਲੋਕ ਕਰਵਾ ਰਹੇ ਰਜਿਸਟ੍ਰੇਸ਼ਨ : ਲੋਹਟੀਆ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਕਾਰਡ ਯੋਜਨਾ ਨੂੰ ਸੂਬੇ ਭਰ 'ਚ ਭਰਵਾਂ ਸਮਰਥਨ ਮਿਲ ਰਿਹਾ ਹੈ। ਇਹ ਜਾਣਕਾਰੀ ਐੱਸ ਸੀ ਕਮਿਸ਼ਨ ਪੰਜਾਬ ਦੇ ਵਾਈਸ ਚੇਅਰਪਰਸਨ ਹਰਜੀਤ ਕੌਰ ਲੋਹਟੀਆ ਨੇ ਦਿੰਦਿਆਂ ਕਿਹਾ ਕਿ



ਸਿਹਤ ਕਾਰਡ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਬਹੁਤ ਤੇਜ਼ੀ ਨਾਲ ਜਾਰੀ ਹੈ ਤੇ ਲੋਕਾਂ 'ਚ ਇਸ ਯੋਜਨਾ ਪ੍ਰਤੀ ਖਾਸਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਹਰਜੀਤ ਲੋਹਟੀਆ ਨੇ ਦੱਸਿਆ ਕਿ ਸੂਬੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਚ ਲੋਕ ਆਪਣੇ ਆਧਾਰ ਕਾਰਡ ਅਤੇ ਵੋਟਰ ਕਾਰਡ ਲੈ ਕੇ ਨਜ਼ਦੀਕੀ ਕੇਂਦਰਾਂ 'ਚ ਪਹੁੰਚ ਰਹੇ ਹਨ ਅਤੇ ਸੌਖੀ ਪ੍ਰਕਿਰਿਆ ਰਾਹੀਂ ਆਪਣੀ ਰਜਿਸਟ੍ਰੇਸ਼ਨ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਿਹਤ ਕਾਰਡ ਗਰੀਬ, ਮੱਧ ਵਰਗ ਅਤੇ ਲੋੜਵੰਦ ਪਰਿਵਾਰਾਂ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ। ਉਨ੍ਹਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਨੇ ਹਾਲੇ ਤੱਕ ਆਪਣੀ ਰਜਿਸਟ੍ਰੇਸ਼ਨ ਨਹੀਂ ਕਰਵਾਈ, ਉਹ ਤੁਰੰਤ ਮੁੱਖ ਮੰਤਰੀ ਸਿਹਤ ਕਾਰਡ ਬਣਵਾਉਣ, ਤਾਂ ਜੋ ਇਸ ਲੋਕ-ਹਿਤੈਸ਼ੀ ਯੋਜਨਾ ਦਾ ਪੂਰਾ ਲਾਭ ਲਿਆ ਜਾ ਸਕੇ।

# ਦੀ ਲੈਂਡਮਾਰਕ ਸਕੂਲ ਨੇ ਹਾਫ ਮੈਰਾਥਨ ਕਰਵਾਈ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਦੀ ਲੈਂਡਮਾਰਕ ਸਕੂਲ ਭੋਗਪੁਰ ਵੱਲੋਂ ਨਸ਼ਾ ਮੁਕਤੀ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਇੱਕ ਵਿਸ਼ਾਲ ਹਾਫ ਮੈਰਾਥਨ ਦਾ ਸਫਲ ਆਯੋਜਨ ਕੀਤਾ ਗਿਆ। ਇਸ ਮੈਰਾਥਨ ਵਿਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਥਾਨਕ ਨਿਵਾਸੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਸ਼ਿਆਂ ਨੂੰ ਨਾ, ਸਿਹਤਮੰਦ ਜੀਵਨ ਨੂੰ ਹਾਂ ਦਾ ਸੰਦੇਸ਼ ਦਿੱਤਾ।ਇਸ ਮੌਕੇ ਭੋਗਪੁਰ ਦੇ ਐੱਸ ਐੱਚ ਓ ਰਜੇਸ਼ ਕੁਮਾਰ ਅਰੋੜਾ, ਮਸ਼ਹੂਰ ਡਾ. ਗੌਰਵ ਅਗਰਵਾਲ ਅਤੇ ਡਾ. ਨੇਹਾ ਵਸ਼ਿਸ਼ਠ ਅਗਰਵਾਲ, ਪ੍ਰਿੰਸੀਪਲ ਹਰਦੀਪ ਸਿੰਘ, ਪੱਤਰਕਾਰ ਰਾਣਾ ਭੋਗਪੁਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨਾਂ ਨੇ ਹਰੀ ਝੰਡੀ ਦਿਖਾ ਕੇ ਮੈਰਾਥਨ ਦੀ ਸ਼ੁਰੂਆਤ ਕਰਵਾਈ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਨੌਜਵਾਨ ਪੀੜ੍ਹੀ ਦੇ ਭਵਿੱਖ ਲਈ ਵੱਡੀ ਚੁਣੌਤੀ ਹੈ। ਸਕੂਲ ਦੀ ਪ੍ਰਿੰਸੀਪਲ ਡਾ. ਸੋਨਮ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੀਆਂ ਗਤਿਵਿਧੀਆਂ ਰਾਹੀਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਹੁੰਦੀ ਹੈ।

# ਮੋਰਿੰਡਾ ਫ਼ਤਿਹ ਦਿਵਸ ਕਿਤਾਬਚਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਜਾਰੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਫ਼ਤਿਹ ਦਿਵਸ ਕਿਤਾਬਚਾ, ਗਿਆਨੀ ਸਵਰਨ ਸਿੰਘ ਢੰਗਰਾਲੀ ਵੱਲੋਂ ਲਿਖਿਆ ਗਿਆ ਹੈ ਜਿਸ ਦੀ ਪ੍ਰਕਾਸ਼ਨਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਵੱਲੋਂ ਕੀਤੀ ਗਈ ਹੈ। ਗੁਰੁਦਵਾਰਾ ਸ਼ਹੀਦ ਗੰਜ ਮੋਰਿੰਡਾ ਵਿਖੇ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਜਾਰੀ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਲਜੀਤ ਸਿੰਘ ਮੁੱਲੇ ਸਕੱਤਰ ਰਾਮਗੜ੍ਹੀਆ ਫੈਡਰੇਸ਼ਨ ਨੇ ਦੱਸਿਆ ਕਿ ਇਸ ਸਮੇਂ ਲੇਖਕ ਸਵਰਨ ਸਿੰਘ ਢੰਗਰਾਲੀ ਨੇ ਮੋਰਿੰਡਾ ਫ਼ਤਿਹ ਦਿਵਸ ਤੇ ਕਿਤਾਬਚੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਇਸ ਕਿਤਾਬਚੇ ਵਿੱਚ ਮੋਰਿੰਡਾ ਦੇ ਦੁਸ਼ਟ ਆਤਮਾਵਾਂ ਰੰਘੜ ਚੌਧਰੀ ਜਾਨੀ ਖਾਂ ਤੇ ਮਾਨੀ ਖਾਂ ਨਾਲ ਖ਼ਾਲਸੇ ਦੀ ਹੋਈ ਲੜਾਈ ਤੇ ਚੌਧਰੀਆਂ ਨੂੰ ਮਾਰਨ ਦਾ ਪ੍ਰਸੰਗ ਹੈ । ਇਸ ਮੌਕੇ ਕੁਲਵੀਰ ਸਿੰਘ ਸਰਪ੍ਰਸਤ ਰਾਮਗੜ੍ਹੀਆ ਫੈਡਰੇਸ਼ਨ ਨੇ ਕਿਤਾਬਚੇ ਬਾਰੇ ਬੋਲਦਿਆਂ ਕਿਹਾ ਕਿ ਕਿਤਾਬਚੇ ਵਿੱਚ ਉਸ ਖੂਹ ਦਾ ਜ਼ਿਕਰ ਹੈ ਜਿੱਥੋਂ ਮਾਤਾ ਗੁਜਰੀ ਜੀ ਤੇ ਸਾਹਿਬਜ਼ਾਦਿਆਂ ਨੇ ਪਾਣੀ ਪੀਤਾ ਸੀ। ਇਸ ਸਮਾਗਮ ਵਿੱਚ ਪੁੱਜੇ ਲੋਕਲ ਪ੍ਰਬੰਧਕ ਕਮੇਟੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਦੇ ਮੈਨੇਜਰ ਦਲਵੀਰ ਸਿੰਘ, ਕੌਂਸਲਰ ਅੰਮ੍ਰਿਤਪਾਲ ਸਿੰਘ ਖੱਟੜਾ, ਸਮਾਜ ਸੇਵੀ



ਵਿਕਰਮਜੀਤ ਸਿੰਘ ਜੁਗਨੂੰ, ਕੁਲਵੀਰ ਸਿੰਘ ਸੋਨੂੰ ਨੇ ਇਸ ਇਤਿਹਾਸਕ ਖੋਜ ਦੀਆਂ ਵਧਾਈਆਂ ਦਿੱਤੀਆਂ। ਆਗੂਆਂ ਨੇ ਕਿਹਾ ਕਿ ਇਤਿਹਾਸ ਦੀ ਵੱਡੀ ਪ੍ਰਾਪਤੀ ਜਿਹੜੀ ਪੁਰਾਤਨ ਗ੍ਰੰਥਾਂ ਵਿੱਚ ਦਰਜ ਸੀ ਉਸ ਨੂੰ ਲੇਖਕ ਨੇ ਉਭਾਰਕੇ ਸੰਗਤਾਂ ਸਾਹਮਣੇ ਲਿਆਂਦਾ ਹੈ। ਇਸ ਵਿੱਚ ਸਮਾਗਮ ਵਿੱਚ ਉਪਰੋਕਤ ਤੋਂ ਇਲਾਵਾ ਧਰਮਿੰਦਰ ਸਿੰਘ ਕੋਟਲੀ , ਮਨਦੀਪ ਸਿੰਘ ਰੌਣੀ, ਸੁਰਿੰਦਰ ਸਿੰਘ ਰਸੂਲਪੁਰ, ਰਣਜੋਧ ਸਿੰਘ ਢੰਗਰਾਲੀ, ਤੇਜਿੰਦਰ ਸਿੰਘ ਕਲਸੀ , ਜਗਜੀਤ ਸਿੰਘ ਗੀਹਲ, ਗੁਰੁਦਵਾਰਾ ਰਾਮਗੜ੍ਹੀਆ ਸਿੰਘ ਸਭਾ ਮੋਰਿੰਡਾ ਪ੍ਰਧਾਨ ਜਸਵੰਤ ਸਿੰਘ ਗੀਹਲ ਹਾਜ਼ਰ ਸਨ।

# ਮਾਨਸਿਕ ਰੋਗੀਆਂ ਲਈ ਵਰਦਾਨ ਸਾਬਤ ਹੋ ਰਹੀ ਹੈ ਟੈਲੀ-ਮਾਨਸ ਸੇਵਾ

**ਮੋਹਾਲੀ, (ਗੁਰਜੀਤ ਬਿੱਲਾ)**- ਮਾਨਸਿਕ ਰੋਗੀਆਂ ਦੇ ਇਲਾਜ ਲਈ ਟੈਲੀ-ਮਾਨਸ ਸਹੂਲਤ ਵਰਦਾਨ ਸਾਬਤ ਹੋ ਰਹੀ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਤੇ ਮਾਨਸਿਕ ਰੋਗਾਂ ਦੇ ਮਾਹਰ ਡਾ. ਗੁਰਮੁਖ ਸਿੰਘ ਨੇ ਦਸਿਆ ਕਿ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਤੇ ਮਾਨਸਿਕ ਤੰਦਰੁਸਤੀ ਵਿੱਚ ਵਾਧਾ ਕਰਨ ਲਈ ਭਾਰਤ ਸਰਕਾਰ ਨੇ 10 ਅਕਤੂਬਰ, 2022 ਨੂੰ ਟੈਲੀ-ਮਾਨਸ ਪ੍ਰਾਜੈਕਟ ਸ਼ੁਰੂ ਕੀਤਾ ਸੀ। ਟੈਲੀ-ਮਾਨਸ ਟੋਲ ਫ੍ਰੀ



ਹੈਲਪਲਾਈਨ ਹੈ ਜੋ ਪੂਰੇ ਭਾਰਤ ਵਿੱਚ 24x7 ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਦਾਨ ਕਰਦੀ ਹੈ। ਟੈਲੀ-ਮਾਨਸ ਰਾਹੀਂ ਮਰੀਜ਼ ਮਾਨਸਿਕ ਸਿਹਤ ਸੰਬੰਧੀ ਚਿੰਤਾਵਾਂ ਦੇ ਹੱਲ ਲਈ ਮਨੋਚਿਕਿਤਸਕਾਂ, ਮਨੋਵਿਗਿਆਨੀਆਂ, ਸਲਾਹਕਾਰਾਂ, ਸਮਾਜ ਸੇਵਕਾਂ ਆਦਿ ਨਾਲ ਜੁੜ ਸਕਦੇ ਹਨ। ਇਹ ਸੇਵਾ 20+ ਤੋਂ ਵੱਧ ਭਾਸ਼ਾਵਾਂ ਵਿੱਚ ਉਪਲਬਧ ਹੈ।

# ਅਵੇਅਰਨੈੱਸ ਤੇ ਮੋਬਿਲਿਟੀ ਵਰਕਸ਼ਾਪ ਕਰਵਾਈ



**ਨਕੋਦਰ (ਰੀਨਾ ਸ਼ਰਮਾ)**- ਪੀ ਐੱਸ ਸੀ ਐੱਸ ਟੀ ਤੇ ਜੁਗਨੀ ਇਨੋਵ ਫਾਉਂਡੇਸ਼ਨ ਦੇ ਸਹਿਯੋਗ ਨਾਲ ਸੱਤਿਅਮ ਇੰਸਟੀਟਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ, ਨਕੋਦਰ ਵਿਖੇ ਇੱਕ ਉੱਚ ਪ੍ਰਭਾਵਸ਼ਾਲੀ ਅਵੇਅਰਨੈਸ ਐਂਡ ਮੋਬਿਲਿਟੀ ਵਰਕਸ਼ਾਪ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਪਹਲ ਨੌਜਵਾਨ ਸਿੱਖਿਆਰਥੀਆਂ ਨੂੰ ਭਵਿੱਖ-ਤਿਆਰ ਦ੍ਰਿਸ਼ਟੀਕੋਣ ਤੇ ਅਨੁਭਵਾਤਮਕ ਸਿੱਖਣ ਨਾਲ ਸਸ਼ਕਤ ਕਰਨ ਦੀ ਸਾਡੀ ਰਣਨੀਤਿਕ ਦ੍ਰਿਸ਼ਟੀ ਨਾਲ ਪੂਰੀ ਤਰ੍ਹਾਂ ਅਨੁਕੂਲ ਹੈ। ਆਈ ਟੀ ਤੇ ਮੈਨੇਜਮੈਂਟ ਵਿਭਾਗਾਂ ਦੇ 70+ ਵਿਦਿਆਰਥੀਆਂ ਨੇ ਇਸ ਵਰਕਸ਼ਾਪ ਵਿੱਚ ਸਰਗਰਮ ਭਾਗੀਦਾਰੀ ਕੀਤੀ ਤੇ ਸਾਰੇ ਮੋਡੀਊਲਾਂ ਦੌਰਾਨ ਉੱਚ ਪੱਧਰੀ ਦਿਲਚਸਪੀ ਅਤੇ ਤੇਜ਼ ਸਮਝ ਦਾ ਪ੍ਰਦਰਸ਼ਨ ਕੀਤਾ। ਵਰਕਸ਼ਾਪ ਦਾ ਕੇਂਦਰ ਕੌਸ਼ਲ ਵਿਕਾਸ, ਆਤਮ-ਵਿਸ਼ਵਾਸ ਵਾਧਾ, ਅਤੇ ਵਿਦਿਆਰਥੀਆਂ ਵਿੱਚ ਗ੍ਰੋਥ-ਡ੍ਰਿਵਨ ਸੋਚ ਨੂੰ ਉਤਸ਼ਾਹਿਤ ਕਰਨਾ ਸੀ।

# ਖੁਰਾਲਗੜ੍ਹ ਲਈ ਬਲਾਚੌਰ ਤੋਂ ਸੰਗਤਾਂ ਰਵਾਨਾ

**ਬਲਾਚੌਰ (ਜਸਵਿੰਦਰ ਬੈਂਸ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਸ੍ਰੀ ਖੁਰਾਲਗੜ੍ਹ ਸਾਹਿਬ ਗੜ੍ਹਸ਼ੰਕਰ ਦੇ ਦਰਸ਼ਨਾਂ ਲਈ ਬਲਾਚੌਰ ਇਲਾਕੇ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਜਥਾ ਬੜੀ ਸਰਧਾ ਅਤੇ ਉਤਸ਼ਾਹ ਨਾਲ ਰਵਾਨਾ ਹੋਇਆ।ਸੰਗਤਾਂ ਦੀ ਰਵਾਨਗੀ ਸਮੇਂ ਪੂਰਾ ਮਾਹੌਲ ਬੋਲੇ ਸੋ ਨਿਰਭੈ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸ ਮੌਕੇ ਜਥੇ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਸੰਗਤਾਂ ਵਿੱਚ



ਖੁਰਾਲਗੜ੍ਹ ਸਾਹਿਬ ਦੇ ਦਰਸ਼ਨਾਂ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਅਸਥਾਨ ਸਾਡੇ ਲਈ ਬਹੁਤ ਮਹੱਤਵ ਰੱਖਦਾ ਹੈ ਅਤੇ ਇੱਥੇ ਆ ਕੇ ਮਨ ਨੂੰ ਅਥਾਹ ਸ਼ਾਂਤੀ ਮਿਲਦੀ ਹੈ। ?ਇਸ ਮੌਕੇ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਰਵਾਨਗੀ ਤੋਂ ਪਹਿਲਾਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸੰਗਤਾਂ ਲਈ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਲੰਗਰਾਂ ਦੇ ਪ੍ਰਬੰਧ ਵੀ ਕੀਤੇ ਗਏ ਸਨ। ਇਸ ਜਥੇ 'ਚ ਕੁਲਦੀਪ ਸਿੰਘ ਐਸ ਸੀ ਵਿੰਗ ਤਹਿਸੀਲ ਪ੍ਰਧਾਨ, ਦੀਪੂ, ਸੁਮਨ, ਨਛੱਤਰ ਕੌਰ, ਅਮ੍ਰਿਤਤਾ ਰਾਣੀ, ਕਮਲਜੀਤ ਕੌਰ,ਜੋਵਾਨ, ਗਗੜ ਤੇ ਹੋਰ ਸੰਗਤ ਵਿੱਚ ਬੱਚੇ, ਨੌਜਵਾਨ ਤੇ ਬਜ਼ੁਰਗ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

# ਚੰਗੇ ਖਿਡਾਰੀਆਂ ਨੂੰ ਪੀ ਸੀ ਏ ਵੱਲੋਂ ਟ੍ਰੇਨਿੰਗ ਦਿੱਤੀ ਜਾਵੇਗੀ : ਬਾਲੀ

**ਜਲੰਧਰ (ਇਕਬਾਲ ਸਿੰਘ ਉੱਭੀ)**- ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਅਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ ਸੀ ਏ) ਦੇ ਉਪ ਪ੍ਰਧਾਨ ਦੀਪਕ ਬਾਲੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਰਵਾਈ ਜਲੰਧਰ ਪ੍ਰੀਮੀਅਰ ਲੀਗ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਲਈ ਮਹੱਤਵਪੂਰਨ ਉਪਰਾਲਾ ਹੈ। ਬਾਲੀ ਨੇ ਪ੍ਰੀਮੀਅਰ ਲੀਗ ਮੈਚਾਂ ਦੇ ਫਾਈਨਲ ਵਿੱਚ ਹਿੱਸਾ ਲੈਣ ਵਾਲੀਆਂ ਦੋਵਾਂ ਟੀਮਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਦੀ ਇਹ ਨਿਵੇਕਲੀ ਪਹਿਲ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਪੰਜਾਬ ਕ੍ਰਿਕਟ ਐਸੋਸੀਏਸ਼ਨ ਵਲੋਂ ਸਿਖਲਾਈ ਦਿਵਾਈ ਜਾਵੇਗੀ।ਪੰਜਾਬ ਸਰਕਾਰ ਦੀ ਖੇਡ ਸਭਿਆਚਾਰ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵਿਸ਼ਵ ਪੱਧਰੀ ਖੇਡ ਬੁਨਿਆਦੀ ਢਾਂਚਾ ਪੈਦਾ ਕਰਨ ਅਤੇ ਵਿਦਿਆਰਥੀਆਂ ਨੂੰ ਭਵਿੱਖੀ ਮੁਕਾਬਲਿਆਂ ਲਈ ਤਿਆਰ ਕਰਨ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਹੈ।

# 12 ਦੀ ਦੇਸ਼-ਵਿਆਪੀ ਹੜਤਾਲ 'ਚ ਵੱਧ-ਚੜ੍ਹ ਕੇ ਹਿੱਸਾ ਲਵਾਂਗੇ : ਰਾਣਾ



**ਬਲਾਚੌਰ (ਜਸਵਿੰਦਰ ਬੈਂਸ)**- ਇੱਥੇ ਪਿੰਡ ਟੌਂਸਾ ਦੇ ਮਨਰੇਗਾ ਆਦਿਕਾਰ ਅੰਦੋਲਨ ਯੂਨਿਟ ਦੀ ਮੀਟਿੰਗ ਸਾਥੀ ਮਨੋਹਰ ਲਾਲ ਤਹਿਸੀਲ ਪ੍ਰਧਾਨ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਮਨਰੇਗਾ ਕਿਰਤੀਆਂ ਨੇ ਹਿੱਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਨੇ 20 ਜਨਵਰੀ ਲੁਧਿਆਣਾ ਰੋਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਵਾਲੇ ਕਿਰਤੀਆਂ ਨੂੰ ਵਧਾਈ ਦਿੱਤੀ ਅਤੇ ਐਕਸ਼ਨ ਨੂੰ ਸਫਲ ਦੱਸਿਆ। ਉਹਨਾਂ ਸਮੂਹ ਕਿਰਤੀਆਂ ਨੂੰ ਅਪੀਲ ਕੀਤੀ ਕਿ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਕਰਨ ਲਈ ਪੂਰਾ ਤਾਣ ਲਾਇਆ ਜਾਵੇ, ਕਿਉਂਕਿ ਇਹ ਆਮ ਹੜਤਾਲ ਮਨਰੇਗਾ ਕਾਨੂੰਨ ਦੀ ਬਹਾਲੀ, ਚਾਰ ਲੇਬਰ ਕੋਡ ਖਤਮ ਕਰਨ, ਬਿਜਲੀ ਸੋਧ ਬਿਲਪ ਕਰਨ ਅਤੇ ਅਮਰੀਕਾ ਨਾਲ ਹੋਏ ਭਾਰਤ ਦੇ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਨ ਲਈ ਕੀਤੀ ਜਾ ਰਹੀ ਹੈ ਇਸ ਲਈ ਸਮੂਹ ਮਜ਼ਦੂਰਾਂ ਕਿਸਾਨਾਂ ਮੁਲਾਜ਼ਮਾਂ ਅਤੇ ਕਿਰਤੀ ਲੋਕਾਂ ਨੂੰ ਇਸ ਹੜਤਾਲ ਨੂੰ ਸਫਲ ਕਰਨ ਵਿੱਚ ਪੂਰਨ ਯੋਗਦਾਨ ਪਾਉਣਾ ਚਾਹੀਦਾ ਹੈ। ਰਾਣਾ ਨੇ ਅੱਗੇ ਕਿਹਾ ਤੇ 12 ਫਰਵਰੀ ਨੂੰ ਜਿਲੇ ਅੰਦਰ ਦਰਜਨ ਤੋਂ ਵੱਧ ਥਾਵਾਂ ਤੇ ਰੋਸ ਰੈਲੀਆਂ ਕੀਤੀਆਂ ਜਾਣਗੀਆਂ।

# 22 ਲੋਕਾਂ ਨੇ ਮਰਨ ਉਪਰੰਤ ਸਰੀਰ ਦਾਨ ਲਈ ਭਰੇ ਪ੍ਰਣ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਤੇਰਾ ਆਸਰਾ ਸੇਵਾ ਘਰ ਵਿੱਚ ਨੇਤਰਦਾਨ ਅਤੇ ਸ਼ਰੀਰ ਦਾਨ ਬਾਰੇ ਜਾਗਰੂਕਤਾ ਲਈ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਸਾਬਕਾ ਰਾਜਸਭਾ ਮੈਂਬਰ ਸ਼੍ਰੀ ਅਵਿਨਾਸ਼ ਰਾਇ ਖੰਨਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਦੀ ਸ਼ੁਰੂਆਤ ਚੇਅਰਮੈਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕਰਦੇ ਹੋਏ ਕੀਤੀ ਗਈ। ਉਨ੍ਹਾਂ ਨੇ ਨੇਤਰਦਾਨ ਅਤੇ ਸ਼ਰੀਰ ਦਾਨ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਇਸ ਤੋਂ ਬਾਅਦ ਤੇਰਾ ਆਸਰਾ ਸੇਵਾ ਘਰ



ਵਿੱਚ ਰਹਿ ਰਹੇ 22 ਨਿਵਾਸੀਆਂ ਨੇ ਮਰਨ ਉਪਰੰਤ ਸ਼ਰੀਰ ਦਾਨ ਲਈ ਪ੍ਰਣ ਪੱਤਰ ਭਰੇ। ਇਸ ਮੌਕੇ ਮੁੱਖ ਮਹਿਮਾਨ ਅਵਿਨਾਸ਼ ਰਾਇ ਖੰਨਾ ਨੇ ਕਿਹਾ ਕਿ ਨੇਤਰਦਾਨ ਅਤੇ ਸ਼ਰੀਰ ਦਾਨ ਸਮਾਜ ਲਈ ਮਹਾਨ ਦਾਨ ਹਨ। ਇਸ ਨਾਲ ਮੈਡੀਕਲ ਕਾਲਜਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਮਨੁੱਖੀ ਸ਼ਰੀਰ ਦੀ ਬਣਤਰ ਨੂੰ ਸਮਝਣ ਦਾ ਮੌਕਾ ਮਿਲਦਾ ਹੈ ਅਤੇ ਚਿਕਿਤਸਾ ਖੋਜ ਨੂੰ ਨਵੀਂ ਦਿਸ਼ਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸ਼ਰੀਰ ਦਾਨ ਆਉਣ ਵਾਲੇ ਸਮੇਂ ਵਿੱਚ ਅਨੇਕਾਂ ਮਰੀਜ਼ਾਂ ਦੇ ਇਲਾਜ ਵਿੱਚ ਸਹਾਇਕ ਸਾਬਤ ਹੋ ਸਕਦਾ ਹੈ। ਇਸ ਮੌਕੇ ਪ੍ਰਧਾਨ ਜੇ. ਬੀ. ਬਹਲ ਨੇ ਹਾਜ਼ਰ ਲੋਕਾਂ ਨੂੰ ਸ਼ਰੀਰ ਦਾਨ ਦੀ ਪ੍ਰਕਿਰਿਆ, ਇਸ ਦੇ ਸਮਾਜਿਕ ਮਹੱਤਵ ਅਤੇ ਇਸ ਨਾਲ ਜੁੜੀਆਂ ਭਰਾਂਤਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਅੰਤ ਵਿੱਚ ਤੇਰਾ ਆਸਰਾ ਸੇਵਾ ਘਰ ਵੱਲੋਂ ਮੁੱਖ ਸੰਚਾਲਿਕਾ ਬੀਬੀ ਰਜਿੰਦਰ ਕੌਰ ਅਤੇ ਅਮ੍ਰਿਤਪਾਲ ਸਿੰਘ ਨੇ ਸੋਸਾਇਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਸਮਾਜ ਵਿੱਚ ਸਕਾਰਾਤਮਕ ਸੋਚ ਨੂੰ ਉਤਸ਼ਾਹਿਤ ਕਰਦੇ ਹਨ।ਉਨ੍ਹਾਂ ਦੱਸਿਆ ਕਿ ਤੇਰਾ ਆਸਰਾ ਸੇਵਾ ਘਰ ਵੱਲੋਂ ਪਹਿਲਾਂ ਵੀ ਦੋ ਸ਼ਰੀਰ ਮਰਨ ਉਪਰੰਤ ਰੋਟਰੀ ਆਈ ਬੈਂਕ ਰਾਹੀਂ ਮੈਡੀਕਲ ਕਾਲਜਾਂ ਨੂੰ ਭੇਜੇ ਜਾ ਚੁੱਕੇ ਹਨ। ਉਨ੍ਹਾਂ ਹੋਰ ਸੋਸਾਇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮਨੁੱਖਤਾ ਭਰੇ ਪੁਨੀਤ ਕੰਮ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਮਦਨ ਲਾਲ ਮਹਾਜਨ, ਵਿਜੇ ਅਰੋੜਾ, ਦਵਿੰਦਰ ਅਰੋੜਾ, ਵੀਨਾ ਚੋਪੜਾ, ਅਸ਼ਵਿਨੀ ਕੁਮਾਰ ਦੱਤਾ, ਕ੍ਰਿਸ਼ਨ ਕਿਸ਼ੋਰ, ਐਨ. ਕੇ. ਗੁਪਤਾ ਸਮੇਤ ਹੋਰ ਵੀ ਹਾਜ਼ਰ ਸਨ।

# ਪਰਵਾਰ 'ਚ ਕੇਵਲ ਇੱਕ ਵਿਅਕਤੀ ਹੋਣ 'ਤੇ ਸਿਹਤ ਬੀਮਾ ਕਾਰਡ ਨਹੀਂ ਬਣ ਰਹੇ

**ਰੋਪੜ (ਬਿੰਦਰਾ)** ਪੰਜਾਬ ਸਰਕਾਰ ਵੱਲੋਂ 10 ਲਖ ਸਿਹਤ ਬੀਮਾ ਦੇ ਕਾਰਡ ਬਣਾਏ ਜਾ ਰਹੇ ਹਨ ਅਤੇ ਸਰਕਾਰ ਵਲੋਂ ਇਸ ਦੇ ਪ੍ਰਚਾਰ ਲਈ ਲੱਖਾਂ ਰੁਪਏ ਖਰਚੇ ਜਾ ਰਹੇ ਹਨ। ਰੋਪੜ ਵਿੱਚ ਵੀ ਕਈ ਥਾਵਾਂ ਤੇ ਇਹ ਕਾਰਡ ਬਣਾਏ ਜਾ ਰਹੇ ਹਨ ਪਰ ਕਿਸੇ ਪਰਵਾਰ ਵਿੱਚ ਕੇਵਲ ਇੱਕ ਹੀ ਵਿਅਕਤੀ ਹੈ ਤਾਂ ਉਸ ਦਾ ਕਾਰਡ ਨਹੀਂ ਬਣ ਰਿਹਾ ਕਾਰਡ ਬਣਾਉਣ ਵਾਲੇ ਸਟਾਫ਼ ਦਾ ਕਹਿਣਾ ਹੈ ਕਿ ਘੱਟੋ ਘੱਟ ਦੋ ਵਿਅਕਤੀਆਂ ਦਾ ਕਾਰਡ ਬਣਦਾ ਹੈ। ਬਜ਼ੁਰਗ ਇਸਤਰੀਆਂ/ ਮਰਦ ਜੋ ਇਕਲੇ ਰਹਿੰਦੇ ਹਨ ਮਾਯੂਸ ਹੋ ਕੇ ਮੁੜਦੇ ਹਨ।ਇਕ ਵਿਧਵਾ ਔਰਤ ਜਿਸ ਦੇ ਪਤੀ ਦੀ ਮੌਤ 30/32 ਸਾਲ ਪਹਿਲਾਂ ਹੋਈ ਸੀ ਨੇ ਕਿਹਾ ਮੈਨੂੰ ਕਿਹਾ ਗਿਆ ਹੈ ਕਿ ਇਕਲੇ ਬੰਦੇ ਦਾ ਕਾਰਡ ਨਹੀਂ ਬਣ ਸਕਦਾ।ਅਜੈਹਾ ਸੈਂਕੜੇ ਲੋਕਾਂ ਨਾਲ ਹੋ ਰਿਹਾ ਹੈ। ਲੋਕਾਂ ਵਲੋਂ ਮੰਗ ਕੀਤੀ ਗਈ ਹੈ ਕਿ ਅਜਿਹੇ ਵਿਅਕਤੀਆਂ ਦੇ ਕਾਰਡ ਪਹਿਲ ਦੇ ਆਧਾਰ ਤੇ ਬਣਾਏ ਜਾਣ।

# ਪੰਜਾਬ ਸਰਕਾਰ ਵੈਟਰਨਰੀ ਪੌਲੀਕਲੀਨਿਕਾਂ 'ਚ ਖੋਲ੍ਹੇਗੀ ਬਲੂ ਕਰਾਸ ਸਟੋਰ : ਖੁੱਡੀਆਂ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਛੇ ਜ਼ਿਲ੍ਹਿਆਂ ਵਿੱਚ ਬਲੂ ਕਰਾਸ ਵੈਟਰਨਰੀ ਮੈਡੀਸਨ ਸਟੋਰ ਖੋਲ੍ਹਣ ਜਾ ਰਹੀ ਹੈ ਜਿਸਦਾ ਉਦੇਸ਼ ਉੱਨਤ ਪਸ਼ੂ ਸਿਹਤ ਸੰਭਾਲ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣਾਉਣਾ ਹੈ। ਇਸ ਪ੍ਰਾਜੈਕਟ



ਸਬੰਧੀ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਕਦਮ ਕਿਸਾਨਾਂ ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਉਣ ਦੇ ਨਾਲ-ਨਾਲ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਪਸ਼ੂ ਪਾਲਣ ਸੈਕਟਰ ਨੂੰ ਵੱਡਾ ਹੁਲਾਰਾ ਦੇਵੇਗਾ।

## ਜਨਮ ਦਿਨ ਮੁਬਾਰਕ



ਕਿਰਨਪ੍ਰੀਤ ਕੌਰ ਹਰਚੋਵਾਲ



ਮੁਸਕਾਨ, ਸ਼ਾਹਕੋਟ



ਹਰਮਨਦੀਪ ਸਿੰਘ ਅਹਿਮਦਾਬਾਦ



ਯੁਵਰਾਜ

# ਡਾ. ਰਜਤ ਕਲੀਨਿਕ ਵੱਲੋਂ 'ਕਰਿਜ਼ਮਾ ਬਾਈ ਰਿਵੀਲ' ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉਭੀ)**- ਭਾਰਤੀ ਚਮੜੀ ਵਿਗਿਆਨ ਦੇ ਖੇਤਰ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਤ ਕਰਦੇ ਹੋਏ,



ਸਥਾਨਕ ਡਾ. ਰਜਤ ਸਕਿਨ ਐਂਡ ਲੇਜ਼ਰ ਕਲੀਨਿਕ ਨੇ ਰਿਵੀਲ ਲੇਜ਼ਰਜ਼ ਨਾਲ ਭਾਈਚਾਰਾ ਕਰਕੇ ਚਮੜੀ, ਸਰੀਰ ਅਤੇ ਫੰਕਸ਼ਨਲ ਗਾਇਨਕੋਲੋਜੀ ਇਲਾਜਾਂ ਲਈ ਦੁਨੀਆ ਦੇ ਸਭ ਤੋਂ ਆਧੁਨਿਕ ਯੂ ਐੱਸ ਐੱਫ ਡੀ ਏ-ਮਨਜ਼ੂਰਸ਼ੁਦਾ ਲੇਜ਼ਰ ਪਲੇਟਫਾਰਮ ਕਰਿਜ਼ਮਾ ਨੂੰ ਪੇਸ਼ ਕੀਤਾ ਹੈ। ਉੱਤਰ ਭਾਰਤ ਵਿੱਚ ਕਲੀਨਿਕਲ ਡਰਮੈਟੋਲੋਜੀ ਅਤੇ ਐਸਥੈਟਿਕ ਮੈਡੀਸਿਨ ਦੇ ਖੇਤਰ ਵਿੱਚ ਇੱਕ ਭਰੋਸੇਯੋਗ ਨਾਮ, ਡਾ. ਰਜਤ ਸਕਿਨ ਐਂਡ ਲੇਜ਼ਰ ਕਲੀਨਿਕ ਦੀ ਸਥਾਪਨਾ ਸਾਲ 2008 ਵਿੱਚ ਡਾ. ਰਜਤ ਛਾਬਰਾ ਵੱਲੋਂ ਕੀਤੀ ਗਈ ਸੀ। ਸਮੇਂ ਦੇ ਨਾਲ ਕਲੀਨਿਕ ਨੇ ਲਗਾਤਾਰ ਤਰੱਕੀ ਕਰਦਿਆਂ ਡਾ. ਰਜਤ ਛਾਬੜਾ ਨੇ 'ਕਰਿਜ਼ਮਾ ਬਾਈ ਰਿਵੀਲ' ਦੇ ਲਾਂਚ ਮੌਕੇ ਕਿਹਾ ਕਿ ਇਹ ਅਗਲੀ ਪੀੜ੍ਹੀ ਦਾ, ਬਹੁ-ਉਪਯੋਗੀ ਲੇਜ਼ਰ ਟੈਕਨੋਲੋਜੀ ਪਲੇਟਫਾਰਮ ਹੈ, ਜੋ ਐਸਥੈਟਿਕ ਇਲਾਜਾਂ ਵਿੱਚ ਸਹੀਪਣ, ਸੁਰੱਖਿਆ ਅਤੇ ਕਲੀਨਿਕਲ ਉਤਕ੍ਰਿਸ਼ਟਤਾ ਨੂੰ ਨਵੇਂ ਸਿਰੇ ਨਾਲ ਪਰਿਭਾਸ਼ਿਤ ਕਰਦਾ ਹੈ। ਇਸ ਮੌਕੇ ਮੁੱਖ ਮਹਿਮਾਨ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਜਲੰਧਰ ਵਿੱਚ ਉੱਨਤ ਵਿਸ਼ਵ-ਪੱਧਰੀ ਚਿਕਿਤਸਾ ਤਕਨਾਲੋਜੀ ਦੀ ਸ਼ੁਰੂਆਤ ਦੇਖਣਾ ਉਤਸ਼ਾਹਜਨਕ ਹੈ। ਡਾ. ਰਜਤਜ਼ ਸਕਿਨ ਐਂਡ ਲੇਜ਼ਰ ਕਲਿਨਿਕ ਵਰਗੀਆਂ ਸੰਸਥਾਵਾਂ ਸ਼ਹਿਰ ਦੇ ਸਿਹਤ ਮਾਪਦੰਡਾਂ ਨੂੰ ਉੱਚਾ ਚੁੱਕਦੀਆਂ ਹਨ ਅਤੇ ਆਧੁਨਿਕ ਚਿਕਿਤਸਾ ਵਿੱਚ ਪੰਜਾਬ ਦੀ ਵਧਦੀ ਹਾਜ਼ਰੀ ਨੂੰ ਦਰਸਾਉਂਦੀਆਂ ਹਨ।

# ਕਿਸਾਨਾਂ ਦੀਆਂ ਗ੍ਰਿਫਤਾਰੀਆਂ ਤੇ ਲਾਠੀਚਾਰਜ ਦੀ ਨਿਖੇਧੀ



**ਨੰਗਲ (ਸੁਰਜੀਤ ਢੇਰ)**- ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਜੁਆਇੰਟ ਸਕੱਤਰ ਮਹਿੰਦਰ ਸਿੰਘ ਸੰਗਤਪੁਰ, ਤਹਿਸੀਲ ਕਮੇਟੀ ਬਲਵੀਰ ਸਿੰਘ, ਦੌਲਤ ਰਾਮ ਨੇ ਪ੍ਰੈਸ ਨੂੰ ਸਾਂਝੇ ਜਾਰੀ ਬਿਆਨ 'ਚ ਦੱਸਿਆ ਕਿ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਬਠਿੰਡਾ ਵਿਖੇ ਪੱਕੇ ਧਰਨੇ ਲਗਾਉਣ ਤੋਂ ਪਹਿਲਾਂ ਸਰਕਾਰ ਨੇ ਘਰੋ ਘਰੀ ਕਿਸਾਨ ਆਗੂਆਂ ਦੀਆਂ ਗਿਰਫਤਾਰੀਆਂ ਸ਼ੁਰੂ ਕਰ ਦਿੱਤੀਆਂ ਤੇ ਹੋਰ ਕਿਸਾਨਾਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਗਿਆ। ਅੰਨੇਵਾਹ ਪੁਲਿਸ ਤਸ਼ੱਦਦ ਕੀਤਾ ਗਿਆ ।ਇਸ ਦੀ ਕੁੱਲ ਹਿੰਦ ਕਿਸਾਨ ਸਭਾ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਆਗੂਆਂ ਨੇ ਕਿਹਾ ਕਿ ਧਰਨਿਆਂ ਵਿੱਚੋਂ ਨਿਕਲੀ ਪਾਰਟੀ ਹੁਣ ਧਰਨਿਆਂ ਤੋਂ ਡਰ ਰਹੀ ਹੈ। ਜਦਕਿ ਕਿਸਾਨ ਜਥੇਬੰਦੀਆਂ ਨੇ ਅਮਨ ਪੂਰਵਕ ਢੰਗ ਨਾਲ ਅਣਮਿਥੇ ਸਮੇਂ ਲਈ ਲਗਾਏ ਜਾ ਰਹੇ ਧਰਨੇ ਦਾ ਪਹਿਲਾਂ ਸੁਨੇਹਾ ਪੁਲਿਸ ਪ੍ਰਸ਼ਾਸਨ ਨੂੰ ਦੇ ਦਿੱਤਾ ਸੀ। ਆਗੂਆਂ ਨੇ ਕਿਹਾ ਕਿ ਗ੍ਰਿਫਤਾਰ ਕਿਸਾਨਾਂ ਨੂੰ ਫੌਰੀ ਤੌਰ ਤੇ ਰਿਹਾ ਕੀਤਾ ਜਾਵੇ ਤੇ ਕਿਸਾਨਾਂ ਦੀਆਂ ਜੋ ਮੰਗਾਂ ਹਨ ਉਹਨਾਂ ਦੀਆਂ ਪੂਰਤੀ ਕੀਤੀ ਜਾਵੇ।

# ਬਾਬਾ ਮਹਿੰਦਰ ਸਿੰਘ ਤੇ ਬਾਬਾ ਅਜੀਤ ਸਿੰਘ ਦੀ ਯਾਦ 'ਚ ਧਾਰਮਿਕ ਸਮਾਗਮ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲੀਆਂ ਵੱਲੋਂ ਬ੍ਰਹਮ ਗਿਆਨੀ ਸੰਤ ਬਾਬਾ ਮਹਿੰਦਰ ਸਿੰਘ ਧਿਆਨੂੰ ਮਾਜਰਾ ਅਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਮਿਠੀ ਯਾਦ ਵਿੱਚ, ਗੁਰਦੁਆਰਾ ਭੋਰਾ ਸਾਹਿਬ ਤਪ ਸਥਾਨ ਧਿਆਨੂੰ ਮਾਜਰਾ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਂ ਮਹਿੰਦਰ ਸਿੰਘ ਨੇ ਦੱਸਿਆ ਕਿ ਇਸ ਸਾਲਾਨਾ ਧਾਰਮਿਕ



ਸਮਾਗਮ ਵਿੱਚ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲਿਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਹਨਾਂ ਦੱਸਿਆ ਕਿ ਇਸ ਧਾਰਮਿਕ ਸਮਾਗਮ ਵਿੱਚ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ, ਬਾਬਾ ਗੁਲਾਬ ਸਿੰਘ ਸ੍ਰੀ ਚਮਕੌਰ ਸਾਹਿਬ ਵਾਲੇ,ਬਾਬਾ ਸੁਰਿੰਦਰ ਪਾਲ ਸੋਢੀ ਮੋਰਿੰਡੇ ਵਾਲੇ, ਬਾਬਾ ਜਸਕਰਨ ਸਿੰਘ, ਬਾਬਾ ਸਰਬਜੀਤ ਸਿੰਘ ਸੰਧੂਆਂ ਵਾਲੇ, ਬਾਬਾ ਸੰਤ ਸਿੰਘ ਅਮਰਾਲੇ ਵਾਲੇ ਤੇ ਬਾਬਾ ਅਵਤਾਰ ਸਿੰਘ ਸਲੇਮਪੁਰ ਆਦਿ ਨੇ ਅਪਣੇ ਜਥਿਆਂ ਸਮੇਤ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲੀਆਂ ਨੇ ਸੰਗਤਾਂ ਨੂੰ ਗੁਰੂ ਵਲੋਂ ਦਰਸਾਏ ਮਾਰਗ ਤੇ ਚਲਣ ਨਾਮ ਜੱਪਣ, ਵੰਡ ਛਕਣ ਅਤੇ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨ ਦੀ ਪ੍ਰੇਰਨਾ ਦਿੱਤੀ। ਉਹਨਾਂ ਇਸ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੇ ਰਾਗੀ ਅਤੇ ਢਾਡੀ ਜਥਿਆਂ ਅਤੇ ਪਤਵੰਤੇ ਸੱਜਣਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਵੱਖ ਵੱਖ ਸ਼ਰਧਾਲੂਆਂ ਵੱਲੋਂ ਸੰਗਤਾਂ ਦੀ ਸਹੂਲਤ ਲਈ ਚਾਹ ਪਕੌੜਿਆਂ, ਜਲੇਬੀਆਂ ਅਤੇ ਪ੍ਰਸ਼ਾਦੇ ਦੇ ਲੰਗਰ ਲਗਾਏ ਹੋਏ ਸਨ।

# ਕੁਲਜੀਤ ਸਿੰਘ ਰੰਧਾਵਾ ਨੇ ਮਾਪਿਆਂ ਨਾਲ ਕੀਤਾ ਰੂਬਰੂ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ: ਭਗਵੰਤ ਮਾਨ ਦੀ ਅਗਵਾਈ ਅਤੇ ਸਿੱਖਿਆ ਮੰਤਰੀ ਸ: ਹਰਜੋਤ ਸਿੰਘ ਬੈਂਸ ਦੀ ਸੋਚ ਅਨੁਸਾਰ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਢੰਗ ਨਾਲ ਕਦਮ ਚੁੱਕੇ ਜਾ ਰਹੇ ਹਨ। ਇਸੇ ਲੜੀ ਤਹਿਤ ਬੱਚਿਆਂ ਦੀਆਂ ਆਉਣ ਵਾਲੀਆਂ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਮਾਪਿਆਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਡੇਰਾਬੱਸੀ ਹਲਕੇ ਦੇ ਸਕੂਲਾਂ



ਵਿੱਚ ਮਾਪਿਆਂ ਦੀ ਵਰਕਸ਼ਾਪ-2 ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਮਕਸਦ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਨਾਲ ਜੁੜੀਆਂ ਚੁਣੌਤੀਆਂ, ਪ੍ਰੀਖਿਆ ਸਮੇਂ ਤਣਾਅ ਪ੍ਰਬੰਧਨ, ਮਨੋਵਿਗਿਆਨਿਕ ਸਹਿਯੋਗ ਅਤੇ ਸਕਾਰਾਤਮਕ ਵਾਤਾਵਰਣ ਸਿਰਜਣ ਬਾਰੇ ਜਾਗਰੂਕ ਕਰਨਾ ਸੀ, ਤਾਂ ਜੋ ਬੱਚੇ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਪ੍ਰੀਖਿਆਵਾਂ ਵਿੱਚ ਭਾਗ ਲੈ ਸਕਣ ਇਸ ਮੌਕੇ 'ਤੇ ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਨੇ ਸਿੱਖਿਆ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਵਿਰਕ ਨਾਲ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾਂ ਵੱਲੋਂ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਪਿੰਡ ਪਰਾਗਪੁਰ, ਸਰਕਾਰੀ ਪ੍ਰਾਇਮਰੀ ਸਕੂਲ, ਖੇੜੀ ਜੱਟਾਂ, ਸਰਕਾਰੀ ਹਾਈ ਸਕੂਲ, ਤਸਿੰਬਲੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਖੇਲਣ ਦਾ ਦੌਰਾ ਕਰਕੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਰੂਬਰੂ ਸੰਵਾਦ ਕੀਤਾ ਗਿਆ। ਐਮ ਐਲ ਏ ਰੰਧਾਵਾ ਨੇ ਪਰਾਗਪੁਰ ਸਕੂਲ ਨਾਲ ਜੁੜੀਆਂ ਆਪਣੀਆਂ ਬਚਪਨ ਦੀਆਂ ਯਾਦਾਂ ਵੀ ਸਾਂਝੀਆਂ ਕੀਤੀਆਂ ਅਤੇ ਆਪਣੇ ਨਾਲ ਪੜ੍ਹੇ ਸਹਿਪਾਠੀਆਂ ਨੂੰ ਸਨਮਾਨਿਤ ਕਰਕੇ ਭਾਵੁਕ ਪਲ ਸਾਂਝੇ ਕੀਤੇ। ਸ: ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਸਿੱਖਿਆ ਨੂੰ ਸਿਰਫ਼ ਇਮਾਰਤਾਂ ਤੱਕ ਸੀਮਿਤ ਨਹੀਂ ਰੱਖ ਰਹੀ, ਸਗੋਂ ਬੱਚਿਆਂ ਦੇ ਮਾਨਸਿਕ, ਬੌਧਿਕ ਅਤੇ ਨੈਤਿਕ ਵਿਕਾਸ 'ਤੇ ਖਾਸ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਫਲਤਾ ਵਿੱਚ ਮਾਪਿਆਂ, ਅਧਿਆਪਕਾਂ ਅਤੇ ਸਰਕਾਰ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ 'ਤੇ ਗੈਰ-ਲੋੜੀਂਦਾ ਦਬਾਅ ਪਾਉਣ ਦੀ ਬਜਾਏ ਉਨ੍ਹਾਂ ਨੂੰ ਪਿਆਰ, ਸਮਝ ਅਤੇ ਹੌਸਲੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਜਾਵੇ, ਤਾਂ ਜੋ ਹਰ ਬੱਚਾ ਆਤਮਵਿਸ਼ਵਾਸੀ ਬਣ ਕੇ ਆਪਣੇ ਸੁਪਨੇ ਸਾਕਾਰ ਕਰ ਸਕੇ। ਇਸ ਦੌਰਾਨ ਅਧਿਆਪਕਾਂ ਵੱਲੋਂ ਵੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਸਕੂਲਾਂ ਦੇ ਨਵੀਨੀਕਰਨ, ਸਮਾਰਟ ਕਲਾਸਰੂਮ, ਅਤੇ ਵਿਦਿਆਰਥੀ-ਕੇਂਦਰਿਤ ਸਿੱਖਿਆ ਪ੍ਰਣਾਲੀ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਅੰਤ ਵਿੱਚ ਸਾਰੇ ਹਾਜ਼ਰ ਮਾਪਿਆਂ ਅਤੇ ਸਟਾਫ ਨੂੰ ਅਪੀਲ ਕੀਤੀ ਗਈ ਕਿ ਆਓ ਅਸੀਂ ਸਾਰੇ ਮਿਲ ਕੇ ਆਪਣੇ ਬੱਚਿਆਂ ਨੂੰ ਸੁਰੱਖਿਅਤ, ਆਤਮਵਿਸ਼ਵਾਸੀ ਅਤੇ ਉੱਜਲੇ ਭਵਿੱਖ ਵੱਲ ਅੱਗੇ ਵਧਣ ਲਈ ਸਹਿਯੋਗ ਕਰੀਏ ਅਤੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਨੰਬਰ ਵਨ ਬਣਾਈਏ। ਇਸ ਮੌਕੇ ਉਨਾ ਨਾਲ ਪਿੰਡਾਂ ਦੇ ਪੰਚ ਸਰਪੰਚ ,ਬਲਾਕ ਪ੍ਰਧਾਨ,ਸਮੇਤ ਮੋਹਤਬਰ ਵਿਅਕਤੀਆਂ ਨੇ ਵੀ ਭਾਗ ਲਿਆ ।

# ਹਿੰਦੂ ਮਹਾਂਪੰਚਾਇਤ ਵੱਲੋਂ 'ਘੂਸ਼ਖੋਰ ਪੰਡਿਤ' ਟੈਲੀ ਫਿਲਮ ਦੀ ਨਿੰਦਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਵਿੱਚ ਹਿੰਦੂ ਮਹਾ ਪੰਚਾਇਤ ਦੀ ਇੱਕ ਐਮਰਜੈਂਸੀ ਮੀਟਿੰਗ ਹੋਈ, ਜਿਸ ਵਿੱਚ ਵੱਖ-ਵੱਖ ਧਰਮਾਂ ਦੇ ਲੋਕ ਸ਼ਾਮਲ ਹੋਏ। ਰਾਸ਼ਟਰੀ ਹਿੰਦੂ ਸ਼ਕਤੀ ਸੰਗਠਨ ਦੇ ਰਾਸ਼ਟਰੀ ਉਪ ਪ੍ਰਧਾਨ ਰਵਿੰਦਰ



ਵੈਸ਼ਨਵ ਦੀ ਪ੍ਰਧਾਨਗੀ ਹੇਠ ਡੇਰਾਬੱਸੀ ਦੇ ਆਦਰਸ਼ ਨਗਰ ਵਿੱਚ ਹੋਈ ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਵਿਵਾਦਤ ਟੈਲੀਫਿਲਮ 'ਘੂਸ਼ਖੋਰ ਪੰਡਿਤ' ਦੀ ਸਖ਼ਤ ਨਿੰਦਾ ਕੀਤੀ ਗਈ। ਇਹ ਮਤਾ ਹਿੰਦੂ ਮਹਾਂਪੰਚਾਇਤ ਦੇ ਪ੍ਰਧਾਨ, ਭਾਜਪਾ ਨੇਤਾ ਅਤੇ ਬ੍ਰਾਹਮਣ ਸਭਾ ਦੇ ਪ੍ਰਧਾਨ, ਸ਼੍ਰੀ ਰਵਿੰਦਰ ਵੈਸ਼ਨਵ ਅਤੇ ਸਾਬਕਾ ਜਨਰਲ ਸਕੱਤਰ ਨਰਿੰਦਰ ਮੋਹਨ ਸ਼ਰਮਾ ਦੁਆਰਾ ਪੇਸ਼ ਕੀਤਾ ਗਿਆ । ਸ਼੍ਰੀ ਰਵਿੰਦਰ ਵੈਸ਼ਨਵ ਨੇ ਕਿਹਾ ਕਿ ਇਹ ਇੱਕ ਖਾਸ ਵਰਗ, ਜਾਤ ਜਾਂ ਭਾਈਚਾਰੇ ਦਾ ਨਾਮ ਲੈ ਕੇ ਸਨਾਤਨ ਧਰਮ ਨੂੰ ਵੰਡਣ ਅਤੇ ਬਦਨਾਮ ਕਰਨ ਦੀ ਸਾਜ਼ਿਸ਼ ਹੈ। ਉਨ੍ਹਾਂ ਨਿਰਦੇਸ਼ਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਅਤੇ ਟੈਲੀਫਿਲਮ ਦਾ ਨਾਮ ਬਦਲਣ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਇਸ ਫਿਲਮ ਦਾ ਪ੍ਰਸਾਰਣ ਜਲਦੀ ਬੰਦ ਨਾ ਕੀਤਾ ਗਿਆ ਜਾਂ ਇਸ ਦਾ ਨਾਮ ਨਾ ਬਦਲਿਆ ਗਿਆ ਤਾਂ ਇੱਕ ਜਨਤਕ ਅੰਦੋਲਨ ਸ਼ੁਰੂ ਕੀਤਾ ਜਾਵੇਗਾ ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਵੇਗੀ। ਇਸ ਮੌਕੇ ਸੁਮਿਤ ਸ਼ਰਮਾ, ਖੱਤਰੀ ਸਭਾ ਤੋਂ ਰਾਜਕੁਮਾਰ ਮਹੇਂਦਰੂ, ਸ਼੍ਰੀ ਸ਼ਾਰਦਾ ਮਾਤਾ ਪਰਿਵਾਰ ਤੋਂ ਰਾਕੇਸ਼ ਮਹਿਤਾ, ਸ਼੍ਰੀ ਸੋਹਨ ਲਾਲ ਧੀਮਾਨ, ਸਨਾਤਨੀ ਮੁਖੀ ਨਰਿੰਦਰ ਮੋਹਨ ਸ਼ਰਮਾ, ਸ਼੍ਰੀ ਗਿਰਜਾ ਕੁਮਾਰ ਸ਼ਰਮਾ, ਸ਼੍ਰੀ ਯੋਗੇਸ਼ ਅਤਰੀ, ਐਸ ਬੀ ਪੀ ਹਾਊਸਿੰਗ ਸੁਸਾਇਟੀ ਤੋਂ ਅਸ਼ੋਕ ਕੁਮਾਰ, ਪ੍ਰਜਾਪਤੀ ਸਭਾ ਤੋਂ ਸੋਹਣ ਲਾਲ, ਘਨਸ਼ਿਆਮ , ਬੀਰਬਲ ਅਤੇ ਵੱਡੀ ਗਿਣਤੀ ਵਿੱਚ ਸਾਰੀਆਂ ਜਾਤੀਆਂ ਦੇ ਲੋਕ ਮੌਜੂਦ ਸਨ।

## ਵਰ੍ਹੇਗੰਢ ਮੁਬਾਰਕ



ਜਸਵਿੰਦਰ ਸਿੰਘ ਅਤੇ ਮਨਪ੍ਰੀਤ ਕੌਰ ਵਾਸੀ ਰੋਪੜ ਨੇ ਵਿਆਹ ਦੀ 23ਵੀਂ ਵਰ੍ਹੇਗੰਢ ਮਨਾਈ।

## ਮੁਬਾਰਕਾਂ



ਗੁਰਵੀਰ ਸਿੰਘ ਵਾਸੀ ਮੋਹਾਲੀ ਦਾ ਸ਼ੁੱਭ ਵਿਆਹ ਲਵਪ੍ਰੀਤ ਕੌਰ ਵਾਸੀ ਰੋਪੜ ਨਾਲ ਹੋਇਆ।